ਮੰਗਲਵਾਰ, 3 ਮਾਰਚ, 2026
20 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 272

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • TUESDAY, 3 MARCH, 2026 ਜਲੰਧਰ

**'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ**

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 14

# ਈਰਾਨ ਨੇ 3 ਅਮਰੀਕੀ ਜੈੱਟ ਫੁੰਡੇ

## ਨੇਤਨਯਾਹੂ ਦੇ ਦਫਤਰ ਨੂੰ ਨਿਸ਼ਾਨਾ ਬਣਾਇਆ

**ਵਾਸ਼ਿੰਗਟਨ :** ਈਰਾਨ 'ਤੇ ਹਮਲੇ ਦੇ ਤੀਜੇ ਦਿਨ ਅਮਰੀਕਾ ਨੇ ਸੋਮਵਾਰ ਮੰਨਿਆ ਕਿ ਕੁਵੈਤ ਨੇ ਉਸ ਦੇ ਤਿੰਨ ਐੱਫ 15 ਸਟਰਾਈਕ ਈਗਲ ਫਾਈਟਰ ਜੈੱਟ ਭੁਲੇਖੇ ਵਿੱਚ ਫੁੰਡ ਦਿੱਤੇ। ਅਮਰੀਕੀ ਫੌਜ ਮੁਤਾਬਕ ਕੁਵੈਤ ਦੇ ਏਅਰ ਡਿਫੈਂਸ ਸਿਸਟਮ ਨੇ ਗਲਤੀ ਨਾਲ ਇਨ੍ਹਾਂ ਜਹਾਜ਼ਾਂ ਨੂੰ ਦੁਸ਼ਮਣ ਦੇ ਸਮਝ ਕੇ ਨਿਸ਼ਾਨਾ ਬਣਾਇਆ। ਤਾਂ ਵੀ ਤਿੰਨਾਂ ਜਹਾਜ਼ਾਂ ਦੇ ਛੇ ਪਾਇਲਟ ਕੁੱਦਣ ਵਿੱਚ ਸਫਲ ਰਹੇ ਤੇ ਉਨ੍ਹਾਂ ਦਾ ਇਲਾਜ ਚੱਲ ਰਿਹਾ ਹੈ। ਓਧਰ ਈਰਾਨ ਨੇ ਕਿਹਾ ਹੈ ਕਿ ਜੈੱਟ ਉਸ ਨੇ ਫੁੰਡੇ ਹਨ। ਈਰਾਨ ਦੀ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕਾਰਪਸ ਨੇ ਇਹ ਵੀ ਦਾਅਵਾ ਕੀਤਾ ਹੈ ਕਿ ਉਸ ਨੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਦਫਤਰ ਅਤੇ ਇਜ਼ਰਾਈਲੀ ਹਵਾਈ ਸੈਨਾ ਦੇ ਕਮਾਂਡਰ ਦੇ ਟਿਕਾਣਿਆਂ ਨੂੰ ਮਿਜ਼ਾਈਲਾਂ ਨਾਲ ਨਿਸ਼ਾਨਾ ਬਣਾਇਆ ਹੈ। ਈਰਾਨ ਟਾਈਮਜ਼ ਮੁਤਾਬਕ ਇਸ ਹਮਲੇ ਤੋਂ ਬਾਅਦ ਇਜ਼ਰਾਈਲੀ ਲੀਡਰਸ਼ਿਪ 'ਚ ਤਰਥੱਲੀ ਮਚੀ ਹੋਈ ਹੈ ਅਤੇ ਹਮਲੇ ਤੋਂ ਬਾਅਦ ਨੇਤਨਯਾਹੂ ਦਾ ਭਵਿੱਖ ਅਸਪੱਸ਼ਟ ਹੈ।

ਈਰਾਨ ਨੇ ਸਾਈਪ੍ਰਸ ਵਿੱਚ ਸਥਿਤ ਬ੍ਰਿਟਿਸ਼ ਰਾਇਲ ਏਅਰ ਫੋਰਸ ਦੇ ਅਕਰੋਟੀਰੀ ਬੇਸ 'ਤੇ ਡਰੋਨ ਹਮਲਾ ਕੀਤਾ ਹੈ। ਬ੍ਰਿਟੇਨ ਦੇ ਰੱਖਿਆ ਮੰਤਰਾਲੇ ਮੁਤਾਬਕ ਐਤਵਾਰ ਦੇਰ ਰਾਤ ਹੋਏ ਇਸ ਹਮਲੇ ਵਿੱਚ ਬੇਸ ਨੂੰ ਮਾਮੂਲੀ ਨੁਕਸਾਨ ਪਹੁੰਚਿਆ ਹੈ, ਪਰ ਕਿਸੇ ਦੀ ਜਾਨ ਨਹੀਂ ਗਈ। ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਵੱਲੋਂ ਅਮਰੀਕਾ ਨੂੰ ਈਰਾਨੀ ਮਿਜ਼ਾਈਲ ਸਾਈਟਾਂ 'ਤੇ ਹਮਲਾ ਕਰਨ ਲਈ ਇਸ ਬੇਸ ਦੀ ਵਰਤੋਂ ਕਰਨ ਦੀ ਇਜਾਜ਼ਤ ਦਿੱਤੇ ਜਾਣ ਤੋਂ ਬਾਅਦ ਈਰਾਨ ਨੇ ਇਹ ਕਾਰਵਾਈ ਕੀਤੀ ਹੈ। ਹੁਣ ਬ੍ਰਿਟਿਸ਼ ਫੌਜ ਵੀ ਇਸ ਦੇ ਜਵਾਬ ਵਿੱਚ ਕਾਰਵਾਈ ਕਰ ਰਹੀ ਹੈ।

ਇਸੇ ਦੌਰਾਨ ਲਿਬਨਾਨ ਵਿੱਚ ਈਰਾਨ ਹਮਾਇਤੀ ਹਿਜ਼ਬੁੱਲਾ ਨੇ ਇਜ਼ਰਾਈਲ 'ਤੇ ਮਿਜ਼ਾਈਲਾਂ ਦਾਗੀਆਂ ਹਨ, ਜਿਸ ਦੇ ਜਵਾਬ ਵਿੱਚ ਇਜ਼ਰਾਈਲ ਨੇ ਬੈਰੂਤ (ਲਿਬਨਾਨ) 'ਤੇ ਹਮਲੇ ਕੀਤੇ। ਖਾੜੀ ਦੇਸ਼ਾਂ ਵਿੱਚ ਵੀ ਤਣਾਅ ਵਧ ਗਿਆ ਹੈ। ਯੂ ਏ ਈ, ਕੁਵੈਤ ਅਤੇ ਬਹਿਰੀਨ ਵਿੱਚ ਈਰਾਨੀ ਮਿਜ਼ਾਈਲਾਂ ਡਿੱਗਣ ਕਾਰਨ ਨਾਗਰਿਕਾਂ ਦੀ ਮੌਤ ਹੋਈ ਹੈ। ਈਰਾਨੀ ਰੈੱਡ ਕ੍ਰੀਸੈਂਟ ਸੋਸਾਇਟੀ ਨੇ ਸੋਮਵਾਰ ਪੁਸ਼ਟੀ ਕੀਤੀ ਕਿ ਹੁਣ ਤੱਕ ਹੋਏ ਹਵਾਈ ਹਮਲਿਆਂ ਵਿੱਚ ਘੱਟੋ-ਘੱਟ 555 ਲੋਕ ਮਾਰੇ ਗਏ ਹਨ। ਇਹ ਅੰਕੜਾ ਪਹਿਲਾਂ ਦੱਸੇ ਗਏ 200 ਦੇ ਅੰਕੜੇ ਤੋਂ ਕਿਤੇ ਜ਼ਿਆਦਾ ਹੈ, ਜੋ ਜੰਗ ਦੇ ਭਿਆਨਕ ਰੂਪ ਨੂੰ ਜ਼ਾਹਰ ਕਰਦਾ ਹੈ। ਸੁਸਾਇਟੀ ਅਨੁਸਾਰ, ਇਸ ਜੰਗ ਦੌਰਾਨ ਹੁਣ ਤੱਕ ਈਰਾਨ ਦੇ 131 ਸ਼ਹਿਰਾਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਹਵਾਈ ਹਮਲਿਆਂ ਕਾਰਨ ਕਈ ਇਮਾਰਤਾਂ ਤਬਾਹ ਹੋ ਗਈਆਂ ਹਨ ਅਤੇ ਮਰਨ ਵਾਲਿਆਂ ਵਿੱਚ ਵੱਡੀ ਗਿਣਤੀ ਨਾਗਰਿਕਾਂ ਦੀ ਹੈ। ਇਸੇ ਦੌਰਾਨ ਈਰਾਨ ਦੇ ਸਿਖਰਲੇ ਸੁਰੱਖਿਆ ਅਧਿਕਾਰੀ ਅਲੀ ਲਾਰੀਜਾਨੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਈਰਾਨ ਅਮਰੀਕਾ ਨਾਲ ਕੋਈ ਗੱਲਬਾਤ ਨਹੀਂ ਕਰੇਗਾ। ਉਨ੍ਹਾ ਇਨ੍ਹਾਂ ਅਫਵਾਹਾਂ ਨੂੰ ਖਾਰਜ ਕਰ ਦਿੱਤਾ ਕਿ ਈਰਾਨ ਮੁੜ ਗੱਲਬਾਤ ਸ਼ੁਰੂ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਓਮਾਨ ਦੀ ਖਾੜੀ ਵਿੱਚ ਤੇਲ ਟੈਂਕਰ 'ਤੇ ਈਰਾਨੀ ਹਮਲੇ ਨਾਲ ਇੱਕ ਭਾਰਤੀ ਜਹਾਜ਼ੀ ਦੀ ਮੌਤ ਹੋ ਗਈ। ਉਧਰ ਸਾਊਦੀ ਅਰਬ ਦਾ ਕਹਿਣਾ ਹੈ ਕਿ ਉਸ ਨੇ ਆਪਣੀ ਰਾਸ ਤਨੂਰਾ ਤੇਲ ਰਿਫਾਇਨਰੀ ਨੂੰ ਨਿਸ਼ਾਨਾ ਬਣਾਉਂਦੇ ਇੱਕ ਡਰੋਨ ਨੂੰ ਰੋਕਿਆ ਹੈ।


ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਦੇ ਟਿਕਾਣੇ ਵੱਲ ਆਈਆਂ ਈਰਾਨੀ ਮਿਜ਼ਾਈਲਾਂ ਨੂੰ ਨਾਕਾਮ ਬਣਾਉਣ ਲਈ ਇਜ਼ਰਾਈਲ ਨੇ ਵਾਹ ਲਾਈ।


ਫੁੰਡਿਆ ਗਿਆ ਅਮਰੀਕੀ ਜੈੱਟ।

# ਮਾਨ ਵੱਲੋਂ ਨਸ਼ਿਆਂ ਵਿਰੁੱਧ ਸਾਂਝੀ ਲੜਾਈ ਲਈ ਲੋਕਾਂ ਨੂੰ ਵਧਾਈ

## ਨਸ਼ਿਆਂ ਦੇ ਵਪਾਰ ਦੀ ਰੀੜ੍ਹ ਦੀ ਹੱਡੀ ਤੋੜੀ, 16.70 ਕਰੋੜ ਦੀ ਡਰੱਗ ਮਨੀ ਵਸੂਲੀ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਇਕ ਸਾਲ ਸਫ਼ਲਤਾਪੂਰਵਕ ਮੁਕੰਮਲ ਹੋਣ 'ਤੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੱਤੀ ਅਤੇ ਇਸ ਨੂੰ ਪੰਜਾਬ ਨੂੰ ਨਸ਼ਿਆਂ ਦੇ ਖ਼ਤਰੇ ਤੋਂ ਮੁਕਤ ਕਰਨ ਲਈ ਫੈਸਲਾਕੁਨ ਤੇ ਬੇਮਿਸਾਲ ਮੁਹਿੰਮ ਐਲਾਨਿਆ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਇਸ ਜਨ-ਅੰਦੋਲਨ ਦੀ ਪਹਿਲੀ ਵਰ੍ਹੇਗੰਢ ਮੌਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਮੁਹਿੰਮ ਨੇ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਲੜਾਈ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ, ਜਿਸ ਨਾਲ ਨਸ਼ਾ ਸਪਲਾਈ ਦੇ ਨੈੱਟਵਰਕ ਨੂੰ ਸਖ਼ਤੀ ਨਾਲ ਖ਼ਤਮ ਕੀਤਾ ਗਿਆ ਹੈ।ਇਕ ਬਿਆਨ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ—ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਪੰਜਾਬ ਵਿੱਚ ਡਰੱਗ ਨੈੱਟਵਰਕ ਵਿਰੁੱਧ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਰਹੀ ਹੈ।

ਪੰਜਾਬ ਵਿੱਚ ਪਿਛਲੀਆਂ ਸਰਕਾਰਾਂ ਨੇ ਡਰੱਗ ਵਪਾਰ ਨੂੰ ਸਰਪ੍ਰਸਤੀ ਦਿੱਤੀ ਸੀ, ਜਿਸ ਨਾਲ ਸੂਬੇ ਦੀਆਂ ਕਈ ਪੀੜ੍ਹੀਆਂ ਬਰਬਾਦ ਹੋ ਗਈਆਂ ਸਨ। ਦੂਜੇ ਪਾਸੇ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਕੇ ਅਤੇ ਇਸ ਘਿਨਾਉਣੇ ਅਪਰਾਧ ਵਿੱਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਸੁੱਟ ਕੇ ਨਸ਼ਿਆਂ ਦੇ ਵਪਾਰ ਦੀ ਰੀੜ੍ਹ ਦੀ ਹੱਡੀ ਤੋੜ ਦਿੱਤੀ ਹੈ।

ਇਸ ਮੁਹਿੰਮ ਦੇ ਪੱਧਰ ਅਤੇ ਪ੍ਰਭਾਵ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਮੁਹਿੰਮ ਨੂੰ ਆਮ ਆਦਮੀ ਦੇ ਸਰਗਰਮ ਸਹਿਯੋਗ ਨਾਲ ਇਕ ਜਨ ਲਹਿਰ ਵਿੱਚ ਬਦਲਣ ਲਈ ਇਕ ਵਿਆਪਕ ਅਤੇ ਬਹੁਪੱਖੀ ਰਣਨੀਤੀ ਤਿਆਰ ਕੀਤੀ ਗਈ ਹੈ। ਉਨ੍ਹਾ ਕਿਹਾ—ਪਿਛਲੇ ਇਕ ਸਾਲ ਵਿੱਚ ਮਾਰਚ 2025 ਤੋਂ ਫਰਵਰੀ 2026 ਤੱਕ ਨਸ਼ਿਆਂ ਦੇ ਖ਼ਤਰੇ ਵਿਰੁੱਧ ਜ਼ੀਰੋ-ਟਾਲਰੈਂਸ ਨੀਤੀ ਅਪਣਾਈ ਗਈ। ਇਸ ਮੁਹਿੰਮ ਤਹਿਤ ਕੀਤੀ ਕਾਰਵਾਈ ਦਾ ਵੇਰਵਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਸ਼ਾ ਤਸਕਰਾਂ ਵਿਰੁੱਧ ਕੁੱਲ 36,178 ਐੱਫ ਆਈ ਆਰ ਦਰਜ ਕੀਤੀਆਂ ਗਈਆਂ ਹਨ, 51,648 ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਤੋਂ ਇਲਾਵਾ 2,277 ਕਿਲੋ ਹੈਰੋਇਨ ਜ਼ਬਤ ਕੀਤੀ ਗਈ ਅਤੇ 49 ਲੱਖ ਤੋਂ ਵੱਧ ਨਸ਼ੇ ਦੀਆਂ ਗੋਲੀਆਂ ਤੇ ਕੈਪਸੂਲ ਜ਼ਬਤ ਕੀਤੇ ਗਏ ਹਨ।

ਉਨ੍ਹਾ ਕਿਹਾ ਕਿ ਨਸ਼ਾ ਤਸਕਰਾਂ ਤੋਂ 16.70 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ ਅਤੇ ਤਸਕਰਾਂ ਨਾਲ ਸੰਬੰਧਤ ਕਰੋੜਾਂ ਰੁਪਏ ਦੀਆਂ ਜਾਇਦਾਦਾਂ ਜ਼ਬਤ ਜਾਂ ਢਾਹ ਦਿੱਤੀਆਂ ਗਈਆਂ ਹਨ। ਐੱਨ ਡੀ ਪੀ ਐੱਸ ਐਕਟ ਤਹਿਤ ਕੁੱਲ ਸਜ਼ਾ ਦਰ ਲਗਪਗ 84 ਫੀਸਦੀ ਹੈ, ਜੋ ਲਗਾਤਾਰ ਸੁਧਰ ਰਹੀ

• ਬਾਕੀ ਸਫਾ 2 'ਤੇ

## ਰਣਜੀਤ ਸਿੰਘ ਮਾਮਲੇ ਦੀ ਜੁਡੀਸ਼ੀਅਲ ਜਾਂਚ ਹੋਵੇ : ਬੰਤ ਬਰਾੜ

**ਜਲੰਧਰ (ਗਿਆਨ ਸੈਦਪੁਰੀ)-** ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਜ਼ਿਲ੍ਹਾ ਗੁਰਦਾਸਪੁਰ ਦੇ ਸਰਹੱਦੀ ਪਿੰਡ ਆਧੀਆਂ 'ਚ ਰਣਜੀਤ ਸਿੰਘ ਦੇ ਪਰਵਾਰਕ ਮੈਂਬਰਾਂ ਦੇ ਦੁੱਖ ਵਿੱਚ ਸ਼ਰੀਕ ਹੋਣ ਤੋਂ ਬਾਅਦ ਕਿਹਾ ਹੈ ਕਿ ਰਣਜੀਤ ਸਿੰਘ ਦੀ ਮੌਤ ਦੀ ਜੁਡੀਸ਼ੀਅਲ ਜਾਂਚ ਕਰਵਾ ਕੇ ਲੋਕਾਂ ਸਾਹਮਣੇ ਸੱਚ ਲਿਆਂਦਾ ਜਾਵੇ। ਪੁਲਸ ਮੁਤਾਬਕ ਰਣਜੀਤ ਸਿੰਘ ਮੁਕਾਬਲੇ ਵਿੱਚ ਮਾਰਿਆ ਗਿਆ ਸੀ। ਕਾਮਰੇਡ ਬਰਾੜ ਨੇ ਕਿਹਾ ਕਿ ਜੇ ਕੋਈ ਕਥਿਤ ਦੋਸ਼ੀ ਮੰਨਿਆ ਵੀ ਜਾਂਦਾ ਹੈ ਤਾਂ ਉਸ ਦਾ ਦੋਸ਼ ਸਿੱਧ ਕਰਨ ਲਈ ਅਦਾਲਤਾਂ ਹਨ। ਉਨ੍ਹਾ ਨਾਲ ਆਧੀਆਂ ਪੁੱਜਣ ਵਾਲਿਆਂ 'ਚ ਮਹਿੰਦਰ ਪਾਲ ਮੁਹਾਲੀ, ਜਗਜੀਤ ਸਿੰਘ ਅਲੂਣਾ ਤੇ ਮਲਵੀਰ ਸਿੰਘ ਬਾਜਵਾ ਵੀ ਸ਼ਾਮਲ ਸਨ।

## ਪੰਜਾਬ ਸਰਕਾਰ ਵੱਲੋਂ ਫਸੇ ਪੰਜਾਬੀਆਂ ਲਈ ਹੈੱਲਪਲਾਈਨ ਨੰਬਰ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ/ਕ੍ਰਿਸ਼ਨ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੁੱਧਵਾਰ ਮੱਧ ਪੂਰਬ ਦੇ ਕੁਝ ਹਿੱਸਿਆਂ ਵਿੱਚ ਵਧ ਰਹੇ ਤਣਾਅ ਕਾਰਨ ਉੱਥੇ ਫਸੇ ਪੰਜਾਬੀਆਂ ਦੀ ਸਹਾਇਤਾ ਲਈ ਦਿਨ-ਰਾਤ ਕਾਰਜਸ਼ੀਲ ਹੈੱਲਪਲਾਈਨ ਜਾਰੀ ਕੀਤੀ ਹੈ। ਉਨ੍ਹਾ ਕਿਹਾ ਕਿ ਪੀੜਤ ਪਰਵਾਰ ਤੁਰੰਤ ਸਹਾਇਤਾ ਲਈ 0172 2260042, 0172 2260043 'ਤੇ ਕਾਲ ਕਰ ਸਕਦੇ ਹਨ ਜਾਂ ਵਟਸਅੱਪ ਨੰ. +91 94787 79112 'ਤੇ ਮੈਸੇਜ ਭੇਜ ਸਕਦੇ ਹਨ। ਉਨ੍ਹਾ ਕਿਹਾ ਕਿ ਸੂਬਾ ਸਰਕਾਰ ਉਨ੍ਹਾਂ ਦੀ ਸੁਰੱਖਿਅਤ ਅਤੇ ਜਲਦ ਵਾਪਸੀ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਨਾਲ ਲਗਾਤਾਰ ਗੱਲਬਾਤ ਕਰ ਰਹੀ ਹੈ ਅਤੇ ਪੰਜਾਬ ਸਰਕਾਰ ਵੱਲੋਂ ਪ੍ਰਭਾਵਤ ਲੋਕਾਂ ਦੀ ਸਹਾਇਤਾ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

ਮੱਧ ਪੂਰਬ ਵਿੱਚ ਜੰਗ ਕਾਰਨ ਫਸੇ ਪੰਜਾਬੀਆਂ ਦੇ ਪੀੜਤ ਪਰਵਾਰਾਂ ਨੂੰ ਪੂਰਨ ਸਹਾਇਤਾ ਦਾ ਭਰੋਸਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ—ਸੂਬਾ ਸਰਕਾਰ ਫਸੇ ਹੋਏ ਲੋਕਾਂ ਦੀ ਸੁਰੱਖਿਅਤ ਅਤੇ ਜਲਦ ਵਾਪਸੀ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਨਾਲ ਲਗਾਤਾਰ ਗੱਲਬਾਤ ਕਰ ਰਹੀ ਹੈ। ਅਰਬ ਦੇਸ਼ਾਂ ਵਿੱਚ ਤਣਾਅ ਕਾਰਨ ਇੱਥੇ ਬਹੁਤ ਸਾਰੇ ਪੰਜਾਬੀ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ। ਪੰਜਾਬ ਸਰਕਾਰ ਵੱਲੋਂ ਇੱਕ ਹੈਲਪਲਾਈਨ ਜਾਰੀ ਕੀਤੀ ਗਈ ਹੈ ਅਤੇ ਜੇਕਰ ਕੋਈ ਵਿਅਕਤੀ ਜਾਂ ਉਸ ਦਾ

• ਬਾਕੀ ਸਫਾ 2 'ਤੇ



## ਹੋਲੇ-ਮਹੱਲੇ ਸਬੰਧੀ ਸੰਗਤਾਂ ਲਈ ਲੰਗਰ ਲਗਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਥਾਨਕ ਦੁਸਹਿਰਾ ਮੈਦਾਨ ਵਿਖੇ ਹੋਲੇ-ਮਹੱਲੇ 'ਚ ਪੁੱਜ ਰਹੀਆਂ ਸੰਗਤਾਂ ਲਈ ਪਿੰਡ ਧਨੂੰਰ ਦੀਆਂ ਸੰਗਤਾਂ ਵੱਲੋਂ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਲੰਗਰ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਨਾਮ ਸਿੰਘ ਧਨੂੰਰ ਨੇ ਦੱਸਿਆ ਕਿ ਇਹ ਲੰਗਰ ਹੋਲੇ-ਮਹੱਲੇ 'ਚ ਮਾਛੀਵਾੜਾ ਦੇ ਗੁਰਦੁਆਰਾ ਸਾਹਿਬਾਨਾਂ ਦੇ ਦਰਸ਼ਨਾਂ ਨੂੰ ਆਉਣ ਵਾਲੀ ਸੰਗਤ ਲਈ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਲੰਗਰ 4 ਮਾਰਚ ਤੱਕ ਜਾਰੀ ਰਹੇਗਾ। ਇਸ ਮੌਕੇ ਬਾਬਾ ਸੁੱਧ ਸਿੰਘ ਟੂਸੇ ਵਾਲੇ, ਬਾਬਾ ਪਰਮਜੀਤ ਸਿੰਘ ਮਾਛੀਵਾੜਾ, ਸੁਰਜੀਤ ਸਿੰਘ ਮਾਂਗਟ, ਸਾਬਕਾ ਸਰਪੰਚ ਮਹਿੰਦਰ ਸਿੰਘ, ਸਾਬਕਾ ਇੰਸਪੈਕਟਰ ਗੁਰਚਰਨ ਸਿੰਘ ਹਾਜ਼ਰ ਸਨ।

## ਸ਼ਹੀਦ ਊਧਮ ਸਿੰਘ ਦਾ ਬਹਾਦਰੀ ਦਿਵਸ ਮਨਾਇਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ਼ਹੀਦ ਊਧਮ ਸਿੰਘ ਯਾਦਗਾਰੀ ਕਮੇਟੀ ਮੇਨ ਵੱਲੋਂ ਸ਼ਹੀਦ ਊਧਮ ਸਿੰਘ ਦਾ ਬਹਾਦਰੀ ਦਿਵਸ ਸਮਾਗਮ ਬੜੇ ਸੁਚੱਜੇ ਢੰਗ ਅਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਵਿੱਚ ਮਲਕੀਅਤ ਸਿੰਘ ਥਿੰਦ ਚੇਅਰਮੈਨ ਪੱਛੜੀਆਂ ਸ਼੍ਰੇਣੀਆਂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਡਾ ਥਿੰਦ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਯਾਦਗਾਰੀ ਕਮੇਟੀ ਮੇਨ ਸ਼ਹੀਦ ਊਧਮ ਸਿੰਘ ਦੇ ਚਾਰ-ਪੰਜ ਪ੍ਰੋਗਰਾਮ ਆਯੋਜਿਤ ਕਰਦੇ ਹਨ, ਕਿਉਂਕਿ ਇਹਨਾਂ ਵਿੱਚ ਸ਼ਹੀਦ ਦੀ ਕੁਰਬਾਨੀ ਨੂੰ ਸਮਰਪਤ ਹੋ ਕੇ ਕੰਮ ਕਰਨ ਦਾ ਜਜ਼ਬਾ ਹੈ, ਜਿਸ ਲਈ ਉਹ ਵਧਾਈ ਦੇ ਪਾਤਰ ਹਨ।ਉਨ੍ਹਾਂ ਦੱਸਿਆ ਕਿ ਬੀਤੇ ਸਮੇਂ ਦੌਰਾਨ ਇਸ ਕਮੇਟੀ ਦੇ ਨੁਮਾਇੰਦਿਆਂ ਨੇ ਮਿਲ ਕੇ ਕਰੀਬ ਨੌਂ ਮੰਗਾਂ ਰੱਖੀਆਂ ਸਨ, ਜਿਨ੍ਹਾਂ 'ਚੋਂ ਅੱਠ ਮੰਗਾਂ ਪੂਰੀਆਂ ਹੋ ਗਈਆਂ ਹਨ। ਜਿਨ੍ਹਾਂ ਵਿੱਚ ਸ਼ਹੀਦ ਦੇ ਸ਼ਹੀਦੀ ਦਿਹਾੜੇ ਮੌਕੇ ਸੂਬੇ ਅੰਦਰ ਛੁੱਟੀ, ਸ਼ਹੀਦ ਦੇ ਨਾਂਅ 'ਤੇ ਬੱਸ ਸਟੈਂਡ ਬਨਾਉਣ, ਮਿਊਜ਼ੀਅਮ ਦੀ ਉਸਾਰੀ ਅਤੇ ਸ਼ਹਿਰ ਦੇ ਦੋਨਾਂ ਸਾਈਡ ਗੇਟ ਬਨਾਉਣੇ ਅਤੇ ਸੜਕਾਂ ਦਾ ਨਾਂਅ ਸ਼ਹੀਦ ਦੇ ਨਾਂਅ ਕੀਤਾ ਜਾਣਾ ਸ਼ਾਮਲ ਸੀ।ਉਨ੍ਹਾਂ ਕਿਹਾ ਕਿ ਹੁਣ ਜੋ ਕੰਮ ਕਰਨ ਵਾਲੇ ਹਨ। ਉਨ੍ਹਾਂ ਵਿੱਚ ਪੱਛੜੀਆਂ ਸ਼੍ਰੇਣੀਆਂ ਦੀ ਰਿਜ਼ਰਵੇਸ਼ਨ ਨੂੰ 27 ਫੀਸਦੀ ਕਰਾਉਣਾ ਹੈ, ਜਿਸ ਨਾਲ ਪੱਛੜੀਆਂ ਸ਼੍ਰੇਣੀਆਂ ਦੇ ਬੱਚਿਆਂ ਨੂੰ ਵਧੇਰੇ ਨੌਕਰੀਆਂ ਦਾ ਲਾਭ ਮਿਲੇਗਾ।ਉਨ੍ਹਾਂ ਕਿਹਾ ਕਿ ਸ਼ਹੀਦਾਂ ਦੇ ਸੁਪਨੇ ਪੂਰੇ ਕਰਨ ਲਈ ਨੌਜਵਾਨਾਂ ਨੂੰ ਸਿੱਖਿਅਤ ਕਰਨ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪਛੜੀਆਂ ਸ਼੍ਰੇਣੀਆਂ ਦੀ ਨੁਮਾਇੰਦਗੀ ਕਰਨ ਵਾਲੀਆਂ ਜਥੇਬੰਦੀਆਂ ਇਕੱਠੀਆਂ ਹੋ ਕੇ ਹੰਭਲਾ ਮਾਰਨ ਤਾਂ ਜੁ ਵਿਦਿਅਕ ਅਦਾਰੇ ਸਥਾਪਤ ਕੀਤੇ ਜਾ ਸਕਨ।ਸਮਾਗਮ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਹਰੀ ਸਿੰਘ ਨਕਵੀ ਮੈਂਬਰ ਐਚ ਐਸ ਪੀ ਸੀ ਆਦਿ ਵੀ ਸ਼ਾਮਲ ਸਨ।

## ਸੰਘ ਦੇ 100 ਸਾਲ ਪੂਰੇ ਹੋਣ 'ਤੇ ਬਲਾੜੀ ਕਲਾਂ 'ਚ ਵੱਡਾ ਸਮਾਗਮ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਲਾਕ ਖੇੜਾ ਦੇ ਪਿੰਡ ਬਲਾੜੀ ਕਲਾਂ ਵਿਖੇ ਸਾਬਕਾ ਮੰਤਰੀ ਪੰਜਾਬ ਡਾਕਟਰ ਹਰਬੰਸ ਲਾਲ ਦੀ ਅਗਵਾਈ ਵਿੱਚ ਸਾਂਝੀ ਧਰਮਸ਼ਾਲਾ ਵਿੱਚ ਵਿਸ਼ਾਲ ਧਰਮ ਸੰਮੇਲਨ ਕਰਾਇਆ ਗਿਆ।ਡਾਕਟਰ ਹਰਬੰਸ ਲਾਲ ਸਾਬਕਾ ਮੰਤਰੀ ਨੇ ਕਿਹਾ ਕਿ ਇਹ ਧਰਮ ਸੰਮੇਲਨ ਭਾਰਤ ਦੇਸ਼ ਦੇ ਨਿਰਮਾਣ ਲਈ ਰਾਸ਼ਟਰੀ ਏਕਤਾ ਅਖੰਡਤਾ ਲਈ ਸਾਂਝੀਵਾਲਤਾ ਲਈ ਭਾਰਤ ਦੇ ਮਹਾਨ ਗੁਰੂਆਂ ਤੇ ਭਾਰਤ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਤੋਂ ਪ੍ਰੇਰਨਾ ਲੈ ਕੇ ਆਪਣੇ ਪਰਵਾਰਾਂ ਨੂੰ ਸਾਂਭ ਕੇ ਸਮਾਜਿਕ ਸਮਰਸਥਾ ਬਣਾਈਏ ਅਤੇ ਆਪਣੇ ਦੇਸ਼ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾ ਕੇ ਪੜ੍ਹਾਈ ਅਤੇ ਖੇਡਾਂ ਨਾਲ ਜੋੜ ਕੇ ਆਉਣ ਵਾਲੀਆਂ ਪੀੜ੍ਹੀਆਂ ਤੇ ਆਪਣੇ ਭਾਰਤ ਦੇਸ਼ ਦਾ ਉੱਜਵਲ ਭਵਿੱਖ ਬਣਾਈਏ। ਡਾਕਟਰ ਹਰਬੰਸ ਲਾਲ ਨੇ ਕਿਹਾ ਕਿ ਸਾਡਾ ਅਗਲਾ ਪ੍ਰੋਗਰਾਮ 8 ਮਾਰਚ ਡੇਰਾ ਖੇੜਾ ਹੰਸਾਲੀ ਸਾਹਿਬ ਦੇ ਗੁਰਦੁਆਰਾ ਰਮਾਣਾ ਸਾਹਿਬ ਦੇ ਵੱਡੇ ਹਾਲ ਵਿੱਚ 11 ਵਜੇ ਹੰਸਾਲੀ ਸਾਹਿਬ ਦੇ ਮਹਾਂਪੁਰਖ ਬਾਬਾ ਅਜੀਤ ਸਿੰਘ ਹੰਸਾਲੀ ਸਾਹਿਬ ਵਾਲਿਆਂ ਦੀ ਨਿੱਘੀ ਯਾਦ ਨੂੰ ਸਮਰਪਤ ਅੰਤਰਰਾਸ਼ਟਰੀ ਵਿਮਨ ਦਿਹਾੜਾ ਮਨਾਉਂਦੇ ਹੋਏ ਔਰਤ ਦੇ ਉੱਜਵਲ ਭਵਿੱਖ ਨੂੰ ਕਿਵੇਂ ਵਧੀਆ ਤੇ ਖੁਸ਼ਹਾਲ ਬਣਾਈਏ, ਵਿਮਨ ਦਿਹਾੜੇ 'ਤੇ 100 ਦੇ ਕਰੀਬ ਫਤਿਹਗੜ੍ਹ ਸਾਹਿਬ ਅਤੇ ਪੰਜਾਬ ਦੀਆਂ ਜੁਝਾਰੂ ਅਤੇ ਦਲੇਰੀ ਅਤੇ ਬਹਾਦਰੀ ਨਾਲ ਖੁਸ਼ਹਾਲ ਸਮਾਜ ਬਣਾਉਣ ਵਾਲੀਆਂ ਔਰਤਾਂ ਦਾ ਰਾਣੀ ਝਾਂਸੀ ਦੇ ਐਵਾਰਡ ਅਤੇ ਸਿਰੋਪੇ ਭੇਟ ਕਰਕੇ ਸਨਮਾਨ ਕੀਤਾ ਜਾਵੇਗਾ।ਸੰਤ ਬਾਬਾ ਪ੍ਰਤਾਪ ਸਿੰਘ ਜੀ ਡੇਰੇ ਚਿਮਟਾ ਵਾਲੇ ਸਾਧੂਗੜ੍ਹ, ਮਹਿਲਾ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਕੌਰ ਤੇ ਮਾਤਾ ਗੁਜਰੀ ਕਾਲਜ ਦੇ ਸਾਬਕਾ ਪ੍ਰੋਫੈਸਰ ਗੁਰਦਰਸ਼ਨ ਸਿੰਘ ਸਰਹਿੰਦ ਨੇ ਬੋਲਦੇ ਹੋਏ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਸਿੱਖ ਇਤਿਹਾਸ 'ਤੇ ਚਾਨਣਾ ਪਾਉਂਦੇ ਹੋਏ ਵੱਧ ਤੋਂ ਵੱਧ ਰੁੱਖ ਲਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨੀ ਸਾਡੀਆਂ ਆਉਣ ਵਾਲੀਆਂ ਪੀੜੀਆਂ ਲਈ ਬਹੁਤ ਜ਼ਰੂਰਤ ਹੈ। ਇਸ ਮੌਕੇ ਹੋਰ ਵੀ ਕਈ ਸ਼ਖਸੀਅਤਾਂ ਨੇ ਆਪਣੇ ਵਿਚਾਰ ਰੱਖੇ ਤੇ ਡਾਕਟਰ ਹਰਬੰਸ ਲਾਲ ਨੇ ਆਈਆਂ ਹੋਈਆਂ ਸ਼ਖਸੀਅਤਾਂ ਨੂੰ ਸਿਰੋਪੇ ਭੇਟ ਕੀਤੇ।

## ਖੰਡਰ ਪੁਰਾਣੀ ਅਦਾਲਤੀ ਇਮਾਰਤ ਗ਼ੈਰ-ਸਮਾਜੀ ਅਨਸਰਾਂ ਦੀਆਂ ਗਤੀਵਿਧੀਆਂ ਦਾ ਕੇਂਦਰ



**ਧੂਰੀ (ਮਨੋਹਰ ਸਿੰਘ ਸੱਗੂ)**-ਪੁਰਾਣੀ ਅਦਾਲਤੀ ਇਮਾਰਤ ਜਿੱਥੇ ਕਿਸੇ ਸਮੇਂ ਰੌਣਕਾਂ ਲੱਗੀਆਂ ਰਹਿੰਦੀਆਂ ਸਨ, ਅੱਜ-ਕੱਲ੍ਹ ਖੰਡਰ ਬਣ ਜਾਣ ਕਰਕੇ ਗੰਦਗੀ ਦਾ ਸ਼ਿਕਾਰ ਤੇ ਕਥਿਤ ਤੌਰ 'ਤੇ ਗ਼ੈਰ ਸਮਾਜੀ ਅਨਸਰਾਂ ਦੀਆਂ ਗਤੀਵਿਧੀਆਂ ਦਾ ਕੇਂਦਰ ਬਣੀ ਦਿਖਾਈ ਦੇ ਰਹੀ ਹੈ, ਜਿਸ ਕਾਰਨ ਨੇੜਿਓਂ ਲੰਘਦੇ ਲੋਕ ਤੇ ਆਲੇ-ਦੁਆਲੇ ਦੇ ਦੁਕਾਨਦਾਰ ਪ੍ਰੇਸ਼ਾਨ ਹਨ।ਦੱਸਣਯੋਗ ਹੈ ਕਿ ਇਸ ਪੁਰਾਣੀ ਅਦਾਲਤੀ ਇਮਾਰਤ ਨੇੜੇ ਲੜਕੀਆਂ ਦਾ ਸਰਕਾਰੀ ਸਕੂਲ ਤੇ ਗੁਰਦੁਆਰਾ ਸਿੰਘ ਸਭਾ ਸਥਿਤ ਹੈ, ਪਰ ਖੰਡਰ ਬਣ ਚੁੱਕੀ ਇਸ ਅਦਾਲਤੀ ਇਮਾਰਤ ਦੇ ਗੰਦਗੀ ਨਾਲ ਭਰਪੂਰ ਕਮਰਿਆਂ 'ਚ ਅਕਸਰ ਗ਼ੈਰ ਸਮਾਜੀ ਅਨਸਰਾਂ ਦਾ ਆਉਣ ਜਾਣ ਆਮ ਦੇਖਿਆ ਜਾ ਸਕਦਾ ਹੈ, ਉਥੇ ਹੀ ਇਸ ਖੰਡਰ ਬਣੀ ਇਮਾਰਤ 'ਚ ਕਥਿਤ ਤੌਰ 'ਤੇ ਦੇਹ ਵਪਾਰ ਦਾ ਧੰਦਾ ਹੋਣ ਦੀਆਂ ਵੀ ਚਰਚਾਵਾਂ ਵੀ ਹਨ। ਲੋਕਾਂ ਵੱਲੋਂ ਨਗਰ ਕੌਂਸਲ ਨੂੰ ਲੱਗਦੇ ਗੰਦਗੀ ਦੇ ਢੇਰ ਲੱਗਣੋਂ ਰੋਕਣ ਲਈ ਵਾਰ-ਵਾਰ ਆਖਣ ਦੇ ਬਾਵਜੂਦ ਗੰਦਗੀ ਦੇ ਢੇਰ ਲੱਗਣੇ ਬਰਕਰਾਰ ਹਨ, ਉਥੇ ਪੁਲਸ ਪ੍ਰਸ਼ਾਸਨ ਨੂੰ ਗ਼ੈਰ ਸਮਾਜੀ ਅਨਸਰਾਂ ਦੀਆਂ ਹਰਕਤਾਂ ਬਾਰੇ ਜਾਣੂ ਕਰਾਉਣ ਤੋਂ ਬਾਅਦ ਭਾਵੇਂ ਪੀ.ਸੀ.ਆਰ ਪੁਲਸ ਦੇ ਮੁਲਾਜ਼ਮਾਂ ਨੇ ਇੱਕ ਦੋ ਗੇੜੇ ਮਾਰੇ, ਪਰ ਇਸ ਦੇ ਬਾਵਜੂਦ ਗ਼ੈਰ ਸਮਾਜੀ ਅਨਸਰਾਂ ਦੀਆਂ ਹਰਕਤਾਂ 'ਤੇ ਕੋਈ ਅਸਰ ਦਿਖਾਈ ਨਹੀਂ ਦੇ ਰਿਹਾ।ਐਸ ਐਚ ਓ ਜਸਵੀਰ ਸਿੰਘ ਤੂਰ ਨੇ ਕਿਹਾ ਕਿ ਇਸ ਇਮਾਰਤ ਨੇੜੇ ਗ਼ੈਰ ਸਮਾਜੀ ਅਨਸਰਾਂ ਦੀਆਂ ਹਰਕਤਾਂ ਨੂੰ ਰੋਕਣ ਲਈ ਸਖਤ ਕਾਰਵਾਈ ਕੀਤੀ ਜਾਵੇਗੀ।ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਗੁਰਿੰਦਰ ਸਿੰਘ ਨੇ ਕਿਹਾ ਕਿ ਜਿੱਥੇ ਇਮਾਰਤ ਨੇੜੇ ਲਗਦੇ ਗੰਦਗੀ ਦੇ ਢੇਰ ਲੱਗਣੋਂ ਹਟਵਾਏ ਜਾਣਗੇ, ਉਥੇ ਇਮਾਰਤ ਦੇ ਕਮਰਿਆਂ ਦੇ ਤੋੜੇ ਦਰਵਾਜ਼ਿਆਂ ਨੂੰ ਬੰਦ ਕਰਾਇਆ ਜਾਵੇਗਾ।

## ਜਗਦੇਵ ਸ਼ਰਮਾ ਦੇ ਪਲੇਠੇ ਨਾਵਲ 'ਇੱਕ ਸਦੀ ਦੀ ਮੌਤ' ਦੀ ਘੁੰਡ ਚੁਕਾਈ



**ਧੂਰੀ (ਮਨੋਹਰ ਸੱਗੂ, ਸੁਖਦੇਵ ਸ਼ਰਮਾ)**-ਪੰਜਾਬੀ ਸਾਹਿਤ ਸਭਾ ਧੂਰੀ ਵੱਲੋਂ ਸਥਾਨਕ ਡਾ: ਰਾਮ ਸਿੰਘ ਸਿੱਧੂ ਯਾਦਗਾਰੀ ਭਵਨ ਵਿਖੇ ਕਰਵਾਏ ਗਏ ਸਾਹਿਤਕ ਸਮਾਗਮ ਦੌਰਾਨ ਸਰਬਾਂਗੀ ਲੇਖਕ ਤੇ ਕਾਲਮ ਨਵੀਸ ਜਗਦੇਵ ਸ਼ਰਮਾ ਬੁਗਰਾ ਦੇ ਪਲੇਠੇ ਨਾਵਲ 'ਇੱਕ ਸਦੀ ਮੌਤ' ਦੀ ਘੁੰਡ ਚੁਕਾਈ ਕੀਤੀ ਗਈ।ਨਾਵਲ 'ਤੇ ਚਰਚਾ ਦੀ ਸ਼ੁਰੂਆਤ ਕਰਦਿਆਂ ਸੇਵਾ ਮੁਕਤ ਪ੍ਰਿੰਸੀਪਲ ਸੁਖਜੀਤ ਕੌਰ ਸੋਹੀ ਨੇ ਪੇਪਰ ਪੜ੍ਹਿਆ ਤੇ ਬਾਰੀਕੀ ਨਾਲ ਨਾਵਲ ਦੇ ਹਰ ਪੱਖ ਨੂੰ ਛੋਹਦਿਆਂ ਨਾਵਲਕਾਰ ਦੇ ਇੱਕ ਆਦਰਸ਼ ਸਮਾਜ ਸਿਰਜਣ ਦੀ ਕਲਪਨਾ ਦੀ ਸ਼ਲਾਘਾ ਕੀਤੀ।ਉਪਰੰਤ ਸੇਵਾ ਮੁਕਤ ਪ੍ਰਿੰਸੀਪਲ ਡਾ: ਇਕਬਾਲ ਸਕਰੌਦੀ ਨੇ ਨਾਵਲ ਦੇ ਸਾਹਿਤਕ ਪੱਖ ਤੋਂ ਆਲੋਚਨਾਤਮਿਕ ਪੇਪਰ ਪੜ੍ਹਦਿਆਂ ਕਿਹਾ ਕਿ ਨਾਵਲ ਦਸਵੀਂ ਤੇ ਬਾਰਵੀਂ ਜਮਾਤ ਦੀਆਂ ਕਲਾਸਾਂ ਨੂੰ ਪੜ੍ਹਾਉਣ ਯੋਗ ਹੈ।ਹਿੰਦੀ ਕਵਿੱਤਰੀ ਅੰਜੂ ਸਿੰਗਲਾ ਨੇ ਵੀ ਨਾਵਲ ਬਾਰੇ ਆਪਣੇ ਵਿਚਾਰ ਪ੍ਰਗਟਾਏ।ਉੱਘੇ ਲੋਕ ਗਾਇਕ ਗੁਰਦਿਆਲ ਨਿਰਮਾਣ ਤੇ ਸਭਾ ਦੇ ਪ੍ਰਧਾਨ ਮੂਲ ਚੰਦ ਸ਼ਰਮਾ ਨੇ ਨਾਵਲ ਦੇ ਲਿਖੇ ਜਾਣ ਵੇਲੇ ਤੋਂ ਆਪਣੀਆਂ ਯਾਦਾਂ ਸਾਂਝੀਆਂ ਕੀਤੀਆਂ।ਜੰਗ ਸਿੰਘ ਫੱਟੜ ਨੇ ਕਵਿਤਾ ਸਕੂਲ ਦੀ ਕਲਾਸ ਲਗਾਈ।ਸਮਾਗਮ 'ਚ ਚਰਨਜੀਤ ਸਿੰਘ ਮੀਮਸਾ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਮਾਂ ਬੋਲੀ ਤੇ ਕੌਮਾਂਤਰੀ ਇਸਤਰੀ ਦਿਵਸ ਨੂੰ ਸਮਰਪਤ ਕਵੀ ਦਰਬਾਰ ਵੀ ਹੋਇਆ। ਸਮਾਗਮ ਦੇ ਆਖਰੀ ਪਲਾਂ 'ਚ ਸਭਾ ਦੇ ਸਰਪ੍ਰਸਤ ਤੇ ਨਾਵਲ ਦੇ ਲੇਖਕ ਜਗਦੇਵ ਸ਼ਰਮਾ ਬੁਗਰਾ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਬੀਬੀ ਗੁਰਦੀਪ ਕੌਰ ਨੂੰ ਭਰਪੂਰ ਸ਼ਰਧਾਂਜਲੀਆਂ



**ਜੰਡਿਆਲਾ ਗੁਰੂ :** ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ ਦਿਹਾਤੀ ਅਤੇ ਪੰਜਾਬ ਇਸਤਰੀ ਸਭਾ ਦੀ ਸੀਨੀਅਰ ਆਗੂ ਗੁਰਦੀਪ ਕੌਰ ਜੰਡਿਆਲਾ ਗੁਰੂ, ਜੋ ਕਿ ਪਿਛਲੇ ਦਿਨੀਂ ਆਪਣੀ ਸੰਸਾਰਕ ਯਾਤਰਾ ਪੂਰੀ ਕਰ ਗਏ ਸਨ, ਦੇ ਪਰਵਾਰ ਵੱਲੋਂ ਉਹਨਾ ਦੀ ਯਾਦ ਵਿੱਚ ਅਖੰਡ ਸਾਹਿਬ ਦੇ ਭੋਗ ਪਾਉਣ ਉਪਰੰਤ ਕੀਰਤਨ ਅਤੇ ਅੰਤਮ ਅਰਦਾਸ ਬਾਬਾ ਹੰਦਾਲ ਦੇ ਸਥਾਨ ਵਿਖੇ ਹੋਈ। ਵੱਖ-ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਉਨ੍ਹਾ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਉਹਨਾ ਦੇ ਸੰਘਰਸ਼ਮਈ ਜੀਵਨ ਨੂੰ ਯਾਦ ਕਰਦਿਆਂ ਇਸ ਪ੍ਰਵਾਰ ਦੇ ਕਮਿਊਨਿਸਟ ਲਹਿਰ ਨੂੰ ਯੋਗਦਾਨ ਨੂੰ ਪ੍ਰਣਾਮ ਕੀਤਾ। ਖਾਸ ਕਰਕੇ ਉਨ੍ਹਾ ਦੇ ਜੀਵਨ ਸਾਥੀ ਜਸਵੰਤ ਸਿੰਘ ਵੱਲੋਂ ਸਮਾਜ ਅੰਦਰ ਪਾਏ ਯੋਗਦਾਨ ਨੂੰ ਵੀ ਯਾਦ ਕੀਤਾ। ਸਮਾਗਮ 'ਚ ਡੇਰਾ ਬਾਬਾ ਹੰਦਾਲ ਦੇ ਮੁੱਖ ਸੇਵਕ ਬਾਬਾ ਪਰਮਾਨੰਦ, ਸਾਬਕਾ ਵਿਧਾਇਕ ਅਜੈਪਾਲ ਸਿੰਘ ਮੀਰਾਂਕੋਟ, ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ, ਸੰਦੀਪ ਸਿੰਘ ਏ ਆਰ, ਸੁਰਿੰਦਰ ਸਿੰਘ ਰੰਧਾਵਾ ਸਾਬਕਾ ਚੇਅਰਮੈਨ, ਕਸ਼ਮੀਰ ਸਿੰਘ ਜਾਣੀਆਂ, ਦਿਲਬਾਗ ਸਿੰਘ ਧੰਜੂ ਸਾਬਕਾ ਚੀਫ ਐਗਰੀਕਲਚਰ ਅਫਸਰ, ਮੰਗਲ ਸਿੰਘ ਕਿਸ਼ਨਪੁਰੀ ਤੋਂ ਇਲਾਵਾ ਇਲਾਕੇ ਦੀਆਂ ਵੱਖ-ਵੱਖ ਸ਼ਖਸੀਅਤਾਂ ਅਤੇ ਪੱਤਰਕਾਰ ਭਾਈਚਾਰੇ ਦੇ ਲੋਕ ਸ਼ਾਮਲ ਹੋਏ। ਵਰਨਣਯੋਗ ਹੈ ਕਿ ਭੈਣ ਜੀ ਦੇ ਪਰਵਾਰ ਨੇ ਆਪਣਾ ਸਾਰਾ ਜੀਵਨ ਦੱਬੇ-ਕੁਚਲੇ ਲੋਕਾਂ ਦੀ ਜ਼ਿੰਦਗੀ ਨੂੰ ਬਿਹਤਰ ਕਰਨ ਵਾਸਤੇ ਕਮਿਊਨਿਸਟ ਪਾਰਟੀ ਦੇ ਅਣਥੱਕ ਸਿਪਾਹੀ ਬਣ ਕੇ ਕੰਮ ਕੀਤਾ। ਖਾਸ ਕਰਕੇ ਅੱਤਵਾਦ ਦੇ ਸਮੇਂ ਜੰਡਿਆਲਾ ਗੁਰੂ ਵਿਖੇ ਹਿੰਦੂ-ਸਿੱਖ ਏਕਤਾ ਵਾਸਤੇ ਡਟ ਕੇ ਪਹਿਰਾ ਦਿੱਤਾ। ਉਹਨਾ ਦਾ ਪੁੱਤਰ ਰਣਜੀਤ ਸਿੰਘ ਜੋਸਨ, ਜੋ ਕਿ ਜੰਡਿਆਲਾ ਗੁਰੂ ਤੋਂ ਪੱਤਰਕਾਰ ਦੀਆਂ ਸੇਵਾਵਾਂ ਨਿਭਾ ਰਿਹਾ ਹੈ ਅਤੇ ਉਹਨਾ ਦੀ ਜੀਵਨ ਸਾਥਣ ਦਲਜੀਤ ਕੌਰ ਵੱਲੋਂ ਕਾਮਰੇਡ ਜਸਵੰਤ ਸਿੰਘ ਅਤੇ ਭੈਣ ਜੀ ਗੁਰਦੀਪ ਕੌਰ ਦੀ ਬੁਢਾਪੇ ਵਿੱਚ ਕੀਤੀ ਸੇਵਾ-ਸੰਭਾਲ ਦੀ ਸ਼ਲਾਘਾ ਕੀਤੀ ਗਈ। ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਇਸ ਪਰਵਾਰ ਦੇ ਦੁੱਖ ਵਿੱਚ ਸ਼ਾਮਲ ਹੋਣ ਵਾਸਤੇ ਹਰਭਜਨ ਸਿੰਘ, ਨਰਿੰਦਰ ਕੌਰ ਪਾਲੀ, ਰਜਿੰਦਰ ਕੌਰ ਪੰਜਾਬ ਇਸਤਰੀ ਸਭਾ ਦੇ ਆਗੂ, ਅਮਰਜੀਤ ਸਿੰਘ ਆਸਲ, ਪ੍ਰਿਥੀਪਾਲ ਸਿੰਘ ਮਾੜੀਮੇਘਾ, ਨਰਿੰਦਰ ਬੱਲ, ਮੰਗਲ ਸਿੰਘ ਖਜਾਲਾ, ਸਰਬਜੀਤ ਸਿੰਘ ਭੋਰਸ਼ੀ, ਮਹਿੰਦਰਪਾਲ ਸਿੰਘ ਮੁਹਾਲੀ, ਲਖਬੀਰ ਸਿੰਘ ਨਿਜ਼ਾਮਪੁਰ ਅਤੇ ਗੁਰਮੁਖ ਸਿੰਘ ਸ਼ੇਰਗਿੱਲ ਪਹੁੰਚੇ।

ਅਖੀਰ ਵਿੱਚ ਪਰਵਾਰ ਵੱਲੋ ਜਥੇਦਾਰ ਮਨਜੀਤ ਸਿੰਘ ਹਮਜਾ ਨੇ ਪਹੁੰਚੇ ਹੋਏ ਸਮੂਹ ਸੁਨੇਹੀਆਂ ਦਾ ਧੰਨਵਾਦ ਕੀਤਾ। ਪਰਵਾਰ ਵੱਲੋਂ ਭੈਣ ਜੀ ਦੀ ਯਾਦ ਵਿੱਚ ਭਾਰਤੀ ਕਮਿਊਨਿਸਟ ਪਾਰਟੀ ਪੰਜਾਬ ਨੂੰ 5000 ਦੀ ਸਹਾਇਤਾ ਭੇਟ ਕੀਤੀ ਗਈ। ਸਮਾਗਮ ਅੰਦਰ ਸਟੇਜ ਸੇਵਾ ਅਵਤਾਰ ਸਿੰਘ ਟੱਕਰ ਨੇ ਨਿਭਾਈ।

# ਦੇਵ ਸਮਾਜ ਕਾਲਜ 'ਚ ਰਾਸ਼ਟਰੀ ਵਿਗਿਆਨ ਦਿਵਸ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਵਿਖੇ ਰਾਸ਼ਟਰੀ ਵਿਗਿਆਨ ਦਿਵਸ ਵਿਗਿਆਨਕ ਸੋਚ, ਗਿਆਨਵਰਧਕ ਗਤੀਵਿਧੀਆਂ ਤੇ ਉਤਸ਼ਾਹਪੂਰਨ ਮਾਹੌਲ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਗ੍ਰੈਜੂਏਟ ਤੇ ਪੋਸਟ ਗ੍ਰੈਜੂਏਟ ਸਾਇੰਸ ਵਿਭਾਗਾਂ ਵੱਲੋਂ ਵਿਦਿਆਰਥਣਾਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ, ਖੋਜ ਭਾਵਨਾ ਤੇ ਸਤਤ ਵਿਕਾਸ ਪ੍ਰਤੀ ਜਾਗਰੂਕਤਾ ਵਧਾਉਣ ਲਈ ਵੱਖ-ਵੱਖ ਮੁਕਾਬਲਿਆਂ ਤੇ ਵੈਬੀਨਾਰਾਂ ਦਾ ਆਯੋਜਨ ਕੀਤਾ ਗਿਆ। ਗਣਿਤ ਵਿਭਾਗ ਵੱਲੋਂ ਭਾਰਤੀ ਗਿਆਨ ਪ੍ਰਣਾਲੀ ਸਿਸਟਮ ਅਧੀਨ ਗਣਿਤ ਪ੍ਰਯੋਗਸ਼ਾਲਾ ਵਿੱਚ ਭਾਸ਼ਣ ਮੁਕਾਬਲਾ ਕਰਵਾਇਆ ਗਿਆ। ਵਿਭਾਗ ਮੁਖੀ ਵੱਲੋਂ ਟਿਕਾਊ ਵਿਗਿਆਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।

ਮੁਕਾਬਲੇ ਵਿਚ ਕੁੱਲ 16 ਵਿਦਿਆਰਥਣਾਂ ਨੇ ਭਾਗ ਲਿਆ ਤੇ ਵੇਦਾਂ-ਉਪਨਿਸ਼ਦਾਂ ਦੀਆਂ ਸਿੱਖਿਆਵਾਂ ਨਾਲ ਨਾਲ ਮਹਾਨ ਵਿਗਿਆਨੀਆਂ ਜਿਵੇਂ ਆਰਿਆਭੱਟ ਤੇ ਸੁਸ਼ਰੁਤ ਦੇ ਯੋਗਦਾਨ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਐੱਮਐੱਸਸੀ ਭਾਗ ਦੂਜਾ ਦੀ ਦੀਕਸ਼ਾ ਮਹਿਤਾ ਨੇ ਪਹਿਲਾ, ਬੀਐੱਸਸੀ ਭਾਗ ਪਹਿਲਾ ਦੀ ਸਹਜ ਕੌਰ ਨੇ ਦੂਜਾ ਤੇ ਬੀਐੱਸਸੀ ਭਾਗ ਤੀਜਾ ਦੀ ਨਵਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂਆਂ ਨੂੰ ਡਾ. ਸੰਗੀਤਾ ਵੱਲੋਂ ਪ੍ਰਮਾਣ ਪੱਤਰ ਤੇ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ। ਪੋਸਟ ਗ੍ਰੈਜੂਏਟ ਕੈਮਿਸਟਰੀ ਵਿਭਾਗ ਵੱਲੋਂ 'ਰਿਸਰਚ ਐਂਡ ਸਾਇੰਟਿਫਿਕ ਐਕਸੀਲੈਂਸ ਫਾਰ ਸਸਟੇਨੇਬਲ ਫਿਊਚਰ' ਵਿਸ਼ੇ 'ਤੇ ਵੈਬੀਨਾਰ ਕੀਤਾ ਗਿਆ। ਮੁੱਖ ਵਕਤਾ ਡਾ. ਜਿਫਿਨਵੀਰ ਸਿੰਘ ਖੋਸਾ, ਵਿਗਿਆਨੀ (ਵੈਜੀਟੇਬਲ ਬਰੀਡਰ), ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਰਹੇ। ਉਨ੍ਹਾਂ ਵਿਗਿਆਨ ਦੀ ਲੋੜ, ਵਾਤਾਵਰਨ ਸੰਭਾਲ, ਖੇਤੀਬਾੜੀ, ਜੈਵਿਕ ਵਿਭਿੰਨਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਭੌਤਿਕੀ ਵਿਭਾਗ ਵੱਲੋਂ 'ਸਾਇੰਸ ਇਨ ਐਵਰੀ-ਡੇ-ਲਾਈਫ' ਵਿਸ਼ੇ 'ਤੇ ਰੀਲ/ਲਘੂ ਵੀਡੀਓ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ 22 ਵਿਦਿਆਰਥਣਾਂ ਨੇ ਭਾਗ ਲਿਆ। ਮੁਕਾਬਲੇ ਦਾ ਮੁਲਾਂਕਣ ਡਾ. ਆਸ਼ਾ ਤੇ ਡਾ. ਅਨਮੋਲ ਅਰੋੜਾ ਵੱਲੋਂ ਕੀਤਾ ਗਿਆ। ਸੁਨੀਤਾ ਨੇ ਪਹਿਲਾ, ਹਰਪ੍ਰੀਤ ਤੇ ਲਵਪ੍ਰੀਤ ਨੇ ਦੂਜਾ, ਜਦਕਿ ਨਿਹਾਰਿਕਾ ਤੇ ਪ੍ਰਿਯੰਕਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

ਪੋਸਟ ਗ੍ਰੇਜੂਏਟ ਬੋਟਨੀ ਵਿਭਾਗ ਵੱਲੋਂ 'ਵੀਮੈਨ ਇਨ ਇੰਡੀਆ : ਕੈਟਾਲਿਸਿੰਗ ਵਿਕਸਿਤ ਭਾਰਤ' ਵਿਸ਼ੇ 'ਤੇ ਪਾਵਰ ਪੁਆਇੰਟ ਪ੍ਰਜ਼ੈਂਟੇਸ਼ਨ ਗਤੀਵਿਧੀ ਕਰਵਾਈ ਗਈ। ਇਸੇ ਤਰ੍ਹਾਂ ਪੋਸਟ ਗ੍ਰੈਜੂਏਟ ਜ਼ੋਲੋਜੀ ਵਿਭਾਗ ਵੱਲੋਂ ਡੀਐੱਸਟੀ.-ਕਿਊਰੀ ਗ੍ਰਾਂਟ ਅਧੀਨ 'ਮਾਈਕ੍ਰੋਬਜ਼ ਐਜ਼ ਮੈਡੀਸਿਨ : ਦਿ ਫਿਊਚਰ ਬਿਯੋਂਡ ਐਂਟੀਬਾਇਓਟਿਕਸ' ਵਿਸ਼ੇ 'ਤੇ ਅੰਤਰਰਾਸ਼ਟਰੀ ਵੈਬੀਨਾਰ ਕੀਤਾ ਗਿਆ। ਮੁੱਖ ਵਕਤਾ ਡਾ. ਮੋਨਿਕਾ ਚੌਧਰੀ, ਪੋਸਟ ਡਾਕਟੋਰਲ ਫੈਲੋ, ਆਇਕਾਨ ਸਕੂਲ ਆਫ ਮੈਡਿਸਿਨ ਐਟ ਮਾਊਂਟ ਸਿਨਾਈ, ਨਿਊਯਾਰਕ (ਅਮਰੀਕਾ) ਰਹੀਆਂ। ਉਨ੍ਹਾਂ ਨੇ ਐਂਟੀਬਾਇਓਟਿਕ ਰੋਧਕਤਾ ਦੀ ਵੱਧਦੀ ਸਮੱਸਿਆ ਤੇ ਮਾਈਕ੍ਰੋਬ ਆਧਾਰਿਤ ਆਧੁਨਿਕ ਇਲਾਜ ਪੱਧਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਡਾ. ਸੰਗੀਤਾ ਪ੍ਰਿੰਸੀਪਲ ਨੇ ਸਾਰੇ ਸਾਇੰਸ ਵਿਭਾਗਾਂ ਵੱਲੋਂ ਕਰਵਾਈਆਂ ਗਈਆਂ ਗਤੀਵਿਧੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਇਹ ਪ੍ਰੋਗਰਾਮ ਵਿਦਿਆਰਥਣਾਂ ਵਿੱਚ ਜਾਗਰੂਕਤਾ ਵਧਾਉਣ ਵਿੱਚ ਸਹਾਇਕ ਸਾਬਿਤ ਹੋਣਗੇ।

# ਟਰੰਪ ਯੂ ਕੇ ਦੇ ਪ੍ਰਧਾਨ ਮੰਤਰੀ ਤੋਂ ਨਾਰਾਜ਼

**ਵਾਸ਼ਿੰਗਟਨ :** ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਬ੍ਰਿਟਿਸ਼ ਪ੍ਰਧਾਨ ਮੰਤਰੀ ਕੀਰ ਸਟਾਰਮਰ ਪ੍ਰਤੀ ਨਾਰਾਜ਼ਗੀ ਜ਼ਾਹਰ ਕੀਤੀ ਹੈ। 'ਦਿ ਟੈਲੀਗ੍ਰਾਫ' ਨੂੰ ਦਿੱਤੀ ਇੰਟਰਵਿਊ ਵਿੱਚ ਟਰੰਪ ਨੇ ਕਿਹਾ ਕਿ ਉਹ ਸਟਾਰਮਰ ਤੋਂ ਬਹੁਤ ਨਿਰਾਸ਼ ਹਨ, ਕਿਉਂਕਿ ਉਨ੍ਹਾ ਨੇ ਈਰਾਨ 'ਤੇ ਹਮਲੇ ਕਰਨ ਲਈ ਅਮਰੀਕਾ ਨੂੰ ਡਿਏਗੋ ਗਾਰਸ਼ੀਆ (ਚਾਗੋਸ ਟਾਪੂ) ਦੇ ਫੌਜੀ ਅੱਡੇ ਦੀ ਵਰਤੋਂ ਕਰਨ ਤੋਂ ਰੋਕਿਆ ਸੀ। ਟਰੰਪ ਨੇ ਕਿਹਾ ਕਿ ਇਤਿਹਾਸ ਗਵਾਹ ਹੈ ਕਿ ਬ੍ਰਿਟੇਨ ਵੱਲੋਂ ਪਹਿਲਾਂ ਅਮਰੀਕਾ ਦਾ ਕਦੀ ਵੀ ਕਹਿਣਾ ਮੋੜਿਆ ਨਹੀਂ ਗਿਆ। ਬ੍ਰਿਟੇਨ ਨੇ ਪਹਿਲਾਂ ਅੰਤਰਰਾਸ਼ਟਰੀ ਕਾਨੂੰਨਾਂ ਦਾ ਹਵਾਲਾ ਦਿੰਦੇ ਹੋਏ ਆਪਣੇ ਅੱਡਿਆਂ ਤੋਂ ਹਮਲੇ ਕਰਨ ਦੀ ਇਜਾਜ਼ਤ ਦੇਣ ਤੋਂ ਇਨਕਾਰ ਕਰ ਦਿੱਤਾ ਸੀ, ਹਾਲਾਂਕਿ ਐਤਵਾਰ ਰਾਤ ਨੂੰ ਪ੍ਰਧਾਨ ਮੰਤਰੀ ਸਟਾਰਮਰ ਨੇ ਆਪਣਾ ਫੈਸਲਾ ਬਦਲਦਿਆਂ ਸਿਰਫ ਖਾਸ ਅਤੇ ਸੀਮਤ ਰੱਖਿਆਤਮਕ ਮਕਸਦਾਂ ਲਈ ਅਮਰੀਕਾ ਨੂੰ ਇਸ ਟਾਪੂ ਦੀ ਵਰਤੋਂ ਕਰਨ ਦੀ ਮਨਜ਼ੂਰੀ ਦਿੱਤੀ ਸੀ। ਟਰੰਪ ਨੇ ਇਸ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਸਟਾਰਮਰ ਨੇ ਆਪਣਾ ਮਨ ਬਦਲਣ ਵਿੱਚ ਬਹੁਤ ਜ਼ਿਆਦਾ ਸਮਾਂ ਲਗਾ ਦਿੱਤਾ ਹੈ, ਜੋ ਦੋਵਾਂ ਦੇਸ਼ਾਂ ਦੇ ਮਜ਼ਬੂਤ ਰਿਸ਼ਤਿਆਂ ਦੇ ਲਿਹਾਜ਼ ਨਾਲ ਸਹੀ ਨਹੀਂ ਸੀ। ਇਸ ਤੋਂ ਪਹਿਲਾਂ ਟਰੰਪ ਦੀਆਂ ਬਰਤਾਨੀਆਂ ਦੇ ਫੌਜੀਆਂ ਬਾਰੇ ਕੀਤੀਆਂ ਟਿੱਪਣੀਆਂ ਕਾਰਨ ਵੀ ਦੋਵਾਂ ਮੁਲਕਾਂ ਦੇ ਰਿਸ਼ਤਿਆਂ ਵਿਚ ਖਟਾਸ ਆਈ ਸੀ। ਸਟਾਰਮਰ ਨੇ ਪਹਿਲਾਂ ਕਿਹਾ ਸੀ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਆਪਣੀਆਂ ਟਿੱਪਣੀਆਂ ਲਈ ਮੁਆਫੀ ਮੰਗਣ।

ਟਰੰਪ ਨੇ ਕਿਹਾ ਸੀ ਕਿ ਅਫਗਾਨਿਸਤਾਨ ਖਿਲਾਫ ਜੰਗ ਦੌਰਾਨ ਨਾਟੋ ਦੇਸ਼ਾਂ ਦੇ ਫੌਜੀ ਜੰਗ ਦੌਰਾਨ ਫਰੰਟ ਲਾਈਨ ਤੋਂ ਦੂਰ ਰਹੇ, ਜਦਕਿ ਅਮਰੀਕੀ ਫੌਜੀ ਸਭ ਤੋਂ ਅੱਗੇ ਰਹੇ ਸਨ। ਸਟਾਰਮਰ ਨੇ ਕਿਹਾ, 'ਮੈਂ ਨਾਟੋ ਫੌਜੀਆਂ ਦੀ ਹਿੰਮਤ, ਉਨ੍ਹਾਂ ਦੀ ਬਹਾਦਰੀ ਅਤੇ ਉਨ੍ਹਾਂ ਦੀ ਦੇਸ਼ ਲਈ ਕੁਰਬਾਨੀ ਨੂੰ ਕਦੇ ਨਹੀਂ ਭੁੱਲਾਂਗਾ। ਮੈਂ ਰਾਸ਼ਟਰਪਤੀ ਟਰੰਪ ਦੀਆਂ ਟਿੱਪਣੀਆਂ ਨੂੰ ਅਪਮਾਨਜਨਕ ਅਤੇ ਸਪੱਸ਼ਟ ਤੌਰ 'ਤੇ ਗਲਤ ਮੰਨਦਾ ਹਾਂ। ਉਨ੍ਹਾ ਇਸ ਜੰਗ ਵਿਚ ਫੌਤ ਹੋਏ ਜਾਂ ਜ਼ਖਮੀ ਹੋਏ ਫੌਜੀਆਂ ਦੇ ਅਜ਼ੀਜ਼ਾਂ ਅਤੇ ਦੇਸ਼ ਵਾਸੀਆਂ ਨੂੰ ਦੁੱਖ ਪਹੁੰਚਾਇਆ ਹੈ।'

## ਅਮਰੀਕਾ-ਇਜ਼ਰਾਈਲ ਦੇ ਧਾੜਵੀ ਹੱਲੇ ਖ਼ਿਲਾਫ਼ ਆਵਾਜ਼ ਉਠਾਉਣ ਦਾ ਸੱਦਾ

**ਜਲੰਧਰ :** ਦੇਸ਼ ਭਗਤ ਯਾਦਗਾਰ ਕਮੇਟੀ ਨੇ ਗ਼ਦਰ ਪਾਰਟੀ ਦੀ ਗੌਰਵਸ਼ਾਲੀ ਕੌਮਾਂਤਰੀ ਦ੍ਰਿਸ਼ਟੀ, ਮਾਨਵੀ ਕਦਰਾਂ-ਕੀਮਤਾਂ ਅਤੇ ਮੁਲਕਾਂ ਦੀ ਕੌਮੀ ਪ੍ਰਭੂਸੱਤਾ ਦੀ ਮਾਣ ਮਰਿਆਦਾ ਬੁਲੰਦ ਰੱਖਣ ਦੀ ਵਿਰਾਸਤ ਨੂੰ ਉਚਿਆਉਂਦੇ ਹੋਏ ਦੇਸ਼ ਅਤੇ ਦੁਨੀਆ ਅੰਦਰ ਵਸਦੇ ਗ਼ਦਰ ਪਾਰਟੀ ਦੇ ਵਾਰਸਾਂ ਨੂੰ ਹਰ ਸੰਭਵ ਢੰਗ ਨਾਲ ਅਮਰੀਕਾ-ਇਜ਼ਰਾਈਲ ਵੱਲੋਂ ਈਰਾਨ ਉਪਰ ਮਾਰੂ ਧਾਵਾ ਬੋਲਣ ਅਤੇ ਦੁਨੀਆ ਦੇ ਹਰ ਜਾਗਦੀ ਜ਼ਮੀਰ ਵਾਲੇ ਮੁਲਕਾਂ ਨੂੰ ਡਰਾਉਣ, ਧਮਕਾਉਣ ਅਤੇ ਉਹਨਾਂ ਦੇ ਕੌਮੀ ਕੁਦਰਤੀ ਅਨਮੋਲ ਖਜ਼ਾਨੇ ਲੁੱਟਣ ਦੀ ਹਵਸ਼ ਵਿੱਚ ਅੰਨ੍ਹੇ ਹੋ ਜਾਣ ਖ਼ਿਲਾਫ਼ ਜ਼ੋਰਦਾਰ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ ਹੈ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਨੰਗੀ ਚਿੱਟੀ ਧੌਂਸ ਜਮਾਉਣ ਅਤੇ ਈਰਾਨ ਦੇ ਮਾਲ ਖ਼ਜ਼ਾਨੇ ਹਥਿਆਉਣ ਲਈ ਨਿਰੰਤਰ ਦਬਾਅ ਪਾਏ ਜਾਣ ਅੱਗੇ ਝੁਕਣ ਦੀ ਬਜਾਏ ਨਾਬਰ ਹੋ ਕੇ ਅਮਰੀਕਾ ਕੌਮਾਂਤਰੀ ਠਾਣੇਦਾਰੀ ਨੂੰ ਵੰਗਾਰਨ ਦੀ ਸਜ਼ਾ ਦਿੱਤੀ ਜਾ ਰਹੀ ਹੈ। ਈਰਾਨ ਦੇ ਲੋਕਾਂ ਨੂੰ ਅਤੇ ਪੂਰੀ ਦੁਨੀਆ ਨੂੰ ਨਹੱਕੀ ਜੰਗ ਦੀ ਅੱਗ ਹਵਾਲੇ ਕਰਨ ਖ਼ਿਲਾਫ਼ ਦੁਨੀਆ ਭਰ ਦੇ ਲੋਕਾਂ ਦਾ ਸੜਕਾਂ 'ਤੇ ਆਉਣਾ ਇੱਕ ਫ਼ਖ਼ਰਯੋਗ ਵਰਤਾਰਾ ਹੈ, ਜਿਸ 'ਤੇ ਕਮੇਟੀ ਨੇ ਦੁਨੀਆ ਭਰ ਦੇ ਜਾਗਦੀ ਜ਼ਮੀਰ ਵਾਲੇ ਲੋਕਾਂ ਨੂੰ ਡਟਣ ਦੀ ਮੁਬਾਰਕਬਾਦ ਦਿੱਤੀ ਹੈ।ਕਮੇਟੀ ਨੇ ਦੋਸ਼ ਲਾਇਆ ਹੈ ਕਿ ਮੋਦੀ-ਅਮਿਤ ਸ਼ਾਹ ਭਾਜਪਾ ਹਕੂਮਤ ਧਾੜਵੀ ਅਮਰੀਕਾ ਦੇ ਹੁਕਮਾਂ ਉਪਰ ਫੁੱਲ ਚੜ੍ਹਾਉਂਦੇ ਹੋਏ ਈਰਾਨ ਦੇ ਹੱਕ ਵਿੱਚ ਹਾਅ ਦਾ ਨਾਅਰਾ ਮਾਰਨ ਵਾਲਿਆਂ ਉਪਰ ਵੀ ਨਜ਼ਰ ਰੱਖਣ ਦੇ ਫੁਰਮਾਨ ਜਾਰੀ ਕਰ ਰਹੀ ਹੈ, ਜਿਨ੍ਹਾਂ ਨੂੰ ਨਕਾਰਦੇ ਹੋਏ ਕਮੇਟੀ ਨੇ ਸਭਨਾਂ ਲੋਕ ਪੱਖੀ ਇਨਸਾਫ਼-ਪਸੰਦ ਤਾਕਤਾਂ ਨੂੰ ਇੱਕਜੁੱਟ ਹੋ ਕੇ ਧਾੜਵੀ ਅਮਰੀਕਾ-ਇਜ਼ਰਾਈਲ ਖ਼ਿਲਾਫ਼ ਲੋਕਾਂ ਨੂੰ ਮੈਦਾਨ ਵਿੱਚ ਨਿੱਤਰਨ ਦਾ ਸੱਦਾ ਦਿੱਤਾ ਹੈ।

## ਦਿਲਜੋਤ ਸ਼ਰਮਾ ਦੇ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਐਕਸ਼ਨ ਕਮੇਟੀ ਵੱਲੋਂ ਪੁਲਸ ਕਮਿਸ਼ਨਰ ਦਫਤਰ ਦਾ ਘਿਰਾਓ

*ਪੁਲਸ ਨੇ 21 ਦਿਨਾਂ 'ਚ ਚਾਰਜਸ਼ੀਟ ਦਾਖਲ ਕਰਨ ਦਾ ਦਿੱਤਾ ਭਰੋਸਾ*



**ਲੁਧਿਆਣਾ (ਸਤੀਸ਼ ਸਚਦੇਵਾ)**-ਲਲਕਾਰ ਗਰੁੱਪ ਨਾਲ ਸਬੰਧਤ ਐਡਵੋਕੇਟ ਦਿਲਜੋਤ ਸ਼ਰਮਾ ਲੰਬਾ ਸਮਾਂ ਹੋਈ ਭੇਦਭਰੀ ਮੌਤ ਲਈ ਜ਼ਿੰਮੇਵਾਰ ਦੋਸ਼ੀਆਂ ਖਿਲਾਫ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਖਿਲਾਫ ਦਿਲਜੋਤ ਸ਼ਰਮਾ ਦਾ ਪਰਵਾਰ ਤੇ ਵੱਖ ਵੱਖ ਜਨਤਕ ਜਥੇਬੰਦੀਆਂ ਪੁਲਸ ਕਮਿਸ਼ਨਰ ਦਫ਼ਤਰ ਦੇ ਬਾਹਰ ਰੋਹ ਭਰਪੂਰ ਧਰਨਾ ਪ੍ਰਦਰਸ਼ਨ ਕਰਕੇ ਪੁਲਸ ਕਮਿਸ਼ਨਰ ਦਫ਼ਤਰ ਦਾ ਘਰਾਓ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਦਿਲਜੋਤ ਸ਼ਰਮਾ ਦੀ ਮੌਤ ਨੂੰ ਲੱਗਭਗ 2 ਮਹੀਨੇ ਹੋਣ ਵਾਲੇ ਹਨ, ਪਰ ਪੁਲਸ ਵੱਲੋਂ ਅੱਜ ਤੱਕ ਕਥਿਤ ਖੁਦਕੁਸ਼ੀ ਨੋਟ ਦੀ ਫੋਰੈਂਸਿਕ ਮਾਹਰਾਂ ਤੋਂ ਜਾਂਚ ਨਹੀਂ ਕਰਵਾਈ ਗਈ, ਨਾ ਹੀ ਪੋਸਟਮਾਰਟਮ ਦੀ ਬਿਸਰਾ ਰਿਪੋਰਟ ਮੰਗਵਾਈ ਗਈ ਹੈ।ਪੁਲਸ ਦੋਸ਼ੀਆਂ ਦੀ ਪੁਸ਼ਤਪਨਾਹੀ ਕਰ ਰਹੀ ਹੈ।ਦਿਲਜੋਤ ਸ਼ਰਮਾ ਦੀ ਮਾਤਾ ਵੱਲੋਂ ਐਲਾਨ ਕੀਤਾ ਗਿਆ ਕਿ ਮੈਂ ਪੁਲਸ ਕਮਿਸ਼ਨਰ ਦੇ ਦਫਤਰ ਬਾਹਰ ਪੱਕੇ ਧਰਨੇ 'ਤੇ ਬੈਠਾਂਗੀ, ਜਿਸ ਤੋਂ ਬਾਅਦ ਪੁਲਸ ਨੇ ਹਰਕਤ ਵਿੱਚ ਆਉਂਦੇ ਹੋਏ ਆਗੂਆਂ ਨਾਲ ਗਲਬਾਤ ਸ਼ੁਰੂ ਕੀਤੀ ਤੇ ਡੀ ਐੱਸ ਪੀ ਸੁਮਿਤ ਸੂਦ ਨੇ ਧਰਨੇ ਵਿੱਚ ਆ ਕੇ ਐਲਾਨ ਕੀਤਾ ਕਿ 21 ਦਿਨਾਂ ਦੇ ਵਿੱਚ ਪੁਲਸ ਵੱਲੋਂ ਚਾਰਜ ਸ਼ੀਟ ਦਾਖਲ ਕਰ ਦਿੱਤੀ ਜਾਵੇਗੀ ਅਤੇ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ।ਪੁਲਸ ਦੇ ਭਰੋਸੇ ਤੋਂ ਬਾਅਦ ਧਰਨਾ ਸਮਾਪਤ ਕਰ ਦਿੱਤਾ ਗਿਆ।ਐਕਸ਼ਨ ਕਮੇਟੀ ਵੱਲੋਂ ਐਲਾਨ ਕੀਤਾ ਗਿਆ ਕਿ ਜੇਕਰ ਪੁਲਸ ਆਪਣੇ ਭਰੋਸੇ 'ਤੇ ਕਾਇਮ ਨਾ ਰਹੀ ਤਾਂ ਪੁਲਸ ਕਮਿਸ਼ਨਰ ਦਫ਼ਤਰ ਬਾਹਰ ਪਰਵਾਰ ਵੱਲੋਂ ਪੱਕਾ ਧਰਨਾ ਲਗਾਇਆ ਜਾਵੇਗਾ।ਇਸ ਮੌਕੇ ਸੀ ਪੀ ਆਈ ਐੱਮਐੱਲ ਲਬਰੇਸ਼ਨ ਦੇ ਸੁਖਦਰਸ਼ਨ ਨੱਤ, ਪੰਜਾਬ ਸਟੂਡੈਂਟਸ ਯੂਨੀਅਨ ਦੇ ਸੂਬਾ ਪ੍ਰਧਾਨ ਰਣਵੀਰ ਸਿੰਘ ਕੁਰੜ, ਆਰਐੱਮਪੀਆਈ ਦੇ ਪ੍ਰੋਫੈਸਰ ਜੈ ਪਾਲ, ਉੱਘੇ ਪੱਤਰਕਾਰ ਹਮੀਰ ਸਿੰਘ, ਆਈਡੀਪੀ ਤੋਂ ਕਰਨੈਲ ਸਿੰਘ ਜਖੇਪਲ, ਦਿਲਜੋਤ ਦੀ ਮਾਤਾ ਵੀਰ ਪਾਲ ਕੌਰ ਅਤੇ ਮਾਮਾ ਸ਼ਿਵਜੀ ਰਾਮ, ਪ੍ਰਗਤੀਸ਼ੀਲ ਇਸਤਰੀ ਸਭਾ ਜਸਵੀਰ ਕੌਰ ਨੱਤ, ਇਸਤਰੀ ਜਾਗ੍ਰਿਤੀ ਮੰਚ ਦੇ ਅਮਨਦੀਪ ਕੌਰ ਦਿਓਲ, ਆਇਸਾ ਦੇ ਸੁਖਜੀਤ ਰਾਮਾ ਨੰਦੀ ਤੇ ਕਾਮਰੇਡ ਤਰਸੇਮ ਜੋਧਾਂ ਆਦਿ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਦੀ ਪੁਲਸ ਭਗਵੰਤ ਮਾਨ ਦੇ ਇਸ਼ਾਰਿਆਂ ਉੱਪਰ ਪੰਜਾਬ ਨੂੰ ਪੁਲਸ ਰਾਜ ਬਣਾ ਰਹੀ ਹੈ।ਨੌਜਵਾਨਾਂ ਦੇ ਝੂਠੇ ਪੁਲਸ ਮੁਕਾਬਲੇ ਬਣਾਏ ਜਾ ਰਹੇ ਹਨ, ਪਰ ਦੂਸਰੇ ਪਾਸੇ ਦੋਸ਼ੀਆਂ ਨੂੰ ਬਚਾ ਰਹੀ ਹੈ।ਮੌਜੂਦਾ ਸਮੇਂ ਵਿੱਚ ਸਿਰਫ ਲੋਕ ਸੰਘਰਸ਼ਾਂ ਰਾਹੀਂ ਇਸ ਪੁਲਸ ਤੋਂ ਇਨਸਾਫ ਲਿਆ ਜਾ ਸਕਦਾ ਹੈ।ਇਨਸਾਫ ਪਸੰਦ ਲੋਕਾਂ ਨੇ ਪੁਲਸ ਤੇ ਸਰਕਾਰ ਖਿਲਾਫ ਲੜਨ ਦਾ ਸੱਦਾ ਦਿੱਤਾ।

## ਸਫਾ 1 ਦੇ ਬਾਕੀ...

### ਮਾਨ ਵੱਲੋਂ ਨਸ਼ਿਆਂ ਵਿਰੁੱਧ ...

ਹੈ ਅਤੇ 2025 ਵਿੱਚ ਲਗਪਗ 88 ਫੀਸਦੀ ਤੱਕ ਪਹੁੰਚ ਗਈ ਹੈ। ਇਹ ਮਜ਼ਬੂਤ ਕੇਸ ਤਿਆਰੀ ਅਤੇ ਫੋਰੈਂਸਿਕ ਸਹਾਇਤਾ ਨੂੰ ਦਰਸਾਉਂਦੀ ਹੈ।

ਮਾਨ ਨੇ ਪਿਛਲੀਆਂ ਸਰਕਾਰਾਂ ਤੋਂ ਹੁਣ ਦੇ ਹਾਲਾਤ ਵਿੱਚ ਆਏ ਸਪੱਸ਼ਟ ਫਰਕ ਬਾਰੇ ਕਿਹਾ ਕਿ ਪੁਰਾਣੇ ਆਗੂਆਂ ਦੇ ਉਲਟ ਪੰਜਾਬ ਸਰਕਾਰ ਹੁਣ ਨਸ਼ਾ ਪੀੜਤਾਂ ਦੀਆਂ ਲਾਸ਼ਾਂ ਅਤੇ ਚਿਤਾਵਾਂ ਦੀ ਕੀਮਤ 'ਤੇ ਤਸਕਰਾਂ ਨੂੰ ਵਧਦੇ-ਫੁੱਲਦੇ ਦੇਖਣ ਲਈ ਚੁੱਪ ਨਹੀਂ ਬੈਠੀ।

ਅਸੀਂ ਨਸ਼ਾ ਤਸਕਰਾਂ ਵਿਰੁੱਧ ਮਿਸਾਲੀ ਕਾਰਵਾਈ ਯਕੀਨੀ ਬਣਾਈ ਹੈ। ਪੰਜਾਬ ਸਰਕਾਰ ਦਾ ਦ੍ਰਿੜ ਇਰਾਦਾ ਦੁਹਰਾਉਂਦੇ ਹੋਏ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਦੀ ਲੜਾਈ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਬਚਾਉਣ ਲਈ ਹੈ ਅਤੇ ਇਹ ਬਿਨਾਂ ਕਿਸੇ ਰੋਕ-ਟੋਕ ਤੋਂ ਲਗਾਤਾਰ ਜਾਰੀ ਰਹੇਗੀ।

### ਪੰਜਾਬ ਸਰਕਾਰ ਵੱਲੋਂ ...

ਪਰਵਾਰ ਇਨ੍ਹਾਂ ਦੇਸ਼ਾਂ ਵਿੱਚ ਫਸਿਆ ਹੋਇਆ ਹੈ ਤਾਂ ਉਹ ਇਨ੍ਹਾਂ ਨੰਬਰਾਂ 'ਤੇ ਕਾਲ ਕਰ ਸਕਦੇ ਹਨ।ਉਨ੍ਹਾ ਮੁਸੀਬਤ ਵਿੱਚ ਫਸੇ ਲੋਕਾਂ ਨੂੰ ਪੂਰੀ ਮਦਦ ਦਾ ਭਰੋਸਾ ਦਿੰਦਿਆਂ ਐਲਾਨ ਕੀਤਾ ਕਿ ਇੱਕ ਸਮਰਪਤ ਹੈਲਪਲਾਈਨ ਅਤੇ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ, ਜੋ ਦਿਨ-ਰਾਤ ਕਾਰਜਸ਼ੀਲ ਰਹੇਗਾ। ਜੇਕਰ ਕਿਸੇ ਵੀ ਕਿਸਮ ਦੀ ਮਦਦ ਦੀ ਲੋੜ ਹੈ ਤਾਂ ਲੋਕ 0172 2260042 ਅਤੇ 0172 2260043 'ਤੇ ਕਾਲ ਕਰ ਸਕਦੇ ਹਨ ਜਾਂ +91 94787 79112 'ਤੇ ਵਟਸਅੱਪ ਰਾਹੀਂ ਮੈਸੇਜ ਭੇਜ ਸਕਦੇ ਹਨ। ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਫਸੇ ਲੋਕਾਂ ਨੂੰ ਜਲਦ ਤੋਂ ਜਲਦ ਹਰ ਜ਼ਰੂਰੀ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹਾਂ।

ਖਾੜੀ ਦੇਸ਼ਾਂ ਵਿੱਚ ਫਸੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਪਰਵਾਰਾਂ ਨਾਲ ਇਕਜੁੱਟਤਾ ਪ੍ਰਗਟ ਕਰਦਿਆਂ ਉਨ੍ਹਾ ਕਿਹਾ ਕਿ ਸੂਬਾ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਇਨ੍ਹਾਂ ਪਰਵਾਰਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ। ਉਨ੍ਹਾ ਭਾਰਤ ਸਰਕਾਰ ਨੂੰ ਮੱਧ ਪੂਰਬ ਵਿੱਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਲਈ ਤਰੁੰਤ ਦਖਲ ਦੇਣ ਦੀ ਵੀ ਅਪੀਲ ਕੀਤੀ। ਉਨ੍ਹਾ ਆਸ ਪ੍ਰਗਟਾਈ ਕਿ ਕੇਂਦਰ ਸਰਕਾਰ ਜੰਗ ਪ੍ਰਭਾਵਤ ਖਾੜੀ ਦੇਸ਼ਾਂ ਵਿੱਚ ਫਸੇ ਸਾਰੇ ਲੋਕਾਂ ਦੀ ਮਦਦ ਲਈ ਤੁਰੰਤ ਲੋੜੀਂਦੇ ਕਦਮ ਚੁੱਕੇਗੀ।

## ਪੀ ਐੱਫ 'ਤੇ ਵਿਆਜ 8.25 ਫੀਸਦੀ ਮਿਲੇਗਾ

**ਨਵੀਂ ਦਿੱਲੀ :** ਈ ਪੀ ਐੱਫ ਓ ਨੇ ਵਿੱਤੀ ਸਾਲ 2025-26 ਲਈ ਪੀ ਐੱਫ ਜਮ੍ਹਾਂ ਰਾਸ਼ੀ 'ਤੇ ਵਿਆਜ ਦਰ 8.25 ਫੀਸਦੀ ਤੈਅ ਕੀਤੀ ਹੈ। ਇਹ ਲਗਾਤਾਰ ਤੀਜਾ ਸਾਲ ਹੈ ਜਦੋਂ ਵਿਆਜ ਦਰ ਨੂੰ 8.25 ਫੀਸਦੀ 'ਤੇ ਹੀ ਬਰਕਰਾਰ ਰੱਖਿਆ ਗਿਆ ਹੈ। ਇਸ ਤੋਂ ਪਹਿਲਾਂ ਸਾਲ 2023-24 ਅਤੇ 2024-25 ਵਿੱਚ ਵੀ ਨਿਵੇਸ਼ਕਾਂ ਨੂੰ ਇੰਨੀ ਹੀ ਵਿਆਜ ਦਰ ਦਿੱਤੀ ਗਈ ਸੀ। ਸਾਲ 2022-23 ਵਿੱਚ ਇਹ ਵਿਆਜ ਦਰ 8.15 ਫੀਸਦੀ ਸੀ, ਜਿਸ ਨੂੰ 2024 ਵਿੱਚ ਮਾਮੂਲੀ ਵਧਾ ਕੇ 8.25 ਫੀਸਦੀ ਕਰ ਦਿੱਤਾ ਗਿਆ ਸੀ। ਕੇਂਦਰੀ ਕਿਰਤ ਅਤੇ ਰੁਜ਼ਗਾਰ ਮੰਤਰੀ ਮਨਸੁਖ ਮਾਂਡਵੀਆ ਦੀ ਅਗਵਾਈ ਵਿੱਚ ਹੋਈ ਸੈਂਟਰਲ ਬੋਰਡ ਆਫ ਟਰੱਸਟੀਜ਼ ਦੀ ਮੀਟਿੰਗ ਵਿੱਚ 8.25 ਫੀਸਦੀ ਦਾ ਫੈਸਲਾ ਲਿਆ ਗਿਆ।

# ਅੱਜ-ਨਾਮਾ

ਜੰਗ ਇਸਰਾਈਲ ਦੀ ਨਾਲ ਇਰਾਨ ਲੱਗੀ,
ਮੁਲਕਾਂ ਹੋਰਨਾਂ ਵੱਲ ਵਧਦੀ ਜਾਏ ਮੀਆਂ।
ਕਿੰਨੇ ਕੁ ਲੋਕਾਂ ਦੀ ਜਾਨ ਦਾ ਖੌਅ ਬਣਨੀ,
ਬੰਨਾ ਨਜ਼ਰ ਨਹੀਂ ਕੋਈ ਵੀ ਆਏ ਮੀਆਂ।
ਮੁਹਤਬਰ ਪਿੰਡਾਂ ਦੇ ਜਦੋਂ ਨਹੀਂ ਹੋਣ ਚੰਗੇ,
ਲੜਦੀਆਂ ਧਿਰਾਂ ਨਾ ਕੋਈ ਛੁਡਾਏ ਮੀਆਂ।
ਲੜਨਾ ਛੱਡ ਕੇ ਅਮਨ ਨਾਲ ਰਹਿਣ ਸਿੱਖੋ,
ਕਿਹੜਾ ਅਕਲ ਦੀ ਬਾਤ ਸਮਝਾਏ ਮੀਆਂ।
ਤਕੜਿਆਂ ਲਿਆ ਈ ਘੇਰ ਇਰਾਨੀਆਂ ਨੂੰ,
ਸਿਰੜ ਦੀ ਕੌਮ ਇਰਾਨੀ ਆ ਬੜੇ ਮੀਆਂ।
ਡੌਰੂ ਮੌਤ ਦਾ ਸੁਣਦਾ ਪਿਆ ਚਹੁੰ ਤਰਫੀਂ,
ਵਰ੍ਹਦੇ ਬੰਬ ਜਿਉਂ ਬਾਰਸ਼ ਦੇ ਗੜੇ ਮੀਆਂ।

-ਤੀਸ ਮਾਰ ਖਾਂ

## ਲੋੜਵੰਦਾਂ ਵਿਦਿਆਰਥਣਾਂ ਨੂੰ ਵਿੱਤੀ ਸਹਾਇਤਾ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸੰਨੀ ਓਬਰਾਏ ਸਕਾਲਰਸ਼ਿਪ ਸਕੀਮ ਤਹਿਤ ਲੋੜਵੰਦ ਵਿਦਿਆਰਥੀਆਂ ਦੀ ਵੱਡੀ ਪੱਧਰ ਤੇ ਮੱਦਦ ਕੀਤੀ ਜਾਂ ਰਹੀ ਹੈ ਤਾਂ ਜੁ ਇਹ ਵਿਦਿਆਰਥੀ ਆਪਣਾ ਪੜ੍ਹਾਈ ਦਾ ਸੁਪਨਾ ਪੂਰਾ ਕਰ ਸਕਣ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਟੀਮ ਵਿੱਚ ਹੁਣ ਤੱਕ ਵੱਡੀ ਗਿਣਤੀ ਵਿਚ ਲੜਕੇ ਲੜਕੀਆਂ ਇਸ ਦਾ ਲਾਭ ਲੈ ਚੁੱਕੇ ਹਨ।ਆਰਥਿਕ ਤੌਰ 'ਤੇ ਕਮਜ਼ੋਰ ਪਰ ਪੜ੍ਹਾਈ ਵਿੱਚ ਹੁਸ਼ਿਆਰ, ਪੜ੍ਹਾਈ ਜਾਰੀ ਰੱਖਣ ਦੇ ਚਾਹਵਾਨ ਵਿਦਿਆਰਥੀਆਂ ਲਈ ਜਿੱਥੇ ਟਰੱਸਟ ਮੱਦਦ ਕਰ ਰਿਹਾ ਹੈ, ਉੱਥੇ ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਇੱਕ ਹੋਰ ਇਤਿਹਾਸਕ ਫੈਸਲਾ ਕੀਤਾ ਹੈ ਕਿ ਜਿਸ ਵਿਦਿਆਰਥੀ ਦੇ ਮਾਤਾ-ਪਿਤਾ ਨਹੀਂ ਹਨ ਜਾਂ ਦੋਨਾਂ ਵਿੱਚੋਂ ਇੱਕ ਹੈ, ਟਰੱਸਟ ਉਨ੍ਹਾਂ ਵਿਦਿਆਰਥੀਆਂ ਨੂੰ ਮੁਫ਼ਤ ਪੜ੍ਹਾਈ ਕਰਾਏਗਾ। ਸ਼ਰਤ ਇਹ ਕਿ ਵਿਦਿਆਰਥੀ ਹਰ ਕਲਾਸ ਵਿੱਚ ਪਾਸ ਹੋਣ।ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਪਿਛਲੇ ਦਿਨੀਂ 2 ਪੜ੍ਹਾਈ ਵਿੱਚ ਹੁਸ਼ਿਆਰ ਵਿਦਿਆਰਥਣਾਂ ਵੱਲੋਂ ਡਾ ਐਸ ਪੀ ਸਿੰਘ ਉਬਰਾਏ ਨੂੰ ਵਿੱਤੀ ਸਹਾਇਤਾ ਲਈ ਬੇਨਤੀ ਕੀਤੀ ਗਈ ਸੀ। ਡਾਕਟਰ ਓਬਰਾਏ ਵੱਲੋਂ ਤਰੁੰਤ ਹੀ ਪ੍ਰਵਾਨਗੀ ਦਿੱਤੀ ਅਤੇ 18000 ਰੁਪਏ ਦਿੱਤੇ ਗਏ ਤਾਂ ਜੁ ਇਹ ਲੜਕੀਆਂ ਪੜ੍ਹਾਈ ਕਰਨ ਦਾ ਸੁਪਨਾ ਪੂਰਾ ਕਰ ਸਕਣ।

## ਤਿੰਨ ਪਿੰਡਾਂ ਨੂੰ ਮਿਲੇਗੀ ਘੱਟ ਵੋਲਟੇਜ ਤੋਂ ਨਿਜ਼ਾਤ, 50 ਲੱਖ ਨਾਲ ਨਵਾਂ ਬਿਜਲੀ ਬਰੇਕਰ ਸਥਾਪਤ : ਪ੍ਰਿੰ. ਬੁੱਧ ਰਾਮ



**ਬੁਢਲਾਡਾ (ਅਸ਼ੋਕ ਲਾਕੜਾ)**-ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ 66 ਕੇ.ਵੀ. ਗਰਿੱਡ ਦਾਤੇਵਾਸ ਵਿਖੇ ਇੱਕ ਨਵੇਂ ਬਿਜਲੀ ਬਰੇਕਰ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਇਸ ਨਵੇਂ ਸਿਸਟਮ ਦੇ ਲੱਗਣ ਨਾਲ ਇਲਾਕੇ ਦੇ ਤਿੰਨ ਪਿੰਡਾਂ ਗੋਬਿੰਦਪੁਰਾ, ਜਲਵੇੜਾ ਤੇ ਸੰਘਰੇੜੀ ਦੇ ਹਜ਼ਾਰਾਂ ਖਪਤਕਾਰਾਂ ਨੂੰ ਬਿਜਲੀ ਦੀ ਕਿੱਲਤ ਤੇ ਘੱਟ ਵੋਲਟੇਜ ਦੀ ਪੁਰਾਣੀ ਸਮੱਸਿਆ ਤੋਂ ਹਮੇਸ਼ਾ ਲਈ ਛੁਟਕਾਰਾ ਮਿਲ ਜਾਵੇਗਾ।ਉਨ੍ਹਾਂ ਦੱਸਿਆ ਕਿ ਪਹਿਲਾਂ ਇਨ੍ਹਾਂ ਪਿੰਡਾਂ ਨੂੰ ਸਪਲਾਈ 66 ਕੇ.ਵੀ. ਗਰਿੱਡ ਬਰੇਟਾ ਤੋਂ ਮਿਲਦੀ ਸੀ। ਲਾਈਨ ਦੇ ਅਖੀਰ ਵਿੱਚ ਹੋਣ ਕਾਰਨ ਵੋਲਟੇਜ ਬਹੁਤ ਘੱਟ ਜਾਂਦੀ ਸੀ, ਜਿਸ ਨਾਲ ਘਰੇਲੂ ਤੇ ਵਪਾਰਕ ਖਪਤਕਾਰਾਂ ਨੂੰ ਭਾਰੀ ਦਿੱਕਤ ਆਉਂਦੀ ਸੀ। ਪ੍ਰਿੰਸੀਪਲ ਬੁੱਧ ਰਾਮ ਨੇ ਦੱਸਿਆ ਕਿ ਉਨ੍ਹਾਂ ਬਿਜਲੀ ਬੋਰਡ ਦੇ ਐਕਸੀਅਨ ਤੇ ਐੱਸ.ਡੀ.ਓ. ਨਾਲ ਤਾਲਮੇਲ ਕਰਕੇ ਇਸ ਦਾ ਵਿਸ਼ੇਸ਼ ਅਨੁਮਾਨ ਤਿਆਰ ਕਰਾਇਆ ਸੀ ਅਤੇ ਇਸ ਪ੍ਰੋਜੈਕਟ 'ਤੇ ਲਗਭਗ 50 ਲੱਖ ਰੁਪਏ ਦੀ ਲਾਗਤ ਆਈ ਹੈ। ਵਿਧਾਇਕ ਨੇ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ ਕਿ ਇਹ ਸਾਰਾ ਖਰਚਾ ਮਹਿਕਮੇ ਵੱਲੋਂ ਕਰਾਇਆ ਗਿਆ ਹੈ ਅਤੇ ਆਮ ਲੋਕਾਂ 'ਤੇ ਇੱਕ ਪੈਸੇ ਦਾ ਵੀ ਬੋਝ ਨਹੀਂ ਪੈਣ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਦੀਆਂ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਦਿਨ-ਰਾਤ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੀ ਲੋਕ-ਪੱਖੀ ਸੋਚ ਨੇ ਜਨਤਾ ਦੇ ਮਨਾਂ ਵਿੱਚ ਵਿਸ਼ਵਾਸ ਪੈਦਾ ਕੀਤਾ ਹੈ ਕਿ ਇਹ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਰਾਹੁਲ ਗਾਂਧੀ ਵੱਲੋਂ ਪੰਜਾਬ ਕਾਂਗਰਸ ਲੀਡਰਸ਼ਿਪ ਨੂੰ ਚਿਤਾਵਨੀ ਦੇਣਾ ਸਮੇਂ ਦੀ ਪੁਕਾਰ : ਗੁਰਦਾਸ ਗਿਰਧਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬਰਨਾਲਾ ਦੀ ਕਾਂਗਰਸ ਮਹਾਂਰੈਲੀ ਵਿੱਚ ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਵਰਕਰਾਂ ਦੀ ਹਾਜ਼ਰੀ ਵਿੱਚ ਸਟੇਜ ਤੋਂ ਸ਼ਰੇਆਮ ਚਿਤਾਵਨੀ ਦੇਣਾ ਇਸ ਤੋਂ ਵੱਡੀ ਮਿਸਾਲ ਮੈਂ ਆਪਣੇ 50 ਸਾਲ ਦੇ ਰਾਜਨੀਤਕ ਜੀਵਨ ਵਿੱਚ ਨਹੀਂ ਦੇਖੀ, ਕਿਉਂਕਿ ਮਿਸ਼ਨ ਤ੍ਰਿਸ਼ਨਾ ਤੇ ਕਿਸੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਨਾ ਚੱਲਣਾ ਇਸਦਾ ਮੁੱਖ ਕਾਰਨ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗੁਰਦਾਸ ਗਿਰਧਰ ਸਾਬਕਾ ਜਨਰਲ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ ਨੇ ਕੀਤਾ।ਉਨ੍ਹਾਂ ਕਿਹਾ ਕਿ ਸਭ ਤੋਂ ਪਹਿਲਾਂ ਪਾਰਟੀ ਨੂੰ ਇਕੱਠਾ ਲੈ ਕੇ ਚੱਲਣਾ ਤੇ ਲੋਕਾਂ ਵਿੱਚ ਸਫ਼ਲਤਾ ਪ੍ਰਾਪਤ ਕਰਨਾ ਮੁੱਖ ਨਿਸ਼ਾਨਾ ਹੁੰਦਾ ਹੈ, ਬਾਕੀ ਅਹੁਦੇਦਾਰੀਆਂ ਤਾਂ ਬਾਅਦ ਦੀ ਗੱਲ ਹੁੰਦੀ ਹੈ।ਪ੍ਰੰਤੂ ਬਿਨਾਂ ਪਾਣੀ ਤੋਂ ਮੌਜੇ ਲਾਹੁਣਾ ਕੋਈ ਅਕਲਮੰਦੀ ਦਾ ਸਬੂਤ ਨਹੀਂ।ਦਿਲ ਵੱਡਾ ਕਰਕੇ ਸਾਰਿਆਂ ਦਾ ਸਾਥ ਲੈ ਕੇ ਨਿਸ਼ਾਨੇ ਵੱਲ ਵਧਣ ਦੀ ਲੋੜ ਹੈ।ਚਾਰ ਕੋਨੇ ਮੁਕਾਬਲਿਆਂ ਵਿੱਚ ਅਜੇ ਕੁਝ ਨਹੀਂ ਕਿਹਾ ਜਾ ਸਕਦਾ ਕਿ ਕਿਸ ਤਰ੍ਹਾਂ ਦੇ ਸਮੀਕਰਨ ਬਣਨਗੇ।ਸੱਚੀ ਤਾਕਤ ਦਾ ਜ਼ਿਕਰ ਜੋ ਰਾਹੁਲ ਗਾਂਧੀ ਨੇ ਕੀਤਾ ਕਿ ਕਾਂਗਰਸ ਦਾ ਵਰਕਰ ਹੀ ਸਾਡੀ ਅਸਲੀ ਤਾਕਤ ਹਨ।ਵਰਕਰਾਂ ਦਾ ਮਨੋਬਲ ਤਾਂ ਹੀ ਵਧੇਗਾ ਜੇਕਰ ਸਾਡੀ ਲੀਡਰਸ਼ਿਪ ਇੱਕਮੁੱਠਤਾ ਨਾਲ ਚੱਲੇਗੀ।ਮਲਿਕਅਰਜਨ ਖੜਗੇ ਤੇ ਰਾਹੁਲ ਨੇ ਯੂਐਸ ਅਤੇ ਇੰਡੀਆ ਵਿਚਕਾਰ ਜੋ ਸੰਧੀ ਹੋਈ ਹੈ, ਉਸ ਬਾਰੇ ਬੜੀ ਬਾਰੀਕੀ ਨਾਲ ਜਾਣੂ ਕਰਾਇਆ ਗਿਆ ਅਤੇ ਭਾਰਤ ਵਰਸ਼ ਦੀ ਕਿਰਸਾਨੀ ਤੇ ਵਪਾਰ 'ਤੇ ਜੋ ਅਗਾਮੀ ਅਸਰ ਪੈਂਦਾ ਹੈ, ਉਸ ਤੋਂ ਜਾਣੂ ਕਰਾਇਆ ਗਿਆ।

## ਰੈੱਡ ਰਿਬਨ ਕਲੱਬਾਂ ਦੇ ਜ਼ਿਲ੍ਹਾ ਪੱਧਰੀ ਸੈਮੀਨਾਰ ਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ



**ਅਬੋਹਰ (ਨਿਸ਼ਾ ਸ਼ਰਮਾ)**-ਯੁਵਕ ਸੇਵਾਵਾਂ ਵਿਭਾਗ ਵੱਲੋਂ ਰੈੱਡ ਰਿਬਨ ਕਲੱਬਾਂ ਦੇ ਜ਼ਿਲ੍ਹਾ ਪੱਧਰੀ ਸੈਮੀਨਾਰ ਤੇ ਪੋਸਟਰ ਮੇਕਿੰਗ ਮੁਕਾਬਲੇ ਡੀ.ਏ.ਵੀ. ਕਾਲਜ ਦੇ ਵਿਹੜੇ ਵਿੱਚ ਕਰਵਾਏ ਗਏ। ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਦੇ ਸਹਿਯੋਗ ਨਾਲ ਤੇ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਫਾਜ਼ਿਲਕਾ ਦੀ ਸਰਪ੍ਰਸਤੀ ਹੇਠ ਹੋਏ ਇਨ੍ਹਾਂ ਮੁਕਾਬਲਿਆਂ ਵਿੱਚ ਡੀ.ਏ.ਵੀ. ਕਾਲਜ ਅਬੋਹਰ ਨੇ ਪਹਿਲਾ, ਗੋਪੀ ਚੰਦ ਆਰੀਆ ਮਹਿਲਾ ਕਾਲਜ ਅਬੋਹਰ ਨੇ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ।ਰੈੱਡ ਰਿਬਨ ਕਲੱਬਾਂ ਵੱਲੋਂ ਡੀ.ਏ.ਵੀ. ਕਾਲਜ ਤੋਂ ਗੋਪੀ ਚੰਦ ਕਾਲਜ ਤੱਕ ਰੈਲੀ ਕੱਢੀ ਗਈ, ਜਿਸ ਵਿੱਚ ਵੱਖ-ਵੱਖ ਕਾਲਜਾਂ ਦੇ ਭਾਗ ਲਿਆ।ਰੈਲੀ ਰਾਹੀਂ ਲੋਕਾਂ ਨੂੰ ਖੂਨ ਦਾਨ ਤੇ ਐੱਚਆਈਵੀ ਏਡਸ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।

## ਸਖੀ ਸ਼ਕਤੀ ਮੇਲੇ ਦੇ ਦੂਜੇ ਦਿਨ ਦੀ ਸੂਫੀਆਨਾ ਸ਼ਾਮ ਨੇ ਸਰੋਤੇ ਕੀਲੇ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਵੱਲੋਂ ਫਾਜ਼ਿਲਕਾ ਦੇ ਪ੍ਰਤਾਪ ਬਾਗ ਵਿਖੇ ਲਗਾਏ ਜਾ ਰਹੇ ਪੰਜਾਬ ਸਖੀ ਸ਼ਕਤੀ ਮੇਲੇ ਦੇ ਦੂਜੇ ਦਿਨ ਦੀ ਸ਼ਾਮ ਸੂਫੀਆਨਾ ਅੰਦਾਜ਼ 'ਚ ਬੀਤੀ।ਸੂਫੀ ਕਲਾਕਾਰ ਰਘੂਨੰਦਨ ਸ਼ਰਮਾ ਤੇ ਸਾਨੀਆ ਨੇ ਆਪਣੀ ਸੂਫੀ ਗਾਇਕੀ ਨਾਲ ਸੁਰਾਂ ਦਾ ਜਲਵਾ ਵਿਖੇਰਿਆ ਤੇ ਹਰ ਕੋਈ ਸੂਫੀ ਗਾਇਕੀ ਤੋਂ ਮੋਹਿਤ ਹੋ ਗਿਆ।ਗਾਇਕਾਂ ਦੇ ਗੀਤਾਂ ਸਾਂਸੋਂ ਕੀ ਮਾਲਾ ਪੇ ਸਿਮਰੂ ਮੈਂ ਤੇਰਾ ਨਾਮ, ਮੈਂ ਲਾਜਪਾਲਾਂ ਦੇ ਲੜ ਲਗੀ ਆਂ, ਆਓਗੇ ਜਬ ਤੁਮ ਓ ਸੱਜਣਾ, ਜੇ ਤੂੰ ਅੱਖੀਆਂ ਦੇ ਸਾਹਮਣੇ ਨਹੀਂ ਰਹਿਣਾ ਆਦਿ ਗੀਤਾਂ ਨੇ ਦਰਸ਼ਕਾਂ ਨੂੰ ਆਪਣੇ ਨਾਲ ਜੋੜੀ ਰੱਖਿਆ ਤੇ ਖੂਬ ਵਾਹ-ਵਾਹ ਬਟੋਰੀ। ਦੋਨੋਂ ਸੂਫ਼ੀ ਗਾਇਕਾਂ ਨੇ ਸ਼ਾਮ ਦਾ ਰੰਗ ਬੰਨ੍ਹਦਿਆਂ ਹਰ ਇਕ ਦੀਆਂ ਰੂਹਾਂ ਨੂੰ ਸੂਫੀਆਨਾ ਅੰਦਾਜ਼ 'ਚ ਛੂਹ ਲਿਆ।ਇਸ ਸੂਫੀਆਨਾ ਸ਼ਾਮ ਨੂੰ ਸਫਲ ਬਣਾਉਣ ਵਿੱਚ ਰਿੰਕੂ, ਰਾਜਨ, ਵੀਰਪਾਲ, ਪ੍ਰਣਵ ਵੱਲੋਂ ਅਹਿਮ ਭੂਮਿਕਾ ਨਿਭਾਈ ਗਈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਨਵਾਂ ਜ਼ਮਾਨਾ

ਮੰਗਲਵਾਰ, 3 ਮਾਰਚ 2026

# ਭਾਰਤ ਸਰਕਾਰ ਦੀ ਖਾਮੋਸ਼ੀ

*ਇਹ ਸਤਰਾਂ ਲਿਖੇ ਜਾਣ ਤੱਕ ਭਾਰਤ ਨੇ ਅਮਰੀਕਾ ਤੇ ਇਜ਼ਰਾਈਲ ਵੱਲੋਂ ਈਰਾਨ 'ਤੇ ਕੀਤੇ ਗਏ ਹਮਲੇ ਦੀ ਨਿੰਦਾ ਨਹੀਂ ਕੀਤੀ ਸੀ। ਉਸ ਨੇ ਇੱਕ ਦੇਸ਼ ਦੇ ਮੁਖੀ (ਆਇਤੁੱਲ੍ਹਾ ਖਾਮਨੇਈ ਦੀ ਦੂਜੇ ਦੇਸ਼ਾਂ ਦੀਆਂ ਫੌਜਾਂ ਵੱਲੋਂ ਕੀਤੀ ਗਈ ਹੱਤਿਆ ਦੀ ਵੀ ਨਿੰਦਾ ਨਹੀਂ ਕੀਤੀ। ਅਲਬੱਤਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੰਯੁਕਤ ਅਰਬ ਅਮੀਰਾਤ (ਯੂ ਏ ਈ) ਦੇ ਪ੍ਰਧਾਨ ਸ਼ੇਖ ਮੁਹੰਮਦ ਬਿਨ ਜ਼ਾਇਦ ਅਲ ਨਾਹਯਾਨ ਨਾਲ ਫੋਨ 'ਤੇ ਗੱਲ ਕਰਦਿਆਂ ਉਨ੍ਹਾ ਦੇ ਦੇਸ਼ 'ਤੇ ਈਰਾਨ ਦੇ ਹਮਲੇ ਦੀ ਸਖਤ ਨਿੰਦਾ ਜ਼ਰੂਰ ਕੀਤੀ ਹੈ। ਮੋਦੀ ਨੇ ਪ੍ਰਧਾਨ ਨੂੰ ਆਪਣਾ ਭਰਾ ਵੀ ਦੱਸਿਆ। ਮੋਦੀ ਨੇ ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨਾਲ ਵੀ ਗੱਲਬਾਤ ਕੀਤੀ ਹੈ। ਈਰਾਨ 'ਤੇ ਹਮਲੇ ਦੇ ਚੰਦ ਰੋਜ਼ ਪਹਿਲਾਂ ਮੋਦੀ ਇਜ਼ਰਾਈਲ ਦੀ ਰਾਜਧਾਨੀ ਵਿੱਚ ਯੁੱਧ ਅਪਰਾਧੀ ਨੇਤਨਯਾਹੂ ਨਾਲ ਜੱਫੀਆਂ ਪਾਉਂਦੇ ਨਜ਼ਰ ਆਏ ਸਨ। ਕੀ ਨੇਤਨਯਾਹੂ ਨੇ ਉਨ੍ਹਾ ਦੇ ਕੰਨ ਵਿੱਚ ਪਾ ਦਿੱਤਾ ਸੀ ਕਿ ਉਹ ਈਰਾਨ 'ਤੇ ਹਮਲਾ ਕਰਨ ਜਾ ਰਹੇ ਹਨ? ਕੀ ਇਸ ਹਮਲੇ ਵਿੱਚ ਭਾਰਤ ਦੀ ਖਾਮੋਸ਼ ਸਹਿਮਤੀ ਹੈ? ਜੋ ਵੀ ਹੋਵੇ, ਇਹ ਸਾਫ ਹੈ ਕਿ ਬ੍ਰਿਕਸ ਸਮੂਹ ਦੇ ਦੇਸ਼ਾਂ ਵਿੱਚ ਭਾਰਤ ਇਕੱਲਾ ਦੇਸ਼ ਹੈ, ਜਿਸ ਨੇ ਈਰਾਨ 'ਤੇ ਹਮਲੇ ਦੀ ਤੁਰੰਤ ਨਿੰਦਾ ਨਹੀਂ ਕੀਤੀ। ਭਾਜਪਾ ਦੀ ਸਰਕਾਰ ਨੇ ਇਸ ਤਰ੍ਹਾਂ ਪੂਰੀ ਦੁਨੀਆ ਵਿੱਚ ਭਾਰਤ ਦਾ ਸਿਰ ਨੀਵਾਂ ਕਰ ਦਿੱਤਾ ਹੈ। ਪਰ ਕੀ ਭਾਜਪਾ ਨੂੰ ਇਸ ਦੀ ਪ੍ਰਵਾਹ ਹੈ? ਉਸ ਦਾ ਸੁਫਨਾ ਤਾਂ ਇਹੀ ਹੈ ਕਿ ਭਾਰਤ ਵੀ ਦੱਖਣੀ ਏਸ਼ੀਆ ਦਾ ਇਜ਼ਰਾਈਲ ਬਣ ਸਕੇ।*

*ਅਪੋਜ਼ੀਸ਼ਨ ਪਾਰਟੀਆਂ ਦੇ ਆਗੂਆਂ ਨੇ ਲੰਬੇ ਸਮੇਂ ਤੋਂ ਭਾਰਤ ਦੇ ਮਿੱਤਰ ਚਲੇ ਆ ਰਹੇ ਈਰਾਨ 'ਤੇ ਮੜ੍ਹੀ ਗਈ ਜੰਗ ਨੂੰ ਲੈ ਕੇ ਮੋਦੀ ਸਰਕਾਰ ਦੇ ਰਵੱਈਏ ਨੂੰ ਭਾਰਤ ਦੀਆਂ ਕਦਰਾਂ-ਕੀਮਤਾਂ, ਅਸੂਲਾਂ ਤੇ ਹਿੱਤਾਂ ਨਾਲ ਵਿਸਾਹਘਾਤ ਕਰਾਰ ਦਿੱਤਾ ਹੈ। ਸੀ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਡੀ ਰਾਜਾ ਨੇ ਕਿਹਾ ਹੈ ਕਿ ਅਮਰੀਕੀ-ਇਜ਼ਰਾਈਲੀ ਗੱਠਜੋੜ ਬੁਰਾਈ ਦੀ ਸਭ ਤੋਂ ਨੰਗੇ ਰੂਪ ਵਿੱਚ ਨੁਮਾਇੰਦਗੀ ਕਰਦਾ ਹੈ। ਕਿਸੇ ਮੌਜੂਦਾ ਰਾਸ਼ਟਰ-ਮੁਖੀ ਦੀ ਹੱਤਿਆ ਅਖੌਤੀ ਨਿਯਮ ਆਧਾਰਤ ਵਿਵਸਥਾ ਦੀ ਆਖਰੀ ਆੜ ਨੂੰ ਵੀ ਖਤਮ ਕਰ ਦਿੰਦੀ ਹੈ। ਇਹ ਸਪੱਸ਼ਟ ਹੈ ਕਿ ਪ੍ਰਭੂਸੱਤਾ ਸਿਰਫ ਉਨ੍ਹਾਂ 'ਤੇ ਲਾਗੂ ਹੁੰਦੀ ਹੈ, ਜਿਹੜੇ ਅਮਰੀਕਾ ਨਾਲ ਖੜ੍ਹੇ ਹਨ। ਭਾਰਤ ਸਰਕਾਰ ਤੇ ਪ੍ਰਧਾਨ ਮੰਤਰੀ ਮੋਦੀ ਦੀ ਚੁੱਪੀ ਚਿੰਤਾਜਨਕ ਹੈ। ਈਰਾਨ ਵਕਤ ਦਾ ਪਰਖਿਆ ਮਿੱਤਰ ਰਿਹਾ ਹੈ, ਜਿਸ ਨੇ ਕਸ਼ਮੀਰ ਮੁੱਦੇ 'ਤੇ ਭਾਰਤ ਦੀ ਹਮਾਇਤ ਕੀਤੀ। ਸੀ ਪੀ ਆਈ (ਐੱਮ) ਨੇ ਈਰਾਨ 'ਤੇ ਕੀਤੇ ਗਏ ਹਮਲੇ ਨੂੰ ਕੌਮਾਂਤਰੀ ਸੰਧੀਆਂ ਦੀ ਖੁੱਲ੍ਹੀ ਉਲੰਘਣਾ ਕਰਾਰ ਦਿੱਤਾ ਹੈ। ਕਾਂਗਰਸ ਦੀ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਮੁਤਾਬਕ ਲੋਕਤੰਤਰੀ ਦੇਸ਼ਾਂ ਦੇ ਅਖੌਤੀ ਆਗੂਆਂ ਵੱਲੋਂ ਪ੍ਰਭੂਸੱਤਾ ਵਾਲੇ ਦੇਸ਼ ਦੀ ਲੀਡਰਸ਼ਿਪ ਨੂੰ ਨਿਸ਼ਾਨਾ ਬਣਾ ਕੇ ਮਾਰਨਾ ਤੇ ਬੇਗੁਨਾਹ ਲੋਕਾਂ ਦਾ ਕਤਲ ਕਰਨਾ ਨਿੰਦਣਯੋਗ ਹੈ। ਕਾਂਗਰਸ ਦੇ ਇੱਕ ਹੋਰ ਆਗੂ ਪਵਨ ਖੇੜਾ ਨੇ ਕਿਹਾ ਹੈ ਕਿ ਮੋਦੀ ਸਰਕਾਰ ਦੀ ਚੁੱਪ ਭਾਰਤ ਦੇ ਕਮਜ਼ੋਰ ਹੋਣ ਦੀ ਨਿਸ਼ਾਨੀ ਹੈ ਅਤੇ ਇਹ ਉਨ੍ਹਾਂ ਸਾਰੇ ਸਿਧਾਂਤਾਂ ਨਾਲ ਧੋਖਾ ਹੈ, ਜਿਨ੍ਹਾਂ ਨਾਲ ਭਾਰਤ ਹਮੇਸ਼ਾ ਖੜ੍ਹਾ ਰਿਹਾ ਹੈ। ਕਾਂਗਰਸ ਦੇ ਇੱਕ ਹੋਰ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਮੋਦੀ ਦੇ ਇਜ਼ਰਾਈਲ ਦੌਰੇ ਦੇ ਤੁਰੰਤ ਬਾਅਦ ਈਰਾਨ 'ਤੇ ਹਮਲੇ ਨੇ ਭਾਰਤ ਦੀ ਵਿਦੇਸ਼ ਨੀਤੀ ਦੀ ਕਮਜ਼ੋਰੀ ਨੂੰ ਜੱਗ-ਜ਼ਾਹਰ ਕਰ ਦਿੱਤਾ ਹੈ। ਸਮਾਜਵਾਦੀ ਪਾਰਟੀ ਦੇ ਆਗੂ ਅਖਿਲੇਸ਼ ਯਾਦਵ ਨੇ ਕਿਹਾ ਹੈ ਕਿ ਸਰਕਾਰ ਇਸ ਮੁੱਦੇ 'ਤੇ ਆਪਣਾ ਰੁਖ਼ ਸਪੱਸ਼ਟ ਕਰੇ। ਆਪ ਦੇ ਆਗੂ ਸੰਜੇ ਸਿੰਘ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਡਰਪੋਕ ਤੇ ਅਮਰੀਕਾ ਦੀ ਕਠਪੁਤਲੀ ਕਰਾਰ ਦਿੱਤਾ ਹੈ।*

*ਅਮਰੀਕਾ ਤੇ ਇਜ਼ਰਾਈਲ ਨੇ ਈਰਾਨ 'ਤੇ ਹਮਲਾ ਕਰਕੇ ਦੁਨੀਆ ਨੂੰ ਵੱਡੇ ਸੰਕਟ ਵਿੱਚ ਪਾ ਦਿੱਤਾ ਹੈ। ਵਿਸ਼ਵੀ ਸੰਕਟ ਨੂੰ ਹੱਲ ਕਰਨ ਵਿੱਚ ਭਾਰਤ ਹਮੇਸ਼ਾ ਆਪਣੀ ਬਣਦੀ ਭੂਮਿਕਾ ਨਿਭਾਉਂਦਾ ਰਿਹਾ ਹੈ। ਈਰਾਨ ਭਾਰਤ ਦਾ ਸਦੀਆਂ ਪੁਰਾਣਾ ਮਿੱਤਰ ਰਿਹਾ ਹੈ। ਸਮੇਂ ਦੀ ਲੋੜ ਹੈ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਫੌਰੀ ਸਰਬ ਪਾਰਟੀ ਮੀਟਿੰਗ ਬੁਲਾ ਕੇ ਪੂਰੇ ਦੇਸ਼ ਦੀ ਇੱਕ ਸੋਚ ਬਣਾ ਕੇ ਜੰਗ ਰੁਕਵਾਉਣ ਲਈ ਦਖਲ ਦੇਣ।*

# ਪੰਜਾਬ ਦੇ ਸਿਆਸੀ ਅਖਾੜੇ 'ਚ ਭਾਜਪਾ

ਪੰਜਾਬ ਵਿਧਾਨ ਸਭਾ ਚੋਣਾਂ ਨੇ ਸਿਆਸੀ ਆਗੂਆਂ ਨੂੰ ਬੇਚੈਨ ਕਰ ਰੱਖਿਆ ਹੈ। ਕੋਈ ਆਪਣੀ ਪਾਰਟੀ ਦੇ ਭਵਿੱਖ ਪ੍ਰਤੀ ਅਤੇ ਕੋਈ ਆਪਣੇ ਭਵਿੱਖ ਪ੍ਰਤੀ ਚਿੰਤਤ ਹੈ। ਕੋਈ ਪਾਰਟੀ ਨੂੰ ਅਲਵਿਦਾ ਕਹਿ ਕੇ ਕਿਸੇ ਦੂਜੀ ਦੇ ਵੱਲ ਝਾਕ ਰਿਹਾ ਹੈ। ਕੋਈ ਕਿਸੇ ਨਾਲ ਗਠਬੰਧਨ ਬਾਰੇ, ਕੋਈ ਹੋਰ ਇਸ ਜਾਂ ਉਸ ਸਮਾਜ ਦੇ ਤਬਕੇ ਉੱਤੇ ਡੋਰੇ ਪਾਉਣ ਦੇ ਯਤਨਾਂ ਵਿੱਚ ਹੈ। ਹੈਰਾਨੀ ਇਹ ਹੈ ਕਿ ਪੰਜਾਬ ਦੀਆਂ ਸਮੱਸਿਆਵਾਂ ਅਤੇ ਉਹਨਾਂ ਨਾਲ ਨਜਿੱਠਣ ਦੀ ਗੱਲ ਸੁਣਨ ਨੂੰ ਨਹੀਂ ਮਿਲ ਰਹੀ।

ਅਜਿਹੇ ਮਾਹੌਲ ਵਿੱਚ ਭਾਜਪਾ ਸਭ ਤੋਂ ਸਰਗਰਮ ਹੋ ਕੇ ਇੱਕ ਅਜਿਹਾ ਕੇਂਦਰ ਬਣਦਾ ਜਾ ਰਿਹਾ ਹੈ, ਜਿਹੜਾ ਸਿਆਸੀ ਚਿੰਤਕਾਂ ਤੋਂ ਸਧਾਰਨ ਵੋਟਰਾਂ ਤੱਕ ਸਭ ਦਾ ਧਿਆਨ ਖਿੱਚ ਰਿਹਾ ਹੈ। ਪ੍ਰਧਾਨ ਮੰਤਰੀ ਮੋਦੀ ਦਾ ਡੇਰਾ ਸੱਚਖੰਡ ਬੱਲਾਂ ਆਉਣਾ ਅਤੇ ਇਸ ਤੋਂ ਪਹਿਲਾਂ ਡੇਰਾ ਮੁਖੀ ਨੂੰ ਪਦਮਸ੍ਰੀ ਨਾਲ ਸਨਮਾਨਤ ਕਰਨ ਨਾਲ ਪੰਜਾਬ ਦਾ ਚੋਣ ਦ੍ਰਿਸ਼ ਹੋਰ ਵੀ ਰੌਚਕ ਹੋ ਗਿਆ ਹੈ, ਕਿਉਂਕਿ ਡੇਰਾ ਸਰਸਾ ਪਹਿਲਾਂ ਹੀ ਭਾਜਪਾ ਦੀ ਸੇਵਾ ਵਿੱਚ ਹੈ। ਰਵਨੀਤ ਬਿੱਟੂ ਅਤੇ ਰਾਹੁਲ ਗਾਂਧੀ ਵਿਚਕਾਰ ਹੋਈ ਕਿਹਾ-ਸੁਣੀ ਉੱਤੇ ਬਿੱਟੂ ਦੀ ਟਿੱਪਣੀ ਦੇ ਜਵਾਬ ਵਿੱਚ ਰਾਹੁਲ ਵੱਲੋਂ ਬੋਲੇ ਸ਼ਬਦਾਂ ਨੂੰ ਪ੍ਰਧਾਨ ਮੰਤਰੀ ਮੋਦੀ ਵੱਲੋਂ ਸਿੱਖਾਂ ਦਾ ਅਪਮਾਨ ਅਤੇ ਸਿੱਖ ਗੁਰੂਆਂ ਤੱਕ ਦਾ ਅਪਮਾਨ ਕਹਿ ਦੇਣਾ ਦੱਸਦਾ ਹੈ ਕਿ ਪੰਜਾਬ ਭਾਜਪਾ ਲਈ ਵਿਸ਼ੇਸ਼ ਹੈ। ਵਿਚਾਰਨਾ ਬਣਦਾ ਹੈ ਕਿ ਇਹ ਚੋਣਾਂ ਕਰਕੇ ਹੀ ਵਿਸੇ ਹੈ ਜਾਂ ਪੰਜਾਬ ਪਹਿਲਾਂ ਤੋਂ ਹੀ ਭਾਜਪਾ ਲਈ ਵਿਸ਼ੇਸ਼ ਹੈ।

ਜੇਕਰ ਪੰਜਾਬੀ ਸੂਬਾ ਬਣਾਉਣ ਲਈ ਅਕਾਲੀ ਅਤੇ ਹੋਰਨਾਂ ਦੇ ਸੰਘਰਸ਼ ਤੋਂ ਸ਼ੁਰੂ ਕਰੀਏ ਤਾਂ ਮੌਜੂਦਾ ਭਾਜਪਾ ਉਦੋਂ ਜਨਸੰਘ ਨਾਂਅ ਦੀ ਪਾਰਟੀ ਹੋਇਆ ਕਰਦੀ ਸੀ, ਜਿਸ ਨੇ 1961 ਦੀ ਮਰਦਮਸ਼ੁਮਾਰੀ ਸਮੇਂ ਪੰਜਾਬ ਵਿੱਚ ਵਸਦੇ ਹਿੰਦੂਆਂ ਨੂੰ ਆਪਣੀ ਮਾਂ ਬੋਲੀ ਹਿੰਦੀ ਲਿਖਵਾਉਣ ਲਈ ਪ੍ਰੇਰਿਆ ਅਤੇ ਪੰਜਾਬੀ ਸੂਬੇ ਦੀ ਮੰਗ ਦਾ ਡਟ ਕੇ ਵਿਰੋਧ ਕੀਤਾ। ਪੰਜਾਬੀ ਸੂਬਾ ਬਣਾਉਣ ਦੇ ਹੱਕ ਵਿੱਚ ਤਾਂ ਕਾਂਗਰਸ ਵੀ ਨਹੀਂ ਸੀ, ਪਰ ਉਹ ਕਾਰਨ ਹੋਰ ਸਨ। ਉਦੋਂ ਜਨਸੰਘ ਨੇ ਪੰਜਾਬੀ ਭਾਸ਼ਾ ਪ੍ਰਤੀ ਨਿਰਾਦਰ ਟਿੱਪਣੀਆਂ ਕੀਤੀਆਂ। ਪੰਜਾਬ, ਸਿੱਖਾਂ ਅਤੇ ਗੁਰੂਆਂ ਪ੍ਰਤੀ ਭਾਜਪਾ ਦੀਆਂ ਅੱਜ ਦੀਆਂ ਚਿੰਤਾਵਾਂ ਇਸ ਪਿਛੋਕੜ ਵਿੱਚ ਸਮਝਣੀਆਂ ਬਣਦੀਆਂ ਹਨ। ਕਹਿਣਾ ਬਣਦਾ ਹੈ ਕਿ ਗੁਰੂਆਂ ਦੀ ਬਾਣੀ ਦਾ ਬਹੁਤਾ ਹਿੱਸਾ ਇਸੇ ਪੰਜਾਬੀ ਭਾਸ਼ਾ ਵਿੱਚ ਲਿਖਿਆ ਗਿਆ ਹੈ, ਜਿਸ ਬਾਰੇ ਕਦੇ ਜਨਸੰਘ ਨੇ ਨਿਰਾਦਰ ਟਿੱਪਣੀਆਂ ਕੀਤੀਆਂ ਸਨ। ਭਾਜਪਾ ਦੀ ਵਿਚਾਰਧਾਰਾ ਵਿੱਚ ਹਿੰਦੂਆਂ ਨੂੰ ਹੋਰਾਂ ਤੋਂ ਵੱਖਰਾ ਸਮਝਣ ਅਤੇ ਪੰਜਾਬ ਵਿੱਚ ਸਿੱਖਾਂ ਤੋਂ ਵੱਖ ਕਰਨ ਦਾ ਇਹ ਨੰਗਾ-ਚਿੱਟਾ ਸੱਚ ਹੈ। ਪੰਜਾਬ ਦੇ ਕਾਂਗਰਸੀਆਂ ਅਤੇ ਅਕਾਲੀਆਂ ਵਿਚੋਂ ਜਿਹੜੇ ਵੀ ਭਾਜਪਾ ਵਿੱਚ ਗਏ ਜਾਂ ਜਾਣ ਬਾਰੇ ਸੋਚ ਰਹੇ ਹਨ, ਉਹਨਾਂ ਨੂੰ ਇਸ ਸੱਚ ਉੱਤੇ ਟਿੱਪਣੀ ਆਪਣੀ ਆਤਮਾ ਤੋਂ ਪੁਛਣੀ ਬਣਦੀ ਹੈ।



ਸੁੱਚਾ ਸਿੰਘ ਖੱਟੜਾ

ਭਾਜਪਾ ਦੀ ਕੇਂਦਰੀ ਲੀਡਰਸ਼ਿਪ ਦੀ 56 ਇੰਚੀ ਛਾਤੀ ਟਰੰਪ ਅਤੇ ਚੀਨ ਸਾਹਮਣੇ ਜਿਵੇਂ ਸੁੰਗੜੀ ਦਿਸ ਰਹੀ ਹੈ। ਤਿੰਨ ਖੇਤੀ ਕਾਨੂੰਨਾਂ ਉਪਰੰਤ ਅੱਜ ਅਮਰੀਕਾ ਨਾਲ ਵਪਾਰ ਸਮਝੌਤੇ ਨਾਲ ਜਿਹੜੀ ਬਿਪਤਾ ਦੇਸ਼ ਦੇ ਕਿਸਾਨਾਂ ਦੀ ਉਡੀਕ ਵਿੱਚ ਬੈਠਣ ਵਾਲੀ ਹੈ। ਮਜਦੂਰਾਂ ਲਈ ਸਭ ਕੁਝ ਚਾਰ ਲੇਬਰ ਕੋਡ ਬਿੱਲਾਂ ਵਿੱਚ ਪਿਛਲੇ ਡੇਢ ਸਦੀ ਦੇ ਸੰਘਰਸ਼ਾਂ ਦੇ ਹਾਸਲ ਨੂੰ ਸਿਫਰ ਬਣਾ ਦਿੱਤਾ ਗਿਆ ਹੈ। ਮਨਰੇਗਾ ਮਜ਼ਦੂਰਾਂ ਤੱਕ ਸਮਾਜ ਦੇ ਸਭ ਤਬਕਿਆਂ ਨੂੰ ਚੁਣ-ਚੁਣ ਕੇ ਖਾਲੀ ਹੱਥ ਕੀਤਾ ਜਾ ਰਿਹਾ ਹੈ। ਮੁਸਲਮਾਨਾਂ ਨਾਲ ਜੋ ਬੀਤ ਰਹੀ ਹੈ, ਔਰਤਾਂ ਨਾਲ ਜੋ ਬੀਤ ਰਹੀ ਹੈ, ਰੁਜ਼ਗਾਰ ਵਿਹੂਣੀ ਜਵਾਨੀ, ਜਿਵੇਂ ਪ੍ਰੇਸ਼ਾਨ ਹੈ। ਪੈਨਸ਼ਨ ਇਸੇ ਸਰਕਾਰ ਨੇ 2004 ਵਿੱਚ ਬੰਦ ਕੀਤੀ ਸੀ। ਅੱਜ ਤੱਕ ਨਾ ਹੀ ਉਸ ਨੂੰ ਬਹਾਲੀ ਅਤੇ ਨਾ ਹੀ ਉਸ ਦਾ ਬਦਲ ਮਿਲ ਸਕਿਆ। ਚੋਣ ਕਮਿਸ਼ਨ ਤੱਕ ਦੀਆਂ ਜਮਹੂਰੀ ਸੰਸਥਾਵਾਂ ਉੱਤੇ ਸੰਘ ਦਾ ਕਬਜ਼ਾ ਹੋ ਚੁੱਕਾ ਹੈ। ਸਿੱਖਿਆ ਨੀਤੀ 2020 ਨਾਲ ਸਿੱਖਿਆ ਸੂਬਾ ਸਰਕਾਰਾਂ ਤੋਂ ਖੋਹੀ ਜਾ ਰਹੀ ਹੈ। ਸਿੱਖਿਆ ਅਤੇ ਸਿਹਤ ਲਈ ਬਜਟ ਘਟਾਏ ਜਾ ਰਹੇ ਹਨ। ਪਾਰਲੀਮੈਂਟ, ਚੋਣ ਕਮਿਸ਼ਨ ਵਰਗੇ ਜਮਹੂਰੀਅਤ ਦੇ ਥੰਮ੍ਹ ਜਿਸ ਢੰਗ ਨਾਲ ਘੁਣ ਖਾਧੇ ਬਣਾ ਲਏ ਗਏ ਹਨ, ਇਥੋਂ ਤੱਕ ਕਿ ਨਿਆਂ ਪਾਲਿਕਾ ਤੱਕ ਨੂੰ ਜਿਵੇਂ ਸ਼ੰਕਾਵਾਂ ਦੇ ਘੇਰੇ ਵਿੱਚ ਲੈ ਆਂਦਾ ਗਿਆ ਹੈ, ਇਨਾਂ ਸਭ ਨੂੰ ਵੇਖਦਿਆਂ ਇਸ ਸਰਕਾਰ ਦਾ ਕੋਈ ਪੱਖ ਅਜਿਹਾ ਨਹੀਂ, ਜਿਸ ਨੂੰ ਵੇਖ ਕੇ ਇਸ ਸਰਕਾਰ ਨੂੰ ਚਲਾਉਣ ਵਾਲੀ ਪਾਰਟੀ ਵੱਲ ਕੋਈ ਖਿੱਚਿਆ ਜਾਵੇ। ਇਹ ਕੁਝ ਭਾਜਪਾ ਦੀ ਅਮਲ ਵਿੱਚ ਕਾਰਗੁਜ਼ਾਰੀ ਹੈ।

ਸਿਧਾਂਤਕ ਤੌਰ 'ਤੇ ਇਸ ਪਾਰਟੀ ਦੀ ਵਿਚਾਰਧਾਰਾ ਹੀ ਸੀ, ਜਿਸ ਨੇ ਇਸ ਨੂੰ ਦੇਸ਼ ਦੇ ਅਜ਼ਾਦੀ ਅੰਦੋਲਨ ਤੋਂ ਦੂਰ ਰੱਖਣ ਦਾ ਕਲੰਕੀ ਬਣਾਇਆ। ਇਹ ਕਾਂਗਰਸ ਵੱਲੋਂ ਅਪਣਾਈ ਆਰਥਿਕ ਨੀਤੀ, ਸੰਘ ਵਿਰੁੱਧ ਵਿਚਾਰਧਾਰਕ ਲੜਾਈ ਵਿੱਚ ਖੋਟ ਪੂਰਨ ਦੁਚਿੱਤੀ ਸੀ ਕਿ ਭਾਜਪਾ ਕੇਂਦਰੀ ਸੱਤਾ ਉੱਤੇ ਆ ਕਾਬਜ਼ ਹੋ ਗਈ। ਜਮਹੂਰੀਅਤ ਉੱਤੇ ਖਤਰਾ ਖੜ੍ਹਾ ਕਰ ਦਿੱਤਾ ਗਿਆ ਹੈ। ਪੰਜਾਬ ਉਸ ਡਬਲ ਇੰਜਣ ਤੋਂ ਸਿੰਗਲ ਇੰਜਣ ਹੀ ਵਧੀਆ, ਜਿਸ ਡਬਲ ਇੰਜਣ ਵਿੱਚ ਇੱਕ ਭਾਜਪਾ ਦਾ ਇੰਜਣ ਹੋਵੇ। ਭਾਜਪਾ ਵਾਲੀਆਂ ਡਬਲ ਇੰਜਣ ਵਾਲੀਆਂ ਸਰਕਾਰਾਂ ਦੀ ਕਾਰਗੁਜ਼ਾਰੀ ਸਭ ਦੇ ਸਾਹਮਣੇ ਹੈ। ਭਾਜਪਾ ਵਿੱਚ ਜਾ ਚੁੱਕੇ ਜਾਂ ਜਾਣ ਵਾਲੇ ਜੇਕਰ ਇਹ ਸਭ ਕੁਝ ਬਰਦਾਸ਼ਤ ਕਰ ਸਕਦੇ ਹਨ ਤਾਂ ਉਹ ਯਾਦ ਰੱਖਣ ਕਿ ਪੰਜਾਬ ਕੇਵਲ ਵਿਆਕਤੀਆਂ ਦਾ ਸਮੂਹ ਨਹੀਂ, ਪੰਜਾਬ ਇਕ ਸੱਭਿਆਚਾਰ ਹੈ, ਸੋਚਣ ਵਿਧੀ ਹੈ, ਜੋ ਸਿੱਧ ਜੋਗੀਆਂ, ਫਕੀਰਾਂ, ਸੂਫੀਆਂ, ਗੁਰੂਆਂ, ਗਦਰੀਆਂ, ਬੱਬਰਾਂ ਅਤੇ ਸ਼ਹੀਦ ਭਗਤ ਸਿੰਘ ਜਿਹੇ ਇਨਕਲਾਬੀਆਂ ਦੀ ਸਾਂਝੀ ਵਿਰਾਸਤ ਹੈ। ਪੰਜਾਬ ਵਿੱਚ ਵਸਦੇ ਲੋਕਾਂ ਦੀ ਸਮੂਹਿਕ ਸੋਚ ਇਸ ਵਿਰਸੇ ਨਾਲ ਸਿੰਜੀ ਹੋਈ ਹੈ। ਇਸ ਸਮੂਹਿਕ ਸੋਚ ਤੋਂ ਡਰਿਓ।

ਇਨ੍ਹਾਂ ਸਾਰੇ ਤੱਥਾਂ ਵੱਲ ਵੇਖਣ ਉਪਰੰਤ ਇਹ ਵਿਚਾਰ ਮੁੜ ਮੁੜ ਆਉਂਦਾ ਹੈ ਕਿ ਭਾਜਪਾ ਵੱਲ ਪੰਜਾਬ ਦੇ ਨੇਤਾ ਗਏ ਕਿਉਂ ਅਤੇ ਜਾਣ ਦੀ ਸੋਚ ਕਿਉਂ ਰਹੇ ਹਨ। ਇਹਨਾਂ ਉਪਰੋਕਤ ਕੁਝ ਕੁ ਸੱਚਾਈਆਂ ਤੋਂ ਅਣਜਾਣ ਹੋਣਾ ਤਾਂ ਨਹੀਂ, ਘੱਟ ਗੰਭੀਰਤਾਵਿਖਾਉਣੀ ਹੋ ਸਕਦੀ ਹੈ। ਕੀਤੇ ਦਾ ਭੈਅ ਜਾਂ ਕੀਤੇ ਨੂੰ ਛੁਪਾਉਣ ਲਈ ਛਤਰੀ ਦੀ ਲੋੜ ਹੋ ਸਕਦੀ ਹੈ। ਸਿਆਸਤ ਨੂੰ ਸੇਵਾ ਦੀ ਥਾਂ ਲਾਲਸਾ ਹੋ ਸਕਦੀ ਹੈ। ਜੋ ਭਾਜਪਾ ਵਿੱਚ ਜਾ ਕੇ ਪੂਰੀ ਹੁੰਦੀ ਦਿਸਦੀ ਹੋਵੇ। ਕੁਝ ਵੀ ਹੋਵੇ ਪੰਜਾਬੀਆਂ ਲਈ ਭਾਜਪਾ ਬੰਦ ਗਲੀ ਸਾਬਤ ਹੋਵੇਗੀ, ਜਾਣ ਵਾਲਿਆਂ ਲਈ ਦੱਸਣਾ ਜ਼ਰੂਰੀ ਹੈ।

ਭਾਜਪਾ ਆਰ ਐੱਸ ਐੱਸ ਦਾ ਸਿਆਸੀ ਵਿੰਗ ਹੈ। 70 ਹੋਰ ਵੀ ਬਜਰੰਗ ਦਲ ਵਰਗੇ ਅਨੇਕਾਂ ਸੰਗਠਨ ਹਨ, ਜਿਹੜੇ ਹਿੰਦੂ ਰਾਸ਼ਟਰ ਦਾ ਮੂੰਹ-ਮੱਥਾ ਨਿੱਤ ਦਿਖਾ ਰਹੇ ਹਨ। ਬਾਬਾ ਨਾਨਕ ਦਾ ਸਾਥੀ ਮੁਸਲਮਾਨ ਮਰਾਸੀ ਮਰਦਾਨਾ ਸੀ। ਭਾਜਪਾ ਅਤੇ ਹਿੰਦੂ ਸੰਗਠਨਾਂ ਦਾ ਭਾਜਪਾ ਪ੍ਰਤੀ ਨਜ਼ਰੀਆ ਬਾਬਾ ਨਾਨਕ ਅਤੇ ਮਰਦਾਨੇ ਦੀ ਦੋਸਤੀ ਉੱਤੇ ਕਿਸੇ ਦਿਨ ਅਵੱਸ਼ ਕਿੰਤੂ ਕਰੇਗਾ। ਸ੍ਰੀ ਹਰਿਮੰਦਰ ਸਾਹਿਬ ਦਾ ਨੀਂਹ ਪੱਥਰ ਸਾਈਂ ਮੀਆਂ ਮੀਰ ਮੁਸਲਮਾਨ ਨੇ ਰੱਖਿਆ ਸੀ। ਸੰਘੀ ਸੰਗਠਨ ਇਸ ਨੂੰ ਅਪਵਿੱਤਰ ਤਕ ਕਹਿ ਸਕਦੇ ਹਨ। ਉਤਰਾਖੰਡ ਵਿੱਚ ਸੂਫੀ ਫ਼ਕੀਰ ਬੁਲ੍ਹੇ ਸ਼ਾਹ ਦੀ ਮਜ਼ਾਰ ਢਾਹ ਦਿੱਤੀ ਗਈ। ਕੱਲ੍ਹ ਨੂੰ ਕਬੀਰ-ਫਰੀਦ ਨਾਲ ਵਾਪਰੇਗੀ। ਕੀ ਬਰਦਾਸ਼ਤ ਕਰ ਲਵੋਗੇ?

ਬਾਬਾ ਨਾਨਕ ਨੇ ਕਿਹਾ ਹੈ:

*"ਅਵਲਿ ਅੱਲਾ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ॥*
*ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ॥*

'ਅਲਾਹ' ਸ਼ਬਦ ਨਾਲ ਸੰਘ ਅਤੇ ਉਸ ਦੇ ਸੰਗਠਨਾਂ ਦੀ ਨਫ਼ਰਤ ਤੋਂ ਸੌਖਿਆਂ ਸਮਝ ਆਉਂਦੀ ਹੈ ਕਿ ਇਹ ਸੰਗਠਨ ਜਾਂ ਸੰਗਠਨਾਂ ਵਿਚੋਂ ਕੁਝ ਸਿਰ ਫਿਰੇ ਮੰਗ ਕਰਨ ਕਿ ਸ੍ਰੀ ਗੁਰੂ ਗਰੰਥ ਸਾਹਿਬ ਵਿਚੋਂ ਉਹ ਸ਼ਬਦ ਜਾਂ ਪੰਕਤੀਆਂ ਹਟਾ ਦਿੱਤੀਆਂ ਜਾਣ, ਜਿਹਨਾਂ ਵਿੱਚ ਅਲਾਹੁ ਸ਼ਬਦ ਆਉਂਦਾ ਹੈ। ਕੀ ਕਰੋਗੇ? ਭਾਜਪਾ ਵਿੱਚ ਜਾਣ ਵਾਲਿਓ ਬੰਦ ਗਲੀ ਵਿੱਚ ਫਸੋਗੇ। ਜੇਕਰ ਇਹ ਸਥਿਤੀ ਵੀ ਪਰਵਾਨ ਹੈ ਤਾਂ ਪੰਜਾਬ ਦੇ ਲੋਕ ਤਾਂ ਇਹ ਬਰਦਾਸ਼ਤ ਨਹੀਂ ਕਰਨਗੇ।

ਇਹੀ ਸਾਰਾ ਕੁਝ ਉਸ ਸਿਆਸੀ ਪਾਰਟੀ ਉੱਤੇ ਵੀ ਲਾਗੂ ਹੋਵੇਗਾ, ਜਿਹੜੀ ਭਾਜਪਾ ਨਾਲ ਗਠਜੋੜ ਬਾਰੇ ਸੋਚ ਰਹੀ ਹੈ। ਪੰਜਾਬ ਵਿੱਚ ਜਨਸੰਘ ਕਦੇ 2 ਸੀਟਾਂ ਨਹੀਂ ਸੀ ਜਿੱਤ ਸਕੀ, ਜਿਹੜੀ ਪ੍ਰਕਾਸ਼ ਸਿੰਘ ਬਾਦਲ ਦੀ ਮਿਹਰਬਾਨੀ ਕਰਕੇ ਦੋ ਦਰਜਨ ਦਾ ਅੰਕੜਾ ਛੂਹਣ ਤੱਕ ਆ ਗਈ। ਕਾਂਗਰਸ ਅਤੇ ਕਮਿਊਨਿਸਟਾਂ ਵਰਗੀਆਂ ਕੌਮੀ ਪਾਰਟੀਆਂ ਅਤੇ ਸ਼੍ਰੋਮਣੀ ਅਕਾਲੀ ਦਲ ਅਤੇ ਆਪ ਇਹਨਾਂ ਸਭ ਨੂੰ ਆਪਣੀ-ਆਪਣੀ ਸਿਆਸਤ ਵਿੱਚ ਪੰਜਾਬ ਦੇ ਸੱਭਿਆਚਾਰ ਅਤੇ ਰੂਹਾਨੀ ਵਿਰਸੇ ਦੀ ਰਾਖੀ ਕਰਦਿਆਂ ਪੰਜਾਬ ਨੂੰ ਦੇਸ਼ ਦਾ ਨੰਬਰ ਇੱਕ ਸੂਬਾ ਬਣਾਉਣ ਬਾਰੇ ਇੱਕ ਤੋਂ ਇੱਕ ਵਧੀਆ ਬਦਲ ਲੋਕਾਂ ਸਾਹਮਣੇ ਲਿਆਉਣੇ ਚਾਹੀਦੇ ਹਨ, ਪਰ ਭਾਜਪਾ ਅਤੇ ਇਸ ਦੇ ਹਿੰਦੂਤਵ ਤੋਂ ਪੰਜਾਬ ਨੂੰ ਬਚਾ ਕੇ ਰੱਖਣਾ ਸਭ ਦੀ ਪਹਿਲੀ ਜ਼ੁੰਮੇਵਾਰੀ ਹੋਣੀ ਚਾਹੀਦੀ ਹੈ, ਵਰਨਾ ਸਮੇਂ ਵੱਲੋਂ ਸਰਾਪੇ ਜਾਓਗੇ।

**# ਸੰਪਰਕ : 94176-52947**

# ਜਦੋਂ ਮੈਨੂੰ ਮੇਰਾ ਸੁਪਨਾ ਸੱਚ ਹੁੰਦਾ ਜਾਪਿਆ ....!

ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਮਰਪਿਤ ਫਤਿਹਗੜ੍ਹ ਸਾਹਿਬ ਵਿਖੇ ਜੋੜ ਮੇਲ ਮੌਕੇ ਸੰਗਤਾਂ ਦੀ ਇਕੱਤਰਤਾ ਕਿਸੇ ਵੀ ਸਮਾਗਮ ਨਾਲੋਂ ਜ਼ਿਆਦਾ ਹੁੰਦੀ ਹੈ।ਇਸ ਮੌਕੇ ਸੰਗਤਾਂ ਦੀ ਸਹੂਲਤ ਲਈ ਕੀਤੇ ਜਾਣ ਵਾਲੇ ਤਮਾਮ ਪ੍ਰਬੰਧਾਂ ਵਿੱਚੋਂ ਆਵਾਜਾਈ ਨੂੰ ਨਿਯੰਤਰਤ ਕਰਨਾ ਅਤੇ ਵਾਹਨ ਖੜਾਉਣ ਲਈ ਜਗ੍ਹਾ ਮੁਹੱਈਆ ਕਰਵਾਉਣਾ ਮੁੱਖ ਹੈ।ਬਦਲਦੇ ਦੌਰ 'ਚ ਵਾਹਨਾਂ ਦੀ ਵਧਦੀ ਗਿਣਤੀ ਨੇ ਅਜਿਹੇ ਪ੍ਰਬੰਧ ਹੋਰ ਵੀ ਜ਼ਰੂਰੀ ਕਰ ਦਿੱਤੇ ਹਨ। ਅਸੀਂ ਵੀ ਪਰਵਾਰ ਸਮੇਤ ਬਰਨਾਲੇ ਤੋਂ ਵਾਇਆ ਭਾਦਸੋਂ ਫਤਹਿਗੜ੍ਹ ਸਾਹਿਬ 'ਚ ਦਾਖਲਾ ਲਿਆ।ਪੁਲਸ ਦੇ ਨਾਕਿਆਂ ਦੀ ਭਰਮਾਰ ਨੇ ਸਭ ਤੋਂ ਪਹਿਲਾਂ ਸਵਾਗਤ ਕੀਤਾ। ਕਈ ਥਾਵਾਂ ਤੋਂ ਆਵਾਜਾਈ ਦੇ ਬਦਲਵੇਂ ਪ੍ਰਬੰਧ ਸਮਝ ਆ ਰਹੇ ਸਨ।ਬੇਸ਼ੱਕ ਕਈ ਸਿਫਾਰਸ਼ੀ ਲੋਕਾਂ ਨੂੰ ਇਹਨਾਂ ਬਦਲਵੇਂ ਪ੍ਰਬੰਧਾਂ ਤੋਂ ਵੀ ਛੋਟ ਦਿੱਤੀ ਜਾ ਰਹੀ ਸੀ।ਖੈਰ, ਅਸੀਂ ਸਿਫਾਰਸ਼ ਰਹਿਤ ਹੋਣ ਕਾਰਨ ਬਦਲਵੇਂ ਪ੍ਰਬੰਧਾਂ ਦੇ ਹੁਕਮਾਂ ਦੀ ਪਾਲਣਾ ਕਰਦੇ ਗਏ।ਗੁਰਦੁਆਰਾ ਜੋਤੀ ਸਰੂਪ ਸਾਹਿਬ ਤੋਂ ਤਕਰੀਬਨ ਢਾਈ ਤਿੰਨ ਕਿਲੋਮੀਟਰ ਦੀ ਦੂਰੀ 'ਤੇ ਪੁਲਸ ਨੇ ਸਾਨੂੰ ਕਾਰ ਪਾਰਕ ਕਰਨ ਦਾ ਹੁਕਮ ਕੀਤਾ।ਇਹ ਪਾਰਕਿੰਗ ਮਹਿਜ਼ ਖਾਲੀ ਪਲਾਟ ਸੀ।ਵਾਹਨਾਂ ਦੀ ਸੁਰੱਖਿਆ ਦਾ ਕੋਈ ਇੰਤਜ਼ਾਮ ਨਹੀ ਸੀ।ਇੱਥੋਂ ਵੀ ਸਿਫਾਰਸ਼ੀ ਵਾਹਨ ਬੇਰੋਕ ਲੰਘ ਰਹੇ ਸਨ।ਮੇਰੇ ਪਰਵਾਰਕ ਮੈਂਬਰਾਂ ਦੀ ਮੈਨੂੰ ਹਦਾਇਤ ਸੀ ਕਿ ਆਪਾਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਨਤਮਸਤਕ ਹੋਣ ਆਏ ਹਾਂ।ਆਪਾਂ ਕਿਸੇ ਨਾਲ ਕੋਈ ਬਹਿਸ ਨਹੀਂ ਕਰਨੀ।ਅਸੀਂ ਪਹਿਲੇ ਹੀ ਨਾਕੇ 'ਤੇ ਪੁਲਸ ਦੀਆਂ ਹਦਾਇਤਾਂ ਅਨੁਸਾਰ ਕਾਰ ਖਾਲੀ ਪਲਾਟ ਵਿੱਚ ਖੜ੍ਹਾ ਕੇ ਗੁਰਦੁਆਰਾ ਸਾਹਿਬ ਵੱਲ ਪੈਦਲ ਚਾਲੇ ਪਾ ਦਿੱਤੇ।ਅਸੀਂ ਅੱਧਾ ਕੁ ਕਿਲੋਮੀਟਰ ਆਏ ਹੋਵਾਂਗੇ, ਦੂਜਾ ਪੁਲਸ ਨਾਕਾ ਆ ਗਿਆ।ਇੱਥੇ ਵੀ ਵਾਹਨ ਪਾਰਕ ਕਰਵਾਏ ਜਾ ਰਹੇ ਸਨ।ਮੇਰੇ ਮਨ ਵਿੱਚ ਆਇਆ ਕਿ ਮੇਰੇ ਸਮੇਤ ਕਈ ਹੋਰਨਾਂ ਨੂੰ ਤਾਂ ਪਹਿਲੇ ਨਾਕੇ 'ਤੇ ਹੀ ਕਾਰ ਪਾਰਕ ਕਰਨ ਦਾ ਹੁਕਮ ਚਾੜ੍ਹ ਦਿੱਤਾ ਤੇ ਕਈ ਵਾਹਨ ਇੱਥੋਂ ਤੱਕ ਆ ਗਏ, ਪਰ ਪਰਵਾਰ ਵੱਲੋਂ ਕੋਈ ਬਹਿਸ ਨਾ ਕਰਨ ਦੀ ਹਦਾਇਤ ਬਾਰੇ ਸੋਚ ਕੇ ਮੈਂ ਚੁੱਪ ਰਿਹਾ।ਅਸੀਂ ਹਾਲੇ ਚਾਰ ਕੁ ਸੌ ਮੀਟਰ ਅੱਗੇ ਆਏ ਹੋਵਾਂਗੇ ਕਿ ਇੱਕ ਪੁਲਸ ਨਾਕਾ ਅਤੇ ਪਾਰਕਿੰਗ ਹੋਰ ਆ ਗਈ। ਮੈਥੋਂ ਰਿਹਾ ਨਾ ਗਿਆ।ਮੈਂ ਨਾਕੇ 'ਤੇ ਤਾਇਨਾਤ ਪੁਲਸ ਦੇ ਸੀਨੀਅਰ ਅਧਿਕਾਰੀ ਨੂੰ ਪੁੱਛਿਆ ਕਿ ਇਹ ਕਿਵੇਂ ਆ ਕਿ ਕਈ ਵਾਹਨ ਪਹਿਲੇ ਨਾਕੇ 'ਤੇ ਕੁਝ ਦੂਜੇ ਨਾਕੇ 'ਤੇ ਅਤੇ ਕਈ ਆਹ ਬਿਲਕੁੱਲ ਨੇੜੇ ਹੀ ਪਾਰਕ ਕਰਵਾਏ ਜਾ ਰਹੇ ਹਨ? ਉਹ ਅਧਿਕਾਰੀ ਕਹਿੰਦਾ ਕਿ ਇਹ ਬਿਮਾਰ ਆਦਿ ਲੋਕ ਹਨ।ਮੈਂ ਕਿਹਾ ਜੀ ਪਾਰਕਿੰਗ ਭਰੀ ਖੜੀ ਆ ਵਾਹਨਾਂ ਨਾਲ ਏਨੇ ਲੋਕ ਤਾਂ ਬਿਮਾਰ ਨਹੀਂ ਹੋ ਸਕਦੇ।ਬਸ ਫਿਰ ਉਹ ਮੇਰੀ ਗੱਲ ਦੇ ਗੋਲਮੋਲ ਜਵਾਬਾਂ 'ਤੇ ਆ ਗਿਆ। ਪਰਿਵਾਰਕ ਮੈਂਬਰ ਫਿਰ ਮੈਨੂੰ ਕਹਿਣ ਲੱਗੇ ਕਿ ਥੋਨੂੰ ਕਿਹਾ ਆਪਾਂ ਕੋਈ ਬਹਿਸ ਨਹੀਂ ਕਰਨੀ।



ਬਿੰਦਰ ਸਿੰਘ ਖੁੱਡੀ ਕਲਾਂ

ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਅਤੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨਤਮਸਤਕ ਹੋਣ ਉਪਰੰਤ ਇਸ ਤੋਂ ਪਹਿਲਾਂ ਕਿ ਅਸੀਂ ਠੰਢੇ ਬੁਰਜ 'ਚ ਨਤਮਸਤਕ ਹੁੰਦੇ। ਅਸੀਂ ਪਹਿਲਾਂ ਰਹਿਣ ਲਈ ਕਮਰੇ ਦਾ ਪ੍ਰਬੰਧ ਕਰਨ ਦੀ ਸੋਚੀ।ਖੈਰ ਬੜੀ ਹੀ ਮੁਸ਼ੱਕਤ ਉਪਰੰਤ ਸਾਨੂੰ ਬਾਬਾ ਬੰਦਾ ਸਿੰਘ ਇੰਜੀਨੀਅਰਿੰਗ ਕਾਲਜ ਦੇ ਇੱਕ ਹੋਸਟਲ ਵਿਚ ਕਮਰਾ ਮਿਲ ਗਿਆ।ਕਮਰੇ ਵਿੱਚ ਸਾਫ-ਸਫਾਈ ਦਾ ਦੂਰ-ਦੂਰ ਤੱਕ ਕੋਈ ਨਾਮੋ-ਨਿਸ਼ਾਨ ਨਹੀਂ ਸੀ। ਗਰਦ ਨਾਲ ਭਰੇ ਕਮਰੇ ਦੀ ਸਾਫ਼ ਸਫ਼ਾਈ ਉਪਰੰਤ ਅਸੀਂ ਬਿਸਤਰ ਵਿਛਾ ਲਏ। ਗੱਦਿਆਂ ਦਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ ਸੀ।ਕਮਰਾ ਮਿਲਣ ਉਪਰੰਤ ਅਸੀਂ ਕਾਰ ਕਾਲਜ ਵਿੱਚ ਹੀ ਪਾਰਕ ਕਰਨ ਦੀ ਸੋਚੀ। ਜਿੱਥੇ ਪਹਿਲਾਂ ਹੀ ਬਹੁਤ ਵੱਡੀ ਗਿਣਤੀ ਵਿੱਚ ਟਰੈਕਟਰ ਟਰਾਲੀਆਂ ਖੜ੍ਹੇ ਸਨ।ਪਰ ਖੁੱਲੇ-ਡੁੱਲੇ ਕਾਲਜ ਵਿੱਚ ਹਾਲੇ ਵੀ ਬਹੁਤ ਜਗ੍ਹਾ ਖਾਲੀ ਪਈ ਸੀ।ਕਾਲਜ ਦੇ ਗੇਟਮੈਨ ਨੇ ਸਾਨੂੰ ਮੁੱਖ ਗੇਟ ਰਾਹੀਂ ਹੋਸਟਲ ਤੱਕ ਕਾਰ ਲਿਆਉਣ ਦੀ ਇਜਾਜ਼ਤ ਦੇ ਦਿੱਤੀ, ਪਰ ਪੁਲਸ ਵਾਲੇ ਸਨ ਕਿ ਮੈਂ ਨਾ ਮਾਨੂੰ ਦੀ ਰੱਟ ਲਗਾਈ ਖੜ੍ਹੇ ਸਨ। ਸਵੇਰੇ ਪਾਰਕਿੰਗ ਵਿਚ ਖੜੀ ਕਾਰ ਨੂੰ ਅਸੀਂ ਕਾਲੋਨੀਆਂ ਵਿਚ ਦੀ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਦੇ ਪਿਛਲੇ ਪਾਸੇ ਤੱਕ ਲੈ ਆਏ। ਇੱਥੇ ਫਿਰ ਪੁਲਸ ਦਾ ਨਾਕਾ ਸੀ।ਜਦੋਂ ਮੈਂ ਕਾਰ ਕਾਲਜ ਦੇ ਹੋਸਟਲ ਵਿੱਚ ਲਿਜਾਣ ਲਈ ਕਿਹਾ ਤਾਂ। ਉਹਨਾਂ ਲਕੀਰ ਖਿੱਚ ਦਿੱਤੀ ਕਿ ਕਾਰ ਇੱਧਰ ਨਹੀਂ ਜਾਵੇਗੀ। ਫਿਰ ਮੈਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਦੀ ਪਾਰਕਿੰਗ ਤੱਕ ਕਾਰ ਲਿਜਾਣ ਦੀ ਬੇਨਤੀ ਕੀਤੀ। ਪੁਲਿਸ ਵਾਲਿਆਂ ਨੇ ਫਿਰ ਨਾਂਹ ਕਰ ਦਿੱਤੀ। ਉਹਨਾਂ ਕਿਹਾ ਕਿ ਰਾਤ ਨੂੰ ਦਸ ਸਾਢੇ ਦਸ ਵਜੇ ਆ ਜਾਇਓ, ਫਿਰ ਲੈ ਜਾਇਓ ਕਾਰ ਅੱਗੇ। ਅਸੀਂ ਪੁਲਸ ਵਾਲਿਆਂ ਦੀ ਇਜਾਜ਼ਤ ਨਾਲ ਨਾਕੇ ਤੋਂ ਪਿੱਛੇ ਖੱਬੇ ਹੱਥ ਸੜਕ ਤੇ ਕਾਰ ਪਾਰਕ ਕਰ ਦਿੱਤੀ। ਇੱਥੇ ਪਹਿਲਾਂ ਵੀ ਕਾਫ਼ੀ ਕਾਰਾਂ ਖੜੀਆਂ ਸਨ। ਜਦੋਂ ਅਸੀਂ ਦੁਬਾਰਾ ਰਾਤ ਨੂੰ ਸਾਢੇ ਦਸ ਗਿਆਰਾਂ ਵਜੇ ਕਾਰ ਲੈਣ ਗਏ ਤਾਂ ਟਰੈਕਟਰ ਟਰਾਲੀਆਂ ਦੀ ਵੱਡੀ ਗਿਣਤੀ ਵਿੱਚ ਆਮਦ ਨਾਲ ਏਨਾ ਜਾਮ ਲੱਗ ਚੁੱਕਿਆ ਸੀ ਕਿ ਕਾਰ ਦਾ ਕਾਲਜ ਤੱਕ ਆਉਣਾ ਨਾ ਮੁਮਕਿਨ ਸੀ। ਅਸੀਂ ਸੜਕ 'ਤੇ ਹੀ ਖੜੀ ਕਾਰ ਛੱਡ ਕਮਰੇ ਵਿੱਚ ਆ ਗਏ। ਸਵੇਰੇ ਤਕਰੀਬਨ ਨੌਂ ਕੁ ਵਜੇ ਅਸੀਂ ਕਮਰਾ ਖਾਲੀ ਕਰ ਸਾਰਾ ਸਮਾਨ ਕਾਰ ਵਿੱਚ ਰੱਖਣ ਲਈ ਆ ਗਏ। ਪੁਲਸ ਵਾਲਿਆਂ ਨੇ ਸਾਨੂੰ ਹੁਣ ਵੀ ਕਾਰ ਕਾਲਜ ਜਾਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਦੀ ਪਾਰਕਿੰਗ ਤੱਕ ਲਿਜਾਣ ਦੀ ਇਜਾਜ਼ਤ ਨਾ ਦਿੱਤੀ। ਅਸੀਂ ਕਿਹਾ ਫਿਰ ਸਾਡੀ ਕਾਰ ਆਹ ਸੜਕ 'ਤੇ ਹੀ ਖੜੀ ਹੈ। ਪੁਲਸ ਵਾਲੇ ਕਹਿੰਦੇ ਇੱਥੇ ਖੜੀ ਰਹਿਣ ਦਿਓ ਕੋਈ ਚੱਕਰ ਨਹੀਂ। ਸਾਰਾ ਸਮਾਨ ਕਾਰ ਵਿੱਚ ਰੱਖ ਅਸੀਂ ਬਾਬਾ ਮੋਤੀ ਰਾਮ ਮਹਿਰਾ ਦੀ ਯਾਦ ਨੂੰ ਸਮਰਪਿਤ ਗੁਰਦੁਆਰਾ ਸਾਹਿਬ 'ਚ ਨਤਮਸਤਕ ਹੋਣ ਉਪਰੰਤ ਪਿੰਡ ਦੇ ਲੰਗਰ ਚੋਂ ਪ੍ਰਸ਼ਾਦਾ ਪਾਣੀ ਛਕਿਆ। ਬੱਚਿਆਂ ਲਈ ਜੋੜ ਮੇਲ ਦੇ ਬਾਜ਼ਾਰ ਵਿੱਚੋਂ ਸਮਾਨ ਖਰੀਦਣ ਅਤੇ ਜਾਣ ਪਹਿਚਾਣ ਵਾਲਿਆਂ ਲਈ ਖਿੱਲਾਂ ਦਾ ਪ੍ਰਸ਼ਾਦ ਖਰੀਦ ਅਸੀਂ ਘਰ ਵਾਪਸੀ ਲਈ ਚਾਲੇ ਪਾ ਦਿੱਤੇ।

ਪਰ ਜਦ ਅਸੀਂ ਕਾਰ ਕੋਲ ਆਏ ਤਾਂ ਸਾਡੀ ਕਾਰ ਉੱਥੇ ਨਹੀਂ ਸੀ।ਕਾਫੀ ਭਾਲ ਕਰਨ ਉਪਰੰਤ ਅਸੀਂ ਨਾਕੇ 'ਤੇ ਤਾਇਨਾਤ ਉਹੀ ਪੁਲਸ ਵਾਲਿਆਂ ਕੋਲ ਚਲੇ ਗਏ, ਜਿਨ੍ਹਾਂ ਕਾਰ ਖੜਾਉਣ ਦੀ ਇਜਾਜ਼ਤ ਦਿੱਤੀ ਸੀ। ਜਨਾਬ ਅਸੀਂ ਇੱਥੇ ਕਾਰ ਪਾਰਕ ਕੀਤੀ ਸੀ, ਪਰ ਉਹ ਹੁਣ ਉੱਥੇ ਨਹੀਂ ਹੈ। ਪੁਲਸ ਵਾਲਾ ਬੋਲਿਆ, ਥੋਡੀ ਕਾਰ ਗਈ ਗੋਬਿੰਦਗੜ੍ਹ।ਉਸ ਦੇ ਵਿਅੰਗਮਈ ਉੱਤਰ ਤੋਂ ਅਣਜਾਣ ਮੈਂ ਪੁੱਛਿਆ, ਗੋਬਿੰਦਗੜ੍ਹ ਦਾ ਨੰਬਰ ਦੇ ਦਿਓ ਜੀ। ਅਸੀਂ ਫੋਨ ਕਰਕੇ ਪਤਾ ਕਰ ਲੈਨੇ ਆ। ਮੈਨੂੰ ਲੱਗਿਆ ਸ਼ਾਇਦ ਗੋਬਿੰਦਗੜ੍ਹ ਪੁਲਸ ਦੀ ਕਾਰਾਂ ਟੋਅ ਕਰਨ ਤੇ ਡਿਊਟੀ ਲੱਗੀ ਹੋਵੇਗੀ।ਪਰ ਪੁਲਸ ਵਾਲੇ ਦਾ ਇਸ਼ਾਰਾ ਸਾਡੀ ਕਾਰ ਚੋਰੀ ਹੋਣ ਵੱਲ ਸੀ।ਸ਼ਰਾਰਤੀ ਮੁਸਕਰਾਹਟ ਨਾਲ ਪੁਲਸ ਵਾਲਾ ਬੋਲਿਆ, ਸਾਡੇ ਕੋਲ ਉਹਨਾਂ ਦਾ ਕੋਈ ਨੰਬਰ ਨਹੀਂ। ਮੈਂ ਥੋੜ੍ਹਾ ਖਰਵੇਂ ਰੁੱਖ ਨਾਲ ਕਿਹਾ-ਜਨਾਬ ਤੁਸੀਂ ਕਹਿ ਕੇ ਕਾਰ ਪਾਰਕ ਕਰਵਾਈ ਆ। ਤੁਹਾਡੇ ਨਾਕੇ ਕੋਲੋਂ ਐਂ ਕਾਰ ਕਿਵੇਂ ਗਾਇਬ ਹੋ ਗਈ? ਫਿਰ ਪੁਲਸ ਵਾਲਾ ਬੋਲਿਆ-ਅੱਛਾ ਉੱਥੇ ਖੜਾਈ ਸੀ ਤੁਸੀਂ ਕਾਰ! ਇੱਥੋਂ ਅੱਠ ਦਸ ਕਾਰਾਂ ਅਸੀਂ ਟੋਅ ਕੀਤੀਆਂ ਨੇ।ਮੈਂ ਕਿਹਾ, ਜਨਾਬ ਕਿਹੜੇ-ਕਿਹੜੇ ਨੰਬਰ ਦੀਆਂ ਕਾਰਾਂ ਟੋਅ ਕੀਤੀਆਂ ਨੇ? ਨੰਬਰ ਨੁੰਬਰ ਨਹੀਂ ਸਾਨੂੰ ਪਤਾ। ਤੁਸੀਂ ਐਂ ਕਰੋ ਇੱਥੋਂ ਦੋ ਕੁ ਸੌ ਮੀਟਰ 'ਤੇ ਜੈਨ ਧਰਮਸ਼ਾਲਾ 'ਚ ਵੇਖ ਲਵੋ। ਇੱਥੋਂ ਵਾਲੀਆਂ ਸਾਰੀਆਂ ਕਾਰਾਂ ਉੱਥੇ ਪਾਰਕ ਕੀਤੀਆਂ ਨੇ ਟੋਅ ਕਰਕੇ।

ਔਰਤ ਮੈਂਬਰਾਂ ਨੂੰ ਉੱਥੇ ਹੀ ਬਿਠਾ ਅਸੀਂ ਪੁੱਛਦੇ ਪੁਛਾਉਂਦੇ ਜੈਨ ਧਰਮਸ਼ਾਲਾ ਕੋਲ ਪਹੁੰਚ ਗਏ। ਸਕਿਉਰਟੀ ਗਾਰਡ ਨੇ ਉੱਥੇ ਕਾਲੋਨੀ ਦੇ ਮੂਹਰੇ ਛੱਡੀ ਖਾਲੀ ਜਗ੍ਹਾ 'ਚ ਖੜੀਆਂ ਕਾਰਾਂ ਵੱਲ ਇਸ਼ਾਰਾ ਕਰਦੇ ਕਿਹਾ, ਇੱਥੋਂ ਲੱਭ ਲਵੋ।ਕਾਰ ਲਭਦੇ ਨੂੰ ਮੈਨੂੰ ਕੁਝ ਦਿਨ ਪਹਿਲਾਂ ਰਾਤ ਨੂੰ ਆਇਆ ਸੁਪਨਾ ਸੱਚ ਹੁੰਦਾ ਪ੍ਰਤੀਤ ਹੋ ਰਿਹਾ ਸੀ। ਸੁਪਨੇ ਵਿੱਚ ਮੇਰੀ ਕਾਰ ਗਵਾਚ ਗਈ ਸੀ, ਅਤੇ ਮੈਂ ਲਭਦਾ ਫਿਰ ਰਿਹਾ ਸੀ, ਪਰ ਅਚਾਨਕ ਮੇਰੀ ਅੱਖ ਖੁੱਲਦੀ ਹੈ ਅਤੇ ਮੈਂ ਯਾਦ ਕਰਦਾ ਹਾਂ ਕਿ ਮੇਰੀ ਕਾਰ ਤਾਂ ਪੋਰਚ ਵਿਚ ਖੜੀ ਹੈ, ਪਰ ਅੱਜ ਮੈਨੂੰ ਲਗਦਾ ਸੀ ਕਿ ਉਹ ਸੁਪਨਾ ਸੱਚ ਹੋ ਗਿਆ। ਮੈਨੂੰ ਲੱਗ ਰਿਹਾ ਸੀ ਕਿ ਕਾਰ ਨਹੀਂ ਮਿਲੇਗੀ, ਪਰ ਅਚਾਨਕ ਹੀ ਸਾਡੀ ਨਿਗਾਹ ਸਾਡੀ ਸੰਤਾਲੀ ਬਿਆਲੀ ਨੰਬਰ ਸਵਿਫ਼ਟ ਕਾਰ 'ਤੇ ਪੈਂਦੀ ਹੈ।ਕਾਰ 'ਤੇ ਕੱਪੜਾ ਮਾਰ ਅਸੀਂ ਵਾਇਆ ਪਟਿਆਲਾ-ਬਰਨਾਲਾ ਲਈ ਚਾਲੇ ਪਾ ਦਿੱਤੇ। ਰਸਤੇ ਵਿੱਚ ਮੈਂ ਇਹੋ ਸੋਚਦਾ ਆਇਆ ਕਿ ਆਖਰ ਸਾਡੀ ਪੰਜਾਬ ਪੁਲਸ ਜਨਤਾ ਦੇ ਸੇਵਕ ਵਜੋਂ ਕਦੋਂ ਵਿਚਰਨ ਲੱਗੇਗੀ? ਫ਼ਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ 'ਤੇ ਲਾਸਾਨੀ ਸ਼ਹਾਦਤ ਨੂੰ ਨਤਮਸਤਕ ਹੋਣ ਆਏ ਲੋਕਾਂ ਨਾਲ ਵੀ ਪੁਲਸ ਖਰਵਾਂ ਵਿਹਾਰ ਕਰਨ ਤੋਂ ਕਿਉਂ ਨਹੀਂ ਹਟ ਰਹੀ?

**# ਸੰਪਰਕ : 98796-05965**

# ਮਾਰਕ ਕਾਰਨੀ ਦਾ ਭਾਰਤ ਦੌਰਾ

ਕੈਨੇਡਾ ਦੇ ਪ੍ਰਧਾਨ ਮੰਤਰੀ, ਮਾਰਕ ਕਾਰਨੀ 26 ਫਰਵਰੀ ਤੋਂ 7 ਮਾਰਚ ਤੱਕ ਭਾਰਤ, ਆਸਟ੍ਰੇਲੀਆ ਅਤੇ ਜਾਪਾਨ ਦੀ ਯਾਤਰਾ ਕਰਨਗੇ, ਤਾਂ ਜੋ ਵਪਾਰ, ਊਰਜਾ, ਤਕਨਾਲੋਜੀ ਅਤੇ ਰੱਖਿਆ ਵਿੱਚ ਕੈਨੇਡੀਅਨ ਕਾਮਿਆਂ ਅਤੇ ਕਾਰੋਬਾਰਾਂ ਲਈ ਨਵੇਂ ਮੌਕੇ ਖੋਲ੍ਹੇ ਜਾ ਸਕਣ। ਕੈਨੇਡਾ ਦੇ ਤਿੰਨ ਸਭ ਤੋਂ ਮਜ਼ਬੂਤ ਇੰਡੋ-ਪੈਸੀਫਿਕ ਭਾਈਵਾਲਾਂ ਦੇ ਇਨ੍ਹਾਂ ਦੌਰਿਆਂ ਰਾਹੀਂ ਪ੍ਰਧਾਨ ਮੰਤਰੀ ਖੇਤਰੀ ਸੰਬੰਧਾਂ ਨੂੰ ਹੋਰ ਡੂੰਘਾ ਕਰਨਗੇ, ਜੋ ਕੈਨੇਡੀਅਨ ਸੁਰੱਖਿਆ ਅਤੇ ਖੁਸ਼ਹਾਲੀ ਲਈ ਮਹੱਤਵਪੂਰਨ ਹਨ।

ਪ੍ਰਧਾਨ ਮੰਤਰੀ ਕਾਰਨੀ ਪਹਿਲਾਂ ਮੁੰਬਈ, ਫਿਰ ਨਵੀਂ ਦਿੱਲੀ ਦਾ ਦੌਰਾ ਕਰਨਗੇ, ਜਿੱਥੇ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਮੁਲਾਕਾਤ ਕਰਨਗੇ। ਨੇਤਾ ਵਪਾਰ, ਊਰਜਾ, ਤਕਨਾਲੋਜੀ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ), ਪ੍ਰਤਿਭਾ ਅਤੇ ਸੱਭਿਆਚਾਰ ਅਤੇ ਰੱਖਿਆ ਵਿੱਚ ਮਹੱਤਵਾਕਾਂਖੀ ਨਵੀਂਆਂ ਭਾਈਵਾਲੀ ਦੇ ਨਾਲ ਕੈਨੇਡਾ-ਭਾਰਤ ਸਬੰਧਾਂ ਨੂੰ ਉੱਚਾ ਚੁੱਕਣ ਅਤੇ ਹੋਰ ਵਧਾਉਣ ਦੇ ਨਾਲ-ਨਾਲ ਸੁਖਾਵਾਂ ਬਣਾਉਣ 'ਤੇ ਧਿਆਨ ਕੇਂਦਰਤ ਕਰਨਗੇ। ਉਹ ਕੈਨੇਡਾ ਵਿੱਚ ਨਿਵੇਸ਼ ਦੇ ਮੌਕਿਆਂ ਦੀ ਪਛਾਣ ਕਰਨ ਅਤੇ ਦੋਵਾਂ ਦੇਸ਼ਾਂ ਵਿੱਚ ਕਾਰੋਬਾਰਾਂ ਵਿਚਕਾਰ ਨਵੀਂ ਭਾਈਵਾਲੀ ਬਣਾਉਣ ਲਈ ਵਪਾਰਕ ਨੇਤਾਵਾਂ ਨਾਲ ਮੁਲਾਕਾਤ ਕਰਨਗੇ।ਕਾਰਨੀ ਦਾ ਕਹਿਣਾ ਹੈ ਕਿ ਕੈਨੇਡਾ ਕੋਲ ਉਹ ਹੈ, ਜੋ ਦੁਨੀਆ ਚਾਹੁੰਦੀ ਹੈ - ਭਰਪੂਰ ਊਰਜਾ, ਮਹੱਤਵਪੂਰਨ ਖਣਿਜ, ਤਕਨਾਲੋਜੀ ਵਿੱਚ ਮੁਹਾਰਤ ਅਤੇ ਵਿਸ਼ਵ ਪੱਧਰੀ ਪ੍ਰਤਿਭਾ। ਬਦਲਦੀ ਦੁਨੀਆਂ ਵਿੱਚ ਅਸੀਂ ਆਪਣੀ ਤਾਕਤ ਵਿੱਚ ਨਿਵੇਸ਼ ਕਰ ਰਹੇ ਹਾਂ, ਆਪਣੇ ਵਪਾਰ ਵਿੱਚ ਵਿਭਿੰਨਤਾ ਲਿਆ ਰਹੇ ਹਾਂ ਅਤੇ ਕੈਨੇਡਾ ਨੂੰ ਮਜ਼ਬੂਤ ਬਣਾਉਣ ਲਈ ਦੁਨੀਆ ਭਰ ਵਿੱਚ ਨਵੇਂ ਸੰਬੰਧਾਂ ਨਾਲ ਵਪਾਰ ਦੇ ਨਾਲ-ਨਾਲ ਦੋਸਤੀ ਨੂੰ ਵੀ ਮਜ਼ਬੂਤ ਕਰ ਰਹੇ ਹਨ ਹਾਂ। ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਕਿਹਾ-ਇੱਕ ਹੋਰ ਅਨਿਸਚਿਤ ਦੁਨੀਆਂ ਵਿੱਚ ਕੈਨੇਡਾ ਇਸ ਗੱਲ 'ਤੇ ਕੇਂਦ੍ਰਿਤ ਹੈ ਕਿ ਅਸੀਂ ਕੀ ਕੰਟਰੋਲ ਕਰ ਸਕਦੇ ਹਾਂ। ਅਸੀਂ ਆਪਣੇ ਵਪਾਰ ਵਿੱਚ ਵਿਭਿੰਨਤਾ ਲਿਆ ਰਹੇ ਹਾਂ ਅਤੇ ਆਪਣੇ ਕਾਮਿਆਂ ਅਤੇ ਕਾਰੋਬਾਰਾਂ ਲਈ ਨਵੇਂ ਮੌਕੇ ਪੈਦਾ ਕਰਨ ਲਈ ਵੱਡੇ ਪੱਧਰ 'ਤੇ ਨਵੇਂ ਨਿਵੇਸ਼ ਨੂੰ ਆਕਰਸ਼ਿਤ ਕਰ ਰਹੇ ਹਾਂ। ਭਾਰਤ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਪ੍ਰਮੁੱਖ ਅਰਥ ਵਿਵਸਥਾ ਹੈ ਅਤੇ ਵਿਸ਼ਵ ਵਪਾਰ ਅਤੇ ਤਕਨਾਲੋਜੀ ਵਿੱਚ ਇੱਕ ਸ਼ਕਤੀਸ਼ਾਲੀ ਦੇਸ਼ ਹੈ। 2024 ਵਿੱਚ ਭਾਰਤ ਕੈਨੇਡਾ ਦਾ ਸੱਤਵਾਂ ਸਭ ਤੋਂ ਵੱਡਾ ਵਸਤੂਆਂ ਅਤੇ ਸੇਵਾਵਾਂ ਵਪਾਰਕ ਭਾਈਵਾਲ ਸੀ, ਜਿਸ ਦਾ ਦੋ-ਪੱਖੀ ਵਪਾਰ £3018 ਬਿਲੀਅਨ ਤੱਕ ਪਹੁੰਚਿਆ।

ਪਿਛਲੇ ਸਾਲ ਦੇ ਜੀ 20 ਲੀਡਰਸ ਸੰਮੇਲਨ ਵਿੱਚ ਕੈਨੇਡਾ ਅਤੇ ਭਾਰਤ ਇੱਕ ਮਹੱਤਵਕਾਂਖੀ ਵਿਆਪਕ ਆਰਥਿਕ ਭਾਈਵਾਲੀ ਸਮਝੌਤੇ ਲਈ ਰਸਮੀ ਤੌਰ 'ਤੇ ਗੱਲਬਾਤ ਸ਼ੁਰੂ ਕਰਨ ਲਈ ਸਹਿਮਤ ਹੋਏ ਸਨ, ਜੋ 2030 ਤੱਕ ਦੋ-ਪੱਖੀ ਵਪਾਰ ਨੂੰ ਦੁੱਗਣਾ ਕਰਕੇ £70 ਬਿਲੀਅਨ ਕਰਨ ਦੇ ਕੈਨੇਡਾ ਦੇ ਟੀਚੇ ਦਾ ਸਮਰਥਨ ਕਰੇਗਾ।



ਸੁਰਜੀਤ ਸਿੰਘ ਫਲੋਰਾ

ਪਿਛਲੀ ਪਤਝੜ ਵਿੱਚ, ਜੀ20 ਲੀਡਰਸ ਸੰਮੇਲਨ ਦੇ ਹਾਸ਼ੀਏ 'ਤੇ ਕੈਨੇਡਾ ਅਤੇ ਭਾਰਤ ਨੇ ਮਹੱਤਵਪੂਰਨ ਅਤੇ ਉੱਭਰ ਰਹੀਆਂ ਤਕਨਾਲੋਜੀਆਂ 'ਤੇ ਰਣਨੀਤਕ ਸਹਿਯੋਗ ਨੂੰ ਡੂੰਘਾ ਕਰਨ ਅਤੇ ਸਪਲਾਈ ਚੇਨਾਂ ਦੀ ਵਿਭਿੰਨਤਾ ਨੂੰ ਇੱਕ ਸੁਰੱਖਿਅਤ, ਟਿਕਾਊ ਅਤੇ ਲਚਕੀਲੇ ਭਵਿੱਖ ਵੱਲ ਵਧਾਉਣ ਲਈ ਇੱਕ ਨਵੀਂ ਤਿਕੋਣੀ ਤਕਨਾਲੋਜੀ ਅਤੇ ਨਵੀਨਤਾ ਭਾਈਵਾਲੀ ਵਿੱਚ ਪ੍ਰਵੇਸ਼ ਕੀਤਾ।ਇਹ ਦੌਰਾ ਯੋਜਨਾਬੰਦੀ ਦੇ ਇੱਕ ਉੱਨਤ ਪੜਾਅ ਵਿੱਚ ਹੈ - ਸਮਾਂ ਦੋਵਾਂ ਪਾਸਿਆਂ 'ਤੇ ਮਹੱਤਵਪੂਰਨ ਦੋਸਤੀ ਦਾ ਸੰਕੇਤ ਦਿੰਦਾ ਹੈ, ਜਿਵੇਂ ਕਿ ਇੱਕ ਸੀਨੀਅਰ ਭਾਰਤੀ ਡਿਪਲੋਮੈਟ ਨੇ ਇਹ ਦੱਸਿਆ- ਟੀਚਾ ਕਈ ਫਾਈਲਾਂ ਵਿੱਚ ਵਿਹਾਰਕ ਤਰੱਕੀ ਹੈ, ਨਾ ਕਿ ਸੌੜੀ ਸੋਚ ਨਾਲ ਭਰਿਆ ਇੱਕ ਲੰਮਾ ਦੌਰਾ।

ਯੋਜਨਾਬੰਦੀ ਦੇ ਵੇਰਵੇ ਅਨੁਸਾਰ ਉਨ੍ਹਾ ਦੇ ਨਾਲ ਉਨ੍ਹਾ ਦੀ ਪਤਨੀ ਡਾਇਨਾ ਫੌਕਸ ਕਾਰਨੀ ਦੇ ਨਾਲ-ਨਾਲ ਵਿਦੇਸ਼ ਮੰਤਰੀ ਅਨੀਤਾ ਆਨੰਦ ਅਤੇ ਵਿੱਤ ਮੰਤਰੀ ਫ੍ਰਾਂਸਵਾ ਫਿਲਪ ਸ਼ੈਂਪੇਨ ਅਤੇ ਸੰਭਵ ਤੌਰ 'ਤੇ ਹੋਰਾਂ ਸਮੇਤ ਕਈ ਕੈਬਨਿਟ ਮੈਂਬਰਾਂ ਦੇ ਆਉਣ ਦੀ ਉਮੀਦ ਹੈ।ਇਹ ਯਾਤਰਾ ਪ੍ਰਤੀਕਾਤਮਕ ਭਾਰ ਵੀ ਰੱਖਦੀ ਹੈ। ਇਹ ਅੱਠ ਸਾਲਾਂ ਵਿੱਚ ਕਿਸੇ ਕੈਨੇਡੀਅਨ ਪ੍ਰਧਾਨ ਮੰਤਰੀ ਦਾ ਭਾਰਤ ਦਾ ਪਹਿਲਾ ਦੁਵੱਲਾ ਦੌਰਾ ਹੋਵੇਗਾ। ਜਸਟਿਨ ਟਰੂਡੋ ਦਾ ਫਰਵਰੀ 2018 ਦਾ ਦੌਰਾ 11 ਦਿਨ ਚੱਲਿਆ ਅਤੇ ਇੱਕ ਸੱਦਾ ਦਿੱਤੇ ਗਏ ਮਹਿਮਾਨ ਜਸਪਾਲ ਅਟਵਾਲ ਦੇ ਇੱਕ ਅਧਿਕਾਰਤ ਰਿਸੈਪਸ਼ਨ ਵਿੱਚ ਪ੍ਰਗਟ ਹੋਣ ਤੋਂ ਬਾਅਦ ਇੱਕ ਚੇਤਾਵਨੀ ਵਾਲੀ ਕਹਾਣੀ ਬਣ ਗਿਆ ਅਤੇ ਨੀਤੀਗਤ ਟੀਚਿਆਂ ਤੋਂ ਭਟਕ ਗਿਆ ਸੀ। ਕਾਰਨੀ ਦਾ ਯੋਜਨਾਬੱਧ ਛੋਟਾ, ਕੇਂਦਰਤ, ਅਤੇ ਮਾਣ-ਸਨਮਾਨ ਵਪਾਰ 'ਤੇ ਧਿਆਨ ਕੇਂਦਰਤ ਕਰਨ ਲਈ ਤਿਆਰ ਕੀਤਾ ਗਿਆ ਜਾਪਦਾ ਹੈ। ਕਾਰਨੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 2025 ਵਿੱਚ ਦੋ ਵਾਰ ਮਿਲੇ ਸਨ, ਪਹਿਲਾਂ ਜੂਨ ਵਿੱਚ ਕਨਾਨਾਸਕਿਸ ਵਿੱਚ ਜੀ-7 ਲੀਡਰਸ ਸੰਮੇਲਨ ਵਿੱਚ ਫਿਰ ਨਵੰਬਰ ਵਿੱਚ ਜੋਹਾਨਸਬਰਗ ਵਿੱਚ ਜੀ-20 ਦੇ ਹਾਸ਼ੀਏ 'ਤੇ। ਮੋਦੀ ਦਾ ਕਨਾਨਾਸਕਿਸ ਸਟਾਪ ਬਹੁਪੱਖੀ ਸੀ ਅਤੇ ਕੈਨੇਡਾ ਦੀ ਉਨ੍ਹਾਂ ਦੀ ਆਖਰੀ ਸਟੈਂਡਅਲੋਨ ਦੁਵੱਲੀ ਯਾਤਰਾ ਬਸੰਤ 2015 ਵਿੱਚ ਸੀ, ਜਦੋਂ ਸਟੀਫਨ ਹਾਰਪਰ ਪ੍ਰਧਾਨ ਮੰਤਰੀ ਸਨ। ਦੂਜੇ ਸ਼ਬਦਾਂ ਵਿੱਚ, ਦੋਵੇਂ ਧਿਰਾਂ ਲਗਾਤਾਰ ਉੱਚ-ਪੱਧਰੀ ਦੌਰਿਆਂ ਦੀ ਹਾਲੀਆ ਤਾਲ ਤੋਂ ਬਿਨਾਂ ਕੰਮ ਕਰ ਰਹੀਆਂ ਹਨ, ਪੁਰਾਣੇ ਦੁਵੈਸ਼ਾਂ, ਮਨ-ਮੁਟਾਵਾਂ ਨੂੰ ਦੂਰ ਰੱਖ ਕੇ ਬਹੁਤ ਚੰਗੇ ਸੰਬੰਧਾਂ ਦੀ ਉਮੀਦ ਜਗਾ ਰਹੇ ਹਨ।

ਜੂਨ 2025 ਦੀ ਜੀ 7 ਮੀਟਿੰਗ ਮਾਇਨੇ ਰੱਖਦੀ ਸੀ, ਕਿਉਂਕਿ ਕਾਰਨੀ ਦੇ ਮੋਦੀ ਨੂੰ ਸੱਦੇ ਨੇ ਸੁਰ ਵਿੱਚ ਰੀਸੈਟ ਦਾ ਸੰਕੇਤ ਦਿੱਤਾ ਸੀ। ਇਸ ਨੇ ਸੁਝਾਅ ਦਿੱਤਾ ਕਿ ਕੈਨੇਡਾ ਵਪਾਰ ਅਤੇ ਸੁਰੱਖਿਆ ਦੇ ਪਾਰ ਦੁਬਾਰਾ ਗੱਲ ਕਰਨਾ ਚਾਹੁੰਦਾ ਸੀ, ਘੱਟ ਜਨਤਕ ਘਿਰਣਾ ਦੇ ਸੰਕੇਤਾਂ ਦੇ ਨਾਲ। ਫਿਰ ਨਵੰਬਰ 2025 ਦੀ ਜੋਹਾਨਸਬਰਗ ਮੀਟਿੰਗ ਨੇ ਢਾਂਚਾ ਜੋੜਿਆ। ਉਸ ਗੱਲਬਾਤ ਤੋਂ ਬਾਅਦ ਦੋਵਾਂ ਧਿਰਾਂ ਨੇ ਦੁਵੱਲੀ ਗੱਲਬਾਤ ਵੱਲ ਵਧਣ ਬਾਰੇ ਗੱਲ ਕੀਤੀ, ਜਿਸ ਨਾਲ ਅਧਿਕਾਰੀਆਂ ਨੂੰ ਇੱਕ ਸਪੱਸ਼ਟ ਦਿਸ਼ਾ ਮਿਲੀ। ਇਸ ਤਰ੍ਹਾਂ ਦੀ ਲੀਡਰ-ਪੱਧਰ ਦੀ ਹਦਾਇਤ ਠੱਪ ਪਈਆਂ ਫਾਈਲਾਂ ਨੂੰ ਤੇਜ਼ ਕਰ ਸਕਦੀ ਹੈ। ਨੌਕਰਸ਼ਾਹੀ ਅਕਸਰ ਰਿਆਇਤਾਂ ਦਾ ਵਪਾਰ ਕਰਨ, ਸਮਾਂ-ਸੀਮਾਵਾਂ ਸਾਂਝੀਆਂ ਕਰਨ ਜਾਂ ਰੁਕੇ ਹੋਏ ਕਾਰਜ ਸਮੂਹਾਂ ਨੂੰ ਦੁਬਾਰਾ ਖੋਲ੍ਹਣ ਤੋਂ ਪਹਿਲਾਂ ਰਾਜਨੀਤਕ ਕਵਰ ਦੀ ਉਡੀਕ ਕਰਦੀ ਹੈ। ਕਾਰਨੀ ਅਤੇ ਮੋਦੀ ਦੀ ਇੱਕ ਸਾਲ ਵਿੱਚ ਦੋ ਵਾਰ ਮੁਲਾਕਾਤ ਦੇ ਨਾਲ ਸੁਨੇਹਾ ਪੜ੍ਹਨਾ ਆਸਾਨ ਹੋ ਜਾਂਦਾ ਹੈ: ਗੱਲਬਾਤ ਨੂੰ ਸੀਮਤ ਰੱਖੋ, ਅਨੁਸ਼ਾਸਿਤ ਰਹੋ ਅਤੇ ਪ੍ਰਗਤੀ ਦਿਖਾਓ, ਜਿਸ ਨੂੰ ਘਰ ਵਿੱਚ ਸਮਝਾਇਆ ਜਾ ਸਕਦਾ ਹੈ। ਦੋ ਦਿਨਾਂ ਦੀ ਫੇਰੀ ਅਜੇ ਵੀ ਮਾਇਨੇ ਰੱਖ ਸਕਦੀ ਹੈ, ਜੇਕਰ ਇਹ ਲਿਖਤੀ ਨਤੀਜੇ ਪੈਦਾ ਕਰਦੀ ਹੈ। ਉਨ੍ਹਾਂ ਨਤੀਜਿਆਂ ਵਿੱਚ ਸਾਂਝੇ ਬਿਆਨ, ਗੱਲਬਾਤ ਲਈ ਇੱਕ ਕੈਲੰਡਰ, ਜਾਂ ਨਾਮਿਤ ਲੀਡਾਂ ਵਾਲੇ ਨਵੇਂ ਕਾਰਜ ਸਮੂਹ ਸ਼ਾਮਲ ਹੋ ਸਕਦੇ ਹਨ। ਪਟਨਾਇਕ ਦਾ ਪੇਸ਼ੇਵਰ ਅਤੇ ਕਾਰੋਬਾਰੀ ਫਰੇਮਿੰਗ ਵੀ ਉਮੀਦਾਂ ਨਿਰਧਾਰਤ ਕਰਦਾ ਹੈ। ਘੱਟ ਸਮਾਰੋਹ ਬੰਦ ਦਰਵਾਜ਼ੇ ਦੀਆਂ ਮੀਟਿੰਗਾਂ ਲਈ ਵਧੇਰੇ ਜਗ੍ਹਾ ਛੱਡਦਾ ਹੈ ਜਿੱਥੇ ਸਮਝੌਤੇ ਤਿਆਰ ਕੀਤੇ ਜਾਂਦੇ ਹਨ।

ਕੈਨੇਡਾ ਸੇਵਾਵਾਂ ਅਤੇ ਨਿਵੇਸ਼ ਲਈ ਵਧੇਰੇ ਪਹੁੰਚ ਚਾਹੁੰਦਾ ਹੈ ਅਤੇ ਇਹ ਅਨੁਮਾਨਯੋਗ ਮਾਪਦੰਡ ਵੀ ਚਾਹੁੰਦਾ ਹੈ, ਜੋ ਨਿਰਯਾਤਕਾਂ ਲਈ ਘਿਰਣਾ ਨੂੰ ਘਟਾਉਂਦੇ ਹਨ। ਭਾਰਤ ਭਰੋਸੇਯੋਗ ਭਾਈਵਾਲ, ਨਵੀਂ ਪੂੰਜੀ ਅਤੇ ਤਕਨਾਲੋਜੀ ਸਹਿਯੋਗ ਚਾਹੁੰਦਾ ਹੈ, ਜਦੋਂ ਕਿ ਅਜੇ ਵੀ ਸੰਵੇਦਨਸ਼ੀਲ ਘਰੇਲੂ ਉਦਯੋਗਾਂ ਦੀ ਰੱਖਿਆ ਕਰਦਾ ਹੈ। ਜਿਵੇਂ ਕਿ ਸੰਭਾਵਤ ਫੋਕਸ ਖੇਤਰਾਂ ਵਿੱਚ ਸੇਵਾਵਾਂ, ਨਿਵੇਸ਼ ਨਿਯਮ, ਉਤਪਾਦ ਮਿਆਰ, ਡਿਜੀਟਲ ਵਪਾਰ ਨਿਯਮ ਅਤੇ ਚੋਣਵੇਂ ਸਮਾਨ ਲਈ ਆਸਾਨ ਮਾਰਕੀਟ ਪਹੁੰਚ ਸ਼ਾਮਲ ਹੈ। ਉਦਾਹਰਨ ਲਈ ਕੈਨੇਡੀਅਨ ਸਾਫ਼-ਤਕਨੀਕੀ ਹਿੱਸੇ ਅਤੇ ਇੰਜੀਨੀਅਰਿੰਗ ਸੇਵਾਵਾਂ ਨਵੇਂ ਪ੍ਰੋਜੈਕਟ ਲੱਭ ਸਕਦੀਆਂ ਹਨ। ਭਾਰਤੀ ਸਿੱਖਿਆ ਸੇਵਾਵਾਂ ਅਤੇ ਡਿਜੀਟਲ ਫਰਮਾਂ ਸਪੱਸ਼ਟ ਸੰਚਾਲਨ ਨਿਯਮਾਂ ਲਈ ਜ਼ੋਰ ਦੇ ਸਕਦੀਆਂ ਹਨ। ਜਦੋਂ ਨਿਰੀਖਣ ਨਿਯਮ ਅਤੇ ਮਿਆਰ ਇਕਸਾਰ ਹੁੰਦੇ ਹਨ ਤਾਂ ਖੇਤੀਬਾੜੀ-ਭੋਜਨ ਵਪਾਰ ਦਾ ਵਿਸਤਾਰ ਹੋ ਸਕਦਾ ਹੈ। ਜਦ ਕਿ ਯੂਨੀਵਰਸਿਟੀਆਂ ਅਤੇ ਖੋਜ ਪ੍ਰਯੋਗਸ਼ਾਲਾਵਾਂ ਵਪਾਰ ਵਾਰਤਾਕਾਰਾਂ ਨਾਲੋਂ ਤੇਜ਼ੀ ਨਾਲ ਅੱਗੇ ਵਧ ਸਕਦੀਆਂ ਹਨ। ਨਵੇਂ ਸਕਾਲਰਸ਼ਿਪ ਲਿੰਕ, ਸੰਯੁਕਤ ਖੋਜ ਕਾਲਾਂ ਅਤੇ ਲੈਬ-ਟੂ-ਲੈਬ ਸਾਂਝੇਦਾਰੀ ਮਹੀਨਿਆਂ ਦੇ ਅੰਦਰ ਸ਼ੁਰੂ ਹੋ ਸਕਦੀਆਂ ਹਨ। ਵਿਦਿਆਰਥੀ ਗਤੀਸ਼ੀਲਤਾ ਵੀ ਮਾਇਨੇ ਰੱਖਦੀ ਹੈ, ਕਿਉਂਕਿ ਇਹ ਫਰਮਾਂ, ਵਿਗਿਆਨੀ ਅਤੇ ਜਨਤਕ ਸੇਵਕਾਂ ਵਿਚਕਾਰ ਲੰਮੇ ਸਮੇਂ ਦੇ ਸੰਬੰਧਾਂ ਨੂੰ ਆਕਾਰ ਦਿੰਦੀ ਹੈ।ਕੈਨੇਡਾ ਕੋਲ ਵੱਡੀ ਸਰੋਤ ਸਮਰੱਥਾ ਅਤੇ ਪ੍ਰੋਜੈਕਟ ਗਿਆਨ ਹੈ। ਭਾਰਤ ਕੋਲ ਪੈਮਾਨਾ, ਮੰਗ ਵਿਕਾਸ ਅਤੇ ਸਪਲਾਇਰਾਂ ਨੂੰ ਵਿਭਿੰਨ ਬਣਾਉਣ ਦੀ ਜ਼ਰੂਰਤ ਹੈ। ਉਹ ਮੇਲ ਭਰੋਸੇਯੋਗ ਘੋਸ਼ਣਾਵਾਂ ਪੈਦਾ ਕਰ ਸਕਦਾ ਹੈ, ਪਰ ਸਿਰਫ਼ ਤਾਂ ਹੀ ਜੇਕਰ ਦੋਵੇਂ ਧਿਰਾਂ ਸਥਿਰ ਨਿਯਮ ਅਤੇ ਪਰਮਿਟਾਂ ਅਤੇ ਪਾਲਣਾ ਦੇ ਕਦਮਾਂ ਰਾਹੀਂ ਇੱਕ ਸਪੱਸ਼ਟ ਰਸਤਾ ਪ੍ਰਦਾਨ ਕਰਦੀਆਂ ਹਨ।

ਇੱਥੇ ਮੁੰਬਈ ਦੀ ਭੂਮਿਕਾ ਮਾਇਨੇ ਰੱਖਦੀ ਹੈ। ਨਿੱਜੀ ਫਰਮਾਂ ਪੈਸਾ ਵਚਨਬੱਧ ਕਰ ਸਕਦੀਆਂ ਹਨ, ਮੈਮੋਰੰਡਮ 'ਤੇ ਦਸਤਖਤ ਕਰ ਸਕਦੀਆਂ ਹਨ ਅਤੇ ਸਾਂਝੇ ਉੱਦਮ ਸਥਾਪਤ ਕਰ ਸਕਦੀਆਂ ਹਨ, ਜਿਨ੍ਹਾਂ ਸਰਕਾਰਾਂ ਇੱਕ ਪੂਰਾ ਵਪਾਰ ਸਮਝੌਤਾ ਪੂਰਾ ਕਰ ਸਕਦੀਆਂ ਹਨ। ਜੇਕਰ ਇਹ ਯਾਤਰਾ ਨਵੀਂ ਦਿੱਲੀ ਨੀਤੀ ਦਿਸ਼ਾ ਨੂੰ ਮੁੰਬਈ ਵਪਾਰਕ ਵਚਨਬੱਧਤਾਵਾਂ ਨਾਲ ਜੋੜਦੀ ਹੈ, ਤਾਂ ਨਤੀਜਿਆਂ ਨੂੰ ਮਾਪਣਾ ਆਸਾਨ ਹੋ ਜਾਂਦਾ ਹੈ।ਜਦ ਕਿ ਊਰਜਾ ਸਹਿਯੋਗ ਅਕਸਰ ਤਿੰਨ ਹਿੱਸਿਆਂ ਵਿੱਚ ਵੰਡਿਆ ਜਾਂਦਾ ਹੈ: ਪਰਮਾਣੂ ਸਹਿਯੋਗ ਅਤੇ ਸੁਰੱਖਿਆ, ਤੇਲ ਅਤੇ ਗੈਸ ਸਪਲਾਈ ਅਤੇ ਨਿਵੇਸ਼ ਅਤੇ ਬੈਟਰੀਆਂ ਅਤੇ ਨਿਰਮਾਣ ਲਈ ਮਹੱਤਵਪੂਰਨ ਖਣਿਜ। ਇਲੈਕਟ੍ਰਿਕ ਵਾਹਨਾਂ, ਪਾਵਰ ਗਰਿੱਡਾਂ ਅਤੇ ਰੱਖਿਆ ਸਪਲਾਈ ਚੇਨਾਂ ਦੇ ਹਿੱਸਿਆਂ ਲਈ ਮਹੱਤਵਪੂਰਨ ਖਣਿਜ ਮਾਇਨੇ ਰੱਖਦੇ ਹਨ। ਇਹ ਇਸ ਲਈ ਵੀ ਮਾਇਨੇ ਰੱਖਦੇ ਹਨ, ਕਿਉਂਕਿ ਦੇਸ਼ ਘੱਟ ਚੋਕ ਪੁਆਇੰਟ ਅਤੇ ਵਧੇਰੇ ਭਰੋਸੇਮੰਦ ਸਪਲਾਇਰ ਚਾਹੁੰਦੇ ਹਨ। ਖੇਤੀ-ਭੋਜਨ ਵੀ ਨੇੜੇ-ਮਿਆਦ ਦੀ ਤਰੱਕੀ ਪੈਦਾ ਕਰ ਸਕਦੇ ਹਨ। ਭਾਰਤ ਨੂੰ ਖੁਰਾਕ ਸੁਰੱਖਿਆ ਅਤੇ ਸਥਿਰ ਸਪਲਾਈ ਦੀ ਪਰਵਾਹ ਹੈ। ਕੈਨੇਡਾ ਕੋਲ ਦਾਲਾਂ ਅਤੇ ਅਨਾਜ ਵਿੱਚ ਤਾਕਤ ਹੈ, ਜਦੋਂ ਕਿ ਦੋਵੇਂ ਧਿਰਾਂ ਕੋਲਡ-ਚੇਨ ਜ਼ਰੂਰਤਾਂ ਅਤੇ ਨਿਰਯਾਤ ਮਾਪਦੰਡਾਂ ਤੇ ਕੰਮ ਕਰ ਸਕਦੀਆਂ ਹਨ, ਜੋ ਬੰਦਰਗਾਹਾਂ ਤੇ ਦੇਰੀ ਨੂੰ ਘਟਾਉਂਦੀਆਂ ਹਨ। ਜਦੋਂ ਨਿਯਮ ਸਪੱਸ਼ਟ ਹੁੰਦੇ ਹਨ, ਤਾਂ ਨਿਰਯਾਤਕ ਘੱਟ ਜੋਖਮ ਨਾਲ ਸ਼ਿਪਮੈਂਟ ਦੀ ਯੋਜਨਾ ਬਣਾ ਸਕਦੇ ਹਨ।

ਜੇਕਰ ਕਾਰਨੀ ਦੀ ਮਾਰਚ ਫੇਰੀ ਅੱਗੇ ਵਧਦੀ ਹੈ, ਤਾਂ ਨਿਰੀਖਕ ਇਸ ਦਾ ਨਿਰਣਾ ਇੱਕ ਸਧਾਰਨ ਚੈੱਕਲਿਸਟ ਨਾਲ ਕਰ ਸਕਦੇ ਹਨ। ਕੀ ਨੇਤਾ ਆਮ ਇਰਾਦੇ ਦੀ ਬਜਾਏ ਇੱਕ ਕੈਲੰਡਰ ਨਾਲ ਅਗਲੇ ਕਦਮਾਂ ਦਾ ਐਲਾਨ ਕਰਦੇ ਹਨ? ਕੀ ਰੱਖਿਆ ਗੱਲਬਾਤ ਪਰਿਭਾਸ਼ਿਤ ਕਾਰਜਾਂ ਅਤੇ ਨਿਯਮਤ ਮੀਟਿੰਗਾਂ ਵਾਲਾ ਇੱਕ ਕਾਰਜ ਸਮੂਹ ਪੈਦਾ ਕਰਦੀ ਹੈ? ਕੀ ਊਰਜਾ ਅਤੇ ਮਹੱਤਵਪੂਰਨ ਖਣਿਜਾਂ ਬਾਰੇ ਚਰਚਾਵਾਂ ਲਿਖਤੀ ਸਹਿਯੋਗ ਯੋਜਨਾਵਾਂ ਜਾਂ ਨਿਵੇਸ਼ ਸੰਕੇਤਾਂ ਨਾਲ ਖਤਮ ਹੁੰਦੀਆਂ ਹਨ? ਕੀ ਯੂਨੀਵਰਸਿਟੀਆਂ ਅਤੇ ਖੋਜ ਏਜੰਸੀਆਂ ਤਰੀਕਾਂ, ਫੰਡਿੰਗ ਅਤੇ ਸਪੱਸ਼ਟ ਯੋਗਤਾ ਦੇ ਨਾਲ ਪ੍ਰੋਗਰਾਮ ਸ਼ੁਰੂ ਕਰਦੀਆਂ ਹਨ? ਇਹ ਸਭ ਮਾਇਨੇ ਰੱਖਦੇ ਹਨ, ਕਿਉਂਕਿ ਯਾਤਰਾ ਕਾਰੋਬਾਰ ਵਰਗੀ ਹੋਣ ਦੀ ਉਮੀਦ ਹੈ ਅਤੇ ਕਾਰੋਬਾਰ ਸਿਰਫ਼ ਉਸ ਚੀਜ਼ ਦਾ ਸਤਿਕਾਰ ਕਰਦਾ ਹੈ, ਜਿਸ ਨੂੰ ਟਰੈਕ ਕੀਤਾ ਜਾ ਸਕਦਾ ਹੈ। ਜੇਕਰ ਮਾਰਚ ਦੇ ਸ਼ੁਰੂ ਵਿੱਚ ਨਵੀਂ ਦਿੱਲੀ ਵਿੱਚ ਠੋਸ ਵਪਾਰਕ ਸਮਝੌਤੇ ਪੈਦਾ ਹੁੰਦੇ ਹਨ ਅਤੇ ਮੁੰਬਈ ਵਿੱਚ ਵਚਨਬੱਧਤਾਵਾਂ ਪੈਦਾ ਹੁੰਦੀਆਂ ਹਨ, ਤਾਂ ਕੈਨੇਡਾ-ਭਾਰਤ ਸੰਬੰਧ 2026 ਤੱਕ ਸਥਿਰ ਦਿਖਾਈ ਦੇ ਸਕਦੇ ਹਨ, ਘੱਟ ਸ਼ੋਰ, ਪਰ ਊਰਜਾ ਅਤੇ ਸਹਿਯੋਗ-ਵਿਉਪਾਰਕ ਸਾਬਿਤ ਹੋ ਸਕਦੇ ਹਨ।

# ਅਧਿਆਪਕਾਂ ਨੇ ਕੈਬਨਿਟ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ ਦੇ ਘਿਰਾਓ ਕਰਕੇ ਰੋਸ ਪ੍ਰਦਰਸ਼ਨ ਕੀਤੇ

**ਮੋਗਾ (ਇਕਬਾਲ ਸਿੰਘ ਖਹਿਰਾ)**



ਸਾਂਝਾ ਅਧਿਆਪਕ ਮੋਰਚਾ ਤੇ ਅਧਿਆਪਕ ਜਥੇਬੰਦੀਆਂ ਦੇ ਸੱਦੇ 'ਤੇ ਐਮ.ਐਲ.ਏ ਅਮਨਦੀਪ ਅਰੋੜਾ ਦੇ ਘਰ ਦਾ ਘਿਰਾਓ ਕਰਕੇ ਰੋਸ ਪ੍ਰਦਰਸ਼ਨ ਕਰਕੇ ਮੁੱਖ ਮੰਤਰੀ ਪੰਜਾਬ ਦੇ ਨਾਂਅ ਰੋਸ ਪੱਤਰ/ਮੰਗ ਪੱਤਰ ਦਿੱਤੇ ਗਏ।

ਅਧਿਆਪਕ ਆਗੂਆਂ ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਦਿਗਵਿਜੇ ਪਾਲ ਸ਼ਰਮਾ, ਜੱਜਪਾਲ ਸਿੰਘ ਬਾਜੇ ਕੇ, ਇੰਦਰਪਾਲ ਸਿੰਘ ਢਿਲੋਂ ਨੇ ਸ ਦੱਸਿਆ ਕਿ ਸੁਪਰੀਮ ਕੋਰਟ ਨੇ ਐਨ ਸੀ ਟੀ ਈ ਦੇ ਨੋਟੀਫਿਕੇਸ਼ਨ ਦੀ ਅਣਦੇਖੀ ਕਰਦਿਆਂ 01.09.2025 ਦੇ ਫੈਸਲੇ ਕਾਰਨ ਸਭ ਅਧਿਆਪਕਾਂ 'ਤੇ ਬੇਲੋੜੀ ਟੈੱਟ ਦੀ ਸ਼ਰਤ ਥੋਪ ਦਿੱਤੀ ਗਈ ਹੈ।ਇਸ ਸਮੇਂ ਦੌਰਾਨ ਸਿੱਖਿਆ ਮੰਤਰੀ, ਮੁੱਖ ਮੰਤਰੀ ਜਾਂ ਪੰਜਾਬ ਸਰਕਾਰ ਵੱਲੋਂ ਇਸ ਗੈਰ ਸੰਵਿਧਾਨਿਕ ਫੈਸਲੇ ਵਿਰੁੱਧ ਨਾ ਸੁਪਰੀਮ ਕੋਰਟ ਵਿੱਚ ਰਿਵਿਊ ਪਟੀਸ਼ਨ ਪਾਈ ਗਈ ਹੈ ਤੇ ਨਾ ਹੀ ਵਿਧਾਨ ਸਭਾ ਵਿੱਚ ਬਿੱਲ ਪਾਸ ਕਰਕੇ ਅਧਿਆਪਕਾਂ ਨੂੰ ਰਾਹਤ ਦਿੱਤੀ ਗਈ ਹੈ, ਸਗੋਂ ਕੁਝ ਕੈਟਾਗਰੀਆਂ ਨੂੰ 2017 ਦੇ ਇੱਕ ਪੱਤਰ ਅਨੁਸਾਰ ਪਦਉਨਤੀਆਂ ਸਮੇਂ ਟੈੱਟ ਤੋਂ ਛੋਟ ਦਿੱਤੀ ਗਈ ਸੀ, ਉਹ ਪੱਤਰ ਵੀ ਸੁਪਰੀਮ ਕੋਰਟ ਦੇ ਫੈਸਲੇ ਉਪਰੰਤ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਵਾਪਸ ਲੈ ਲਿਆ ਗਿਆ ਹੈ ਅਤੇ ਅਧਿਆਪਕਾਂ ਦੀਆਂ ਪਦਉਨਤੀਆਂ 'ਤੇ ਰੋਕ ਲਗਾ ਦਿੱਤੀ ਗਈ ਹੈ।ਅਧਿਆਪਕ ਆਗੂਆਂ ਸੁਖਪਾਲਜੀਤ ਸਿੰਘ, ਗੁਰਮੀਤ ਢੋਲੇਵਾਲਾ, ਜਗਵੀਰਨ ਕੌਰ, ਕੁਲਦੀਪ ਸਿੰਘ, ਜਤਿੰਦਰਪਾਲ ਸਿੰਘ ਭੋਲਾ, ਅਮਨਦੀਪ ਮਾਛੀਕੇ ਨੇ ਕਿਹਾ ਕਿ ਇਸ ਧੱਕੇ ਵਿਰੁੱਧ ਅਧਿਆਪਕ ਜਥੇਬੰਦੀਆਂ ਵੱਲੋਂ 22 ਫਰਵਰੀ ਨੂੰ ਸਿੱਖਿਆ ਮੰਤਰੀ ਦੇ ਹਲਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ।ਸਰਕਾਰ ਦੀ ਬਦਨੀਤੀ ਕਾਰਨ ਹੀ ਅਧਿਆਪਕਾਂ ਵਲੋਂ ਲਗਭਗ ਦੋ ਘੰਟੇ ਜੀਟੀ ਰੋਡ ਜਾਮ ਕਰਨਾ ਪਿਆ, ਜਿਸ ਉਪਰੰਤ 27 ਫਰਵਰੀ ਨੂੰ ਸਿੱਖਿਆ ਮੰਤਰੀ ਪੰਜਾਬ ਨਾਲ ਪੰਜਾਬ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਦਾ ਸਮਾਂ ਦਿੱਤਾ ਗਿਆ ਸੀ।ਇਸ ਮਹੱਤਵਪੂਰਨ ਮੀਟਿੰਗ ਨੂੰ ਸਿੱਖਿਆ ਮੰਤਰੀ ਵਲੋਂ ਇੱਕ ਦਿਨ ਪਹਿਲਾਂ ਮੁਲਤਵੀ ਕਰਕੇ ਅੱਗੇ ਪਾ ਦਿੱਤਾ ਗਿਆ।ਆਗੂਆਂ ਨੇ ਕਿਹਾ ਕਿ ਜਥੇਬੰਦੀਆਂ ਨਾਲ ਕੀਤੀ ਜਾਣ ਵਾਲੀ ਮੀਟਿੰਗ ਅੱਗੇ ਪਾਉਣ ਕਾਰਨ ਅਧਿਆਪਕ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਕਾਰਨ ਪੰਜਾਬ ਦੇ ਸਮੁੱਚੇ ਜਿਲ੍ਹਿਆਂ ਵਿੱਚ ਕੈਬਨਿਟ ਮੰਤਰੀਆਂ ਅਤੇ ਵਿਧਾਇਕਾਂ ਦੀਆਂ ਰਿਹਾਇਸ਼ਾਂ ਅੱਗੇ ਰੋਸ ਪ੍ਰਦਰਸ਼ਨ/ਘਿਰਾਓ ਕਰਕੇ ਮੁੱਖ ਮੰਤਰੀ ਦੇ ਨਾਂਅ ਰੋਸ ਪੱਤਰ/ਮੰਗ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ ਸੀ।ਉਨ੍ਹਾਂ ਮੰਗਾਂ ਦਾ ਜਿਕਰ ਕਰਦਿਆਂ ਕਿਹਾ ਕਿ ਸੁਪਰੀਮ ਕੋਰਟ ਵੱਲੋਂ ਐਨ ਸੀ ਟੀ ਈ ਦੇ ਨੋਟੀਫਿਕੇਸ਼ਨ ਦੀ ਅਣਦੇਖੀ ਕਰਕੇ 01.09.2025 ਨੂੰ ਸਾਰੇ ਅਧਿਆਪਕਾਂ ਤੇ ਥੋਪੇ ਟੈੱਟ ਦੇ ਗੈਰ ਸੰਵਿਧਾਨਕ ਫੈਸਲੇ ਨੂੰ ਰੋਕਣ ਲਈ ਪੰਜਾਬ ਵਿਧਾਨ ਸਭਾ ਵਿੱਚ ਬਿੱਲ ਪਾਸ ਕੀਤਾ ਜਾਵੇ, ਟੈੱਟ ਲਾਗੂ ਹੋਣ ਤੋਂ ਪਹਿਲਾਂ ਐਨ ਸੀ ਟੀ ਈ ਵੱਲੋਂ ਨਿਰਧਾਰਤ ਕੀਤੀਆਂ ਯੋਗਤਾਵਾਂ ਅਤੇ ਸਮੇਂ-ਸਮੇਂ ਤੇ ਵੱਖ-ਵੱਖ ਟੈਸਟਾਂ ਦੀ ਮੈਰਿਟ ਅਨੁਸਾਰ ਨਿਯੁਕਤ ਕੀਤੇ ਗਏ ਅਧਿਆਪਕਾਂ ਨੂੰ ਇਨਸਾਫ਼ ਦਿਵਾਉਣ ਲਈ ਸੁਪਰੀਮ ਕੋਰਟ ਵਿੱਚ ਰਿਵਿਊ ਪਟੀਸ਼ਨ ਦਾਖਲ ਕੀਤੀ ਜਾਵੇ, ਟੈੱਟ ਲਾਗੂ ਹੋਣ ਤੋਂ ਪਹਿਲਾਂ ਉਪਰੋਕਤ ਪ੍ਰਕਿਰਿਆ ਰਾਹੀਂ ਨਿਯੁਕਤ ਅਧਿਆਪਕਾਂ ਦੀਆਂ ਤੁਰੰਤ ਪਦਉਨਤੀਆਂ ਕੀਤੀਆਂ ਜਾਣ, ਟੈੱਟ ਲਾਗੂ ਹੋਣ ਤੋਂ ਪਹਿਲਾਂ ਉਪਰੋਕਤ ਪ੍ਰਕਿਰਿਆ ਰਾਹੀਂ ਨਿਯੁਕਤ ਅਧਿਆਪਕਾਂ 'ਤੇ 8 ਮਾਰਚ ਦੇ ਜਬਰੀ ਥੋਪੇ ਟੈੱਟ ਦਾ ਟੈਸਟ ਰੱਦ ਕੀਤਾ ਜਾਵੇ ਅਤੇ ਇਨ੍ਹਾਂ ਅਧਿਆਪਕਾਂ 'ਤੇ 15 ਮਾਰਚ ਨੂੰ ਮੁੱਢਲੀ ਨਿਯੁਕਤੀ ਲਈ ਲਿਆ ਜਾ ਰਿਹਾ ਟੈੱਟ ਥੋਪਣਾ ਬੰਦ ਕੀਤਾ ਜਾਵੇ।ਅਧਿਆਪਕ ਆਗੂਆਂ ਵੱਲੋਂ ਐਮਐਲ.ਏ ਅਮਨਦੀਪ ਕੌਰ ਅਰੋੜਾ ਨੂੰ ਮੰਗ ਪੱਤਰ ਸੌਂਪਿਆ ਗਿਆ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਜਿੱਥੇ ਮੁੱਖ ਮੰਤਰੀ ਇਹਨਾਂ ਨਾਲ ਗੱਲ ਕਰਨਗੇ, ਉੱਥੇ ਵਿਧਾਨ ਸਭਾ ਵਿੱਚ ਵੀ ਇਸ ਮੁੱਦੇ ਨੂੰ ਉਠਾਉਣਗੇ।

## ਖੇਡਾਂ ਨੂੰ ਉਤਸ਼ਾਹਤ ਕਰਨ ਲਈ ਨਵੇਂ ਕੋਚ ਭਰਤੀ ਕੀਤੇ ਜਾਣਗੇ : ਡਾ. ਬਲਜੀਤ ਕੌਰ

### ਮਲੋਟ ਵਿਖੇ ਪੰਜਾਬ ਜੂਨੀਅਰ ਐਂਡ ਯੂਥ ਵੋਮੈਨ ਬੌਕਸਿੰਗ ਚੈਂਪੀਅਨਸ਼ਿਪ ਸ਼ੁਰੂ



**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ ਓਮ/ਪ੍ਰਕਾਸ਼ ਸੇਖੂ/ਪੂਜਾ)**-ਮਲੋਟ ਵਿਖੇ ਪੰਜ ਰੋਜ਼ਾ ਪੰਜਾਬ ਜੂਨੀਅਰ ਐਂਡ ਯੂਥ ਵੋਮੈਨ ਬੌਕਸਿੰਗ ਚੈਂਪੀਅਨਸ਼ਿਪ ਦੀ ਕੈਬਨਿਟ ਮੰਤਰੀ ਡਾਕਟਰ ਬਲਜੀਤ ਕੌਰ ਨੇ ਬੀਤੇ ਦਿਨੀਂ ਸ਼ੁਰੂਆਤ ਕਰਵਾਈ।ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਭਰ ਤੋਂ 300 ਦੇ ਕਰੀਬ ਬੌਕਸਿੰਗ ਖਿਡਾਰਨਾਂ ਨੇ ਭਾਗ ਲਿਆ ਕੈਬਨਿਟ ਮੰਤਰੀ ਨੇ ਇਸ ਚੈਂਪੀਅਨਸ਼ਿਪ ਦੀ ਸ਼ੁਰੂਆਤ ਕਰਾਉਂਦੇ ਹੋਏ ਮੀਡੀਆ ਨਾਲ ਗੱਲਬਾਤ ਕਰਦੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਟੀਚਾ ਹੈ ਕਿ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕੀਤਾ ਜਾਵੇ ਤੇ ਪਹਿਲੀ ਵਾਰ ਪੰਜਾਬ ਲੈਵਲ ਦੀ ਲੜਕੀਆਂ ਦੀ ਬੌਕਸਿੰਗ ਚੈਂਪੀਅਨਸ਼ਿਪ ਕਰਵਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ 'ਚ ਖੇਡਾਂ ਨੂੰ ਹੋਰ ਪ੍ਰਫੁੱਲਿਤ ਕਰਨ ਲਈ ਜਿੱਥੇ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ, ਉੱਥੇ ਨਵੇ ਕੋਚ ਭਰਤੀ ਕੀਤੇ ਜਾਣਗੇ। ਇਸ ਮੌਕੇ ਅਲੱਗ-ਅਲੱਗ ਜ਼ਿਲ੍ਹਿਆਂ ਤੋਂ ਕੋਚ ਤੋਂ ਇਲਾਵਾ ਜਗਤਾਰ ਸਿੰਘ, ਕੌਂਸਲਰ ਹਰਮੇਲ ਸਿੰਘ ਸੰਧੂ, ਜਸਮੇਲ ਸਿੰਘ ਸੰਧੂ, ਲਵ ਬੱਤਰਾ, ਸਾਬਕਾ ਕੌਂਸਲਰ ਸੁਰਮੁੱਖ ਸਿੰਘ, ਵਿਕਰਾਂਤ ਖੁਰਾਣਾ, ਗੁਰਅਵਤਾਰ ਸਿੰਘ ਤੇ ਪੀ. ਏ. ਅਰਸ਼ ਸਿੱਧੂ, ਪੀ ਏ ਛਿੰਦਰ ਪਾਲ ਸਿੰਘ ਸ਼ਾਮਲ ਸਨ।

# ਸੰਵਿਧਾਨ ਤੇ ਲੋਕਤੰਤਰ ਬਚਾਉਣ ਲਈ ਵਿਸ਼ਾਲ ਏਕਤਾ ਤੇ ਵੱਡੇ ਅੰਦੋਲਨ ਦੀ ਲੋੜ : ਪਾਸਲਾ

### ਗੁਰੂ ਨਾਨਕ ਭਵਨ 'ਚ 'ਸੰਵਿਧਾਨ ਬਚਾਓ-ਲੋਕਤੰਤਰ ਬਚਾਓ' ਵਿਚਾਰ ਗੋਸ਼ਟੀ

**ਲੁਧਿਆਣਾ (ਰੈਕਟਰ ਕਥੂਰੀਆ)**



ਲੁਧਿਆਣਾ ਦੇ ਗੁਰੂ ਨਾਨਕ ਭਵਨ 'ਚ ਮਹਾਤਮਾ ਜੋਤੀ ਰਾਓ ਫੂਲੇ-ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਸੋਚ ਤੇ ਖੱਬੇ ਪੱਖੀ ਪਾਰਟੀਆਂ ਵੱਲੋਂ ਸਾਂਝੇ ਤੌਰ 'ਤੇ ਇੱਕ ਵਿਚਾਰ ਗੋਸ਼ਟੀ ਕੀਤੀ ਗਈ, ਜਿਸ ਦੀ ਪ੍ਰਧਾਨਗੀ ਸ਼੍ਰੀਮਤੀ ਹਰਵਿੰਦਰ ਕੌਰ ਰਾਸ਼ਟਰੀ ਪ੍ਰਧਾਨ ਸਮਾਜਿਕ ਸੰਘਰਸ਼ ਪਾਰਟੀ ਨੇ ਕੀਤੀ।ਇਸ ਮੌਕੇ ਮੁੱਖ ਬੁਲਾਰੇ ਦੇ ਤੌਰ 'ਤੇ ਪੁੱਜੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਸੰਬੋਧਨ ਕਰਦਿਆਂ ਆਖਿਆ ਕਿ ਦੇਸ਼ ਵਿੱਚ ਸੰਵਿਧਾਨ ਤੇ ਲੋਕਤੰਤਰ ਨੂੰ ਮੰਨੂਵਾਦੀ ਭਾਜਪਾ ਸਰਕਾਰ ਤੋਂ ਬਚਾਉਣ ਲਈ ਵਿਸ਼ਾਲ ਏਕਤਾ ਤੇ ਵੱਡੇ ਅੰਦੋਲਨ ਦੀ ਲੋੜ ਹੈ।ਉਨ੍ਹਾਂ ਆਖਿਆ ਕਿ ਭਾਜਪਾ ਦੀ ਮੋਦੀ ਸਰਕਾਰ ਦੇਸ਼ ਵਿੱਚ ਮੁੜ ਜਾਤੀਵਾਦੀ ਪ੍ਰਬੰਧ ਲਾਗੂ ਕਰਕੇ ਦਲਿਤਾਂ, ਔਰਤਾਂ, ਘੱਟ ਗਿਣਤੀਆਂ ਉੱਪਰ ਜਬਰ ਤੇਜ਼ ਕਰਨ ਦੇ ਰਾਹ ਪਈ ਹੋਈ ਹੈ।ਉਨ੍ਹਾਂ ਕਿਹਾ ਕਿ ਸਾਡੇ ਗੁਰੂਆਂ, ਦੇਸ਼ ਭਗਤਾਂ, ਸਮਾਜ ਸੇਵੀਆਂ ਨੇ ਸਮਾਜ ਵਿੱਚੋਂ ਸਮਾਜਿਕ ਭੇਦ-ਭਾਵ ਖਤਮ ਕਰਕੇ ਸਾਰੇ ਮਨੁੱਖਾਂ ਨੂੰ ਬਰਾਬਰ ਦੇ ਜੀਵਨ ਜਿਉਣ ਦਾ ਹੱਕ ਹੋਣ ਦੀ ਗੱਲ ਕੀਤੀ ਸੀ।ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਦੇਸ਼ ਦੇ ਇਤਿਹਾਸ ਨਾਲ ਜੁੜ ਕੇ ਪ੍ਰਾਪਤ ਕੀਤੇ ਹੱਕਾਂ ਦੀ ਰਾਖੀ ਲਈ ਇੱਕਮੁੱਠ ਹੋਣ ਦੀ ਜ਼ਰੂਰਤ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਉਹ ਸੰਵਿਧਾਨ ਤੇ ਲੋਕਤੰਤਰ ਬਚਾਉਣ ਲਈ ਹੋਰ ਰਾਜਨੀਤਕ, ਸਮਾਜਿਕ, ਧਰਮ ਨਿਰਪੱਖ ਪਾਰਟੀਆਂ ਦਾ ਸਾਂਝਾ ਮੰਚ ਉਸਾਰ ਕੇ ਸਮਾਜਿਕ ਨਿਆਂ ਤੇ ਆਰਥਿਕ ਮੁਕਤੀ ਦੇ ਸੰਘਰਸ਼ ਨੂੰ ਹੋਰ ਤੇਜ਼ ਕਰਨ ਲਈ ਸਮਾਜ ਨੂੰ ਲਾਮਬੰਦ ਤੇ ਜਾਗਰੂਕ ਕਰਨ ਲਈ ਮੁਹਿੰਮ ਸ਼ੁਰੂ ਕਰਨਗੇ।

ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਕੁਲਦੀਪ ਸਿੰਘ ਇਸਾਪੁਰੀ ਮੀਤ ਪ੍ਰਧਾਨ ਬਹੁਜਨ ਮੁਕਤੀ ਪਾਰਟੀ, ਪ੍ਰਗਟ ਸਿੰਘ ਜਾਮਾਰਾਏ ਸੂਬਾ ਸਕੱਤਰ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ, ਕਾਮਰੇਡ ਹਰਬੰਸ ਮਾਂਗਟ, ਹਰਵਿੰਦਰ ਕੌਰ ਕੌਮੀ ਪ੍ਰਧਾਨ ਸਮਾਜਿਕ ਸੰਘਰਸ਼ ਪਾਰਟੀ, ਵਿਨੋਦ ਕਦਮ ਮੀਤ ਪ੍ਰਧਾਨ ਸਮਾਜਿਕ ਸੰਘਰਸ਼ ਪਾਰਟੀ, ਬਲਵਿੰਦਰ ਸਿੰਘ ਪ੍ਰਧਾਨ ਲੋਕ ਅਧਿਕਾਰ ਲਹਿਰ, ਭਗਵੰਤ ਸਮਾਓਂ ਮਜ਼ਦੂਰ ਮੁਕਤੀ ਮੋਰਚਾ ਅਜ਼ਾਦ ਨੇ ਸੰਬੋਧਨ ਕਰਦਿਆਂ ਸੰਵਿਧਾਨ ਤੇ ਲੋਕਤੰਤਰ ਬਚਾਓ ਮੋਰਚੇ ਨੂੰ ਉਸਾਰਨ ਲਈ ਤਨੋਂ, ਮਨੋਂ, ਧਨੋਂ ਸਹਿਯੋਗ ਕਰਨ ਦਾ ਫੈਸਲਾ ਕੀਤਾ।ਸਟੇਜ ਦੀ ਕਾਰਵਾਈ ਜਸਵਿੰਦਰ ਸਿੰਘ ਨੇ ਬਾਖੂਬੀ ਨਿਭਾਈ।ਅੱਜ ਦੀ ਵਿਚਾਰ ਗੋਸ਼ਟੀ ਵਿੱਚ ਅਮਰੀਕਾ ਤੇ ਉਸ ਦੇ ਜੋਟੀਦਾਰਾਂ ਵੱਲੋਂ ਈਰਾਨ ਉੱਪਰ ਕੀਤੇ ਹਮਲੇ, ਨਿਰਦੋਸ਼ ਲੋਕਾਂ ਦੀ ਕੀਤੀ ਹੱਤਿਆ ਦੀ ਮਤਾ ਪਾ ਕੇ ਸਖ਼ਤ ਨਿਖੇਧੀ ਕੀਤੀ।ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਇਨ੍ਹਾ ਹਮਲਿਆਂ ਸਬੰਧੀ ਸਾਜ਼ਿਸ਼ੀ ਚੁੱਪ ਦੀ ਵੀ ਹਾਜ਼ਰੀਨ ਨੇ ਨਿੰਦਾ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਰਘਵੀਰ ਸਿੰਘ ਬੈਨੀਪਾਲ, ਜਗਤਾਰ ਸਿੰਘ ਚਕੋਹੀ, ਪ੍ਰੋ. ਜੈਪਾਲ ਸਿੰਘ, ਗੁਰਨਾਮ ਸਿੰਘ ਦਾਉਦ, ਪਰਮਜੀਤ ਸਿੰਘ ਲੁਧਿਆਣਾ, ਹਰਨੇਕ ਸਿੰਘ ਗੁੱਜਰਵਾਲ, ਘਣਸ਼ਾਮ, ਸ਼ਲਿੰਦਰ ਧੀਮਾਨ, ਗੁਰਪ੍ਰੀਤਮ ਸਿੰਘ ਚੀਮਾ, ਸਿਕੰਦਰ ਸਿੰਘ ਸੁਨੇਤ, ਸਰਪੰਚ ਚਰਨ ਦਾਸ, ਗੁਰਮੇਲ ਸਿੰਘ ਗੁਰਬਖਸ਼ਪੁਰਾ, ਹਰਦਿਆਲ ਸਿੰਘ ਕੈੜਾ, ਹਰਚੰਦ ਸਿੰਘ ਜਖਵਾਲੀ, ਗੁਰਦੀਪ ਸਿੰਘ ਕਾਲੀ ਆਦਿ ਹਾਜ਼ਰ ਸਨ।

## ਕਾਤਰਾਂ

### ਕਿਲੋ ਗਾਂਜੇ ਸਮੇਤ ਗ੍ਰਿਫ਼ਤਾਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 1 ਕਿੱਲੋ ਗਾਂਜੇ ਸਮੇਤ ਅਭਿਸ਼ੇਕ ਸਾਹਨੀ ਵਾਸੀ ਮਾਛੀਵਾੜਾ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਪਾਰਟੀ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਸਬੰਧੀ ਪਿੰਡ ਬੁਰਜ ਵੱਲ ਨੂੰ ਜਾ ਰਹੀ ਸੀ ਕਿ ਇੱਕ ਨੌਜਵਾਨ ਨੇ ਆਪਣੇ ਹੱਥ ਵਿੱਚ ਇੱਕ ਚਿੱਟੇ ਰੰਗ ਦਾ ਲਿਫ਼ਾਫਾ ਪਲਾਸਟਿਕ ਫੜਿਆ ਹੋਇਆ ਸੀ। ਪੁਲਸ ਨੂੰ ਦੇਖ ਉਸ ਨੇ ਲਿਫਾਫਾ ਘਾਹ, ਫੂਸ ਵਿੱਚ ਲੁਕਾਉਣ ਦੇ ਮਕਸਦ ਨਾਲ ਰੱਖ ਦਿੱਤਾ। ਪੁਲਸ ਵੱਲੋਂ ਜਦੋਂ ਉਸ ਨੂੰ ਕਾਬੂ ਕਰ ਨਾਮ ਤੇ ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਅਭਿਸ਼ੇਕ ਸਾਹਨੀ ਦੱਸਿਆ ਤੇ ਜਦੋਂ ਉਸ ਦੇ ਲਿਫ਼ਾਫੇ ਦੀ ਤਲਾਸ਼ੀ ਲਈ ਗਈ ਤਾਂ ਉਸ 'ਚੋਂ 1 ਕਿੱਲੋ ਗਾਂਜਾ ਬਰਾਮਦ ਹੋਇਆ। ਪੁਲਸ ਨੇ ਉਕਤ ਕਥਿਤ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

### ਈਰਾਨ ਦੇ ਵਿੱਦਿਅਕ ਅਦਾਰਿਆਂ 'ਤੇ ਹਮਲੇ ਸ਼ਰਮਨਾਕ : ਗੋਇਲ



**ਲੁਧਿਆਣਾ (ਰੈਕਟਰ ਕਥੂਰੀਆ)**-ਸ਼੍ਰੀ ਬ੍ਰਿਜ ਭੂਸ਼ਣ ਗੋਇਲ ਸਾਹਿਤ ਤੇ ਪੱਤਰਕਾਰੀ ਵਿੱਚ ਦਿਲਚਸਪੀ ਰੱਖਣ ਵਾਲੇ ਇੱਕ ਸੰਵੇਦਨਸ਼ੀਲ ਲੇਖਕ ਹਨ।ਜਦੋਂ ਸਮਾਜ ਵਿੱਚ ਕੁਝ ਚੰਗਾ ਵਾਪਰਦਾ ਹੈ ਤਾਂ ਉਹ ਖੁਸ਼ ਹੁੰਦੇ ਹਨ, ਪਰ ਜਦੋਂ ਕੁਝ ਦਰਦਨਾਕ ਵਾਪਰਦਾ ਹੈ ਤਾਂ ਉਹ ਉਦਾਸ ਵੀ ਹੁੰਦੇ ਹਨ।ਈਰਾਨ ਵਿੱਚ ਸਕੂਲਾਂ 'ਤੇ ਹੋਏ ਹਮਲਿਆਂ ਬਾਰੇ ਚਰਚਾ ਕਰਦੇ ਹੋਏ ਕਿਹਾ ਕਿ ਇੱਕ ਬੱਚੇ ਨੂੰ ਜਨਮ ਤੋਂ ਲੈ ਕੇ ਜਵਾਨੀ ਤੱਕ ਵੱਡਾ ਕਰਨ ਲਈ ਕਿੰਨਾ ਕੁਝ ਸਹਿਣਾ ਪੈਂਦਾ ਹੈ ਇਹ ਉਸਦਾ ਪਰਿਵਾਰ ਹੀ ਜਾਣਦਾ ਹੈ।ਅਮਰੀਕਾ ਅਤੇ ਇਜ਼ਰਾਈਲ ਦੇ ਅਣਮਨੁੱਖੀ ਸੋਚ ਵਾਲੇ ਹਮਲਾਵਰਾਂ ਨੇ ਬਰਬਰਤਾ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ।ਕੁੜੀਆਂ ਦੇ ਵਿਦਿਅਕ ਅਦਾਰਿਆਂ 'ਤੇ ਹਮਲੇ ਬੇਹੱਦ ਸ਼ਰਮਨਾਕ ਵੀ ਹਨ। ਬੀਤੀ ਸ਼ਾਮ ਕੁਝ ਸਮਾਂ ਪਹਿਲਾਂ ਉਨ੍ਹਾਂ ਨੇ ਨਿਊਜ਼ 18 'ਤੇ ਇੱਕ ਵਿਸ਼ੇਸ਼ ਲਾਈਵ ਪ੍ਰੋਗਰਾਮ ਵਿੱਚ ਇਸੇ ਮੁੱਦੇ 'ਤੇ ਐਂਕਰ ਗੌਰਵ ਸ਼ੁਕਲਾ ਨਾਲ ਵੀ ਗੱਲ ਕੀਤੀ।ਟੀਵੀ ਚੈਨਲ ਨੇ ਇਸ ਲਾਈਵ ਗੱਲਬਾਤ ਦਾ ਪ੍ਰਸਾਰਣ ਵੀ ਕੀਤਾ।

### ਨਸ਼ੀਲੇ ਪਦਾਰਥਾਂ ਸਮੇਤ 5 ਗ੍ਰਿਫਤਾਰ

**ਧੂਰੀ (ਮਨੋਹਰ ਸੱਗੂ/ਮੋਹਿਤ ਗਰਗ)**-ਪੰਜਾਬ ਸਰਕਾਰ ਦੀ ਨਸ਼ਿਆਂ ਖਿਲਾਫ਼ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ' ਮੁਹਿੰਮ ਤਹਿਤ ਧੂਰੀ ਉਪ ਮੰਡਲ ਪੁਲਸ ਵੱਲੋਂ 5 ਵੱਖ ਵੱਖ ਮੁਕੱਦਮਿਆਂ 'ਚ 5 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ ਨਸ਼ੀਲੀਆਂ ਗੋਲੀਆਂ, ਸ਼ਰਾਬ ਤੇ ਨਸ਼ੀਲਾ ਪਦਾਰਥ ਹੈਰੋਇਨ ਬਰਾਮਦ ਕੀਤੀ ਗਈ।ਜ਼ਿਲ੍ਹਾ ਪੁਲਸ ਮੁਖੀ ਸਰਤਾਜ ਸਿੰਘ ਚਾਹਲ ਨੇ ਪ੍ਰੈੱਸ ਨੂੰ ਜਾਰੀ ਜਾਣਕਾਰੀ 'ਚ ਦੱਸਿਆ ਕਿ ਪੁਲਸ ਉਪ ਮੰਡਲ ਧੂਰੀ ਅਧੀਨ ਆਉਂਦੇ ਵੱਖ ਵੱਖ ਥਾਣਿਆਂ ਦੀ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਤੇ ਪਿੰਡਾਂ ਦੇ ਪਹਿਰੇਦਾਰ ਮੁਹਿੰਮ ਤਹਿਤ ਕਾਰਵਾਈ ਕਰਦਿਆਂ 23 ਫਰਵਰੀ ਤੋਂ 1 ਮਾਰਚ (ਇੱਕ ਹਫ਼ਤੇ) ਤੱਕ ਦਰਦ ਕੀਤੇ ਗਏ 5 ਮੁਕੱਦਮਿਆਂ 'ਚ 5 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ 10 ਗ੍ਰਾਮ ਹੈਰੋਇਨ, 28 ਨਸ਼ੀਲੀਆਂ ਗੋਲੀਆਂ, 840 ਕੈਪਸੂਲ ਸਿਗਨੇਚਰ, 45 ਬੋਤਲਾਂ ਸ਼ਰਾਬ ਠੇਕਾ ਦੇਸੀ ਬਰਾਮਦ ਕਰਵਾਈਆਂ, ਜਦੋਂਕਿ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਕਾਰਵਾਈ ਕਰਦਿਆਂ 210 ਵਹੀਕਲਾਂ ਦੇ ਚਲਾਣ ਕੀਤੇ ਗਏ।

# ਗਦਰੀ ਬਾਬਾ ਭਾਨ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਮਸ਼ਾਲ ਮਾਰਚ




**ਲੁਧਿਆਣਾ (ਸਤੀਸ਼ ਸਚਦੇਵਾ)**-ਸਥਾਨਕ ਗ਼ਦਰੀ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਵੱਲੋਂ 2 ਮਾਰਚ ਨੂੰ ਗਦਰੀ ਬਾਬਾ ਭਾਨ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਮਸ਼ਾਲ ਮਾਰਚ ਕੀਤਾ ਗਿਆ।ਇਹ ਮਸ਼ਾਲ ਮਾਰਚ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਤੋਂ ਸ਼ੁਰੂ ਹੋ ਕੇ ਪਿੰਡ ਸੁਨੇਤ ਦੀਆਂ ਗਲੀਆਂ ਵਿੱਚ ਅਕਾਸ਼ ਗੁੰਜਾਊ ਜੁਸ਼ੀਲੇ ਨਾਅਰਿਆਂ ਨਾਲ ਗੁਜ਼ਰਦਾ ਹੋਇਆ ਵਾਪਸ ਯਾਦਗਾਰ 'ਤੇ ਖਤਮ ਹੋਇਆ।ਮਾਰਚ ਦੀ ਸ਼ੁਰੂਆਤ ਵਿੱਚ ਸ਼ਹੀਦ ਬਾਬਾ ਭਾਨ ਸਿੰਘ ਗ਼ਦਰ ਮੈਮੋਰੀਅਲ ਟ੍ਰੱਸਟ ਦੇ ਜਨਰਲ ਸਕੱਤਰ ਜਸਵੰਤ ਜ਼ੀਰਖ ਨੇ ਨੌਜਵਾਨ ਸਭਾ ਦੇ ਇਸ ਉੱਧਮ ਦੀ ਸ਼ਲਾਘਾ ਕਰਦਿਆਂ ਨੌਜਵਾਨਾਂ ਨੂੰ ਸ਼ਹੀਦਾਂ ਦੇ ਪੂਰਨਿਆਂ 'ਤੇ ਚੱਲਣ ਦੀ ਅਪੀਲ ਕੀਤੀ। ਮਾਰਚ ਦੌਰਾਨ ਪਿੰਡ ਦੇ ਮੁੱਖ ਦਰਵਾਜ਼ੇ 'ਤੇ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਦੇ ਪ੍ਰਧਾਨ ਹਰਪ੍ਰੀਤ ਜ਼ੀਰਖ ਤੇ ਜਨਰਲ ਸਕੱਤਰ ਰਾਕੇਸ਼ ਆਜ਼ਾਦ ਨੇ ਸੰਬੋਧਨ ਕਰਦਿਆਂ ਕਿਹਾ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਦਾ ਸ਼ਹੀਦੀ ਦਿਹਾੜਾ ਨਾ ਸਿਰਫ਼ ਉਨ੍ਹਾਂ ਦੀ ਸ਼ਹਾਦਤ ਨੂੰ ਯਾਦ ਕਰਨ ਦਾ ਸਗੋਂ ਉਨ੍ਹਾਂ ਦੀ ਵਿਰਾਸਤ ਤੇ ਵਿਚਾਰਧਾਰਾ ਨੂੰ ਲੋਕਾਂ ਵਿੱਚ ਲੈ ਕੇ ਜਾਣ ਅਤੇ ਉਸ 'ਤੇ ਪਹਿਰਾ ਦੇਣ ਦਾ ਅਹਿਦ ਵੀ ਹੈ। ਮੌਜੂਦਾ ਸਮੇਂ ਵਿੱਚ ਇਸ ਸਮਾਜ ਵਿੱਚ ਧਰਮਾਂ-ਜਾਤਾਂ ਦੇ ਨਾਮ 'ਤੇ ਵੰਡੀਆਂ ਪਾਉਣ ਵਾਲੀਆਂ ਫਾਸ਼ੀਵਾਦੀ ਤਾਕਤਾਂ ਸਰਗਰਮ ਹੋ ਚੁੱਕੀਆਂ ਹਨ ਤੇ ਲੋਕਾਂ ਨੂੰ ਆਪਸ ਵਿੱਚ ਲੜਾ ਕੇ ਨਫ਼ਰਤ ਫੈਲਾਉਣ ਦਾ ਯਤਨ ਕਰ ਰਹੀਆਂ ਹਨ, ਪਰ ਨੌਜਵਾਨ ਸਭਾ ਇਹ ਸਮਝਦੀ ਹੈ ਕਿ ਅਜੋਕੇ ਨਫ਼ਰਤੀ ਮਾਹੌਲ ਵਿੱਚ ਗਦਰੀ ਬਾਬਿਆਂ ਦਾ ਲੁੱਟ ਤੇ ਵਿਤਕਰੇ ਰਹਿਤ ਸਮਾਜ ਦੀ ਸਿਰਜਣਾ ਦੀ ਲੜਾਈ ਨੂੰ ਅੱਗੇ ਤੋਰਦਿਆਂ ਉਨ੍ਹਾਂ ਦੀ ਵਿਚਾਰਧਾਰਾ ਨੂੰ ਪ੍ਰਚਾਰਨ ਦਾ ਕਾਰਜ ਨੌਜਵਾਨਾਂ ਨੂੰ ਆਪਣੇ ਹੱਥਾਂ ਵਿੱਚ ਲੈ ਕੇ ਉਨ੍ਹਾਂ ਦੇ ਸੰਘਰਸ਼ ਨੂੰ ਅੱਗੇ ਤੋਰਨ ਦਾ ਯਤਨ ਕਰਨਾ ਚਾਹੀਦਾ ਹੈ।ਗਦਰੀ ਬਾਬਿਆਂ ਦੀ ਵਿਚਾਰਧਾਰਾ ਹੀ ਨੌਜਵਾਨਾਂ ਨੂੰ ਸਹੀ ਸੇਧ ਪ੍ਰਦਾਨ ਕਰਦਿਆਂ ਨਸ਼ਿਆਂ ਤੇ ਨਫ਼ਰਤ ਦੀ ਰਾਜਨੀਤੀ ਤੋਂ ਦੂਰ ਲੈ ਜਾ ਕੇ ਸੋਹਣੇ ਸਮਾਜ ਦੀ ਸਿਰਜਣਾ ਵੱਲ ਪ੍ਰੇਰਿਤ ਕਰ ਸਕਦੀ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਸ਼ਹੀਦੀ ਦਿਹਾੜੇ ਨੂੰ ਵੱਡੇ ਪੱਧਰ 'ਤੇ ਮਨਾਉਣ 'ਤੇ ਘਰਾਂ ਵਿੱਚ ਦੀਪਮਾਲਾ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਹੋਰਨਾਂ ਤੋਂ ਇਲਾਵਾ ਪਲਸ ਮੰਚ ਵੱਲੋਂ ਕਸਤੂਰੀ ਲਾਲ, ਨਾਟਕਕਾਰ ਤਰਲੋਚਨ ਸਿੰਘ (ਰੰਗ ਮੰਚ ਰੰਗ ਨਗਰੀ) ਤਰਕਸ਼ੀਲ ਆਗੂ ਬਲਵਿੰਦਰ ਲਾਲਬਾਗ, ਕਾਮਰੇਡ ਮੋਹਣ ਸਿੰਘ, ਜਰਨੈਲ ਸਿੰਘ ਤੋਂ ਇਲਾਵਾ ਨੌਜਵਾਨ ਸਭਾ ਵੱਲੋਂ ਜਗਜੀਤ ਸਿੰਘ, ਪ੍ਰਤਾਪ ਸਿੰਘ, ਮੀਨੂੰ ਸ਼ਰਮਾ, ਤਜਿੰਦਰ ਸਿੰਘ, ਗੁਰਵਿੰਦਰ ਸਿੰਘ ਮਾਨ ਸਿੰਘ, ਰਜੀਵ ਕੁਮਾਰ, ਨੀਲ, ਗੁਰੀਤ, ਜੈਪਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨਾਂ ਬੱਚਿਆਂ ਨੇ ਸ਼ਮੂਲੀਅਤ ਕੀਤੀ।

# ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸਰਕਾਰ ਖਿਲਾਫ ਰੋਸ ਰੈਲੀ




**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਜ਼ਿਲ੍ਹਾ ਪੈਨਸ਼ਨਰ ਭਵਨ ਤਹਿਸੀਲ ਕੰਪਲੈਕਸ ਵਿਖੇ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸੰਗਰੂਰ ਨਾਲ ਸੰਬੰਧਤ 9 ਇਕਾਈਆਂ ਦੇ ਪ੍ਰਧਾਨ, ਜਨਰਲ ਸਕੱਤਰ ਤੇ ਮੁੱਖ ਅਹੁਦੇਦਾਰਾਂ ਦੀ ਇੱਕ ਅਹਿਮ ਮੀਟਿੰਗ ਹੋਈ, ਜੋ ਬਾਅਦ ਵਿੱਚ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਗਈ।ਇਹ ਮੀਟਿੰਗ ਤੇ ਰੈਲੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਤੇ ਪੰਜਾਬ ਸਟੇਟ ਪੈਨਸ਼ਨਰਜ਼ ਕੰਨਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ, ਮੁੱਖ ਬੁਲਾਰੇ ਸ੍ਰੀ ਰਾਜ ਕੁਮਾਰ ਅਰੋੜਾ ਦੀ ਅਗਵਾਈ ਵਿੱਚ ਹੋਈ।ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਦਰਸ਼ਨ ਸਿੰਘ ਨੌਰਥ, ਵਿੱਤ ਸਕੱਤਰ ਕਰਨੈਲ ਸਿੰਘ ਸੇਖੋਂ, ਸੀਨੀਅਰ ਮੀਤ ਪ੍ਰਧਾਨ ਸ੍ਰੀ ਆਰ. ਐੱਲ. ਪਾਂਧੀ, ਸਕੱਤਰ ਜਨਰਲ ਸੁਖਦੇਵ ਸਿੰਘ ਭਵਾਨੀਗੜ੍ਹ, ਵਿੱਤ ਸਕੱਤਰ ਕਰਨੈਲ ਸਿੰਘ ਸੇਖੋਂ, ਮੁੱਖ ਸਲਾਹਕਾਰ ਤੇ ਸੰਗਰੂਰ ਇਕਾਈ ਦੇ ਪ੍ਰਧਾਨ ਭੁਪਿੰਦਰ ਸਿੰਘ ਜੱਸੀ, ਧੂਰੀ ਦੇ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਧੂਰੀ, ਭਵਾਨੀਗੜ੍ਹ ਦੇ ਪ੍ਰਧਾਨ ਸਤਵੰਤ ਸਿੰਘ ਸੰਧੂ, ਸ਼ੇਰਪੁਰ ਦੇ ਪ੍ਰਧਾਨ ਵੇਦ ਸਿੰਘ ਸਿੱਧੂ, ਸੁਨਾਮ ਦੇ ਜਨਰਲ ਸਕੱਤਰ ਚੇਤ ਰਾਮ ਢਿੱਲੋਂ, ਦਿੜ੍ਹਬਾ ਦੇ ਜਨਰਲ ਸਕੱਤਰ ਕਸ਼ਮੀਰ ਸਿੰਘ ਰੋੜੇਵਾਲ, ਜ਼ਿਲ੍ਹਾ ਸਕੱਤਰ ਜਨਰਲ ਸੁਖਦੇਵ ਸਿੰਘ ਭਵਾਨੀਗੜ੍ਹ, ਜੀਤ ਸਿੰਘ ਢੀਂਡਸਾ, ਡਾ. ਅਮਰਜੀਤ ਸਿੰਘ, ਅਵਿਨਾਸ਼ ਸ਼ਰਮਾ, ਨਰਿੰਦਰਜੀਤ ਸਿੰਘ ਅਮਰਗੜ੍ਹ ਆਦਿ ਸ਼ਾਮਲ ਸਨ।ਸ੍ਰੀ ਦਰਸ਼ਨ ਸਿੰਘ ਨੌਰਥ ਜਨਰਲ ਸਕੱਤਰ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਪਿਛਲੇ ਦਿਨੀਂ ਕੁਝ ਪੈਨਸ਼ਨਰ ਸਾਥੀ ਸਦੀਵੀ ਵਿਛੋੜਾ ਦੇ ਗਏ ਹਨ, ਉਨ੍ਹਾਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖਿਆ ਗਿਆ।ਰੈਲੀ ਨੂੰ ਸੰਬੋਧਨ ਕਰਦਿਆਂ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮ ਤੇ ਪੈਨਸ਼ਨਰਾਂ ਦੀਆਂ ਮੰਗਾਂ ਦੀ ਅਣਦੇਖੀ ਕਰ ਰਹੀ ਹੈ, ਜਿਸ ਕਾਰਨ ਪੰਜਾਬ ਦੇ ਸਮੁੱਚੇ ਮੁਲਾਜ਼ਮ ਤੇ ਪੈਨਸ਼ਨਰ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਪੰਜਾਬ ਮੁਲਾਜ਼ਮ, ਪੈਨਸ਼ਨਰ ਜੁਆਇੰਟ ਫਰੰਟ ਦੇ ਫੈਸਲੇ ਮੁਤਾਬਿਕ 8 ਮਾਰਚ ਨੂੰ ਮੁਹਾਲੀ ਫੇਸ 8 ਗੁਰਦੁਆਰਾ ਅੰਬ ਸਾਹਿਬ ਦੇ ਨਜ਼ਦੀਕ ਸੂਬਾ ਪੱਧਰੀ ਵਿਸ਼ਾਲ ਸਾਂਝਾ ਧਰਨਾ/ਰੈਲੀ ਤੇ ਰੋਸ ਮਾਰਚ ਕੀਤਾ ਜਾਵੇਗਾ।ਇਹ ਸੰਘਰਸ਼ ਧਰਨੇ, ਵੱਖ-ਵੱਖ ਜਥੇਬਦੀਆਂ ਵੱਲੋਂ11 ਮਾਰਚ ਤੱਕ ਜਾਰੀ ਰਹਿਣਗੇ।

ਇਸ ਰੈਲੀ ਨੂੰ ਚੇਤ ਰਾਮ ਢਿੱਲੋਂ ਸੁਨਾਮ, ਸਤਵੰਤ ਸਿੰਘ ਸੰਧੂ, ਡਾ. ਅਮਰਜੀਤ ਸਿੰਘ, ਅਵਿਨਾਸ਼ ਸ਼ਰਮਾ ਸੰਗਰੂਰ, ਹਰਵਿੰਦਰ ਸਿੰਘ ਭੱਠਲ ਸੰਗਰੂਰ, ਜੀਤ ਸਿੰਘ ਢੀਂਡਸਾ, ਸੁਖਦੇਵ ਸਿੰਘ, ਚਰਨ ਸਿੰਘ ਚੋਪੜਾ ਭਵਾਨੀਗੜ੍ਹ, ਤੇਜਾ ਸਿੰਘ ਮੂਨਕ, ਜਸਵੀਰ ਸਿੰਘ ਖਾਲਸਾ, ਸੁਰਿੰਦਰ ਸਿੰਘ ਸੋਢੀ, ਕੰਵਲਜੀਤ ਸਿੰਘ, ਲਾਲ ਚੰਦ ਸੈਣੀ, ਜ਼ਿਲ੍ਹਾ ਸੰਗਰੂਰ ਦੀਆਂ ਇਕਾਈਆਂ ਦੇ ਪ੍ਰਧਾਨ ਸਹਿਬਾਨ ਵੱਲੋਂ ਆਪਣੇ ਸੰਬੋਧਨ ਵਿੱਚ ਪੰਜਾਬ ਸਰਕਾਰ ਦੀ ਮੁਲਾਜਮ ਅਤੇ ਪੈਨਸ਼ਰ ਮਾਰੂ ਨੀਤੀ ਦੀ ਨਿਖੇਧੀ ਕੀਤੀ ਗਈ।ਇਸ ਮੌਕੇ ਤਹਿਸੀਲ ਕੰਪਲੈਕਸ ਵਿਖੇ ਰੋਸ ਰੈਲੀ ਤੇ ਮਾਰਚ ਕੀਤਾ ਗਿਆ।

## ਸਕੂਲਾਂ ਦੇ ਖੁੱਲ੍ਹਣ ਤੇ ਬੰਦ ਹੋਣ ਸਮੇਂ ਟਿੱਪਰਾਂ ਦੀ ਆਵਾਜਾਈ 'ਤੇ ਰੋਕ

**ਮਾਨਸਾ (ਆਤਮਾ ਸਿੰਘ ਪਮਾਰ)**

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਨਵਜੋਤ ਕੌਰ, ਆਈ.ਏ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ-2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮਾਨਸਾ ਦੀ ਹਦੂਦ ਅੰਦਰ ਜਿਨ੍ਹਾਂ ਸੜਕਾਂ/ਹਾਈਵੇਅਜ਼ ਉੱਪਰ ਸਕੂਲ ਸਥਿਤ ਹਨ, ਉੱਥੇ ਟਿੱਪਰਾਂ ਦੀ ਆਵਾਜਾਈ ਰੋਕਣ ਦਾ ਸਮਾਂ ਸਵੇਰੇ 07:00 ਵਜੇ ਤੋਂ 09:00 ਅਤੇ ਬਾਅਦ ਦੁਪਹਿਰ 02:15 ਵਜੇ ਤੋਂ 03:45 ਵਜੇ ਤੱਕ ਨਿਰਧਾਰਤ ਕਰ ਦਿੱਤਾ ਹੈ।ਇਹ ਹੁਕਮ ਸਕੂਲਾਂ 'ਚ ਛੁੱਟੀ ਵਾਲੇ ਦਿਨ ਲਾਗੂ ਨਹੀਂ ਹੋਵੇਗਾ।ਹੁਕਮ 'ਚ ਕਿਹਾ ਗਿਆ ਹੈ ਕਿ ਚੇਅਰਮੈਨ ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਵੱਲੋਂ ਜਾਰੀ ਪੱਤਰ ਰਾਹੀਂ ਕਿਹਾ ਹੈ ਕਿ ਵੱਖ ਵੱਖ ਸ਼ਹਿਰਾਂ ਤੇ ਕਸਬਿਆਂ ਵਿੱਚ ਜਿਨ੍ਹਾਂ ਸੜਕਾਂ 'ਤੇ ਉੱਪਰ ਸਕੂਲ ਸਥਿਤ ਹਨ, ਉਨ੍ਹਾਂ ਸਕੂਲਾਂ ਦੇ ਖੁੱਲ੍ਹਣ ਤੇ ਛੁੱਟੀ ਸਮੇਂ ਟਿੱਪਰਾਂ ਦੇ ਲੰਘਣ ਦਾ ਸਮਾਂ ਨਿਰਧਾਰਤ ਕੀਤਾ ਜਾਵੇ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾਂ ਤੋਂ ਬਚਾਅ ਹੋ ਸਕੇ।ਇਸ ਦੇ ਸਬੰਧ ਵਿੱਚ ਰਿਜਨਲ ਟਰਾਂਸਪੋਰਟ ਅਫ਼ਸਰ, ਮਾਨਸਾ ਪਾਸੋਂ ਜ਼ਿਲ੍ਹਾ ਮਾਨਸਾ ਦੇ ਸਮੂਹ ਸਰਕਾਰੀ, ਪ੍ਰਾਈਵੇਟ ਏਡਡ ਅਤੇ ਮਾਨਤਾ ਪ੍ਰਾਪਤ ਪ੍ਰਾਇਮਰੀ/ਮਿਡਲ/ ਹਾਈ/ਸੀਨੀਅਰ ਸੈਕੰਡਰੀ ਸਕੂਲਾਂ ਦੇ ਖੁੱਲ੍ਹਣ ਤੇ ਬੰਦ ਦੇ ਸਮੇਂ ਅਨੁਸਾਰ ਟਿੱਪਰਾਂ ਦੀ ਆਵਾਜਾਈ ਨਿਰਧਾਰਤ ਕਰਨ ਸਬੰਧੀ ਰਿਪੋਰਟ ਪ੍ਰਾਪਤ ਕੀਤੀ ਗਈ ਹੈ।ਇਹ ਹੁਕਮ 31 ਮਾਰਚ, ਤੱਕ ਲਾਗੂ ਰਹੇਗਾ।

# ਭੱਠਾ ਮਜ਼ਦੂਰ ਯੂਨੀਅਨ ਵੱਲੋਂ ਧਰਨਾ, ਮੰਗਾਂ ਮੰਨੀਆਂ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਭੱਠਾ ਮਜ਼ਦੂਰ ਯੂਨੀਅਨ ਬਲਾਕ ਰਾਮਪੁਰਾ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਤੇ ਭੱਠਿਆਂ 'ਤੇ ਮਜ਼ਦੂਰਾਂ ਨੂੰ ਬੁਨਿਆਦੀ ਸਹੂਲਤਾਂ ਨਾ ਮਿਲਣ ਕਰਕੇ ਆ ਰਹੀਆਂ ਦਰਪੇਸ਼ ਸਮੱਸਿਆਵਾਂ ਦੇ ਹੱਲ ਲਈ ਭੱਠਾ ਮਾਲਕਾਂ ਖ਼ਿਲਾਫ਼ ਭੱਠੇ ਸਾਹਮਣੇ ਧਰਨਾ ਦਿੱਤਾ ਗਿਆ। ਧਰਨੇ ਵਿੱਚ ਰਾਮਪੁਰਾ ਇਲਾਕੇ ਦੇ ਵੱਖ-ਵੱਖ ਭੱਠਿਆਂ ਨਾਲ ਸਬੰਧਤ ਮਜ਼ਦੂਰਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ। ਬਲਾਕ ਪ੍ਰਧਾਨ ਜ਼ੋਰਾ ਸਿੰਘ ਫੂਲ, ਕੁੱਕੂ ਸਿੰਘ ਰਾਮਪੁਰਾ ਤੇ ਮੱਖਣ ਸਿੰਘ ਨੇ ਕਿਹਾ ਕਿ ਭੱਠਾ ਮਾਲਕਾਂ ਵੱਲੋਂ ਡੀ ਸੀ ਦਫਤਰ ਬਠਿੰਡਾ ਵੱਲੋਂ ਮਨਜ਼ੂਰ ਕੀਤੇ ਰੇਟਾਂ 'ਚੋਂ ਕਟੌਤੀਆਂ ਕਰਕੇ ਗੈਰ ਕਾਨੂੰਨੀ ਢੰਗ ਨਾਲ ਘੱਟ ਰੇਟ ਦੇ ਕੇ ਮਜ਼ਦੂਰਾਂ ਦੀ ਖੁੱਲ੍ਹੀ ਲੁੱਟ ਕੀਤੀ ਜਾ ਰਹੀ ਜਿਵੇਂ ਕਿ ਕੱਚੀਆਂ ਇੱਟਾਂ ਦੀ ਟਰਾਲੀ ਭਰਨ ਬਦਲੇ ਮਨਜ਼ੂਰਸ਼ੁਦਾ ਰੇਟ 338/-ਪ੍ਰਤੀ ਹਜ਼ਾਰ ਦੇਣ ਦੀ ਬਜਾਏ ਕਟੌਤੀ ਕਰਕੇ 220/- ਪ੍ਰਤੀ ਹਜ਼ਾਰ ਨਾਲ ਮਜ਼ਦੂਰਾਂ ਨੂੰ ਅਦਾਇਗੀ ਕਰਕੇ ਉਨ੍ਹਾਂ ਦੀ ਅੰਨ੍ਹੀ ਲੁੱਟ ਕੀਤੀ ਜਾ ਰਹੀ ਹੈ।ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਨਜਾਇਜ਼ ਕੀਤੀ ਜਾ ਰਹੀ ਕਟੌਤੀ ਤੁਰੰਤ ਰੋਕੀ ਜਾਵੇ ਤੇ ਭੱਠਿਆਂ ਤੇ ਮਜ਼ਦੂਰਾਂ ਲਈ ਪੀਣ ਵਾਲੇ ਸਾਫ ਪਾਣੀ ਤੇ ਪਖ਼ਾਨਿਆਂ ਦਾ ਪ੍ਰਬੰਧ ਨਹੀਂ ਹੈ ਤੇ ਪ੍ਰਬੰਧ ਕੀਤਾ ਜਾਵੇ।

ਸਾਬਕਾ ਬਿਜਲੀ ਆਗੂ ਜਗਜੀਤ ਸਿੰਘ ਲਹਿਰਾ ਮੁਹੱਬਤ ਤੇ ਬੀ ਕੇ ਯੂ ਏਕਤਾ ਦੇ ਬਲਾਕ ਆਗੂ ਜਗਦੀਸ਼ ਸਿੰਘ ਰਾਮਪੁਰਾ ਨੇ ਕਿਹਾ ਕਿ ਮਜ਼ਦੂਰਾਂ ਪੱਖੀ ਕਿਰਤ ਕਨੂੰਨਾਂ ਬਦਲ ਕੇ ਕੇਂਦਰ ਸਰਕਾਰ ਨੇ ਨਵੇਂ ਚਾਰ ਕਿਰਤ ਲਾਗੂ ਕਰਕੇ ਮਜ਼ਦੂਰ ਵਰਗ ਦਾ ਗਲ਼ ਘੁੱਟਿਆ ਹੈ, ਜੋ ਕਾਰਪੋਰੇਟ ਘਰਾਣਿਆਂ ਦੇ ਹਿੱਤ ਵਿੱਚ ਹਨ ਤੇ ਇਨ੍ਹਾਂ ਕਾਨੂੰਨਾਂ ਨੇ ਮਜ਼ਦੂਰਾਂ ਦੀ ਖੁੱਲ੍ਹੀ ਲੁੱਟ ਕਰਨ ਲਈ ਰਾਹ ਪੱਧਰਾ ਕਰ ਦਿੱਤਾ ਹੈ। ਅਖੀਰ ਵਿੱਚ ਮਜ਼ਦੂਰਾਂ ਵੱਲੋਂ ਦਿੱਤੇ ਜਾ ਰਹੇ ਧਰਨੇ ਦੌਰਾਨ ਭੱਠਾ ਮਾਲਕਾਂ ਵੱਲੋਂ ਗੱਲਬਾਤ ਕਰਨ ਲਈ ਮਜ਼ਦੂਰਾਂ ਆਗੂਆਂ ਨੂੰ ਬੁਲਾਇਆ ਗਿਆ ਤੇ ਮੀਟਿੰਗ ਕੀਤੀ ਗਈ। ਭੱਠਾ ਮਾਲਕਾਂ ਵੱਲੋਂ ਮਜ਼ਦੂਰਾਂ ਨੂੰ ਕੱਚੀਆਂ ਇੱਟਾਂ ਦੀ ਟਰਾਲੀ ਭਰਨ ਬਦਲੇ ਮੌਜੂਦਾ ਸਮੇਂ ਦਿੱਤੇ ਜਾ ਰਹੇ ਰੇਟ ਵਿੱਚ ਪ੍ਰਤੀ ਹਜ਼ਾਰ 40/- ਦਾ ਵਾਧਾ ਕਰਕੇ ਮੰਗ ਮੰਨੀ ਗਈ ਹੈ ਤੇ ਜਥੇਬੰਦੀ ਨੂੰ ਵਿਸ਼ਵਾਸ ਦਿਵਾਇਆ ਕਿ ਬਾਕੀ ਰਹਿੰਦੀਆਂ ਮੰਗਾਂ ਦਾ ਵੀ ਜਲਦੀ ਹੱਲ ਕਰ ਦਿੱਤਾ ਜਾਵੇਗਾ ਤੇ ਭੱਠਾ ਮਾਲਕਾਂ ਜਥੇਬੰਦੀ ਨੂੰ ਵਿਸ਼ਵਾਸ ਦੇਣ ਉਪਰੰਤ ਚੱਲ ਰਿਹਾ ਧਰਨਾ ਮੁਲਤਵੀ ਕਰ ਦਿੱਤਾ ਗਿਆ ਹੈ।

## 5 ਤਸਕਰ ਕਾਬੂ, ਭਾਰੀ ਮਾਤਰਾ 'ਚ ਨਸ਼ੀਲੇ ਪਦਾਰਥ ਬਰਾਮਦ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**



ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਹਿਲ ਨੇ ਦੱਸਿਆ ਕਿ ਸਬ-ਡਵੀਜ਼ਨ ਪੁਲਸ ਵੱਲੋਂ ਚਲਾਈਆਂ ਗਈਆਂ ਵਿਸ਼ੇਸ਼ ਮੁਹਿੰਮਾਂ 'ਯੁੱਧ ਨਸ਼ਿਆਂ ਵਿਰੁੱਧ' ਤੇ 'ਪਿੰਡਾਂ ਦੇ ਪਹਿਰੇਦਾਰ' ਤਹਿਤ ਅਪਰਾਧਕ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਗਈ ਹੈ।23 ਫ਼ਰਵਰੀ ਤੋਂ 1 ਮਾਰਚ ਤੱਕ ਚੱਲੀ ਇਸ ਕਾਰਵਾਈ ਦੌਰਾਨ ਪੁਲਸ ਨੇ 5 ਵੱਖ-ਵੱਖ ਮੁਕੱਦਮੇ ਦਰਜ ਕਰਕੇ 5 ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ 'ਚ ਸਫ਼ਲਤਾ ਹਾਸਲ ਕੀਤੀ ਹੈ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਕੋਲੋਂ 10 ਗ੍ਰਾਮ ਹੈਰੋਇਨ (ਚਿੱਟਾ), 28 ਨਸ਼ੀਲੀਆਂ ਗੋਲੀਆਂ, 840 ਨਸ਼ੀਲੇ ਕੈਪਸੂਲ (ਸਿਗਨੇਚਰ) ਤੇ 45 ਬੋਤਲਾਂ ਦੇਸੀ ਸ਼ਰਾਬ ਬਰਾਮਦ ਕੀਤੀ ਗਈ ਹੈ।ਨਸ਼ਿਆਂ ਦੇ ਖ਼ਾਤਮੇ ਦੇ ਨਾਲ-ਨਾਲ ਪੁਲਸ ਨੇ ਸਮਾਜਿਕ ਸੁਧਾਰ ਵੱਲ ਕਦਮ ਵਧਾਉਂਦਿਆਂ ਨਸ਼ੇ ਦੇ ਆਦੀ 7 ਵਿਅਕਤੀਆਂ ਨੂੰ ਇਲਾਜ ਲਈ ਓਟ ਸੈਂਟਰ ਵਿੱਚ ਦਵਾਈ ਦਿਵਾਈ ਹੈ, ਤਾਂ ਜੁ ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਵਾਪਸ ਲਿਆਂਦਾ ਜਾ ਸਕੇ।ਐਸ.ਐਸ.ਪੀ. ਚਹਿਲ ਨੇ ਦੱਸਿਆ ਕਿ ਪੁਰਾਣੇ ਮਾਮਲਿਆਂ 'ਚ ਲੋੜੀਂਦੇ ਇੱਕ ਭਗੌੜੇ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ।ਇਸ ਤੋਂ ਇਲਾਵਾ 7 ਮੁਕੱਦਮਿਆਂ ਦੀ ਤਫ਼ਤੀਸ਼ ਮੁਕੰਮਲ ਕਰਕੇ ਦੋਸ਼ੀਆਂ ਖ਼ਿਲਾਫ਼ ਅਦਾਲਤ ਵਿੱਚ ਚਲਾਨ ਪੇਸ਼ ਕੀਤੇ ਗਏ ਹਨ।ਪਬਲਿਕ ਦੀਆਂ ਸ਼ਿਕਾਇਤਾਂ ਨੂੰ ਪਹਿਲ ਦਿੰਦਿਆਂ ਪੁਲਸ ਨੇ 80 ਦਰਖਾਸਤਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ।ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਵੀ ਸਖ਼ਤੀ ਕਰਦਿਆਂ 210 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 82 ਸ਼ੱਕੀ ਵਿਅਕਤੀਆਂ ਵਿਰੁੱਧ 172 ਬੀਐਨਐਸਐਸ ਤਹਿਤ ਕਾਰਵਾਈ ਕੀਤੀ ਗਈ।

# ਇਜ਼ਰਾਇਲੀ ਪ੍ਰਧਾਨ ਮੰਤਰੀ ਨੇਤਨਯਾਹੂ ਦਾ ਪੁਤਲਾ ਫੂਕ ਕੀਤਾ ਰੋਸ ਪ੍ਰਦਰਸ਼ਨ

### ਖਾਮਨੇਈ ਦੀ ਸ਼ਹਾਦਤ ਨੂੰ ਯਾਦ ਰੱਖਿਆ ਜਾਵੇਗਾ : ਸ਼ਾਹੀ ਇਮਾਮ



**ਲੁਧਿਆਣਾ (ਰਾਜ ਸਿੰਗਲਾ)**-ਖਾੜੀ ਵਿੱਚ ਬੀਤੇ ਦੋ ਦਿਨਾਂ ਤੋਂ ਈਰਾਨ ਤੇ ਇਜ਼ਰਾਇਲ ਵਿੱਚ ਚੱਲ ਰਹੇ ਯੁੱਧ ਵਿੱਚ ਈਰਾਨ ਦੇ ਸੁਪਰੀਮ ਧਾਰਮਿਕ ਲੀਡਰ ਜਨਾਬ ਅਯਤੁੱਲਾਹ ਖਾਮੇਨੇਈ ਨੂੰ ਇੱਕ ਹਵਾਈ ਹਮਲੇ ਇਹ ਸ਼ਹੀਦ ਕਰ ਦਿੱਤਾ ਗਿਆ। ਇਸ ਖਬਰ ਦੇ ਨਾਲ ਦੁਨੀਆ ਭਰ ਦੇ ਮੁਸਲਮਾਨਾਂ ਤੇ ਇਨਸਾਫ ਪਸੰਦ ਲੋਕਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਅੱਜ ਇੱਥੇ ਪੰਜਾਬ ਦੇ ਦੀਨੀ ਮਰਕਜ਼ ਜਾਮਾ ਮਸਜਿਦ ਲੁਧਿਆਣਾ ਦੇ ਬਾਹਰ ਭਾਰੀ ਗਿਣਤੀ ਵਿੱਚ ਮੁਸਲਮਾਨ ਭਾਈਚਾਰੇ ਨੇ ਇਜ਼ਰਾਇਲ ਸਰਕਾਰ ਖਿਲਾਫ ਜ਼ਬਰਦਸਤ ਰੋਜ ਮੁਜ਼ਾਹਰਾ ਕੀਤਾ ਅਤੇ ਉਨ੍ਹਾਂ ਦੇ ਪ੍ਰਧਾਨ ਮੰਤਰੀ ਨੇਤਨਯਾਹੂ ਦਾ ਪੁਤਲਾ ਫੂਕਿਆ ਗਿਆ।

ਇਸ ਮੌਕੇ ਜਾਮਾ ਮਸਜਿਦ ਵਿੱਚ ਦੁਪਹਿਰ ਦੀ ਨਮਾਜ਼ ਤੋਂ ਬਾਅਦ ਅਯਤੁੱਲਾਹ ਖਾਮੇਨੇਈ ਦੀ ਸ਼ਹਾਦਤ ਨੂੰ ਸਲਾਮ ਪੇਸ਼ ਕਰਦੇ ਹੋਏ ਵਿਸ਼ੇਸ਼ ਦੁਆ ਵੀ ਕਰਵਾਈ ਗਈ ਇਸ ਸ਼ੋਕ ਸਭਾ ਨੂੰ ਸੰਬੋਧਨ ਕਰਦੇ ਹੋਏ ਮਜਲਿਸ ਅਹਿਰਾਰ ਇਸਲਾਮ ਹਿੰਦ ਤੇ ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਰਹਿਮਾਨੀ ਲੁਧਿਆਣਵੀ ਨੇ ਕਿਹਾ ਕਿ ਇਜ਼ਰਾਇਲ ਤੇ ਅਮਰੀਕਾ ਦਾ ਇਹ ਸਰਕਾਰੀ ਅੱਤਵਾਦ ਹੈ, ਇਨ੍ਹਾਂ ਦੀ ਦਾਦਾਗਿਰੀ ਦੇ ਅੱਗੇ ਦੁਨੀਆ ਖਾਮੋਸ਼ ਹੈ, ਕਿਉਂਕਿ ਇਨਸਾਫ ਦਿਵਾਉਣ ਵਾਲੇ ਵੀ ਇਨ੍ਹਾਂ ਦੀ ਗੁੰਡਾਗਰਦੀ ਦੇ ਅੱਗੇ ਬੇਵੱਸ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਅਯਤੁੱਲਾਹ ਖਾਮੇਨੇਈ ਸਿਰਫ ਈਰਾਨ ਹੀ ਨਹੀਂ ਬਲਕਿ ਦੁਨੀਆ ਭਰ ਦੇ ਮੁਸਲਮਾਨਾਂ ਦੇ ਲੀਡਰ ਸਨ। ਉਨ੍ਹਾਂ ਦੀ ਸ਼ਹਾਦਤ ਨੂੰ ਅਸੀਂ ਸਭ ਸਲਾਮ ਪੇਸ਼ ਕਰਦੇ ਹਾਂ ਅਤੇ ਉਨ੍ਹਾਂ ਦੀ ਇਸ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕੇਗਾ, ਆਉਣ ਵਾਲੀਆਂ ਨਸਲਾਂ ਇਸ ਗੱਲ ਨੂੰ ਫ਼ਖ਼ਰ ਦੇ ਨਾਲ ਕਹਿ ਸਕਣਗੀਆਂ ਕਿ ਜਦ ਪੂਰੀ ਦੁਨੀਆ ਦੇ ਧੜਾਂਤ ਇਜ਼ਰਾਇਲ ਤੇ ਅਮਰੀਕਾ ਦੇ ਅੱਗੇ ਘੁਟਣੇ ਟੇਕ ਚੁੱਕੇ ਸਨ ਤਾਂ ਉਸ ਸਮੇਂ ਇੱਕ ਬੁੱਢਾ ਸ਼ੇਰ ਆਪਣੇ ਆਖਰੀ ਸਾਹਾਂ ਤੱਕ ਦੁਸ਼ਮਣ ਨਾਲ ਲੜਦਾ ਰਿਹਾ। ਪੰਜਾਬ ਦੇ ਸ਼ਾਹੀ ਇਮਾਮ ਮੌਲਾਨਾ ਮੁਹੰਮਦ ਉਸਮਾਨ ਲੁਧਿਆਣਵੀ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਉਹ ਅਯਤੁੱਲਾਹ ਖਾਮੇਨੇਈ ਦੀ ਸ਼ਹਾਦਤ ਮੌਕੇ ਇਜ਼ਰਾਇਲ ਤੇ ਅਮਰੀਕਾ ਦੀ ਇਸ ਅੱਤਵਾਦੀ ਕਾਰਵਾਈ ਖਿਲਾਫ ਆਪਣਾ ਰੋਸ ਯੂਐੱਨਓ ਵਿੱਚ ਦਰਜ ਕਰਵਾਏ ਤੇ ਈਰਾਨ ਦੇ ਨਾਲ ਆਪਣਾ ਦਹਾਕਿਆਂ ਪੁਰਾਣੇ ਰਿਸ਼ਤਿਆਂ ਨੂੰ ਦੇਖਦੇ ਹੋਏ ਕੌਮੀ ਸੋਗ ਐਲਾਨਣ।

## ਈਰਾਨ 'ਤੇ ਹਮਲੇ ਖਿਲਾ.ਫ ਟਰੰਪ ਦਾ ਪੁਤਲਾ ਫੂਕਿਆ



**ਲੁਧਿਆਣਾ (ਸਤੀਸ਼ ਸਚਦੇਵਾ)**-ਸਥਾਨਕ ਗ਼ਦਰੀ ਸ਼ਹੀਦ ਬਾਬਾ ਭਾਨ ਸਿੰਘ ਯਾਦਗਾਰ ਸੁਨੇਤ ਵਿਖੇ ਅਮਰੀਕਾ ਤੇ ਇਜ਼ਰਾਇਲ ਵੱਲੋਂ ਈਰਾਨ 'ਤੇ ਕੀਤੇ ਹਮਲੇ ਦੀ ਜ਼ੋਰਦਾਰ ਸ਼ਬਦਾਂ 'ਚ ਨਿਖੇਧੀ ਕਰਦਿਆਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟ੍ਰੰਪ ਦੀ ਅਰਥੀ ਫੂਕੀ ਗਈ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਵੱਖ-ਵੱਖ ਜਥੇਬੰਦੀਆਂ, ਜਿਨ੍ਹਾਂ ਵਿੱਚ ਜਮਹੂਰੀ ਅਧਿਕਾਰ ਸਭਾ ਪੰਜਾਬ, ਲੋਕ ਮੋਰਚਾ ਪੰਜਾਬ, ਇਨਕਲਾਬੀ ਕੇਂਦਰ ਪੰਜਾਬ, ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ, ਦੇ ਨੁਮਾਇੰਦਿਆਂ ਨੇ ਕਿਹਾ ਇਹ ਸਾਂਝਾ ਹਮਲਾ ਈਰਾਨ ਵੱਲੋਂ ਸੰਭਾਵਤ ਖਤਰੇ ਨੂੰ ਬਹਾਨਾ ਬਣਾ ਕੇ ਕੀਤਾ ਗਿਆ ਹੈ।ਇਸ ਹਮਲੇ 'ਚ ਈਰਾਨ ਦਾ ਸੁਪਰੀਮ ਲੀਡਰ ਆਇਤ ਉੱਲ ਅਲੀ ਖਾਮਨੇਈ, ਰੱਖਿਆ ਮੰਤਰੀ ਰੈਵੋਲੂਸ਼ਨਰੀ ਗਾਰਡ, ਕਮਾਂਡਰ ਤੇ ਸੈਂਕੜੇ ਲੋਕ ਮਾਰੇ ਗਏ ਹਨ ਤੇ ਈਰਾਨ ਵਿੱਚ ਰਾਜ ਪਲਟਾ ਕੀਤੇ ਜਾਣ ਦਾ ਐਲਾਨ ਕੀਤਾ।ਅਮਰੀਕਾ ਇਹ ਸਾਰੀ ਗੁੰਡਾਗਰਦੀ ਈਰਾਨ ਦੇ ਤੇਲ ਭੰਡਾਰਾਂ ਤੇ ਰੂਟਾਂ ਉੱਪਰ ਕਬਜ਼ਾ ਕਰਨ ਲਈ ਕਰ ਰਿਹਾ ਹੈ। ਅਮਰੀਕਾ ਸੰਸਾਰ ਚੌਧਰ ਮੁੜ ਸਥਾਪਤ ਕਰਨ ਲਈ ਵੱਖਰੇ-ਵੱਖਰੇ ਦੇਸ਼ਾਂ ਨੂੰ ਡਰਾਉਣ ਧਮਕਾਉਣ, ਰਾਜ ਪਲਟੇ ਕਰਵਾਉਣ ਤੇ ਲੋਕਾਂ ਵੱਲੋਂ ਚੁਣੇ ਗਏ ਮੁਖੀਆਂ ਨੂੰ ਮਾਰਨ ਜਾਂ ਗ੍ਰਿਫਤਾਰ ਕਰਨ ਦੀ ਮੁਹਿੰਮ ਵਿੱਚ ਜੁਟਿਆ ਹੋਇਆ ਹੈ।ਇਸ ਅਰਥੀ ਫੂਕ ਪ੍ਰਦਰਸ਼ਨ ਦੌਰਾਨ ਵੱਖ-ਵੱਖ ਜਥੇਬੰਦੀਆਂ ਵੱਲੋਂ ਜਸਵੰਤ ਜ਼ੀਰਖ, ਕਸਤੂਰੀ ਲਾਲ, ਰਾਕੇਸ਼ ਆਜ਼ਾਦ, ਡਾ. ਮੋਹਣ, ਤਰਲੋਚਨ ਸਿੰਘ, ਬਲਵਿੰਦਰ ਲਾਲਬਾਗ ਸਮੇਤ ਹੋਰ ਕਾਰਕੁੰਨ ਹਾਜ਼ਰ ਸਨ।

# ਪੰਜਾਬ ਤੇ ਕੇਂਦਰ ਸਰਕਾਰ ਅਣ-ਰਜਿਸਟਰਡ ਪ੍ਰੈਕਟੀਸ਼ਨਰਾਂ ਦਾ ਮਸਲਾ ਹੱਲ ਕਰੇ : ਗੋਇਲ

**ਮਾਨਸਾ (ਆਤਮਾ ਸਿੰਘ ਪਮਾਰ)**



ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਫੈਸਲੇ ਅਨੁਸਾਰ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਐੱਮ ਕੇ ਪੈਲੇਸ ਫਿਰੋਜ਼ਪੁਰ ਵਿਖੇ ਜ਼ਿਲ੍ਹਾ ਪ੍ਰਧਾਨ ਹਰਭਜਨ ਲਾਲ ਤੇ ਬਲਾਕ ਆਗੂਆਂ ਦੀ ਅਗਵਾਈ 'ਚ ਕਰਵਾਈ ਗਈ।ਕਨਵੈਨਸ਼ਨ 'ਚ ਉਚੇਚੇ ਤੌਰ 'ਤੇ ਸੂਬਾਈ ਪ੍ਰਧਾਨ ਧੰਨਾ ਮੱਲ ਗੋਇਲ, ਜਰਨਲ ਸਕੱਤਰ ਗੁਰਮੇਲ ਸਿੰਘ ਮਾਛੀਕੇ, ਕੈਸ਼ੀਅਰ ਰਾਕੇਸ਼ ਮਹਿਤਾ, ਚੇਅਰਮੈਨ ਐੱਚ ਐੱਸ ਰਾਣੂ, ਸੀਨੀਅਰ ਵਾਇਸ ਪ੍ਰਧਾਨ ਸੀ ਆਰ ਸ਼ੰਕਰ, ਡਾਕਟਰ ਮਲਕੀਤ ਥਿੰਦ ਚੇਅਰਮੈਨ ਪੱਛੜੀਆਂ ਸ਼੍ਰੇਣੀਆਂ, ਕਿਸਾਨ ਯੂਨੀਅਨ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਹਰਨੇਕ ਸਿੰਘ ਮਹਿਮਾ, ਪ੍ਰਸ਼ੋਤਮ ਸ਼ਰਮਾ ਤੇ ਰਵਿੰਦਰ ਸ਼ਰਮਾ ਨੇ ਸ਼ਿਰਕਤ ਕੀਤੀ।ਸ਼ੁਰੂਆਤ ਵਿੱਚ ਜ਼ਿਲ੍ਹਾ ਚੇਅਰਮੈਨ ਗੁਰਸੇਵਕ ਕੁੱਲਗੜ੍ਹੀ ਵੱਲੋਂ ਹਾਜ਼ਰੀਨ ਦਾ ਸਵਾਗਤ ਕੀਤਾ ਗਿਆ ਤੇ ਜਥੇਬੰਦਕ ਪਰਵਾਰਾਂ ਵਿੱਚੋਂ ਵਿੱਛੜਿਆਂ ਨੂੰ ਸ਼ਰਧਾਂਜਲੀ ਅਰਪਿਤ ਕੀਤੀ ਗਈ।ਆਗੂਆਂ ਵੱਲੋਂ ਅਕਾਸ਼ ਗੁੰਜਾਊ ਨਾਹਰਿਆਂ ਨਾਲ ਜਥੇਬੰਦੀ ਦਾ ਝੰਡਾ ਵੀ ਲਹਿਰਾਇਆ ਗਿਆ।ਕਨਵੈਨਸ਼ਨ ਤੋਂ ਪਰਤਦਿਆਂ ਪ੍ਰਧਾਨ ਧੰਨਾ ਮੱਲ ਗੋਇਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਕਨਵੈਨਸ਼ਨ ਨੂੰ ਉਨ੍ਹਾਂ ਤੋਂ ਇਲਾਵਾ ਸਕੱਤਰ ਗੁਰਮੇਲ ਸਿੰਘ ਮਾਛੀਕੇ ਨੇ ਮੌਜੂਦਾ ਹਾਲਾਤਾਂ ਸਬੰਧੀ ਬੋਲਦਿਆਂ ਭਵਿੱਖੀ ਦਰਪੇਸ਼ ਚੁਣੌਤੀਆਂ ਦਾ ਜ਼ਿਕਰ ਕੀਤਾ ਕਿ ਕੇਂਦਰ ਸਰਕਾਰ ਵੱਲੋਂ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਨੂੰ ਮੁੱਖ ਰੱਖ ਕੇ ਲਗਾਤਾਰ ਸੰਵਿਧਾਨਕ ਸੋਧਾਂ ਕੀਤੀਆਂ ਜਾ ਰਹੀਆਂ ਹਨ।ਇਸ ਸਮੇਂ ਨਿਆਂ ਪ੍ਰਣਾਲੀ ਵੀ ਸਵਾਲਾਂ ਦੇ ਘੇਰੇ 'ਚ ਆਉਂਦੀ ਦਿਖਾਈ ਦੇ ਰਹੀ ਹੈ।ਵੱਡੀ ਗਿਣਤੀ ਜਨਤਕ ਵਿਰੋਧੀ ਫੈਸਲਿਆਂ ਕਾਰਨ ਲੋਕਾਂ ਦਾ ਨਿਆਂ ਪ੍ਰਣਾਲੀ ਤੋਂ ਵਿਸ਼ਵਾਸ ਉਠਦਾ ਜਾ ਰਿਹਾ ਹੈ।ਪਿਛਲੇ ਦਿਨੀਂ ਮਾਣਯੋਗ ਸੁਪਰੀਮ ਕੋਰਟ ਵੱਲੋਂ ਤਜਰਬੇਕਾਰ ਅਣ-ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰਾਂ ਖਿਲਾਫ਼ ਫੈਸਲਾ ਇਸ ਦੀ ਤਾਜ਼ਾ ਮਿਸਾਲ ਹੈ।ਇੱਕ ਪਾਸੇ ਸਰਕਾਰ ਵੱਲੋਂ ਨਿਗੂਣੀਆਂ ਸਿਹਤ ਸਹੂਲਤਾਂ ਹਨ ਤੇ ਦੂਸਰੇ ਪਾਸੇ ਸਵੈ-ਰੁਜ਼ਗਾਰ ਚਲਾ ਰਹੇ ਵੱਡੀ ਗਿਣਤੀ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਕਿੱਤੇ ਨੂੰ ਉਜਾੜਨ ਦੇ ਰਾਹ ਪਈ ਹੋਈ ਹੈ। ਚੋਣਾਂ ਮੌਕੇ ਤੇ ਪੈਨਲ ਮੀਟਿੰਗ ਵਿੱਚ ਬੇਸ਼ੱਕ ਪੰਜਾਬ ਸਰਕਾਰ ਵੱਲੋਂ ਸ਼ਾਰਟ ਟਰਮ ਟ੍ਰੇਨਿੰਗ ਦੇਣ ਦਾ ਵਾਅਦਾ ਕੀਤਾ ਗਿਆ, ਪ੍ਰੰਤੂ ਹੁਣ ਇਸ ਸਮਾਜਿਕ ਮਸਲੇ ਨੂੰ ਕਾਨੂੰਨੀ ਅੜਚਨਾਂ ਦੇ ਨਾਂ ਹੇਠ ਅਣਗੌਲਿਆ ਕੀਤਾ ਜਾ ਰਿਹਾ ਹੈ, ਜਿਸ ਨੂੰ ਹਰਗਿਜ਼ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਗੋਇਲ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਚੱਲ ਰਹੇ ਲੋਕ ਸਭਾ ਦੇ ਸੈਸ਼ਨ ਦੌਰਾਨ ਦੇਸ਼ ਵਿੱਚ ਮੁਢਲੀਆਂ ਸਿਹਤ ਸੇਵਾਵਾਂ ਦੇ ਰਹੇ 60 ਲੱਖ ਦੇ ਕਰੀਬ ਤਜਰਬੇਕਾਰ ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਸ਼ਾਰਟ ਟਰਮ ਟ੍ਰੇਨਿੰਗ ਬ੍ਰਿਜ ਕੋਰਸ ਕਰਵਾ ਕੇ ਮੁਢਲੀਆਂ ਸਿਹਤ ਸੇਵਾਵਾਂ ਤੇ ਸਰਕਾਰ ਵੱਲੋਂ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਵੀ ਵਲੰਟੀਅਰ ਵਜੋਂ ਸ਼ਾਮਲ ਕੀਤਾ ਜਾਵੇ। ਉਨ੍ਹਾ ਪੰਜਾਬ ਸਮੇਤ ਦੇਸ਼ ਭਰ ਦੇ ਸਾਂਸਦਾਂ ਨੂੰ ਮੌਜੂਦਾ ਸੈਸ਼ਨ ਦੌਰਾਨ ਇਸ ਸਮਾਜਿਕ ਤੇ ਗੰਭੀਰ ਮੰਗ ਨੂੰ ਉਠਾਉਣ ਦੀ ਪੁਰਜ਼ੋਰ ਅਪੀਲ ਕੀਤੀ ਤੇ ਸਾਥੀਆਂ ਨੂੰ ਜਥੇਬੰਦਕ ਢਾਂਚੇ ਨੂੰ ਹੋਰ ਮਜ਼ਬੂਤ ਤੇ ਲਾਮਬੰਦ ਹੋਣ ਦੀ ਅਪੀਲ ਵੀ ਕੀਤੀ।ਇਸ ਸਮੇਂ ਜਥੇਬੰਦੀ ਦਾ ਬੈਜ਼ ਵੀ ਰਿਲੀਜ਼ ਕੀਤਾ ਗਿਆ। ਕਨਵੈਨਸ਼ਨ ਨੂੰ ਜ਼ਿਲ੍ਹਾ ਫਾਜ਼ਿਲਕਾ ਦੇ ਪ੍ਰਧਾਨ ਰਾਜ ਕ੍ਰਿਸ਼ਨ ਜੋਸ਼ਨ, ਕੈਸ਼ੀਅਰ ਪ੍ਰਸ਼ੋਤਮ ਸ਼ਰਮਾ, ਫਿਰੋਜ਼ਪੁਰ ਦੇ ਜ਼ਿਲ੍ਹਾ ਕੈਸ਼ੀਅਰ ਬਿਸ਼ਨ ਦਾਸ, ਪ੍ਰੈੱਸ ਸਕੱਤਰ ਮਨਪ੍ਰੀਤ ਸਿੰਘ, ਸੀਨੀਅਰ ਮੀਤ ਪ੍ਰਧਾਨ ਜਸਵਿੰਦਰ ਸਿੰਘ ਸ਼ੁਕਰ, ਮੀਤ ਪ੍ਰਧਾਨ ਵਰਜਿੰਦਰ ਸਿੰਘ ਅਤੇ ਜਸਵੰਤ ਸਿੰਘ ਭੱਟੀ, ਗੁਰਪ੍ਰੀਤ ਸਿੰਘ ਸੋਢੀ, ਤਿਲਕ ਸਿੰਘ, ਸਵਿੰਦਰ ਸਿੰਘ, ਧਰਮਿੰਦਰ ਸਿੰਘ, ਬਸੰਤ ਸਿੰਘ, ਜਸਵਿੰਦਰ ਸਿੰਘ ਮੁਦਕੀ, ਅਮਰਜੀਤ ਸਿੰਘ ਆਦਿ ਜ਼ਿਲ੍ਹਾ ਆਗੂ ਤੇ ਬਲਾਕ ਗੁਰੂ ਹਰਸਹਾਏ ਦੇ ਪ੍ਰਧਾਨ ਪੂਰਨ ਸਿੰਘ, ਫਿਰੋਜ਼ਪੁਰ ਸਿਟੀ ਦੇ ਪ੍ਰਧਾਨ ਭਜਨ ਸਿੰਘ, ਫਿਰੋਜ਼ਪੁਰ ਦਿਹਾਤੀ ਦੇ ਹਰਜਿੰਦਰ ਸਿੰਘ, ਫ਼ਿਰੋਜ਼ਪੁਰ ਕੈਂਟ ਦੇ ਪ੍ਰਧਾਨ ਅਨਿਲ ਸ਼ਰਮਾ, ਮਮਦੋਟ ਦੇ ਸੁਖਬੀਰ ਸ਼ਰਮਾ, ਮੱਲਾਂਵਾਲਾ ਦੇ ਗੁਰਪਿੰਦਰ ਸਿੰਘ, ਮੱਲਾਂਵਾਲਾ ਵਨ ਦੇ ਕੁਲਦੀਪ ਸਿੰਘ, ਜ਼ੀਰਾ ਦੇ ਆਤਮਾ ਸਿੰਘ, ਜ਼ੀਰਾ ਵਨ ਦੇ ਸਮਸ਼ੇਰ ਸਿੰਘ, ਘੱਲ ਖ਼ੁਰਦ ਦੇ ਕੁਲਦੀਪ ਸਿੰਘ, ਮੁਦਕੀ ਦੇ ਅਵਤਾਰ ਸਿੰਘ ਤੋਂ ਇਲਾਵਾ ਲੇਡੀਜ਼ ਵਿੰਗ ਦੇ ਸੁਖਵਿੰਦਰ ਕੌਰ, ਪਰਮਜੀਤ ਕੌਰ ਤੇ ਕਰਮਵੀਰ ਕੌਰ ਆਦਿ ਵੀ ਹਾਜ਼ਰ ਹੋਏ। ਸਟੇਜ ਸਕੱਤਰ ਦੀ ਭੂਮਿਕਾ ਜ਼ਿਲ੍ਹਾ ਜਨਰਲ ਸਕੱਤਰ ਸੰਤੋਖ ਸਿੰਘ ਤੇ ਚੇਅਰਮੈਨ ਗੁਰਸੇਵਕ ਸਿੰਘ ਨੇ ਬਾਖੂਬੀ ਨਿਭਾਈ।

## ਅਮਨ ਅਰੋੜਾ ਨੇ ਨਮੋਲ ਰੋਡ 'ਤੇ 29.54 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਕੰਪਲੈਕਸ ਦੀ ਰੱਖੀ ਨੀਂਹ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਨੌਜਵਾਨ ਖਿਡਾਰੀਆਂ ਨੂੰ ਅਤਿ ਆਧੁਨਿਕ ਸਹੂਲਤਾਂ ਪ੍ਰਦਾਨ ਕਰਕੇ ਕੌਮੀ ਤੇ ਕੌਮਾਂਤਰੀ ਖੇਡ ਮੁਕਾਬਲਿਆਂ ਲਈ ਤਿਆਰ ਕਰਨ ਵਾਲਾ ਰਿਹਾਇਸ਼ੀ ਮਲਟੀ ਸਪੋਰਟਸ ਕੰਪਲੈਕਸ ਹੁਣ ਸੁਨਾਮ ਵਿਖੇ ਬਣਨ ਜਾ ਰਿਹਾ ਹੈ।ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਵੱਲੋਂ ਨਮੋਲ ਰੋਡ 'ਤੇ 29.54 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਜਾਣ ਵਾਲੇ ਇਸ ਅਤਿ-ਅਧੁਨਿਕ ਰਿਹਾਇਸ਼ੀ ਸਪੋਰਟਸ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ।ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਵਚਨਬੱਧ ਹੈ।ਯੁੱਧ ਨਸ਼ਿਆਂ ਵਿਰੁੱਧ ਤੇ ਖੇਡਾਂ ਵਤਨ ਪੰਜਾਬ ਦੀਆਂ ਮੁਹਿੰਮਾਂ ਤਹਿਤ ਸੂਬਾ ਸਰਕਾਰ ਦਾ ਮੁੱਖ ਮੰਤਵ ਨੌਜਵਾਨਾਂ ਨੂੰ ਖੇਡਾਂ, ਸਿੱਖਿਆ ਅਤੇ ਰੋਜ਼ਗਾਰ ਵੱਲ ਉਤਸ਼ਾਹਿਤ ਕਰਨਾ ਹੈ, ਤਾਂ ਜੁ ਉਹ ਗਲਤ ਰਾਹਾਂ ਤੋਂ ਬਚ ਕੇ ਆਪਣੀ ਊਰਜਾ ਰਚਨਾਤਮਕ ਕਾਰਜਾਂ ਵਿੱਚ ਲਾ ਸਕਣ।ਮੰਤਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਅਧੀਨ ਉਹ ਸਾਰੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਾਈਆਂ ਜਾਣਗੀਆਂ ਜੋ ਕੌਮੀ ਤੇ ਕੌਮਾਂਤਰੀ ਪੱਧਰ ਦੇ ਖੇਡ ਮੁਕਾਬਲਿਆਂ 'ਚ ਹਿੱਸਾ ਲੈਣ ਲਈ ਖਿਡਾਰੀਆਂ ਲਈ ਲੋੜੀਂਦੀਆਂ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਇੱਥੇ ਤਿੰਨ ਮੰਜ਼ਲਾ ਪ੍ਰਬੰਧਕੀ ਬਲਾਕ ਤੋਂ ਇਲਾਵਾ ਬਾਕਸਿੰਗ, ਯੋਗਾ, ਐਡਵਾਂਸ ਜਿਮ, ਫਿਜ਼ਿਓਥੈਰੇਪੀ ਤੇ ਬਾਇਓ ਮਕੈਨਿਕ ਲੈਬ, ਸਵਿੰਮਿੰਗ ਪੂਲ, ਤਿੰਨ-ਤਿੰਨ ਬਾਸਕਟਬਾਲ ਤੇ ਵਾਲੀਬਾਲ ਕੋਰਟ ਤੇ 90 ਖਿਡਾਰੀਆਂ ਦੀ ਸਮਰੱਥਾ ਵਾਲਾ ਰਿਹਾਇਸ਼ੀ ਹੋਸਟਲ ਵੀ ਬਣਾਇਆ ਜਾਵੇਗਾ।ਸ਼੍ਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਰਿਹਾਇਸ਼ੀ ਸਪੋਰਟਸ ਕੰਪਲੈਕਸ ਤੇ ਆਸ-ਪਾਸ ਦੇ ਇਲਾਕਿਆਂ ਦੇ ਨੌਜਵਾਨਾਂ ਲਈ ਖੇਡਾਂ ਦੀ ਉੱਚ-ਪੱਧਰੀ ਤਿਆਰੀ ਤੇ ਰਹਾਇਸ਼ੀ ਸਹੂਲਤਾਂ ਦੇ ਨਾਲ ਇੱਕ ਕੇਂਦਰ ਵਜੋਂ ਉੱਭਰੇਗਾ।

ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਪੰਜਾਬ ਨੂੰ ਖੇਡਾਂ ਦੇ ਖੇਤਰ ਵਿੱਚ ਮਜ਼ਬੂਤ ਪਛਾਣ ਦਿਵਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ।ਮੰਤਰੀ ਨੇ ਕਿਹਾ ਕਿ ਖੇਡਾਂ ਸਿਰਫ਼ ਤੰਦਰੁਸਤੀ ਦਾ ਸਾਧਨ ਹੀ ਨਹੀਂ, ਸਗੋਂ ਰਾਸ਼ਟਰ ਨਿਰਮਾਣ ਦਾ ਮਜ਼ਬੂਤ ਆਧਾਰ ਹਨ। ਉਨ੍ਹਾਂ ਕਿਹਾ ਕਿ ਜਿਹੜੇ ਸੂਬੇ ਖੇਡਾਂ ਵਿੱਚ ਅੱਗੇ ਵਧਦੇ ਹਨ, ਉਹ ਨੌਜਵਾਨੀ ਦੀ ਊਰਜਾ ਨੂੰ ਸਕਾਰਾਤਮਕ ਦਿਸ਼ਾ ਦਿੰਦੇ ਹੋਏ ਦੇਸ਼ ਦਾ ਭਵਿੱਖ ਮਜ਼ਬੂਤ ਕਰਦੇ ਹਨ।

## ਇਲੈਕਟ੍ਰੌਨਿਕਸ ਮਾਰਕੀਟ ਭਲਕੇ ਬੰਦ ਰਹੇਗੀ

**ਜਲੰਧਰ (ਇਕਬਾਲ ਸਿੰਘ ਉਭੀ)**-ਹੋਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਸਥਾਨਕ ਪ੍ਰਮੁੱਖ ਵਪਾਰਕ ਖੇਤਰ ਫਗਵਾੜਾ ਗੇਟ ਨਾਲ ਸਬੰਧਤ 13 ਵੱਖ-ਵੱਖ ਇਲੈਕਟ੍ਰੌਨਿਕਸ ਮਾਰਕੀਟਾਂ 4 ਮਾਰਚ, ਦਿਨ ਬੁੱਧਵਾਰ ਨੂੰ ਮੁਕੰਮਲ ਤੌਰ 'ਤੇ ਬੰਦ ਰਹਿਣਗੀਆਂ।ਇਸ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਬਲਜੀਤ ਸਿੰਘ ਆਹਲੂਵਾਲੀਆ ਨੇ ਦੱਸਿਆ ਕਿ ਤਿਉਹਾਰ ਦੇ ਮੱਦੇਨਜ਼ਰ ਆਪਸੀ ਸਹਿਮਤੀ ਨਾਲ ਬਾਜ਼ਾਰ ਬੰਦ ਰੱਖਣ ਦਾ ਐਲਾਨ ਕੀਤਾ ਗਿਆ ਹੈ।ਬੰਦ ਰਹਿਣ ਵਾਲੀਆਂ ਮੁੱਖ ਮਾਰਕੀਟਾਂ ਵਿੱਚ ਫਗਵਾੜਾ ਗੇਟ ਮੇਨ ਮਾਰਕੀਟ, ਸ਼ੇਰ-ਏ-ਪੰਜਾਬ ਮਾਰਕੀਟ ਭਗਤ ਸਿੰਘ ਚੌਕ ਮਾਰਕੀਟ ,ਆਹੂਜਾ ਮਾਰਕੀਟ ,ਗੁਰੂ ਨਾਨਕ ਮਾਰਕੀਟ,ਹਾਂਗਕਾਂਗ ਪਲਾਜ਼ਾ ਮਾਰਕੀਟ ਕ੍ਰਿਸ਼ਨਾ ਮਾਰਕੀਟ , ਸਿੱਧੂ ਮਾਰਕੀਟ ਮਿਲਾਪ ਚੌਕ , ਪ੍ਰਤਾਪ ਬਾਗ ਮਾਰਕੀਟ ਰੇਲਵੇ ਰੋਡ ਅਤੇ ਚਹਾਰ ਬਾਗ ਮਾਰਕੀਟ ,ਜਗਦੰਬੇ ਮਾਰਕੀਟ ਹਨ।ਇਸ ਮੌਕੇ ਹਰਮਿੰਦਰਪਾਲ ਭਸੀਨ, ਭੁਪਿੰਦਰ ਲੱਕੀ, ਨੀਟਾ ਮੁਰਗਈ, ਸੁਰਿੰਦਰ ਸਿੰਘ, ਬਲਬੀਰ ਸਿੰਘ ਤੇ ਹੋਰ ਪ੍ਰਮੁੱਖ ਮੈਂਬਰ ਵੀ ਹਾਜ਼ਰ ਸਨ। ਵਪਾਰੀਆਂ ਨੇ ਗਾਹਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਖਰੀਦਦਾਰੀ ਇਸੇ ਅਨੁਸਾਰ ਤੈਅ ਕਰਨ ਤਾਂ ਜੋ ਉਨ੍ਹਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ।

## ਟੋਏ 'ਚ ਡਿੱਗਣ ਨਾਲ ਮੋਟਰ ਸਾਇਕਲ ਸਵਾਰ ਦੀ ਮੌਤ

**ਜਲੰਧਰ (ਸੁਰਿੰਦਰ ਕੁਮਾਰ)**-ਜੰਡੂਸਿੰਘਾ ਨੂੰ ਜਾਣ ਵਾਲੀ ਸੜਕ 'ਤੇ ਇਕ ਭਿਆਨਕ ਸੜਕ ਹਾਦਸਾ ਵਾਪਰ ਗਿਆ, ਜਿਸ ਵਿਚ 20 ਫੁੱਟ ਡੂੰਘੇ ਟੋਏ ਅੰਦਰ ਡਿੱਗਣ ਨਾਲ ਇੱਕ ਬਾਈਕ ਸਵਾਰ ਦੀ ਮੌਤ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਇੱਕ ਪੁਲ ਨਿਰਮਾਣ ਕੰਪਨੀ ਨੇ ਥੰਮ੍ਹ ਬਣਾਉਣ ਲਈ ਟੋਆ ਪੁੱਟਿਆ ਸੀ। ਰਾਤ 11:30 ਵਜੇ ਦੇ ਕਰੀਬ, ਬਾਈਕ ਸਵਾਰ ਉਸ ਵਿੱਚ ਡਿੱਗ ਗਿਆ, ਜਿਸ ਕਾਰਨ ਉਸਦੀ ਮੌਤ ਹੋ ਗਈ।ਮਨੁੱਖਤਾ ਨੂੰ ਸ਼ਰਮਸਾਰ ਕਰ ਦੇਣ ਵਾਲੀ ਗੱਲ ਇਹ ਹੈ ਕਿ ਮ੍ਰਿਤਕ ਟੋਏ ਵਿੱਚ ਡਿੱਗਣ ਤੋਂ ਬਾਅਦ ਕਾਫ਼ੀ ਦੇਰ ਤੱਕ ਦਰਦ ਨਾਲ ਤੜਫਦਾ ਰਿਹਾ। ਨੇੜੇ ਸੁੱਤੇ ਪਏ ਮਜ਼ਦੂਰਾਂ ਨੇ ਉਸ ਦੀਆਂ ਦਰਦ ਦੀਆਂ ਚੀਕਾਂ ਸੁਣੀਆਂ, ਪਰ ਉਨ੍ਹਾਂ ਵਿੱਚੋਂ ਕੋਈ ਵੀ ਉਸ ਦੀ ਮਦਦ ਲਈ ਨਹੀਂ ਆਇਆ। ਕਾਫ਼ੀ ਦੇਰ ਤੱਕ ਤੜਫਣ ਤੋਂ ਬਾਅਦ, ਉਹ ਟੋਏ ਵਿੱਚ ਹੀ ਮਰ ਗਿਆ। ਜਦੋਂ ਸਥਾਨਕ ਲੋਕ ਸਵੇਰੇ ਆਪਣੀਆਂ ਦੁਕਾਨਾਂ ਖੋਲ੍ਹਣ ਲਈ ਪਹੁੰਚੇ, ਤਾਂ ਉਨ੍ਹਾਂ ਨੇ ਲਾਸ਼ ਟੋਏ ਵਿੱਚ ਪਈ ਦੇਖੀ ਤੇ ਪੁਲਸ ਨੂੰ ਸੂਚਿਤ ਕੀਤਾ। ਦੁਕਾਨਦਾਰ ਨੇ ਦੱਸਿਆ ਕਿ ਆਪਣੀ ਦੁਕਾਨ ਖੋਲ੍ਹਣ ਤੋਂ ਬਾਅਦ, ਉਸਨੇ ਅਚਾਨਕ ਟੋਏ ਵੱਲ ਦੇਖਿਆ ਤੇ ਮੋਟਰਸਾਈਕਲ ਅੰਦਰ ਪਿਆ ਦੇਖਿਆ। ਜਦੋਂ ਦੁਕਾਨਦਾਰ ਨੇ ਉੱਥੇ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਇਸ ਬਾਰੇ ਪੁੱਛਿਆ, ਤਾਂ ਉਨ੍ਹਾਂ ਨੇ ਉਸ ਨੂੰ ਦੱਸਿਆ ਕਿ ਬਾਈਕ ਸਵਾਰ ਰਾਤ ਨੂੰ ਡਿੱਗਿਆ ਸੀ। ਅਸੀਂ ਇੱਕ ਆਵਾਜ਼ ਸੁਣੀ, ਪਰ ਸਾਨੂੰ ਲੱਗਾ ਕਿ ਉਹ ਚਲਾ ਗਿਆ ਹੈ। ਜਦੋਂ ਉਨ੍ਹਾਂ ਨੇ ਦੁਬਾਰਾ ਟੋਏ ਦੇ ਅੰਦਰ ਦੇਖਿਆ, ਤਾਂ ਉਨ੍ਹਾਂ ਨੂੰ ਇੱਕ ਲਾਸ਼ ਮਿਲੀ। ਬਾਈਕਰ ਦੀ ਅੱਖ ਲੋਹੇ ਦੀ ਰਾਡ ਨਾਲ ਬਾਹਰ ਆ ਗਈ ਸੀ। ਉਸ ਕੋਲ ਹੈੱਡਫੋਨ ਸਨ, ਪਰ ਉਸ ਦਾ ਮੋਬਾਈਲ ਫੋਨ ਅਤੇ ਬਟੂਆ ਗਾਇਬ ਸੀ।ਜਲੰਧਰ ਪੁਲਿਸ, ਜੋ ਮੌਕੇ 'ਤੇ ਪਹੁੰਚੀ, ਦਾ ਕਹਿਣਾ ਹੈ ਕਿ ਜਾਂਚ ਕੀਤੀ ਜਾ ਰਹੀ ਹੈ। ਲਾਸ਼ ਨੂੰ ਟੋਏ ਤੋਂ ਕੱਢ ਕੇ ਸਿਵਲ ਹਸਪਤਾਲ ਲਿਜਾਇਆ ਗਿਆ ਹੈ। ਨੌਜਵਾਨ ਦੀ ਅਜੇ ਪਛਾਣ ਨਹੀਂ ਹੋ ਸਕੀ ਹੈ। ਪਛਾਣ ਲਈ ਨੇੜਲੇ ਥਾਣਿਆਂ ਨੂੰ ਜਾਣਕਾਰੀ ਦੇ ਦਿੱਤੀ ਗਈ ਹੈ।

## ਹੋਲੇ ਮਹੱਲੇ ਸੰਬੰਧੀ ਗੁਰਮਤਿ ਸਮਾਗਮ ਆਰੰਭ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਠੱਕਰਵਾਲ ਮੌਜੋਮਜਾਰਾ ਵਿਖੇ ਗੁਰਦੁਆਰਾ ਤੱਪ ਅਸਥਾਨ 108 ਬ੍ਰਹਮ ਗਿਆਨੀ ਸੰਤ ਬਾਬਾ ਦੂਲਾ ਸਿੰਘ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨਆਰਆਈ ਵੀਰ ਅਤੇ ਇਲਾਕੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਹੋਲੇ ਮਹੱਲੇ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 3 ਮਾਰਚ ਨੂੰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹੋਲੇ ਮਹੱਲੇ ਮਹਾਨ ਗੁਰਮਤਿ ਸਮਾਗਮ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ- ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਨੇ ਦੱਸਿਆ ਕਿ ਸਾਲਾਨਾ ਹੋਲੇ ਮਹੱਲੇ ਮੌਕੇ 3 ਮਾਰਚ ਨੂੰ ਬੈਲ ਗੱਡੀਆਂ ਦੀਆਂ ਦੌੜਾਂ ਕਰਵਾਈਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ 3 ਮਾਰਚ ਨੂੰ ਰਾਤ ਨੂੰ ਰੈਣ ਸਬਾਈ ਕੀਰਤਨ ਦਰਬਾਰ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ 3 ਮਾਰਚ ਨੂੰ ਹੋਲੇ ਮਹੱਲੇ ਮੌਕੇ ਰਾਤ ਨੂੰ ਰੈਣ ਸਬਾਈ ਕੀਰਤਨ ਦਰਬਾਰ ਦੌਰਾਨ ਭਾਈ ਸਿਮਰਨਜੀਤ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਬਾਬਾ ਹਰਜੋਤ ਸਿੰਘ ਮੰਡੀ ਗੋਬਿੰਦਗੜ੍ਹ, ਭਾਈ ਗੁਰਪ੍ਰੀਤ ਸਿੰਘ ਲਾਡਲਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਦੀਦਾਰ ਸਿੰਘ ਸੰਗਤਪੁਰ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਕੁਲਤਾਰ ਸਿੰਘ ਜਲੰਧਰ ਆਦਿ ਗੁਰਬਾਣੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਅਮਰੀਕਾ-ਇਜ਼ਰਾਇਲ ਵੱਲੋਂ ਈਰਾਨ 'ਤੇ ਹਮਲਾ ਨਿੰਦਣਯੋਗ ਕਾਰਵਾਈ : ਪਾਸਲਾ

**ਜਲੰਧਰ (ਕੇਸਰ, ਰਾਜੇਸ਼ ਥਾਪਾ)**



ਇਥੋਂ ਜਾਰੀ ਇਕ ਬਿਆਨ ਰਾਹੀਂ ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ "ਅਮਰੀਕਾ-ਇਜ਼ਰਾਇਲ ਨੇ ਜਿਵੇਂ ਯੂ ਐਨ ਓ ਦੇ ਮਤੇ ਤੇ ਸਾਰੇ ਕੌਮਾਂਤਰੀ ਕਾਇਦੇ-ਕਾਨੂੰਨ ਛਿੱਕੇ ਟੰਗ ਕੇ ਇਰਾਨ 'ਤੇ ਹਮਲਾ ਕੀਤਾ ਹੈ, ਉਹ ਬੁਰਛਾਗਰਦੀ ਦੀ ਅਤਿ ਨਿੰਦਣਯੋਗ ਕਾਰਵਾਈ ਹੈ। ਇਸ ਹਮਲੇ ਦੀਆਂ ਖੂਨੀ ਲਪਟਾਂ ਕੇਵਲ ਮੱਧ ਪੂਰਬ ਦੇ ਦੇਸ਼ਾਂ ਤੱਕ ਹੀ ਸੀਮਤ ਨਹੀਂ ਰਹਿਣੀਆਂ, ਬਲਕਿ ਸੰਸਾਰ ਦੇ ਸਾਰੇ ਖਿੱਤਿਆਂ ਤੱਕ ਫੈਲ ਕੇ 'ਤੀਜਾ ਸੰਸਾਰ ਯੁੱਧ' ਛਿੜਨ ਦਾ ਕਾਰਨ ਬਣ ਸਕਦੀਆਂ ਹਨ।" ਉਨ੍ਹਾਂ ਕਿਹਾ ਕਿ "ਇਹ ਯੁੱਧ ਸਿਰਫ ਤੇ ਸਿਰਫ ਅਮਰੀਕਾ ਤੇ ਇਸਦੇ ਭਾਈਵਾਲਾਂ ਵੱਲੋਂ ਸੰਸਾਰ ਭਰ 'ਚ ਆਪਣੀ ਚੌਧਰ ਕਾਇਮ ਕਰਨ ਤੇ ਦੁਨੀਆਂ ਭਰ ਦੇ ਕੁਦਰਤੀ ਖਜ਼ਾਨੇ ਲੁੱਟਣ ਦੇ ਮਨਸ਼ੇ ਨਾਲ ਵਿੱਢਿਆ ਗਿਆ ਹੈ। ਆਰ ਐੱਮ ਪੀ ਆਈ ਇਸ ਯੁੱਧ ਨੂੰ ਤੁਰੰਤ ਬੰਦ ਕਰਨ ਤੇ ਸਾਰੇ ਮਸਲੇ ਡਿਪਲੋਮੈਟਿਕ ਢੰਗ ਨਾਲ ਗੱਲਬਾਤ ਰਾਹੀਂ ਹੱਲ ਕਰਨ ਦੀ ਮੰਗ ਕਰਦੀ ਹੈ।" ਸਾਥੀ ਪਾਸਲਾ ਨੇ ਅੱਗੇ ਕਿਹਾ ਕਿ, "ਇਸ ਯੁੱਧ 'ਚ ਹੋ ਰਿਹਾ ਭਾਰੀ ਜਾਨੀ-ਮਾਲੀ ਨੁਕਸਾਨ ਸੰਸਾਰ ਦੇ ਸਾਰੇ ਦੇਸ਼ਾਂ, ਖਾਸ ਕਰਕੇ ਉਨਤੀਸ਼ੀਲ ਤੇ ਗਰੀਬ ਦੇਸ਼ਾਂ ਦੀ ਆਰਥਿਕਤਾ ਤਬਾਹ ਹੋਣ ਵੱਲ ਨੂੰ ਤੁਰਿਆ ਜਾ ਰਿਹਾ ਹੈ।" ਸਾਥੀ ਪਾਸਲਾ ਨੇ ਅਮਰੀਕਾ-ਇਜ਼ਰਾਈਲ ਵੱਲੋਂ ਕੀਤੀਆਂ ਜਾ ਰਹੀਆਂ ਧਾੜਵੀ ਕਾਰਵਾਈਆਂ ਬਾਰੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਧਾਰੀ ਸਾਜ਼ਿਸ਼ੀ ਚੁੱਪ 'ਤੇ ਡੂੰਘੇ ਰੋਸ ਦਾ ਪ੍ਰਗਟਾਵਾ ਕਰਦਿਆਂ ਕਿਹਾ ਹੈ ਕਿ ਇਸ ਨਾਲ ਭਾਰਤ ਦੇ ਬਹੁਤ ਸਾਰੇ ਮਿੱਤਰ ਦੇਸ਼ਾਂ ਨਾਲ ਸਬੰਧ ਵਿਗੜ ਸਕਦੇ ਹਨ।ਪਾਸਲਾ ਨੇ ਇਸ ਯੁੱਧ ਕਾਰਨ ਖਾੜੀ ਦੇਸ਼ਾਂ 'ਚ ਫਸੇ ਹਜ਼ਾਰਾਂ ਭਾਰਤੀਆਂ ਦੀ ਸੁਰੱਖਿਅਤ ਦੇਸ਼ ਵਾਪਸੀ ਦੀ ਮੰਗ ਕਰਦਿਆਂ ਮੋਦੀ ਸਰਕਾਰ ਤੋਂ ਇਸ ਸਬੰਧੀ ਤੇਜ਼ੀ ਨਾਲ ਕਾਰਵਾਈ ਕੀਤੇ ਜਾਣ ਦੀ ਮੰਗ ਕੀਤੀ ਹੈ।ਪਾਸਲਾ ਨੇ ਦੇਸ਼ ਭਰ ਦੇ ਲੋਕਾਂ ਨੂੰ ਅਮਰੀਕਨ ਸਾਮਰਾਜ ਤੇ ਉਸਦੇ ਜੋਟੀਦਾਰ ਇਜ਼ਰਾਇਲ ਵੱਲੋਂ ਸ਼ੁਰੂ ਕੀਤੀ ਇਸ ਨਿਹੱਕੀ ਜੰਗ ਦਾ ਜ਼ੋਰਦਾਰ ਵਿਰੋਧ ਕਰਦਿਆਂ ਤੁਰੰਤ ਜੰਗਬੰਦੀ ਕਰਨ ਦੀ ਜੋਰਦਾਰ ਮੰਗ ਉਭਾਰਨ ਦੀ ਅਪੀਲ ਕੀਤੀ ਹੈ।

## 2 ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਤੋਂ ਬਾਅਦ ਮਚਿਆ ਹੜਕੰਪ



**ਜਲੰਧਰ (ਸੁਰਿੰਦਰ ਕੁਮਾਰ)**- ਦੋ ਵੱਡੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਇਸ ਵਾਰ, ਸ਼ਰਾਰਤੀ ਅਨਸਰਾਂ ਨੇ ਏ ਪੀ ਜੇ ਅਤੇ ਪੁਲਿਸ ਡੀ ਏ ਵੀ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਹੈ। ਜਾਣਕਾਰੀ ਅਨੁਸਾਰ, ਇਹ ਧਮਕੀ ਸਕੂਲਾਂ ਨੂੰ ਈਮੇਲ ਰਾਹੀਂ ਦਿੱਤੀ ਗਈ ਸੀ। ਜਿਵੇਂ ਹੀ ਸਕੂਲ ਪ੍ਰਬੰਧਨ ਨੂੰ ਇਸ ਬਾਰੇ ਪਤਾ ਲੱਗਾ, ਉਨ੍ਹਾਂ ਨੇ ਤੁਰੰਤ ਪੁਲਸ ਨੂੰ ਸੂਚਿਤ ਕੀਤਾ।ਘਟਨਾ ਦੀ ਜਾਣਕਾਰੀ ਮਿਲਦੇ ਹੀ ਪੁਲਸ ਤੁਰੰਤ ਦੋਵਾਂ ਸਕੂਲਾਂ ਵਿੱਚ ਪਹੁੰਚ ਗਈ। ਪੁਲਸ ਦੇ ਨਾਲ-ਨਾਲ ਬੰਬ ਅਤੇ ਡੌਗ ਸਕੁਐਡ ਟੀਮਾਂ ਵੀ ਮੌਕੇ 'ਤੇ ਪਹੁੰਚ ਗਈਆਂ। ਪੁਲਿਸ ਫਿਲਹਾਲ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਸਕੂਲਾਂ ਤੋਂ ਅਜੇ ਤੱਕ ਕੁਝ ਵੀ ਬਰਾਮਦ ਨਹੀਂ ਹੋਇਆ ਹੈ।ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਜਲੰਧਰ ਦੇ ਕਈ ਸਕੂਲਾਂ ਨੂੰ ਧਮਕੀਆਂ ਮਿਲ ਚੁੱਕੀਆਂ ਹਨ।

## ਖੜਿਆਲਾ ਸੈਣੀਆਂ ਤੋਂ ਡੇਰਾ ਬਾਬਾ ਨਾਨਕ ਤੱਕ ਸਾਲਾਨਾ ਪੈਦਲ ਯਾਤਰਾ ਦਾ ਸਵਾਗਤ

**ਅੱਡਾ ਸਰਾਂ (ਜਸਵੀਰ ਕਾਜਲ)**

ਡੇਰਾ ਬਾਬਾ ਨਾਨਕ ਵਿਖੇ ਪਹਿਲੇ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਸਰੀਰ ਸ੍ਰੀ ਚੋਲਾ ਸਾਹਿਬ ਦੇ ਦਰਸ਼ਨਾਂ ਲਈ ਇਤਿਹਾਸਕ ਪਿੰਡ ਖੜਿਆਲਾ ਸੈਣੀ ਤੋਂ ਦੋਆਬੇ ਦੀ ਸਾਲਾਨਾ 4 ਦਿਨਾਂ ਲੰਬੀ ਸੰਗਤ ਯਾਤਰਾ ਦੁਪਹਿਰ 2 ਵਜੇ ਖਾਲਸਈ ਧੂਮਧਾਮ ਨਾਲ ਸ਼ੁਰੂ ਹੋਈ, ਜਿਸ ਵਿੱਚ ਬੋਲੇ ?ਸੋ ਨਿਹਾਲ ਦੇ ਜੈਕਾਰਿਆਂ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਮੁੱਖ ਸੇਵਾਦਾਰ ਜਥੇਦਾਰ ਰਣਧੀਰ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਤੋਂ ਸ਼ੁਰੂ ਹੋਈ ਇਸ ਸੰਗਤ ਯਾਤਰਾ ਵਿੱਚ ਹਜ਼ਾਰਾਂ ਸੰਗਤਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੱਥਾ ਟੇਕਿਆ ਅਤੇ ਵਿਸ਼ਾਲ ਸੰਗਤ ਯਾਤਰਾ 'ਤੇ ਫੁੱਲਾਂ ਦੀ ਵਰਖਾ ਕਰਕੇ ਆਪਣੀ ਹਾਜ਼ਰੀ ਦਰਜ ਕਰਵਾਈ। ਸਭ ਤੋਂ ਪਹਿਲਾਂ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਵਿਖੇ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਤੋਂ ਬਾਅਦ ਪੰਥਕ ਜੱਥਾ ਬੀਬੀ ਦਲੇਰ ਕੌਰ, ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਨੇ ਧਾਰਮਿਕ ਦੀਵਾਨ ਵਿੱਚ ਸ਼ਿਰਕਤ ਕੀਤੀ। ਸੰਤ ਬਾਬਾ ਅਮਰਜੀਤ ਸਿੰਘ, ਸੰਤ ਬਾਬਾ ਗੁਰਦੇਵ ਸਿੰਘ, ਸਾਬਕਾ ਜਥੇਦਾਰ ਬਾਬਾ ਜੋਗਿੰਦਰ ਸਿੰਘ ਖੜਿਆਲਾ ਸੈਣੀ, ਸੰਤ ਬਾਬਾ ਸੁਖਵਿੰਦਰ ਸਿੰਘ ਸੁੱਖਾ ਕਾਰ ਸੇਵਾ ਭੂਰੀ ਵਾਲੇ, ਗੁਰਦੁਆਰਾ ਖੜਿਆਲਾ ਸੈਣੀ ਦੇ ਸੇਵਾਦਾਰ ਭਾਈ ਲਵਪ੍ਰੀਤ ਸਿੰਘ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ




ਨਿਹਾਲ ਕੀਤਾ। ਰਵਾਨਾ ਹੋਣ ਤੋਂ ਪਹਿਲਾਂ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਾਲੇ ਦੇ ਮੌਜੂਦਾ ਮੁਖੀ ਸੰਤ ਬਾਬਾ ਨਿਹਾਲ ਸਿੰਘ ਨੇ ਯਾਤਰਾ ਦੀ ਸਫਲਤਾ ਲਈ ਗੁਰੂ ਚਰਨਾਂ ਵਿੱਚ ਅਰਦਾਸ ਕੀਤੀ।ਇਸ ਦੌਰਾਨ ਵਿਸ਼ੇਸ਼ ਤੌਰ 'ਤੇ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਪਣੇ ਵਿਚਾਰ ਪ੍ਰਗਟ ਕੀਤੇ।ਯਾਤਰਾ ਸਮੂਹ ਦੇ ਮੁੱਖ ਸੇਵਾਦਾਰ ਜਥੇਦਾਰ ਰਣਧੀਰ ਸਿੰਘ ਨੇ ਪੰਥਕ ਸ਼ਖ਼ਸੀਅਤਾਂ ਅਤੇ ਗੁਰੂ ਨਾਨਕ ਦੇਵ ਜੀ ਦਾ ਨਾਮ ਲੈਣ ਵਾਲੀਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਪਿੰਡ ਖੜਿਆਲਾ ਸੈਣੀ ਤੋਂ ਸ਼ੁਰੂ ਹੋਣ ਵਾਲੇ ਪੈਦਲ ਮਾਰਚ ਦੌਰਾਨ ਪਹਿਲੀ ਰਾਤ ਦਾ ਆਰਾਮ ਟਾਂਡਾ ਨੇੜੇ ਪਿੰਡ ਜੰਡ ਕੋਟਲੀ ਵਿੱਚ ਹੋਵੇਗਾ, ਦੂਜੀ ਰਾਤ ਦਾ ਆਰਾਮ, ਤੀਸਰਾ ਰਾਤ ਦਾ ਠਿਕਾਣਾ ਹਰਚੋਵਾਲ ਗੁਰਦਾਸਪੁਰ ਵਿਖੇ ਹੋਵੇਗਾ ਅਤੇ ਤੀਸਰਾ ਰਾਤ ਦਾ ਮੁਕਾਮ ਘੁਮਾਣ ਕਲਾਂ ਗੁਰਦਾਸਪੁਰ ਵਿਖੇ ਹੋਵੇਗਾ। ਇਹ ਸਮੁੱਚੀ ਯਾਤਰਾ 4 ਮਾਰਚ ਨੂੰ ਪਹੁੰਚੇਗੀ, ਜਿੱਥੇ ਸੰਗਤ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਅੰਗ ਸ਼ਾਸਤਰ ਸ੍ਰੀ ਚੋਲਾ ਸਾਹਿਬ ਜੀ ਦੇ ਦਰਸ਼ਨ ਹੋਣਗੇ।ਪੈਦਲ ਯਾਤਰਾ ਪਹੁੰਚਣ ਦੇ ਅੱਡਾ ਸਰਾਂ ਪਹੁੰਚਣ ਤੇ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਹੋਲਾ ਮਹੱਲਾ ਲੰਗਰ ਕਮੇਟੀ ਅੱਡਾ ਸਰਾਂ, ਤੇ ਵੱਖ-ਵੱਖ ਜਥੇਬੰਦੀਆਂ ਵੱਲੋਂ ਸੰਤਾਂ ਦਾ ਭਰਵਾਂ ਸਵਾਗਤ ਕੀਤਾ ਗਿਆ ਅਤੇ ਫੁੱਲਾਂ ਦੀ ਵਰਖਾ ਕੀਤੀ ਗਈ। ਇਸ ਮੌਕੇ ਪੁਲਸ ਪ੍ਰਸ਼ਾਸਨ ਅੱਡਾ ਸਰਾਂ ਦੀ ਸਮੂਹ ਪੁਲਿਸ ਪਾਰਟੀ ਨੇ ਪੁਖਤਾ ਪ੍ਰਬੰਧ ਕੀਤੇ ਜੋ ਸ਼ਲਾਘਾਯੋਗ ਸਨ।

## ਮੋਟਰਸਾਈਕਲ-ਗੱਡੀ 'ਚ ਟੱਕਰ, ਦੋ ਨੌਜਵਾਨ ਜ਼ਖਮੀ

**ਪੋਜੇਵਾਲ (ਰਾਮ ਲਾਲ)**-ਬਲਾਚੌਰ-ਰੋਪੜ ਰੋਡ 'ਤੇ ਸਥਿਤ ਵੈਸ਼ਣੋ ਢਾਬਾ ਦੇ ਨੇੜੇ ਇੱਕ ਭਿਆਨਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ ਇੱਕ ਅਣਪਛਾਤੀ ਗੱਡੀ ਨੇ



ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਨੂੰ ਟੱਕਰ ਮਾਰ ਦਿੱਤੀ ਅਤੇ ਮੌਕੇ ਤੋਂ ਫਰਾਰ ਗਏ। ਸੜਕ ਸੁਰੱਖਿਆ ਫੋਰਸ ਬਲਾਚੌਰ ਤੋਂ ਰੋਪੜ ਹੈੱਡ ਨੂੰ ਹਾਦਸੇ ਦੀ ਸੂਚਨਾ ਮਿਲੀ ਸੀ। ਜਦੋਂ ਟੀਮ ਮੌਕੇ 'ਤੇ ਪਹੁੰਚੀ ਤਾਂ ਦੇਖਿਆ ਕਿ ਮੋਟਰਸਾਈਕਲ , ਜਿਸ 'ਤੇ ਤਿੰਨ ਨੌਜਵਾਨ ਸਵਾਰ ਹੋ ਕੇ ਅੰਮ੍ਰਿਤਸਰ ਤੋਂ ਸ੍ਰੀ ਅਨੰਦਪੁਰ ਸਾਹਿਬ ਜਾ ਰਹੇ ਸਨ, ਹਾਦਸੇ ਦਾ ਸ਼ਿਕਾਰ ਹੋ ਗਿਆ ਸੀ।ਹਾਦਸੇ ਵਿੱਚ ਦੋ ਨੌਜਵਾਨ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਏ ਸਨ। ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਜ਼ਖਮੀਆਂ ਨੂੰ ਇਲਾਜ ਲਈ ਸਰਕਾਰੀ ਹਸਪਤਾਲ, ਬਲਾਚੌਰ ਵਿਖੇ ਦਾਖਲ ਕਰਵਾਇਆ।ਘਟਨਾ ਸਬੰਧੀ ਥਾਣਾ ਸਿਟੀ ਬਲਾਚੌਰ ਨੂੰ ਤੁਰੰਤ ਸੂਚਿਤ ਕੀਤਾ ਗਿਆ। ਨੌਜਵਾਨਾਂ ਦਾ ਮੋਟਰਸਾਈਕਲ ਸੁਰੱਖਿਅਤ ਰੂਪ ਵਿੱਚ ਪੁਲਸ ਹਵਾਲੇ ਕਰ ਦਿੱਤਾ ਗਿਆ ਹੈ।ਫਿਲਹਾਲ ਪੁਲਸ ਵੱਲੋਂ ਅਣਪਛਾਤੀ ਗੱਡੀ ਦੀ ਭਾਲ ਕੀਤੀ ਜਾ ਰਹੀ ਹੈ ਅਤੇ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਗੁਰੂ ਆਸਰਾ ਸੇਵਾ ਘਰ ਨੂੰ 135 ਬੋਰੇ ਸੀਮੈਂਟ ਦੇ ਭੇਟ



**ਦਸੂਹਾ (ਕਰਨੈਲ ਮਾਂਗਟ)**

ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦਸੂਹਾ ਵੱਲੋਂ ਗੁਰੂ ਆਸਰਾ ਸੇਵਾ ਘਰ ਬਾਘਾ ਨੂੰ 50 ਹਜ਼ਾਰ ਰੁਪਏ ਕੀਮਤ ਦੇ 135 ਬੋਰੇ ਸੀਮੈਂਟ ਭੇਟ ਕੀਤੇ ਗਏ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੋਸਾਇਟੀ ਦੀ ਪ੍ਰਧਾਨ ਬੀਬੀ ਜਤਿੰਦਰ ਕੌਰ ਠੁਕਰਾਲ ਨੇ ਦੱਸਿਆ ਕਿ ਬਾਬਾ ਦੀਪ ਸਿੰਘ ਜੀ ਐਂਡ ਵੈਲਫੇਅਰ ਸੋਸਾਇਟੀ ਰਜਿਸਟਰ ਦੇ ਪ੍ਰਧਾਨ ਮਨਜੋਤ ਸਿੰਘ ਤਲਵੰਡੀ ਵੱਲੋਂ ਗੁਰੂ ਆਸਰਾ ਸੇਵਾ ਘਰ ਵਿੱਚ ਬਜ਼ੁਰਗਾਂ, ਬੱਚਿਆਂ ਅਤੇ ਮਾਤਾਵਾਂ ਲਈ ਵੱਡੇ ਪੱਧਰ 'ਤੇ ਸੇਵਾ ਕੀਤੀ ਜਾ ਰਹੀ ਹੈ ਅਤੇ ਇਸ ਮੌਕੇ ਉਨ੍ਹਾਂ ਦੀ ਸੇਵਾ ਲਈ ਇੱਕ ਵੱਡੇ ਆਕਾਰ ਦੀ ਬਿਲਡਿੰਗ ਉਸਾਰੀ ਜਾ ਰਹੀ ਹੈ। ਇਸ ਮੌਕੇ ਮਨਜੋਤ ਸਿੰਘ ਤਲਵੰਡੀ ਵੱਲੋਂ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੀ ਪ੍ਰਧਾਨ ਬੀਬੀ ਜਤਿੰਦਰ ਕੌਰ ਠੁਕਰਾਲ ਤੇ ਹੋਰ ਅਹੁਦੇਦਾਰਾਂ ਅਤੇ ਸੁਸਾਇਟੀ ਦੇ ਮੈਂਬਰਾਂ ਦਾ ਇਸ ਸੇਵਾ ਕਰਨ 'ਤੇ ਧੰਨਵਾਦ ਕੀਤਾ। ਇਸ ਮੌਕੇ ਨਿਰਮਲ ਸਿੰਘ, ਦਰਸ਼ਨ ਕੌਰ, ਸ਼ਾਲੂ ਠੁਕਰਾਲ, ਮਨਦੀਪ ਕੌਰ, ਵਰਿੰਦਰ ਕੌਰ, ਕਰਮਜੀਤ ਕੌਰ, ਮਨਿੰਦਰ ਕੌਰ, ਰਜਿੰਦਰ ਕੌਰ ,ਪ੍ਰੀਤ ਕੌਰ ,ਜਤਿੰਦਰ ਕੌਰ ,ਜੋਤੀ ਤੇ ਹੋਰ ਸੇਵਾ ਸੋਸਾਇਟੀ ਦੇ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

## ਐੱਸ ਡੀ ਐੱਮ ਚੇਤਨ ਬੰਗੜ ਨੇ ਚਾਰਜ ਸੰਭਾਲਿਆ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਚੇਤਨ ਬੰਗੜ ਨੇ ਤਹਿਸੀਲ ਮੋਰਿੰਡਾ ਵਿਖੇ ਐੱਸ ਡੀ ਐੱਮ ਮੋਰਿੰਡਾ ਵਜੋਂ ਚਾਰਜ ਸੰਭਾਲਿਆ। ਇਸ ਮੌਕੇ ਤਹਿਸੀਲਦਾਰ ਮੋਰਿੰਡਾ ਸੁਰਿੰਦਰ ਪਾਲ ਸਿੰਘ ਦੀ ਅਗਵਾਈ ਵਿੱਚ ਤਹਿਸੀਲ ਮੋਰਿੰਡਾ ਦੇ ਸਮੂਹ ਮੁਲਾਜ਼ਮਾਂ ਨੇ ਨਵੇਂ ਆਏ ਐੱਸ ਡੀ ਐੱਮ ਚੇਤਨ ਬੰਗੜ ਦਾ ਗੁਲਦਸਤੇ ਦੇ ਕੇ ਸਨਮਾਨਤ ਕੀਤਾ। ਚੇਤਨ ਬੰਗੜ ਇਸ ਤੋਂ ਪਹਿਲਾਂ ਰੋਪੜ ਵਿਖੇ ਬਤੌਰ ਐਸ ਡੀ ਐਮ ਸੇਵਾ ਨਿਭਾ ਚੁੱਕੇ ਹਨ। ਮੋਰਿੰਡਾ ਵਿਖੇ ਇਹ ਅਹੁਦਾ ਐਸ ਡੀ ਐਮ ਸੁਰਿੰਦਰ ਕੌਰ ਦੇ ਤਬਾਦਲੇ ਕਾਰਨ ਖਾਲੀ ਹੋਇਆ ਸੀ। ਇਸ ਮੌਕੇ ਚੇਤਨ ਬੰਗੜ ਨੇ ਪੱਤਰਕਾਰਾਂ ਨਾਲ ਗਲਬਾਤ ਕਰਦਿਆਂ ਆਖਿਆ ਕਿ ਉਹ ਮੋਰਿੰਡਾ ਇਲਾਕੇ ਦੀਆਂ ਸਮਸਿਆਵਾਂ ਦੀ ਜਾਂਚ ਕਰਕੇ ਉਹਨਾਂ ਨੂੰ ਛੇਤੀ ਤੋਂ ਛੇਤੀ ਹੱਲ ਕਰਨ ਦਾ ਯਤਨ ਕਰਨਗੇ। ਉਹਨਾਂ ਇਲਾਕਾ ਨਿਵਾਸੀਆਂ ਨੂੰ ਆਖਿਆ ਕਿ ਉਹ ਆਪਣੇ ਕੰਮ ਕਾਜ ਲਈ ਮੈਨੂੰ ਸਿੱਧਾ ਮਿਲ ਸਕਦੇ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ, ਤਹਿਸੀਲਦਾਰ ਸੁਰਿੰਦਰ ਪਾਲ ਸਿੰਘ, ਸੁਪਰਡੈਂਟ ਵਿਨੇ ਧਵਨ, ਜਸਵੀਰ ਸਿੰਘ ਰੀਡਰ, ਮਲਕੀਤ ਸਿੰਘ ਸੀਨੀਅਰ ਸਹਾਇਕ, ਜਸਪ੍ਰੀਤ ਸਿੰਘ ਕਲਸੀ ਸਹਾਇਕ,ਹਰਮਨ, ਸਨਦੀਪ ਕੌਰ,ਜਸਪਾਲ ਕੌਰ, ਦਲਜੀਤ ਕੌਰ ਅਤੇ ਅਲਕਾ ਰਾਣੀ ਸਮੇਤ ਅਨੇਕਾਂ ਪਤਵੰਤੇ ਸੱਜਣ ਹਾਜ਼ਰ ਸਨ।

## 31000 ਰੁਪਏ ਪ੍ਰਤੀ ਮਹੀਨਾ ਕੱਟ ਲਾਉਣ ਤੇ ਰੋਸ ਪ੍ਰਦਰਸ਼ਨ



**ਜਲੰਧਰ (ਰਾਜੇਸ਼ ਥਾਪਾ)**-20 ਸਾਲਾਂ ਤੋਂ ਸਿੱਖਿਆ ਵਿਭਾਗ ਵਿਚ ਤਨਦੇਹੀ ਨਾਲ ਆਪਣੀਆ ਸੇਵਾਵਾਂ ਦੇ ਰਹੇ ਦਫਤਰੀ ਕਰਮਚਾਰੀਆ ਦੀਆ ਤਨਖਾਹਾਂ ਤੇ 31000 ਰੁਪਏ ਪ੍ਰਤੀ ਮਹੀਨਾ ਕੱਟ ਲਾਉਣ ਤੋਂ ਰੋਸ ਵਿਚ ਆਏ ਸਿੱਖਿਆ ਵਿਭਾਗ ਦੇ ਦਫਤਰੀ ਕਰਮਚਾਰੀਆ ਵੱਲੋਂ ਜਲੰਧਰ ਵਿਖੇ ਜਿਲਾ ਸਿੱਖਿਆ ਅਫਸਰ ਪ੍ਰਾਇਮਰੀ ਦਫਤਰ ਤੋਂ ਰੋਸ ਮਾਰਚ ਡੀ ਸੀ ਦਫਤਰ ਜਲੰਧਰ ਤੱਕ ਕੀਤਾ ਗਿਆ। ਇਸ ਮੌਕੇ ਏ ਡੀ ਸੀ ਅਮਨਿੰਦਰ ਕੌਰ ਬਰਾੜ ਨੂੰ ਮੰਗ ਪੱਤਰ ਦਿੱਤਾ ਗਿਆ।

### ਨੰਬਰਦਾਰ ਰਣਧੀਰ ਸਿੰਘ ਚੀਮਾ ਪੰਜ ਤੱਤਾਂ 'ਚ ਵਿਲੀਨ, ਅੰਤਿਮ ਅਰਦਾਸ 10 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਨੰਬਰਦਾਰ ਰਣਧੀਰ ਸਿੰਘ ਚੀਮਾ ਜਿਹਨਾਂ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ, ਦਾ ਉਹਨਾਂ ਦੇ ਪਿੰਡ ਚੀਮਾ ਕਲਾਂ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ। ਇਸ ਮੌਕੇ ਸੈਂਕੜੇ ਨਮ ਅੱਖਾਂ ਨੇ ਉਹਨਾਂ ਦੀ ਮ੍ਰਿਤਕ ਦੇਹ ਦੇ ਆਖਰੀ ਦਰਸ਼ਨ ਕੀਤੇ । ਇਸ ਮੌਕੇ ਨੰਬਰਦਾਰ ਯੂਨੀਅਨ ਦੇ ਆਗੂ ਅਸ਼ੋਕ ਸੰਧੂ ਨੰਬਰਦਾਰ, ਕਾਮਰੇਡ ਗੁਰਮੇਲ ਸਿੰਘ ਨਾਹਲ, ਸੁਰਿੰਦਰ ਸਿੰਘ ਸ਼ਿੰਦਾ ਕਨੇਡਾ, ਕੁਲਵਿੰਦਰ ਸਿੰਘ ਕਿੰਦਾ ਕੈਨੇਡਾ, ਕਮਲਜੀਤ ਸਿੰਘ ਪੱਪੂ, ਗੁਰਜੀਤ ਸਿੰਘ, ਗੁਰਦਿਆਲ ਸਿੰਘ ਸਾਬਕਾ ਸਰਪੰਚ, ਜੋਗਾ ਸਿੰਘ ਚੀਮਾ, ਬੈਂਕ ਸਟਾਫ਼ ਚੀਮਾ,ਮੁਕੇਸ਼ ਭਾਰਦਵਾਜ, ਭਾਰੀ ਗਿਣਤੀ ਵਿੱਚ ਔਰਤਾਂ, ਰਿਸ਼ਤੇਦਾਰ ਅਤੇ ਰਣਧੀਰ ਸਿੰਘ ਦੇ ਪਰਵਾਰਕ ਮੈਂਬਰ ਹਾਜ਼ਰ ਸਨ। ਸਵਰਗੀ ਰਣਧੀਰ ਸਿੰਘ ਚੀਮਾ ਦੀ ਅੰਤਿਮ ਅਰਦਾਸ 10 ਮਾਰਚ ਨੂੰ ਹੋਵੇਗੀ।

## ਕੇਜਰੀਵਾਲ ਨੂੰ ਅਦਾਲਤ ਵੱਲੋਂ ਬਰੀ ਕਰਨ 'ਤੇ ਡਾ. ਰਾਜ ਨੇ ਭਾਜਪਾ 'ਤੇ ਸਾਧਿਆ ਨਿਸ਼ਾਨਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਦੇ ਬਰੀ ਹੋਣ 'ਤੇ ਸੰਸਦ ਮੈਂਬਰ ਡਾ. ਰਾਜ ਅਤੇ ਮੈਂਬਰ ਵਿਧਾਨ ਸਭਾ ਹਲਕਾ ਚੱਬੇਵਾਲ ਡਾ. ਇਸ਼ਾਂਕ ਨੇ ਵਧਾਈ ਦਿੱਤੀ ।ਦਿੱਲੀ ਦੇ ਕਥਿਤ ਸ਼ਰਾਬ ਘੋਟਾਲੇ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੇ ਸੰਯੋਜਕ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਬਰੀ ਹੋ ਗਏ ਹਨ। ਰਾਊਜ਼ ਐਵੇਨਿਊ ਕੋਰਟ ਦੇ ਫੈਸਲੇ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਹਲਕਾ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਚੱਬੇਵਾਲ ਤੋਂ ਵਿਧਾਇਕ ਉਨ੍ਹਾਂ ਦੇ ਪੁੱਤਰ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਅਦਾਲਤ ਦੇ ਫੈਸਲੇ ਨੇ ਸਚਾਈ ਨੂੰ ਸਾਹਮਣੇ ਲਿਆ ਦਿੱਤਾ ਹੈ।ਡਾ. ਰਾਜ ਨੇ ਕਿਹਾ, ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ। ਇਨਸਾਫ ਵਿੱਚ ਦੇਰੀ ਹੋ ਸਕਦੀ ਹੈ ਪਰ ਇਨਸਾਫ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਹੋਰ ਸਾਰੇ ਲੋਕਾਂ ਨੂੰ ਦਿੱਲੀ ਦੇ ਕਥਿਤ ਸ਼ਰਾਬ ਘੋਟਾਲੇ ਮਾਮਲੇ ਵਿੱਚ ਮਾਣਯੋਗ ਅਦਾਲਤ ਵੱਲੋਂ ਝੂਠੇ ਅਤੇ ਮਨਘੜੰਤ ਦੋਸ਼ਾਂ ਤੋਂ ਬਰੀ ਕਰ ਦਿੱਤਾ ਗਿਆ ਹੈ, ਜਿਸ ਨਾਲ ਇੱਕ ਵਾਰ ਫਿਰ ਸਾਬਤ ਹੋ ਗਿਆ ਹੈ ਕਿ ਭਾਜਪਾ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਏਜੰਸੀਆਂ ਨੇ ਆਮ ਆਦਮੀ ਪਾਰਟੀ ਦੀ ਇਮਾਨਦਾਰ ਰਾਜਨੀਤੀ ਨੂੰ ਬਦਨਾਮ ਕਰਨ ਅਤੇ ਨੁਕਸਾਨ ਪਹੁੰਚਾਉਣ ਲਈ ਇਹ ਸਭ ਕੀਤਾ ਸੀ।ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਨੂੰ ਛੋਟੇ ਸਮੇਂ ਦੀ ਰਾਜਨੀਤੀ ਲਈ ਦੇਸ਼ ਦੀਆਂ ਜਾਂਚ ਏਜੰਸੀਆਂ ਦੀ ਸਾਖ ਨੂੰ ਇਸ ਤਰ੍ਹਾਂ ਦਾਅ 'ਤੇ ਨਹੀਂ ਲਗਾਉਣਾ ਚਾਹੀਦਾ। ਡਾ. ਰਾਜ ਨੇ ਭਾਰਤੀ ਜਨਤਾ ਪਾਰਟੀ 'ਤੇ ਦੋਸ਼ ਲਗਾਇਆ ਕਿ ਉਸ ਨੇ ਆਮ ਆਦਮੀ ਪਾਰਟੀ ਨੂੰ ਬਦਨਾਮ ਕਰਨ ਲਈ ਕੇਂਦਰੀ ਏਜੰਸੀਆਂ ਦਾ ਗਲਤ ਇਸਤੇਮਾਲ ਕੀਤਾ। ਦਿੱਲੀ ਦੀ ਰਾਊਜ਼ ਐਵੇਨਿਊ ਅਦਾਲਤ ਨੇ ਸ਼ਰਾਬ ਨੀਤੀ ਮਾਮਲੇ ਵਿੱਚ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਸਮੇਤ ਸਾਰੇ 23 ਹੋਰਾਂ ਨੂੰ ਬਰੀ ਕਰ ਦਿੱਤਾ ਹੈ। ਅਦਾਲਤ ਨੇ ਕਿਸੇ ਵੀ ਵਿਅਕਤੀ ਖ਼ਿਲਾਫ਼ ਦੋਸ਼ ਤੈਅ ਕਰਨ ਤੋਂ ਇਨਕਾਰ ਕਰਦੇ ਹੋਏ ਸੈਂਟਰ ਬਿਊਰੋ ਆਫ ਇਨਵੈਸਟੀਗੇਸ਼ਨ ਨੂੰ ਫਟਕਾਰ ਲਗਾਈ ਅਤੇ ਜਾਂਚ ਪ੍ਰਕਿਰਿਆ ਨੂੰ ਖਾਮੀਪੂਰਨ ਦੱਸਿਆ।




## ਵੇਟ ਲਿਫਟਿੰਗ ਮੁਕਾਬਲੇ ਭਲਕੇ

**ਬੰਗਾ (ਅਵਤਾਰ ਕਲੇਰ)**- ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਚਰਨਾਂ ਦੀ ਛੋਹ ਪ੍ਰਾਪਤ ਇਤਿਹਾਸਿਕ ਗੁਰਦੁਆਰਾ ਗੁਰਪਲਾਹ ਪੰਜ ਟਾਹਲੀਆਂ ਸਾਹਿਬ ਚੱਕ ਗੁਰੂ, ਭਰੋਮਜਾਰਾ ਰਾਣੂੰਆਂ ਤੇ ਸਰਹਾਲਾ ਰਾਣੂੰਆ ਹੋਲਾ-ਮਹੱਲਾ ਵੇਟ ਲਿਫਟਿੰਗ ਕਮੇਟੀ ਵੱਲੋਂ ਐਨ ਆਰ ਆਈ ਵੀਰਾਂ ਤੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ 47ਵੇਂ ਹੋਲਾ ਮਹੱਲਾ ਵੇਟ ਲਿਫਟਿੰਗ ਮੁਕਾਬਲੇ 4 ਮਾਰਚ ਨੂੰ ਸਰਕਾਰੀ ਡਿਸਪੈਂਸਰੀ ਸਰਹਾਲਾ ਰਾਣੂੰਆਂ ਵਿਖੇ ਕਰਵਾਏ ਜਾਣਗੇ ਜਿਸ ਦਾ ਉਦਘਾਟਨ ਸਵੇਰੇ ਸਮਾਜ ਸੇਵੀ ਗੁਰਦਿਆਲ ਸਿੰਘ ਰਾਣਾ ਤੇ ਮੁੱਖ ਗ੍ਰੰਥੀ ਗੁਰਦੁਆਰਾ ਗੁਰਪਲਾਹ ਪੰਜ ਟਾਲੀਆਂ ਸਾਹਿਬ ਵੱਲੋਂ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮਨਜੀਤ ਸਿੰਘ ਡੀ ਐਸ ਪੀ ਤੇ ਪ੍ਰਿੰਸੀਪਲ ਰੋਸ਼ਨ ਲਾਲ ਨੰਬਰਦਾਰ ਨੇ ਦੱਸਿਆ ਗਿਆ ਭਾਰ ਕੈਟਾਗਰੀ 60 ਕਿਲੋ ਗ੍ਰਾਮ, 65 ਕਿਲੋ ਗ੍ਰਾਮ, 71 ਕਿਲੋ ਗ੍ਰਾਮ, 79 ਕਿਲੋ ਗ੍ਰਾਮ, 88 ਕਿਲੋ ਗ੍ਰਾਮ, 94 ਕਿਲੋ ਗ੍ਰਾਮ, 110 ਕਿਲੋ ਗ੍ਰਾਮ ਅਤੇ + 110 ਕਿਲੋ ਗ੍ਰਾਮ ਤੱਕ ਭਾਰ ਵਰਗ ਦੇ ਮੁਕਾਬਲੇ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਉਕਤ ਭਾਰ ਕੈਟਾਗਰੀ ਦੇ ਭਾਰਤੋਲਕਾ ਲਈ ਕ੍ਰਮਵਾਰ 103 ਕਿ.ਗ੍ਰਾ, 111ਕਿ ਗ੍ਰਾਮ ,116 ਕਿ ਗ੍ਰਾਮ ,121ਕਿ ਗ੍ਰਾਮ, 125 ਕਿ ਗ੍ਰਾਮ, 130 ਕਿ ਗ੍ਰਾਮ, 135 ਕਿ. ਗ੍ਰਾ, 140 ਕਿ. ਗ੍ਰਾ, ਭਾਰ ਕਵਾਲੀਫਾਈ ਕਰਨਾ ਜ਼ਰੂਰੀ ਹੈ। ਜੇਤੂ ਖਿਡਾਰੀਆਂ ਨੂੰ ਦਿਲ ਖਿੱਚਵੇਂ ਇਨਾਮ ਦੇ ਕੇ ਸਨਮਾਨਤ ਕੀਤਾ ਜਾਵੇਗਾ। ਮੁਕਾਬਲੇ 'ਚ ਭਾਗ ਲੈਣ ਵਾਲੇ ਹਰ ਖਿਡਾਰੀ ਨੂੰ ਪ੍ਰਬੰਧਕਾਂ ਵੱਲੋਂ 500 ਰੁਪਏ ਨਕਦ ਇਨਾਮ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਵੇਟ ਲਿਫਟਿੰਗ ਮੁਕਾਬਲੇ ਵਿੱਚ ਲੜਕੀਆਂ ਦੀਆਂ ਸ਼ੋਟ ਲਿਫਟਾਂ ਲਗਾਈਆਂ ਜਾਣਗੀਆਂ। ਸਵੇਰੇ 8 ਤੋਂ 9 ਵਜੇ ਤੱਕ ਹਿੱਸਾ ਲੈਣ ਵਾਲੇ ਭਾਰਤੋਲਕਾਂ ਦਾ ਭਾਰ ਤੋਲਿਆ ਜਾਵੇਗਾ।ਇਸ ਮੌਕੇ ਤੇ ਗੁਰਦਿਆਲ ਸਿੰਘ ਰਾਣਾ, ਮਾਸਟਰ ਬਲਵੀਰ ਸਿੰਘ, ਪ੍ਰਿੰਸੀਪਲ ਹਰਭਜ ਰਾਮ ਅਤੇ ਕੁਲਦੀਪ ਸਿੰਘ ਰਾਣਾ ਅੰਤਰਰਾਸ਼ਟਰੀ ਪਾਵਰ ਵੇਟ ਲਿਫਟਿੰਗ ਆਦਿ ਹਾਜ਼ਰ ਸਨ।

## ਪੈਨਸ਼ਨਰ 10 ਦੀ ਚੰਡੀਗੜ੍ਹ ਰੈਲੀ 'ਚ ਕਰਨਗੇ ਭਰਵੀਂ ਸ਼ਮੂਲੀਅਤ



**ਬੰਗਾ (ਅਵਤਾਰ ਕਲੇਰ)**

ਪੈਨਸ਼ਨਰਜ ਐਸੋਸੀਏਸ਼ਨ ਪਾਵਰਕਾਮ/ਟਰਾਂਸਮਿਸ਼ਨ ਮੰਡਲ ਨਵਾਂਸ਼ਹਿਰ ਦੀ ਮਹੀਨਾਵਾਰ ਮੀਟਿੰਗ ਮੰਡਲ ਪ੍ਰਧਾਨ ਨਰਿੰਦਰ ਕੁਮਾਰ ਮਹਿਤਾ ਦੀ ਅਗਵਾਈ ਵਿਚ ਕੀਤੀ ਗਈ।ਜਿਸ ਵਿੱਚ ਬਹੁਗਿਣਤੀ ਪੈਨਸ਼ਨਰਜ ਅਤੇ ਫੈਮਿਲੀ ਪੈਨਸ਼ਨਰਜ ਬੀਬੀਆਂ ਨੇ ਸ਼ਮੂਲੀਅਤ ਕੀਤੀ।ਮੀਟਿੰਗ ਦੀ ਕਾਰਵਾਈ ਸ਼ੁਰੂ ਕਰਨ ਤੋਂ ਪਹਿਲਾਂ ਬੀਤੇ ਫਰਵਰੀ ਮਹੀਨੇ ਦੌਰਾਨ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰਜ ਸਾਥੀ ਸ਼ਿੰਗਾਰਾ ਸਿੰਘ ਐਲ ਡੀ ਸੀ ਮੈਂਹਦੀਪੁਰ, ਮਦਨ ਲਾਲ ਲੂੰਬਾ ਜੇਈ ਜਾਡਲਾ, ਹਰਬਲਾਸ ਲਾਈਨ ਮੈਨ ਲੰਗੜੋਆ ਨੂੰ ਸਮੂਹ ਪੈਨਸ਼ਨਰਜ ਵਲੋਂ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ ਗਈ।ਇਸ ਉਪਰੰਤ ਮੀਟਿੰਗ ਵਿਚ ਸਰਕਲ ਪ੍ਰਧਾਨ ਕੁਲਵਿੰਦਰ ਅਟਵਾਲ, ਜੁਆਇੰਟ ਸਕੱਤਰ ਨਿਰੰਜਨ ਕੰਗਾਂ,ਵਿੱਤ ਸਕੱਤਰ ਵਿਜੇ ਕੁਮਾਰ ਬਾਲੀ,ਮੰਡਲ ਦੇ ਸੀਨੀਅਰ ਮੀਤ ਪ੍ਰਧਾਨ ਰਵਿੰਦਰ ਰਾਹੋਂ,ਮੀਤ ਪ੍ਰਧਾਨ ਸ਼ੰਭੂ ਰਾਹੋਂ,ਪ੍ਰੈਸ ਸਕੱਤਰ ਪਰੇਮ ਚਣਕੋਆ,ਗੁਰਮੁਖ ਸਿੰਘ ਲੰਗੜੋਆ,ਮਨਜੀਤ ਰੁੜਕੀ,ਦਲਜੀਤ ਕੌਰ ਲੰਗੜੋਆ,ਅਸ਼ੋਕ ਸਿੰਘ,ਸੁਰਿੰਦਰ ਪਾਲ ਸਿੰਘ, ਸੱਤਪਾਲ ਭਾਟੀਆ,ਬਲਦੇਵ ਤਾਜੋਵਾਲ ,ਸ਼ਿਵਰਾਜ ਆਦਿ ਬੁਲਾਰਿਆਂ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਪੈਨਸ਼ਨਰਜ ਤੇ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਕੇ ਮੁਲਾਜ਼ਮਾਂ ਤੇ ਪੈਨਸ਼ਨਰਜ਼ ਦੇ ਸਾਂਝੇ ਫਰੰਟ ਵੱਲੋਂ ਉਲੀਕੇ ਸ਼ੰਘਰਸ਼ ਮੁਤਾਬਿਕ ਪੰਜਾਬ ਵਿਧਾਨ ਸਭਾ ਦੇ ਬੱਜਟ ਸੈਸ਼ਨ ਦੌਰਾਨ 8 ਮਾਰਚ ਤੋਂ ਲੈ ਕੇ 11 ਮਾਰਚ ਤੱਕ ਚੰਡੀਗੜ੍ਹ ਵਿਖੇ ਲੜੀਵਾਰ ਰੈਲੀਆਂ ਕਰਕੇ ਵਿਧਾਨ ਸਭਾ ਵੱਲ ਰੋਸ ਮਾਰਚ ਕੀਤਾ ਜਾਵੇਗਾ।ਇਸ ਫੈਸਲੇ ਨੂੰ ਇੰਨ-ਬਿਨ ਲਾਗੂ ਕਰਨ ਵਾਸਤੇ ਪੈਨਸ਼ਨਰਜ ਐਸੋਸੀਏਸ਼ਨ ਪਾਵਰਕਾਮ ਵਲੋਂ ਸਾਂਝੇ ਫਰੰਟ ਵਿਚ ਸ਼ਾਮਲ ਸਹਿਯੋਗੀ ਜੱਥੇਬੰਦੀਆਂ ਨਾਲ ਮਿਲਕੇ 10 ਮਾਰਚ ਨੂੰ ਕੀਤੀ ਜਾ ਰਹੀ ਚੰਡੀਗੜ੍ਹ ਦੀ ਰੈਲੀ ਅਤੇ ਵਿਧਾਨ ਸਭਾ ਵੱਲ ਰੋਸ ਮਾਰਚ ਵਿਚ ਵੱਧ ਚੜ੍ਹਕੇ ਹਿੱਸਾ ਲਿਆ ਜਾਵੇਗਾ। ਮੰਚ ਸੰਚਾਲਨ ਮਦਨ ਲਾਲ ਰਾਮਰਾਇਪੁਰ ਕੀਤਾ।ਇਸ ਮੌਕੇ ਗੁਰਸ਼ਰਨ ਪਾਲ ਸਿੰਘ,ਸੋਹਨ ਮਝੂਰ, ਜਰਨੈਲ ਸਿੰਘ, ਅਸ਼ੋਕ, ਕਰਮਜੀਤ ਸਿੰਘ,ਸਵਰਨ ਦਾਸ, ਮਦਨ ਬਿਛੌੜੀ, ਸਰਿੰਦਰ ਕੌਰ,ਜੋਗਿੰਦਰ ਕੌਰ ,ਚਰਨ ਕੌਰ,ਜਗਦੀਸ਼ ਕੌਰ,ਸਰੋਜ ਕੁਮਾਰੀ ਆਦਿ ਹਾਜ਼ਰ ਸਨ।

## ਟਰੈਫਿਕ ਲਾਈਟਾਂ ਲਗਾਉਣ ਦੀ ਮੰਗ

**ਟਾਂਡਾ ਉੜਮੁੜ (ਜਸਵਿੰਦਰ ਸੰਧੂ)**

ਟਾਂਡਾ ਸ੍ਰੀ ਹਰਗੋਬਿੰਦਪੁਰ ਤੇ ਪੈਂਦੇ ਬਿਆਸ ਦਰਿਆ ਪੁਲ ਬਣ ਜਾਣ ਉਪਰੰਤ ਅੰਮ੍ਰਿਤਸਰ, ਬਟਾਲਾ ਅਤੇ ਗੁਰਦਾਸਪੁਰ ਤੋਂ ਹੁਸ਼ਿਆਰਪੁਰ, ਮਾਤਾ ਚਿੰਤਪੁਰਨੀ ਆਦਿ ਸਥਾਨਾਂ ਤੇ ਜਾਣ ਵਾਲੇ ਵਾਹਨਾਂ ਕਾਰਨ ਟਾਂਡਾ ਸ਼ਹਿਰ ਵਿੱਚ ਭਾਰੀ ਟਰੈਫਿਕ ਦਾ ਵਾਧਾ ਹੋ ਗਿਆ ਹੈ। ਭਾਵੇਂ ਕਿ ਟਾਂਡਾ ਟਰੈਫਿਕ ਪੁਲਿਸ ਆਪਣੀ ਡਿਊਟੀ ਪੂਰੀ ਇਮਾਨਦਾਰੀ ਨਾਲ ਨਿਭਾਉਣ ਦੇ ਹਰ ਸੰਭਵ ਯਤਨ ਕਰਦੇ ਹਨ ਪਰ ਟਰੈਫਿਕ ਜ਼ਿਆਦਾ ਹੋਣ ਕਾਰਨ ਲੱਖੀ ਸਿਨੇਮਾ ਚੌਂਕ, ਸਰਕਾਰੀ ਹਸਪਤਾਲ ਚੌਂਕ ਅਤੇ ਜਾਜਾ ਬਾਈਪਾਸ ਚੌਂਕ ਵਿੱਚ ਅਕਸਰ ਜਾਮ ਲੱਗ ਜਾਂਦੇ ਹਨ, ਜਿਸ ਕਾਰਨ ਆਮ ਜਨਤਾ ਨੂੰ ਭਾਰੀ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਆਮ ਜਨਤਾ ਦੀਆਂ ਇਨ੍ਹਾਂ ਪਰੇਸ਼ਾਨੀਆਂ ਨੂੰ ਮੁੱਖ ਰੱਖਦੇ ਹੋਏ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਸ਼ਿਵ ਸੈਨਾ ਦੇ ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਸਕੱਤਰ ਪੰਡਿਤ ਮਿਥਲੇਸ਼ ਗਰਗ, ਯੂਥ ਸਿਟੀ ਪ੍ਰਧਾਨ ਗੁਰਨਾਮ ਸਿੰਘ ਗੋਨੀ, ਬਲਾਕ ਪ੍ਰਧਾਨ ਗੌਰਵ ਬੇਦੀ, ਸਿਟੀ ਚੇਅਰਮੈਨ ਹਰਦੀਪ ਸਿੰਘ, ਸਰਕਲ ਪ੍ਰਧਾਨ ਪਰਮਜੀਤ ਸਿੰਘ, ਵਾਈਸ ਚੇਅਰਮੈਨ ਬਬਲੂ ਕੁਮਾਰ, ਸਿਟੀ ਯੂਥ ਚੇਅਰਮੈਨ ਮਨਜੋਤ ਸਿੰਘ, ਮਨੀਸ਼ ਕੁਮਾਰ, ਸੰਨੀ ਮਾਹੱਲਾ, ਅਮਨ ਮਾਹੱਲਾ, ਸੰਨੀ ਖੋਸਲਾ, ਨਿਤਿਨ ਚੌਹਾਨ, ਸ਼ੇਰਾ ਅਤੇ ਹੋਰ ਸ਼ਿਵ ਸੈਨਾ ਵਰਕਰਾਂ ਨੇ ਆਪਣੇ-ਆਪਣੇ ਵਿਚਾਰ ਸਾਂਝੇ ਕੀਤੇ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਰਾਹੁਲ ਖੰਨਾ ਨੇ ਕਿਹਾ ਕਿ ਟਾਂਡਾ ਸ਼ਹਿਰ ਦੇ ਸਿਨੇਮਾ ਘਰ ਚੌਂਕ,



ਹਸਪਤਾਲ ਚੌਂਕ ਅਤੇ ਜਾਜਾ ਬਾਈਪਾਸ ਚੌਂਕ ਵਿਖੇ ਟਰੈਫਿਕ ਲਾਈਟਾਂ ਲਗਾਉਣ ਲਈ ਕਈ ਵਾਰ ਜ਼ਿਲ੍ਹਾ ਪ੍ਰਸ਼ਾਸਨ ਤੇ ਸਰਕਾਰ ਤੋਂ ਮੰਗ ਕੀਤੀ ਜਾ ਚੁੱਕੀ ਹੈ ਤਾਂ ਜੋ ਲੋਕਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਤੋਂ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਕਿ ਅਕਸਰ ਸਕੂਲ ਆਉਣ ਅਤੇ ਵਾਪਸ ਜਾਣ ਸਮੇਂ ਸਕੂਲ ਦੀਆਂ ਬੱਸਾਂ ਇਨ੍ਹਾਂ ਚੌਂਕਾਂ ਵਿੱਚ ਟਰੈਫਿਕ ਦੇ ਵਾਧੇ ਕਾਰਨ ਫਸ ਜਾਂਦੀਆਂ ਹਨ ਜਿਸ ਕਾਰਨ ਛੋਟੇ-ਛੋਟੇ ਸਕੂਲੀ ਬੱਚਿਆਂ ਨੂੰ ਕਾਫ਼ੀ ਔਕੜਾਂ ਦਾ ਸਾਹਮਣਾ ਕਰਨਾ ਪੈ ਜਾਂਦਾ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਚੌਂਕਾਂ ਵਿੱਚ ਕਈ ਵਾਰ ਮਰੀਜ਼ਾਂ ਨੂੰ ਲੈ ਕੇ ਜਾ ਰਹੀਆਂ ਐਬੂਲੈਂਸਾਂ ਵੀ ਟਰੈਫਿਕ ਜਾਮ ਵਿੱਚ ਫਸ ਜਾਂਦੀਆਂ ਹਨ।

## ਬੀਬੀ ਕਿਰਨਪ੍ਰੀਤ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਨਜ਼ਦੀਕੀ ਪਿੰਡ ਅਜਨੋਹਾ ਦੇ ਪੱਤਰਕਾਰ ਦਲਜੀਤ ਸਿੰਘ ਅਜਨੋਹਾ ਦੀ ਧਰਮ ਪਤਨੀ ਬੀਬੀ ਕਿਰਨਪ੍ਰੀਤ ਕੌਰ ਜੋ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਪ੍ਰਭੂ ਚਰਨਾ ਵਿਚ ਜਾ ਬਿਰਾਜੇ ਸਨ, ਉਨ੍ਹਾਂ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ, ਉਪਰੰਤ ਭਾਈ ਵਰਿੰਦਰ ਸਿੰਘ ਅਲਾਵਲਪੁਰ ਨੇ ਸੰਗਤਾਂ ਨੂੰ ਵੈਰਾਗਮਈ ਕੀਰਤਨ ਨਾਲ ਨਿਹਾਲ ਕੀਤਾ । ਇਸ ਮੌਕੇ ਸ਼ਰਧਾਂਜਲੀ ਸਮਾਗਮ ਵਿਚ ਬਾਬਾ ਰਤਨ ਪ੍ਰਕਾਸ਼ ਹਿਮਾਚਲ, ਤੀਕਸ਼ਣ ਸੂਦ, ਸੋਹਣ ਸਿੰਘ ਠੰਡਲ, ਜਥੇ. ਇਕਬਾਲ ਸਿੰਘ ਖੇੜਾ, ਸੰਜੀਵ ਕੁਮਾਰ ਪਚਨੰਗਲ, ਰਾਜੇਸ਼ ਕੁਮਾਰ ਅਰੋੜਾ, ਹੈੱਡ ਮਾਸਟਰ ਹਰਭਜਨ ਸਿੰਘ ਅਜਨੋਹਾ, ਸੰਤ ਸਤਵਿੰਦਰ ਹੀਰਾ ਖੁਰਾਲਗੜ੍ਹ, ਕਮਾਡੈਂਟ ਰਾਜ ਕੁਮਾਰ ਬੀ ਐੱਸ ਐੱਫ ਸੇਵਾ ਮੁਕਤ, ਡੀ ਐੱਸ ਪੀ ਅਜੀਤ ਸਿੰਘ ਅਜਨੋਹਾ ਸੇਵਾ ਮੁਕਤ, ਗੁਲਾਬ ਸਿੰਘ ਪਟਿਆਲਾ, ਪ੍ਰੋ. ਸੰਜੀਵ ਸ਼ਰਮਾ ਦਸੂਹਾ, ਕੁਲਦੀਪ ਸਿੰਘ ਅਜਨੋਹਾ, ਜਸਪਾਲ ਸਿੰਘ ਸ਼ਰਮਾ ਹੁਸ਼ਿਆਰਪੁਰ, ਬਲਵੀਰ ਚੰਦ ਕੋਟਫ਼ਤੂਹੀ, ਪ੍ਰੇਮ ਨਾਥ ਵਧਵਾ, ਡਾ. ਜਸਵੀਰ ਸਿੰਘ ਅਜਨੋਹਾ, ਮਮਤਾ ਰਾਣੀ ਬਲਾਕ ਸੰਮਤੀ ਮੈਂਬਰ, ਐੱਸ ਡੀ ਓ ਸੰਤੋਖ ਸਿੰਘ ਸ ਸੇਵਾ ਮੁਕਤ, ਬੀਬੀ ਜਸਵਿੰਦਰ ਕੌਰ ਅਜਨੋਹਾ, ਸੁਪਿੰਦਰਜੀਤ ਸਿੰਘ ਆਨੰਦਪੁਰ ਸਾਹਿਬ, ਗੁਰਨਾਮ ਸਿੰਘ ਸਿੰਗੜੀਵਾਲ, ਐਡਵੋਕੇਟ ਰਣਜੀਤ ਕੁਮਾਰ, ਦਇਆ ਸਿੰਘ ਮੇਘੋਵਾਲ, ਹਰਜਿੰਦਰ ਸਿੰਘ ਖਾਬੜਾ, ਕੋਚ ਬੰਧਨਾ ਸਿੰਘ, ਐਡਵੋਕੇਟ ਅਸ਼ਵਨੀ ਵਰਮਾ, ਐਡਵੋਕੇਟ ਰਣਜੀਤ ਕੁਮਾਰ, ਸੰਜੀਵ ਅਰੋੜਾ, ਅਨੁਰਾਗ ਸ਼ਰਮਾ, ਆਰਤੀ ਸ਼ਰਮਾ, ਮੈਨੇਜਰ ਗੁਰਦਿਆਲ ਸਿੰਘ, ਸਰਵਿੰਦਰ ਸਿੰਘ ਠੀਂਡਾਂ, ਪਲਵਿੰਦਰ ਸਿੰਘ ਮਾਹਿਲਪੁਰ ਤੇ ਜਿਲ੍ਹੇ ਦੇ ਸਮੂਹ ਪੱਤਰਕਾਰ ਭਾਈਚਾਰੇ ਨੇ ਵਿੱਛੜੀ ਰੂਹ ਨੂੰ ਆਪਣੀ ਸ਼ਰਧਾਂਜਲੀ ਭੇਟ ਕੀਤੀ।



## ਅੱਖਾਂ ਦਾ ਮੁਫਤ ਆਪਰੇਸ਼ਨ ਕੈਂਪ ਸੰਪੰਨ

**ਆਦਮਪੁਰ, (ਪਰਮਜੀਤ ਸਿੰਘ)**

ਜਾਗ੍ਰਿਤੀ ਚੈਰਿਟੇਬਲ ਸੋਸਾਇਟੀ ਆਦਮਪੁਰ ਅਤੇ ਲਾਇੰਸ ਕਲੱਬ ਵਾਂਸਟੇਡ ਐਂਡ ਲੁਡਫੋਰਡ ਦੇ ਸੰਯੁਕਤ ਸਹਿਯੋਗ ਤੋਂ 44ਵੇਂ ਮੁਫ਼ਤ ਅੱਖਾਂ ਦੇ ਆਪ੍ਰੇਸ਼ਨ ਕੈਂਪ ਦਾ ਸਮਾਪਨ ਸਮਾਰੋਹ ਦਰਬਾਰ ਸਾਈ ਜੁਮਲੇ ਸ਼ਾਹ ਜੀ ਉਦਾਸੀਆਂ ਵਿੱਚ ਆਯੋਜਿਤ ਕੀਤਾ ਗਿਆ।ਇਹ ਸ਼ਿਵਰ ਸਾਈਂ ਜੁਮਲੇ ਸ਼ਾਹ ਜੀ, ਬੀਬੀ ਸ਼ਰੀਫਾਂ ਜੀ, ਸਵਰਗੀ ਜਥੇਦਾਰ ਜੀਵਨ ਸਿੰਘ ਜੀ (ਪੂਰਬ ਪਾਸ਼ਦ), ਲਾਲਾ ਮੇਹਰ ਚੰਦ ਪਾਲ, ਕੇਹਰ ਸਿੰਘ ਲਾਲੀ, ਨਰਿੰਦਰ ਕੁਮਾਰ ਨਾਰਦ,ਸਤਪਾਲ ਹਮਪਾਲ, ਨੰਦ ਲਾਲ ਪਸਰੀਚਾ ਤੇ ਚੰਦਰ ਮੋਹਨ ਯਾਦਵ ਦੀ ਯਾਦ ਨੂੰ ਸਮਰਪਿਤ ਲਗਾਇਆ ਗਿਆ।ਸਮਾਗਮ ਦੀ ਸੋਸਾਇਟੀ ਦੇ ਪ੍ਰਧਾਨ ਮਨਮੋਹਨ ਸਿੰਘ ਬਾਬਾ ਤੇ ਚੇਅਰਮੈਨ ਰਾਜ ਕੁਮਾਰ ਪਾਲ ਦੀ ਦੇਖਰੇਖ ਵਿੱਚ ਵਾਪਰਿਆ। ਲਾਇੰਸ ਕਲੱਬ ਵਾਂਸਟੇਡ ਐਂਡ ਵੁੱਡ ਫੋਰਡ ਲੰਦਨ ਦੀ ਪ੍ਰਧਾਨ ਲਾਇਨ ਲੇਡੀ ਬਲਜਿੰਦਰ ਕੌਰ ਨੇ ਭਾਗ ਲਿਆ।ਮੁੱਖ ਮਹਿਮਾਨ ਲਾਇਨ ਸੁਖਵਿੰਦਰ ਸਿੰਘ ਜੰਡੂ ਨੇ ਦੋਹਾਂ ਸੰਸਥਾਵਾਂ ਦੁਆਰਾ ਬਣਾਈ ਗਈ ਇਸ ਕਾਰਜ ਦੀ ਸ਼ਲਾਘਾ ਕੀਤੀ। ਸਮਾਜ ਦੇ ਸਕੱਤਰ ਗੁਲਸ਼ਨ ਦਿਲਬਾਗੀ ਅਤੇ ਗੁਰਮੁਖ ਸਿੰਘ ਸੂਰੀ ਨੇ ਦੱਸਿਆ ਕਿ ਜਾਗ੍ਰਿਤ ਚੈਰੀਟੇਬਲ ਸੋਸਾਇਟੀ ਆਦਮਪੁਰ ਅਤੇ ਲਾਇੰਸ ਕਲੱਬ ਵਾਂਸਟੇਡ ਐਂਡ ਵੁੱਡਫੋਰਡ ਲੰਬਿਤ ਦੁਆਰਾ ਤਰਨਤਾਰਨ ਖੇਤਰ ਅਤੇ ਹੋਰ ਪਿੰਡਾਂ ਵਿੱਚ 6 ਕੈਂਪ ਲਗਾ ਕੇ ਲਗਭਗ 3500 ਮਰੀਜ਼ਾਂ ਦੀ ਅੱਖਾਂ ਦੀ ਜਾਂਚ ਕੀਤੀ। ਜਾਂਚ ਰੂਬੀ ਨੈਲਸਨ ਮੈਮੋਰੀਅਲ ਹਸਪਤਾਲ ਜਾਲੰਧਰ ਦੇ ਮਾਹਿਰ ਡਾ. ਜੈਕਬ ਪ੍ਰਭਾਵ ਤੇ ਉਹਨਾਂ ਦੀ ਟੀਮ ਦੁਆਰਾ ਕੀਤੀ ਗਈ।



## ਕਬੱਡੀ ਕੱਪ 'ਤੇ ਮਨਸੂਰਪੁਰ ਦੀ ਟੀਮ ਨੇ ਕੀਤਾ ਕਬਜ਼ਾ



**ਫਿਲੌਰ, (ਨਿਰਮਲ)**

ਨਜ਼ਦੀਕੀ ਪਿੰਡ ਮਨਸੂਰਪੁਰ ਵਿਖੇ ਦੂਜਾ ਆਲ ਓਪਨ ਕਬੱਡੀ ਕੱਪ ਕਰਵਾਇਆ ਗਿਆ। ਜਿਸ ਦੌਰਾਨ ਅੱਠ ਕਲੱਬਾਂ ਨੇ ਭਾਗ ਲਿਆ ਜਿਨ੍ਹਾਂ ਚ ਸਖ਼ਤ ਮੁਕਾਬਲੇ ਦੌਰਾਨ ਪਿੰਡ ਮਨਸੂਰਪੁਰ ਦੀ ਟੀਮ ਨੇ ਆਲ ਓਪਨ ਕਬੱਡੀ ਕੱਪ ਤੇ ਇੱਕ ਲੱਖ ਰੁਪਏ ਦੇ ਇਨਾਮ ਤੇ ਕਬਜ਼ਾ ਕੀਤਾ। ਯੰਗ ਮਨਿਸਟਰੀ ਸਪੋਰਟਸ ਕਲੱਬ ਵੱਲੋਂ ਜੇਤੂ ਟੀਮ ਨੂੰ ਇੱਕ ਲੱਖ ਰੁਪਏ ਅਤੇ ਦੂਜੇ ਸਥਾਨ ਤੇ ਆਉਣ ਵਾਲੀ ਟੀਮ ਨੂੰ 75 ਹਜ਼ਾਰ ਰੁਪਏ ਨਗਦ ਇਨਾਮ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਟੂਰਨਾਮੈਂਟ ਦੌਰਾਨ ਬੈਸਟ ਜਾਫੀ ਅਤੇ ਬੈਸਟ ਰੇਡਰ ਨੂੰ ਸਿੱਧੂ ਟਰਾਂਸਪੋਰਟ ਅਮਰੀਕਾ ਤੋਂ ਸਿੱਧੂ ਭਰਾਵਾ ਵੱਲੋਂ ਮੋਟਰਸਾਈਕਲਾ ਨਾਲ ਸਨਮਾਨਿਤ ਕੀਤਾ। ਇਸ ਮੌਕੇ ਲੜਕੀਆਂ ਦਾ ਸ਼ੋਅ ਮੈਚ ਵੀ ਕਰਵਾਇਆ ਗਿਆ ਜਿਸ ਦੌਰਾਨ ਲੜੀਆਂ ਨੂੰ ਕਲੱਬ ਵੱਲੋਂ 21000, 18000 , ਗੁਰਮੀਤ ਸਿੰਘ ਧਾਲੀਵਾਲ ਵੱਲੋਂ 10000 , ਮੱਖਣ ਸਿੰਘ ਸਿੱਧੂ ਵੱਲੋਂ 10000, ਪਾਲੋਂ ਯੂ ਐਸ ਏ ਵੱਲੋਂ 10000 ਰੁਪਏ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਚੌਧਰੀ ਵਿਕਰਮਜੀਤ ਸਿੰਘ ਹਲਕਾ ਵਿਧਾਇਕ ਅਤੇ ਐਸ ਜੀ ਪੀ ਸੀ ਮੈਂਬਰ ਜਥੇਦਾਰ ਕੁਲਵੀਰ ਸਿੰਘ ਬੜਾਪਿੰਡ ਵੱਲੋਂ ਸੰਬੋਧਨ ਕਰਦਿਆਂ ਕਿਹਾ ਕਿ ਖੇਡਾਂ ਜ਼ਿੰਦਗੀ ਲਈ ਬਹੁਤ ਜ਼ਰੂਰੀ ਹਨ ਖੇਡਾਂ 'ਚ ਰੁਚੀ ਰੱਖਣ ਵਾਲਾ ਵਿਅਕਤੀ ਨਸ਼ੇ ਜਿਹੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰਹਿੰਦਾ ਹੈ। ਇਸ ਮੌਕੇ ਟੂਰਨਾਮੈਂਟ ਚ ਸਹਿਯੋਗ ਦੇਣ ਵਾਲੇ ਸੁਖਵਿੰਦਰ ਸਿੰਘ ਯੂ ਐੱਸ ਏ, ਗੁਰਵਿੰਦਰ ਸਿੰਘ ਇੱਟਲੀ , ਜਿਕਰਨ ਸਿੰਘ ਸਿੱਧੂ ਮੰਤਰੀ, ਹਰਮਿੰਦਰ ਸਿੰਘ ਹਨੀ, ਲਖਵਿੰਦਰ ਸਿੰਘ ਸਿੱਧੂ, ਜੱਸੀ ਸਿੱਧੂ, ਬਲਜੀਤ ਸਿੰਘ ਸਿੱਧੂ, ਹਰਪ੍ਰੀਤ ਸਿੰਘ ਸਿੱਧੂ, ਕੁਲਦੀਪ ਸਿੰਘ ਸਾਬਕਾ ਸਰਪੰਚ, ਰਵਿੰਦਰ ਸਿੰਘ, ਹਰਦੀਪ ਸਿੰਘ, ਸੰਤੋਖ ਸਿੰਘ, ਜਸਵੀਰ ਸਿੰਘ ਸਿੱਧੂ,ਸੁਖਵੀਰ ਸਿੰਘ ਸਿੱਧੂ, ਜੀਤਾ ਧਾਲੀਵਾਲ, ਮੱਖਣ ਸਿੰਘ ਪੰਚ, ਇੰਦਰਪਾਲ ਸਿੰਘ ਧਾਲੀਵਾਲ, ਅਮਰੀਕ ਸਿੰਘ ਸਿੱਧੂ, ਪਰਮਜੀਤ ਕੌਰ ਸਰਪੰਚ, ਸੁੱਚਾ ਰਾਮ ਨੰਬਰਦਾਰ, ਅਮਰੀਕ ਸਿੰਘ ਨੰਬਰਦਾਰ, ਸਤਨਾਮ ਸਿੰਘ ਸੱਤੀ ਅਤੇ ਹੋਰ ਵੱਡੀ ਗਿਣਤੀ 'ਚ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਯੰਗ ਮਨਿਸਟਰੀ ਸਪੋਰਟਸ ਕਲੱਬ ਪਿੰਡ ਮਨਸੂਰਪੁਰ ਦੇ ਪ੍ਰਧਾਨ ਦਲਜੀਤ ਸਿੰਘ ਅਤੇ ਸਮੂਹ ਮੈਂਬਰਾਂ ਵੱਲੋਂ ਟੂਰਨਾਮੈਂਟ ਸਫਲ ਬਣਾਉਣ ਲਈ ਦਿੱਤੇ ਗਏ ਸਹਿਯੋਗ ਲਈ ਸਾਰਿਆਂ ਦਾ ਧੰਨਵਾਦ ਕੀਤਾ।

## ਰਾਸ਼ਟਰੀ ਵਿਗਿਆਨ ਦਿਵਸ ਦੇ ਮੌਕੇ ਵੱਖ-ਵੱਖ ਪ੍ਰਤਿਯੋਗਤਾਵਾਂ ਕਰਵਾਈਆਂ

**ਦਸੂਹਾ (ਕਰਨੈਲ ਮਾਂਗਟ)**-ਕੇ ਐੱਮ ਐੱਸ ਕਾਲਜ ਆਫ ਆਈ ਟੀ ਐਂਡ ਮੈਨੇਜਮੈਂਟ, ਚੌ. ਬੰਤਾ ਸਿੰਘ ਕਲੋਨੀ ਦਸੂਹਾ ਵਿਖੇ ਰਾਸ਼ਟਰੀ ਵਿਗਿਆਨ ਦਿਵਸ ਬੜੇ ਉਤਸ਼ਾਹ ਤੇ ਰੁਚੀ ਨਾਲ ਮਨਾਇਆ ਗਿਆ। ਇਸ ਮੌਕੇ ਤੇ ਪ੍ਰਿੰਸੀਪਲ ਡਾ. ਸ਼ਬਨਮ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਦਿਆਰਥੀਆਂ ਵਿੱਚ ਵਿਗਿਆਨ ਪ੍ਰਤੀ ਰੂਚੀ ਅਤੇ ਨਵੀਨਤਾ ਦੀ ਭਾਵਨਾ ਨੂੰ ਪ੍ਰੋਤਸਾਹਿਤ ਕਰਨ ਲਈ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਵਿਚਕਾਰ ਕਈ ਪ੍ਰਤਿਯੋਗਿਤਾਵਾਂ ਆਯੋਜਿਤ ਕੀਤੀਆਂ ਗਈਆਂ। ਇਨ੍ਹਾਂ ਵਿੱਚ ਸਾਇੰਸ ਕੁਇੱਜ਼ ਪ੍ਰਤੀਯੋਗਿਤਾ, ਸਾਇੰਸ ਪੋਸਟਰ ਮੇਕਿੰਗ ਪ੍ਰਤੀਯੋਗਿਤਾ, ਸਾਇੰਸ ਪ੍ਰਦਰਸ਼ਨੀ, ਲੈਬੋਰਟਰੀ ਟੈਸਟ ਅਤੇ ਸਾਇੰਸ ਪ੍ਰਯੋਗ ਵਿਸ਼ੇਸ਼ ਤੌਰ 'ਤੇ ਸ਼ਾਮਿਲ ਸਨ। ਉਨ੍ਹਾਂ ਕਿਹਾ ਕਿ ਇਹਨਾਂ ਗਤੀਵਿਧੀਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਸੋਚ, ਖੋਜੀ ਮਨੋਭਾਵ ਅਤੇ ਤਕਨੀਕੀ ਗਿਆਨ ਨੂੰ ਵਿਕਸਿਤ ਕਰਨਾ ਹੈ। ਮੈਡੀਕਲ ਸਾਇੰਸ ਵਿਭਾਗ ਦੇ ਵਿਦਿਆਰਥੀਆਂ ਨੇ ਵੀ ਇਨ੍ਹਾਂ ਪ੍ਰਤਿਯੋਗਿਤਾਵਾਂ ਵਿੱਚ ਵੱਧ ਚੜ ਕੇ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਾਇੰਸ ਪ੍ਰਦਰਸ਼ਨੀ ਦੌਰਾਨ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਮਾਡਲਾਂ ਅਤੇ ਪ੍ਰਾਜੈਕਟਾਂ ਨੇ ਖਾਸ ਧਿਆਨ ਖਿੱਚਿਆ। ਵਿਦਿਆਰਥੀਆਂ ਨੇ ਵੱਖ-ਵੱਖ ਵਿਗਿਆਨਕ ਵਿਸ਼ਿਆਂ ਨਾਲ ਸੰਬੰਧਿਤ ਨਵੇਂ ਵਿਚਾਰ ਅਤੇ ਤਕਨੀਕੀ ਹੱਲ ਪੇਸ਼ ਕੀਤੇ। ਕੁਇੱਜ਼ ਪ੍ਰਤੀਯੋਗਿਤਾ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਵਿਗਿਆਨ ਨਾਲ ਸੰਬੰਧਿਤ ਪ੍ਰਸ਼ਨਾਂ ਦੇ ਉੱਤਰ ਦੇ ਕੇ ਆਪਣੀ ਗਿਆਨ-ਪ੍ਰਤਿਭਾ ਦਾ ਪ੍ਰਮਾਣ ਦਿੱਤਾ। ਇਸ ਮੌਕੇ ਤੇ ਡਾਇਰੈਕਟਰ ਡਾ. ਮਾਨਵ ਸੈਣੀ ਨੇ ਵਿਦਿਆਰਥੀਆਂ ਨੂੰ ਵਿਗਿਆਨਕ ਖੋਜ ਅਤੇ ਨਵੀਂ ਸੋਚ ਵੱਲ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਰਾਸ਼ਟਰੀ ਵਿਗਿਆਨ ਦਿਵਸ ਮਨਾਉਣ ਦਾ ਉਦੇਸ਼ ਵਿਦਿਆਰਥੀਆਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਪੈਦਾ ਕਰਨਾ ਅਤੇ ਸਮਾਜ ਵਿੱਚ ਵਿਗਿਆਨ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਕਾਲਜ ਵਿਦਿਆਰਥੀਆਂ ਦੀ ਬੌਧਿਕ ਅਤੇ ਪ੍ਰਯੋਗਾਤਮਕ ਯੋਗਤਾਵਾਂ ਨੂੰ ਨਿਖਾਰਨ ਲਈ ਅਜਿਹੇ ਕਾਰਜਕ੍ਰਮ ਆਯੋਜਿਤ ਕਰਦਾ ਰਹੇਗਾ। ਅੰਤ ਵਿੱਚ ਪ੍ਰਿੰਸੀਪਲ ਡਾ. ਸ਼ਬਨਮ ਕੌਰ, ਡਾਇਰੈਕਟਰ ਡਾ. ਮਾਨਵ ਸੈਣੀ ਅਤੇ ਐਚ.ਓ.ਡੀ ਡਾ. ਰਾਜੇਸ਼ ਕੁਮਾਰ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਐਚ.ਓ.ਡੀ ਡਾ. ਰਾਜੇਸ਼ ਕੁਮਾਰ, ਜਗਰੂਪ ਕੌਰ, ਡਾ. ਨੀਲਮ, ਨਿਕਿਤਾ ਠਾਕੁਰ, ਮਨਪ੍ਰੀਤ ਕੌਰ, ਮਨਜੀਤ, ਅਮਨਪ੍ਰੀਤ ਕੌਰ, ਨਵਨੀਤ ਕੌਰ ਅਤੇ ਵਿਦਿਆਰਥੀ ਹਾਜ਼ਰ ਸਨ।



## ਜੀਐੱਨਐੱਮ ਪ੍ਰੀਖਿਆ 'ਚ ਆਰੀਅਨਜ਼ ਇੰਸ. ਦਾ ਸ਼ਾਨਦਾਰ ਪ੍ਰਦਰਸ਼ਨ



ਰਾਜਪੁਰਾ (ਰਮੇਸ਼ ਕਟਾਰੀਆ)-ਆਰੀਅਨਜ਼ ਇੰਸਟੀਚਿਊਟ ਆਫ ਨਰਸਿੰਗ ਰਾਜਪੁਰਾ ਦੇ ਵਿਦਿਆਰਥੀਆਂ ਨੇ ਪੰਜਾਬ ਨਰਸ ਰਜਿਸਟ੍ਰੇਸ਼ਨ ਕੌਂਸਲ (ਪੀਐੱਨਆਰਸੀ) ਦੁਆਰਾ ਆਯੋਜਿਤ ਜੀਐੱਨਐੱਮ ਤੀਜੇ ਸਾਲ ਦੀ ਪ੍ਰੀਖਿਆ ਵਿੱਚ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ, ਜਿਸ ਨਾਲ ਸੰਸਥਾ ਦਾ ਨਾਮ ਰੌਸ਼ਨ ਹੋਇਆ।ਸ੍ਰੀਮਤੀ ਸਾਕਸ਼ੀ ਕੁਮਾਰੀ ਨੇ 75.5% ਅੰਕ ਪ੍ਰਾਪਤ ਕਰਕੇ ਪਹਿਲਾ, ਲੋਕੇਸ਼ ਸ਼ਰਮਾ ਨੇ 73.2% ਅੰਕ ਪ੍ਰਾਪਤ ਕਰਕੇ ਦੂਜਾ ਤੇ ਸ਼੍ਰੀਮਤੀ ਕ੍ਰਿਸ਼ਮਾ ਕੁਮਾਰੀ ਨੇ 68.7% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ।ਆਰੀਅਨਜ਼ ਇੰਸਟੀਚਿਊਟ ਆਫ ਨਰਸਿੰਗ ਦੇ ਪ੍ਰਬੰਧਨ ਪ੍ਰਿੰਸੀਪਲ ਸ਼੍ਰੀਮਤੀ ਨਿਧੀ ਚੋਪੜਾ ਤੇ ਫੈਕਲਟੀ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਤੇ ਉਨ੍ਹਾਂ ਦੇ ਸਮਰਪਣ ਤੇ ਸਖ਼ਤ ਮਿਹਨਤ ਦੀ ਸ਼ਲਾਘਾ ਕੀਤੀ।ਉਨ੍ਹਾਂ ਨੇ ਸਫਲਤਾ ਦਾ ਸਿਹਰਾ ਅਨੁਸ਼ਾਸਤ ਅਕਾਦਮਿਕ ਅਭਿਆਸਾਂ, ਤਜਰਬੇਕਾਰ ਫੈਕਲਟੀ ਤੇ ਇੱਕ ਸਹਾਇਕ ਸਿੱਖਣ ਦੇ ਵਾਤਾਵਰਨ ਨੂੰ ਦਿੱਤਾ।ਸੰਸਥਾ ਨੇ ਸਫਲ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਦੇ ਪੇਸ਼ੇਵਰ ਕਰੀਅਰ ਵਿੱਚ ਨਿਰੰਤਰ ਵਿਕਾਸ ਤੇ ਸਫਲਤਾ ਦੀ ਕਾਮਨਾ ਕੀਤੀ।

## ਆਗਾਮੀ ਚੋਣਾਂ 'ਚ ਅਕਾਲੀ ਦਲ ਇਤਿਹਾਸਕ ਜਿੱਤ ਪ੍ਰਾਪਤ ਕਰੇਗਾ : ਕਾਤਰੋਂ



**ਧੂਰੀ (ਮਨੋਹਰ ਸਿੰਘ ਸੱਗੂ)**-ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਵੱਲੋਂ ਆਗਾਮੀ ਚੋਣਾਂ ਦੇ ਮੱਦੇਨਜ਼ਰ ਹਲਕੇ ਅੰਦਰ ਆਪਣੀਆਂ ਸਿਆਸੀ ਗਤੀਵਿਧੀਆਂ ਤੇਜ ਕਰਦਿਆਂ ਜਿੱਥੇ ਪਿੰਡਾਂ 'ਚ ਵਰਕਰਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਉਥੇ ਪਾਰਟੀ ਨੂੰ ਹੇਠਲੇ ਪੱਧਰ ਤੱਕ ਮਜ਼ਬੂਤ ਕਰਨ ਲਈ ਹਲਕੇ 'ਚ ਨਵੀਆਂ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਰਣਜੀਤ ਸਿੰਘ ਕਾਤਰੋਂ ਨੇ ਪਿੰਡ ਪੁੰਨਾਵਾਲ ਵਿਖੇ ਵਰਕਰਾਂ ਨਾਲ ਮੀਟਿੰਗ ਕਰਨ ਉਪਰੰਤ ਕਿਹਾ ਕਿ ਉਹ ਲਗਾਤਾਰ ਪਾਰਟੀ ਨੀਤੀਆਂ ਨੂੰ ਲੋਕਾਂ 'ਚ ਪ੍ਰਚਾਰ ਰਹੇ ਹਨ, ਜਿਸ ਦੀ ਬਦੌਲਤ ਵੱਡੀ ਪੱਧਰ 'ਤੇ ਲੋਕ ਅਕਾਲੀ ਦਲ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਮੁਹਾਜ਼ 'ਤੇ ਫੇਲ੍ਹ ਸਾਬਿਤ ਹੋਈ ਹੈ ਤੇ ਲੋਕਾਂ 'ਚ ਸਰਕਾਰ ਪ੍ਰਤੀ ਨਾਰਾਜ਼ਗੀ ਸਾਫ਼ ਝਲਕ ਰਹੀ ਹੈ।ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਅਕਾਲੀ ਦਲ ਇਤਿਹਾਸਕ ਜਿੱਤ ਪ੍ਰਾਪਤ ਕਰਕੇ ਆਪਣੀ ਸਰਕਾਰ ਬਣਾਏਗਾ।

## ਝੂਠੇ ਪਰਚੇ ਰੱਦ ਕਰਵਾਉਣ ਲਈ 9 ਨੂੰ ਥਾਣਾ ਅਮੀਰ ਖਾਸ ਦਾ ਕੀਤਾ ਜਾਵੇਗਾ ਘਿਰਾਓ : ਰੋਹੀਵਾਲਾ



**ਜਲਾਲਾਬਾਦ (ਜੀਤ ਕੁਮਾਰ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਜ਼ਿਲ੍ਹਾ ਫਾਜ਼ਿਲਕਾ ਦੇ ਬਲਾਕ ਗੁਰੂ ਹਰਸਹਾਏ ਦੇ ਆਗੂਆਂ ਤੇ ਅਬਾਦਕਾਰ ਕਿਸਾਨਾਂ 'ਤੇ ਹੋਏ ਝੂਠੇ ਪਰਚਿਆਂ ਦੇ ਵਿਰੋਧ ਵਿੱਚ ਇਥੇ ਪਿੰਡ ਸਵਾਹ ਵਾਲਾ ਵਿੱਚ ਯੂਨੀਅਨ ਵੱਲੋਂ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ ਤੇ ਯੂਨੀਅਨ ਦੇ ਆਗੂਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹ) ਬਲਾਕ ਜਲਾਲਾਬਾਦ ਦੇ ਪ੍ਰਧਾਨ ਪਿੱਪਲ ਸਿੰਘ ਘਾਂਗਾ ਨੇ ਦੱਸਿਆ ਕਿ ਚੱਕ ਸਵਾਹ ਵਾਲੇ ਦੇ ਅਬਾਦਕਾਰ ਸਾਡੇ ਵਡੇਰਿਆਂ ਦੇ ਸਮੇਂ ਤੋਂ ਜ਼ਮੀਨਾਂ ਅਬਾਦ ਕਰਕੇ ਖੇਤੀ ਕਰ ਰਹੇ ਹਨ, ਪਰ ਕੁਝ ਬਾਹਰੋਂ ਆ ਕੇ ਵੱਸੇ ਧਨਾਢਾਂ ਨੇ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਅਤੇ ਅੱਧੀ ਰਾਤ ਗੁੰਡਾ ਅਨਸਰਾਂ ਤੋਂ ਫਾਇਰਿੰਗ ਕਰਵਾਈ ਗਈ, ਜਿਨ੍ਹਾਂ ਨੂੰ ਅਬਾਦਕਾਰ ਕਿਸਾਨਾਂ ਤੇ ਜਥੇਬੰਦੀ ਦੇ ਆਗੂਆਂ ਨੇ ਰੋਕਿਆ ਤਾਂ ਪੁਲਸ ਨੇ ਉਲਟਾ ਆਗੂਆਂ ਤੇ ਕਿਸਾਨਾਂ 'ਤੇ ਪਰਚਾ ਦਰਜ ਕਰ ਦਿੱਤਾ, ਇਹ ਝੂਠੇ ਪਰਚੇ ਰੱਦ ਕਰਵਾਉਣ ਲਈ ਯੂਨੀਅਨ ਦਾ ਡੈਪੂਟੇਸ਼ਨ ਵੀ ਮਿਲਿਆ, ਪਰ ਪਰਚੇ ਰੱਦ ਨਹੀਂ ਹੋਏ। ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਜ਼ਿਲ੍ਹਾ ਪ੍ਰਧਾਨ ਗੁਰਭੇਜ ਸਿੰਘ ਰੋਹੀਵਾਲਾ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਦੱਸਿਆ ਕਿ 9 ਮਾਰਚ ਨੂੰ ਥਾਣਾ ਅਮੀਰ ਖਾਸ ਦਾ ਘਿਰਾਓ ਕੀਤਾ ਜਾਵੇਗਾ ਤੇ ਭਵਿੱਖ ਵਿੱਚ ਵੀ ਜ਼ਮੀਨਾਂ ਦੀ ਮਲਕੀਅਤ ਲੈਣ ਲਈ ਸੰਘਰਸ਼ ਜਾਰੀ ਰਹੇਗਾ। ਇਸ ਸਮੇਂ ਜਗਸੀਰ ਸਿੰਘ ਚੱਕ ਸਵਾਹ ਵਾਲਾ, ਸਲਵਿੰਦਰ ਸਿੰਘ ਖਾਲਸਾ ਜਮਾਲਗੜ੍ਹ, ਜਗਤਾਰ ਸਿੰਘ ਘਾਂਗਾ, ਪੂਰਨ ਸਿੰਘ ਤੰਬੂ ਵਾਲਾ, ਅੰਗਰੇਜ ਸਿੰਘ ਚੀਮਾ, ਸਾਰਜ ਸਿੰਘ ਘਾਂਗਾ ਖੁਰਦ, ਬਲਾਕ ਗੁਰੂ ਹਰਸਹਾਏ ਦੇ ਪ੍ਰਧਾਨ ਸਰਵ ਮਿੱਤਰ ਸਵਾਹ ਵਾਲਾ, ਸੁਦਰਸ਼ਨ ਸੁੱਲਾ, ਤਰਸੇਮ ਸਿੰਘ ਸਵਾਗ ਚੱਕ ਸੈਦੋਕਾ, ਨਾਹਰ ਬਰਾੜ ਆਦਿ ਆਗੂ ਹਾਜ਼ਰ ਸਨ।

## ਵਾੜਾ ਭਾਈ ਕੇ 'ਚ ਦੰਦਾਂ ਦਾ ਮੁਫ਼ਤ ਜਾਂਚ ਕੈਂਪ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਵੱਲੋਂ ਮੁੱਦਕੀ ਖੇਤਰ ਦੇ ਪਿੰਡ ਵਾੜਾ ਭਾਈ ਕੇ ਵਿੱਚ ਮੁਫ਼ਤ ਦੰਦਾਂ ਦਾ ਜਾਂਚ ਕੈਂਪ ਲਗਾਇਆ ਗਿਆ। ਇਸ ਸਮਾਜ ਸੇਵਾ ਮੁਹਿੰਮ ਦਾ ਮਕਸਦ ਪਿੰਡ ਵਾਸੀਆਂ ਨੂੰ ਦੰਦਾਂ ਤੇ ਮਸੂੜਿਆਂ ਦੀਆਂ ਬਿਮਾਰੀਆਂ ਬਾਰੇ ਜਾਗਰੂਕ ਕਰਨਾ ਤੇ ਸਮੇਂ ਸਿਰ ਇਲਾਜ ਲਈ ਪ੍ਰੇਰਿਤ ਕਰਨਾ ਸੀ। ਕੈਂਪ ਦੌਰਾਨ ਡਾ. ਸੁਕਿਰਤ ਕੌਰ ਤੇ ਡਾ. ਰਾਹੁਲ ਯਾਦਵ ਨੇ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜੀਂਦੀ ਸਲਾਹ ਦਿੱਤੀ। ਡਾਕਟਰਾਂ ਨੇ ਦੱਸਿਆ ਕਿ ਦੰਦਾਂ ਦੀ ਨਿਯਮਿਤ ਸਫ਼ਾਈ, ਸੰਤੁਲਿਤ ਖੁਰਾਕ ਤੇ ਸਮੇਂ-ਸਮੇਂ ਤੇ ਜਾਂਚ ਕਰਵਾਉਣ ਨਾਲ ਕਈ ਗੰਭੀਰ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ। ਉਨ੍ਹਾਂ ਬੱਚਿਆਂ ਤੇ ਬਜ਼ੁਰਗਾਂ ਨੂੰ ਖ਼ਾਸ ਤੌਰ 'ਤੇ ਦੰਦਾਂ ਦੀ ਸੰਭਾਲ 'ਤੇ ਧਿਆਨ ਦੇਣ ਦੀ ਅਪੀਲ ਕੀਤੀ। ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਨੇ ਇਲਾਕਾ ਵਾਸੀਆਂ ਨੂੰ ਟੂਥਪੇਸਟ ਤੇ ਬਰਸ਼ ਵੰਡੇ ਅਤੇ ਉਨ੍ਹਾਂ ਨੂੰ ਸਫ਼ਾਈ ਅਤੇ ਦੰਦਾਂ ਦੀ ਦੇਖਭਾਲ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਪਿੰਡ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕੈਂਪ ਸਿਹਤ ਸੇਵਾਵਾਂ ਨੂੰ ਘਰ-ਘਰ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਕਾਲਜ ਪ੍ਰਬੰਧਕਾਂ ਨੇ ਭਵਿੱਖ ਵਿੱਚ ਵੀ ਵੱਖ-ਵੱਖ ਖੇਤਰਾਂ ਵਿੱਚ ਮੁਫ਼ਤ ਸਿਹਤ ਕੈਂਪ ਲਗਾ ਕੇ ਸਮਾਜ ਸੇਵਾ ਜਾਰੀ ਰੱਖਣ ਦਾ ਸੰਕਲਪ ਦੁਹਰਾਇਆ।

## ਅਮਿਤ ਸ਼ਾਹ ਦੀ ਮੋਗਾ ਰੈਲੀ ਇਤਿਹਾਸਕ ਹੋਵੇਗੀ : ਗੁਰਪ੍ਰੀਤ ਮਲੂਕਾ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-14 ਮਾਰਚ ਨੂੰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੋਗਾ ਰੈਲੀ ਨੂੰ ਇਕੱਠ ਪੱਖੋਂ ਇਤਿਹਾਸਿਕ ਬਣਾਉਣ ਲਈ ਭਾਜਪਾ ਕੋਈ ਕਸਰ ਬਾਕੀ ਨਹੀਂ ਛੱਡ ਰਹੀ। ਸਟੇਟ ਪੱਧਰ ਦੇ ਆਗੂਆਂ ਦੇ ਨਾਲ-ਨਾਲ ਜ਼ਿਲ੍ਹਾ ਤੇ ਸਰਕਲ ਪੱਧਰ ਤੱਕ ਭਾਜਪਾ ਅਹੁਦੇਦਾਰ ਜੰਗੀ ਪੱਧਰ 'ਤੇ ਤਿਆਰੀਆਂ ਕਰ ਰਹੇ ਹਨ। ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਵੱਲੋਂ ਵੱਖ-ਵੱਖ ਵਿਧਾਨ ਸਭਾ ਹਲਕੇ ਤੇ ਸਰਕਲਾਂ 'ਚ ਭਾਜਪਾ ਆਗੂਆਂ ਨੂੰ ਵੱਖ-ਵੱਖ ਜ਼ਿੰਮੇਵਾਰੀ ਦਿੱਤੀ ਗਈ ਹੈ। ਮਲੂਕਾ ਨੇ ਕਿਹਾ ਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਰੈਲੀ ਨੂੰ ਲਈ ਸਿਰਫ਼ ਭਾਜਪਾ ਹੀ ਨਹੀਂ ਸਮੂਹ ਪੰਜਾਬ ਵਾਸੀਆਂ 'ਚ ਭਾਰੀ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ। ਬੇਸ਼ੱਕ ਪਾਰਟੀ ਵੱਲੋਂ ਰੈਲੀ 'ਚ ਜਾਣ ਲਈ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ, ਪਰ ਵੱਡੀ ਗਿਣਤੀ 'ਚ ਲੋਕ ਆਪਮੁਹਾਰੇ ਰੈਲੀ 'ਚ ਜਾਣਗੇ। ਉਨ੍ਹਾਂ ਕਿਹਾ ਕਿ ਰਾਮਪੁਰਾ ਤਲਵੰਡੀ ਮੌੜ ਹਲਕੇ ਦੇ ਪਿੰਡਾਂ 'ਚ ਬੂਥ ਪੱਧਰ ਤੱਕ ਅਹੁਦੇਦਾਰਾਂ ਨੂੰ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਵਾਰ ਪੇਂਡੂ ਖੇਤਰ 'ਚੋਂ ਭਾਜਪਾ ਦੀ ਰੈਲੀ ਪ੍ਰਤੀ ਉਤਸ਼ਾਹ ਸ਼ੁਭ ਸੰਕੇਤ ਹੈ। ਮਲੂਕਾ ਨੇ ਦਾਅਵਾ ਕੀਤਾ ਕਿ ਭਾਜਪਾ ਸ਼ਾਸਤ ਰਾਜਾਂ 'ਚ ਹੋ ਰਹੇ ਵਿਕਾਸ ਤੋਂ ਪੰਜਾਬ ਦੇ ਲੋਕ ਵੀ ਹੁਣ ਪ੍ਰਭਾਵਤ ਹਨ ਤੇ ਸੂਬੇ 'ਚ ਭਾਜਪਾ ਨੂੰ ਮੌਕਾ ਦੇਣ ਦਾ ਮਨ ਬਣਾ ਚੁੱਕੇ ਹਨ। ਅਮਿਤ ਸ਼ਾਹ ਦੀ ਮੋਗਾ ਰੈਲੀ ਪੰਜਾਬ 'ਚ ਭਾਜਪਾ ਦੇ ਅਭਿਆਨ ਦਾ ਰਸਮੀ ਐਲਾਨ ਹੋਵਗਾ।

## ਮੰਦਬੁੱਧੀ ਬੱਚਾ ਮਾਪਿਆਂ ਹਵਾਲੇ ਕੀਤਾ



**ਬੁਢਲਾਡਾ (ਅਸ਼ੋਕ ਲਾਕੜਾ)**-ਬਾਲ ਭਲਾਈ ਕਮੇਟੀ, ਚਾਈਲਡ ਲਾਈਨ ਮਾਨਸਾ ਤੇ ਸੰਜੀਵਨੀ ਵੈਲਫੇਅਰ ਸਸਾਇਟੀ ਦੀ ਦੇਖ-ਰੇਖ ਹੇਠ ਇੱਕ ਮੰਦਬੁੱਧੀ ਬੱਚੇ ਨੂੰ ਉਸਦੇ ਮਾਪਿਆਂ ਦੇ ਹਵਾਲੇ ਕਰ ਦਿੱਤਾ ਗਿਆ।ਇਹ ਬੱਚਾ ਇਲਾਕੇ ਵਿੱਚ ਲਾਵਾਰਸ ਹਾਲਤ ਵਿੱਚ ਮਿਲਿਆ ਸੀ, ਜਿਸ ਤੋਂ ਬਾਅਦ ਉਸਨੂੰ ਸੁਰੱਖਿਆ ਵਜੋਂ ਚਾਈਲਡ ਲਾਈਨ ਮਾਨਸਾ ਵਿੱਚ ਰੱਖਿਆ ਗਿਆ ਸੀ।ਜ਼ਿਲ੍ਹਾ ਚਾਈਲਡ ਲਾਈਨ ਤੇ ਸੰਜੀਵੀਨੀ ਵੈਲਫੇਅਰ ਸੁਸਾਇਟੀ ਵੱਲੋਂ ਬੱਚੇ ਦੀ ਪਛਾਣ ਤੇ ਪਰਵਾਰ ਬਾਰੇ ਜਾਣਕਾਰੀ ਇਕੱਠੀ ਕਰਨ ਤੋਂ ਬਾਅਦ ਮਾਪਿਆਂ ਨੂੰ ਸੂਚਿਤ ਕੀਤਾ ਗਿਆ।ਲਾਜ਼ਮੀ ਕਾਗਜ਼ੀ ਕਾਰਵਾਈ ਤੇ ਪੜਤਾਲ ਪੂਰੀ ਕਰਨ ਉਪਰੰਤ ਬੱਚੇ ਨੂੰ ਸੁਰੱਖਿਅਤ ਤਰੀਕੇ ਨਾਲ ਮਾਪਿਆਂ ਦੇ ਸਪੁਰਦ ਕੀਤਾ ਗਿਆ।ਬਾਲ ਭਲਾਈ ਕਮੇਟੀ ਦੇ ਮੈਂਬਰਾਂ ਨੇ ਮਾਪਿਆਂ ਨੂੰ ਹਦਾਇਤ ਕੀਤੀ ਕਿ ਬੱਚੇ ਦੀ ਖ਼ਾਸ ਦੇਖਭਾਲ ਕੀਤੀ ਜਾਵੇ ਤੇ ਲੋੜ ਪੈਣ 'ਤੇ ਮਾਹਿਰ ਡਾਕਟਰਾਂ ਨਾਲ ਸੰਪਰਕ ਕੀਤਾ ਜਾਵੇ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਨੂੰ ਵੀ ਕੋਈ ਬੱਚਾ ਲਵਾਰਿਸ ਹਾਲਤ ਵਿੱਚ ਮਿਲੇ ਤਾਂ ਤੁਰੰਤ ਨਜ਼ਦੀਕੀ ਥਾਣੇ ਜਾਂ ਚਾਈਲਡ ਹੈਲਪਲਾਈਨ 'ਤੇ ਸੂਚਨਾ ਦਿੱਤੀ ਜਾਵੇ।

# ਮਿਡ ਡੇ ਮੀਲ ਤੇ ਆਸ਼ਾ ਵਰਕਰਾਂ ਵੱਲੋਂ ਕੈਬਨਿਟ ਮੰਤਰੀ ਦੇ ਦਫ਼ਤਰ ਅੱਗੇ ਧਰਨਾ



**ਲੁਧਿਆਣਾ (ਸਤੀਸ਼ ਸਚਦੇਵਾ)**

ਮਾਣ ਭੱਤਾ ਵਰਕਰਜ਼ ਸਾਂਝਾ ਮੋਰਚਾ ਪੰਜਾਬ ਵੱਲੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੇ 6 ਕੈਬਨਿਟ ਮੰਤਰੀਆਂ ਤੇ ਕਾਰਜਕਾਰੀ ਪ੍ਰਧਾਨ ਦੇ ਘਰਾਂ ਵੱਲ ਰੋਸ ਮਾਰਚ ਕਰਕੇ ਮਾਣ ਭੱਤਾ ਵਰਕਰਾਂ ਨਾਲ ਕੀਤੇ ਚੋਣ ਵਾਅਦੇ ਯਾਦ ਕਰਵਾਉਣ ਦੇ ਦਿੱਤੇ ਐਕਸ਼ਨਾਂ ਤਹਿਤ ਐਤਵਾਰ ਕੈਬਨਿਟ ਮੰਤਰੀ ਪੰਜਾਬ ਸੰਜੀਵ ਅਰੋੜਾ ਦੇ ਦਫ਼ਤਰ ਸਾਹਮਣੇ ਜ਼ਿਲ੍ਹੇ ਦੀਆਂ ਮਿੱਡ ਡੇ ਮੀਲ ਤੇ ਆਸ਼ਾ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਗਿਆ, ਜਿਸ ਦੀ ਅਗਵਾਈ ਪ੍ਰਵੀਨ ਕੁਮਾਰੀ, ਰਾਜ ਰਾਣੀ ਨੇ ਸਾਂਝੇ ਰੂਪ ਵਿੱਚ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਉਕਤ ਆਗੂਆਂ ਤੋਂ ਇਲਾਵਾ ਇੰਦਰਜੀਤ ਕੌਰ, ਪਿੰਕੀ, ਪੂਜਾ, ਪਰੀਤੀ, ਵਿਦਿਆ ਵਤੀ, ਸ਼ਸ਼ੀ, ਅਮਨਦੀਪ ਕੌਰ, ਮਨਜੀਤ ਕੌਰ, ਪਰਮਜੀਤ ਕੌਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਮਾਣ ਭੱਤਾ ਵਰਕਰਾਂ ਨੂੰ ਭਰੋਸਾ ਦਿੱਤਾ ਗਿਆ ਸੀ ਕਿ ਉਨ੍ਹਾਂ ਨੂੰ ਮਿਲਦੇ ਨਿਗੂਣੇ ਮਾਣ ਭੱਤਿਆਂ ਨੂੰ ਦੁੱਗਣਾ ਕੀਤਾ ਜਾਵੇਗਾ ਤੇ ਵਰਕਰਾਂ ਦੀ ਤਨਖਾਹ ਵਿੱਚ ਹਰ ਸਾਲ ਬਣਦਾ ਵਾਧਾ ਕੀਤਾ ਜਾਵੇਗਾ, ਪ੍ਰੰਤੂ ਚਾਰ ਸਾਲ ਬਾਅਦ ਵੀ ਵਰਕਰਾਂ ਦੀਆਂ ਤਨਖਾਹਾਂ ਵਿੱਚ ਇੱਕ ਟਕੇ ਦਾ ਵੀ ਵਾਧਾ ਨਹੀਂ ਕੀਤਾ ਗਿਆ ਅਤੇ ਉਹ ਸੌ ਰੁਪਏ ਪ੍ਰਤੀ ਦਿਹਾੜੀ ਦੇ ਨਿਗੂਣੇ ਭੱਤੇ ਉੱਤੇ ਹੀ ਆਪਣੇ ਪਰਵਾਰ ਦਾ ਗੁਜ਼ਾਰਾ ਬੜੀ ਮੁਸ਼ਕਲ ਨਾਲ ਕਰ ਰਹੇ ਹਨ।ਇਸ ਰੈਲੀ ਨੂੰ ਸੰਬੋਧਨ ਕਰਦਿਆਂ ਡੈਮੋਕ੍ਰੇਟਿਕ ਮੁਲਾਜ਼ਮ ਫੈਡਰੇਸ਼ਨ ਪੰਜਾਬ ਦੇ ਆਗੂ ਸੁਖਵਿੰਦਰ ਸਿੰਘ ਲੀਲ੍ਹ, ਡੀ ਟੀ ਐਫ ਰਮਨਜੀਤ ਸਿੰਘ ਸੰਧੂ, ਰੁਪਿੰਦਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਸੱਤਾ 'ਤੇ ਕਾਬਜ਼ ਹੋਣ ਤੋਂ ਪਹਿਲਾਂ ਹਰ ਵਰਗ ਨਾਲ ਅਨੇਕਾਂ ਹੀ ਵਾਅਦੇ ਕਰਕੇ ਉਨ੍ਹਾਂ ਦੀ ਹਰ ਮੁਸ਼ਕਲ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਸੀ, ਜਿਸ ਵਿੱਚ ਇਹ ਸਰਕਾਰ ਪੂਰੀ ਤਰ੍ਹਾਂ ਅਸਫਲ ਰਹੀ ਹੈ।ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਵਿੱਚ ਪੇਸ਼ ਕੀਤੇ ਜਾਣ ਵਾਲੇ ਆਪਣੇ ਆਖ਼ਰੀ ਬੱਜਟ ਵਿੱਚ ਮਾਣ ਭੱਤਾ ਵਰਕਰਾਂ ਨੂੰ ਅਣਗੌਲਿਆ ਕੀਤਾ ਗਿਆ ਤਾਂ ਉਨ੍ਹਾਂ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਰੈਲੀ ਉਪਰੰਤ ਸੰਜੀਵ ਅਰੋੜਾ ਦੇ ਪੀ ਏ ਚੇਤਨ ਕੁਮਾਰ ਵੱਲੋਂ ਆ ਕੇ ਮੰਗ ਪੱਤਰ ਪ੍ਰਾਪਤ ਕੀਤਾ ਗਿਆ।

## ਆਸਰਾ ਵੈਲਫੇਅਰ ਫਾਊਂਡੇਸ਼ਨ ਵੱਲੋਂ 21 ਲੋੜਵੰਦ ਲੜਕੀਆਂ ਦੇ ਵਿਆਹ ਸੰਪੰਨ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਸਰਾ ਵੈਲਫੇਅਰ ਫਾਊਂਡੇਸ਼ਨ (ਰਜਿ.) ਵੱਲੋਂ ਪਿੰਡ ਧਾਂਦਰਾ ਦੀ ਸਮੂਹ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਸੰਸਥਾ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਪ੍ਰੀਤ ਢੀਂਡਸਾ ਦੀ ਅਗਵਾਈ ਹੇਠ 21 ਲੋੜਵੰਦ ਪਰਵਾਰਾਂ ਦੀਆਂ ਲੜਕੀਆਂ ਦੇ ਵਿਆਹ ਪੂਰੀ ਸ਼ਾਨੋ-ਸ਼ੌਕਤ ਤੇ ਮਰਿਆਦਾ ਨਾਲ ਨੇਪਰੇ ਚਾੜ੍ਹੇ ਗਏ।ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਤੇ ਸੇਵਾਮੁਕਤ ਡੀ.ਆਈ.ਜੀ. ਮਨਦੀਪ ਸਿੰਘ ਸਿੱਧੂ ਨੇ ਨਵ-ਵਿਆਹੇ ਜੋੜਿਆਂ ਨੂੰ ਆਸ਼ੀਰਵਾਦ ਦਿੱਤਾ।ਉਨ੍ਹਾਂ ਸੰਸਥਾ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਕਾਰਜ ਸਮਾਜ ਵਿੱਚ ਸਦਭਾਵਨਾ ਅਤੇ ਲੋਕ-ਸੇਵਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਇਸ ਦੌਰਾਨ ਪ੍ਰਬੰਧਕਾਂ ਵੱਲੋਂ ਆਈਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।ਸੰਸਥਾ ਦੇ ਪ੍ਰਧਾਨ ਪ੍ਰੀਤ ਢੀਂਡਸਾ ਅਤੇ ਜਨਰਲ ਸੈਕਟਰੀ ਲਖਵੀਰ ਸਿੰਘ ਧਾਂਦਰਾ ਨੇ ਸਮੂਹ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਇੱਕ ਅਹਿਮ ਐਲਾਨ ਵੀ ਕੀਤਾ।ਉਨ੍ਹਾਂ ਦੱਸਿਆ ਕਿ ਸੰਸਥਾ ਦੀ ਲੋਕ-ਭਲਾਈ ਦੀ ਇਹ ਮੁਹਿੰਮ ਨਿਰੰਤਰ ਜਾਰੀ ਰਹੇਗੀ ਅਤੇ ਆਉਣ ਵਾਲੇ ਸਾਲ 2027 ਵਿੱਚ ਵੀ 21 ਲੋੜਵੰਦ ਲੜਕੀਆਂ ਦੇ ਵਿਆਹ ਸੰਸਥਾ ਵੱਲੋਂ ਕਰਵਾਏ ਜਾਣਗੇ। ਉਨ੍ਹਾਂ ਕਿਹਾ ਕਿ ਲੋਕਾਂ ਦਾ ਸਹਿਯੋਗ ਹੀ ਉਨ੍ਹਾਂ ਨੂੰ ਅਜਿਹੇ ਪੁੰਨ ਦੇ ਕੰਮ ਕਰਨ ਲਈ ਬਲ ਬਖ਼ਸ਼ਦਾ ਹੈ।


**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਵਾਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫ਼ਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ:

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-PRKG26-4 | 13/03/2026 ਨੂੰ 11.00 ਵਜੇ | ਹੋਸ਼ਿਆਰਪੁਰ ਰੇਲਵੇ ਸਟੇਸ਼ਨ ਉਤੇ ਪਾਰਕਿੰਗ ਦੇ ਲਈ ਠੇਕੇ ਦਾ ਅਲਾਟਮੈਂਟ। |
| EAFZR-ATM26-5 | 16/03/2026 ਨੂੰ 11.00 ਵਜੇ | ਏਟੀਐਮ ਸਥਾਪਿਤ ਕਰਨ ਲਈ ਫ਼ਿਰੋਜ਼ਪੁਰ ਛਾਵਣੀ, ਫਗਵਾੜਾ, ਢੰਢਾਰੀ ਕਲਾ, ਹੋਸ਼ਿਆਰਪੁਰ,ਨਵਾਂਸ਼ਹਿਰ ਦੋਆਬਾ ਅਤੇ ਫਾਜਿਲਕਾ ਰੇਲਵੇ ਸਟੇਸ਼ਨ ਉਤੇ ਅਨੁਬੰਧ ਦਾ ਅਲਾਟਮੈਂਟ। |
| EAFZR-CTG26-1 | 16/03/2026 ਨੂੰ 11.00 ਵਜੇ | ਫਗਵਾੜਾ ਰੇਲਵੇ ਸਟੇਸ਼ਨ ਉਤੇ ਕੈਟਰਿੰਗ ਸਟਾਲ ਦੇ ਲਈ ਠੇਕੇ ਦਾ ਅਲਾਟਮੈਂਟ। |
| FZR-Linen-26-4 | 16/03/2026 ਨੂੰ 11.30 ਵਜੇ | ਫ਼ਿਰੋਜ਼ਪੁਰ ਮੰਡਲ ਦੇ ਅੰਤਰਗਤ ਪ੍ਰਾਇਮਰੀ ਅਨੁਰੱਖਸ਼ਣ ਵਾਲੇ ਮੇਲ/ਐਕਸਪ੍ਰੈਸ ਟ੍ਰੇਨਾਂ ਦੇ ਏਸੀ ਕੋਚਾਂ ਵਿਚ ਵਿਗਿਆਪਨ ਅਧਿਕਾਰ ਸਹਿਤ ਲਿਨਨ ਕਵਰ ਦੀ ਆਪੂਰਤੀ ਲਈ ਠੇਕੇ ਦਾ ਅਲਾਟਮੈਂਟ। |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੈੱਬਸਾਈਟ www.ireps.gov.in ਉਤੇ ਜਾਉ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 712/26


## ਡਾ. ਅਰੋੜਾ ਨੇ ਕੇਜਰੀਵਾਲ ਨੂੰ ਮਿਲ ਕੇ ਦਿੱਤੀ ਵਧਾਈ



**ਮੋਗਾ (ਇਕਬਾਲ ਸਿੰਘ ਖਹਿਰਾ)**

ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ 'ਆਪ' ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਮਿਲ ਕੇ ਵਧਾਈ ਦਿੱਤੀ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਸੰਘਰਸ਼ਾਂ, ਦੋਸ਼ਾਂ ਅਤੇ ਔਖੇ ਸਮੇਂ ਦੇ ਬਾਵਜੂਦ ਡੋਲੇ ਨਹੀਂ, ਕਿਉਂਕਿ ਉਹ ਸੱਚ ਵਿੱਚ ਵਿਸ਼ਵਾਸ ਰੱਖਦੇ ਸਨ।ਇਹ ਫੈਸਲਾ ਸਾਬਤ ਕਰਦਾ ਹੈ ਕਿ ਸੱਚ ਨੂੰ ਕੁਝ ਸਮੇਂ ਲਈ ਦਬਾਇਆ ਜਾ ਸਕਦਾ ਹੈ, ਪਰ ਇਸਨੂੰ ਹਰਾਇਆ ਨਹੀਂ ਜਾ ਸਕਦਾ।ਇਸ ਮੌਕੇ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਉਨ੍ਹਾਂ ਦੀਆਂ ਸ਼ੁਭਕਾਮਨਾਵਾਂ ਲਈ ਧੰਨਵਾਦ ਕੀਤਾ।

## ਰੇਲਵੇ ਹਸਪਤਾਲ 'ਚ ਅਤਿ-ਆਧੁਨਿਕ 'ਆਰਥਰੋਸਕੋਪੀ ਸਰਜਰੀ' ਦੀ ਸ਼ੁਰੂਆਤ

### ਰੇਲਵੇ ਕਰਮਚਾਰੀ ਦੇ ਗੋਡੇ ਦਾ ਹੋਇਆ ਸਫਲ ਅਪ੍ਰੇਸ਼ਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਮੰਡਲ ਦੇ ਰੇਲਵੇ ਕਰਮਚਾਰੀਆਂ ਲਈ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਇੱਕ ਵੱਡੀ ਪ੍ਰਾਪਤੀ ਸਾਹਮਣੇ ਆਈ ਹੈ।

ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੀ ਅਗਵਾਈ ਤੇ ਮੁੱਖ ਚਿਕਿਤਸਾ ਅਧੀਸ਼ਕ ਡਾ. ਰੰਜਨਾ ਸਹਿਗਲ ਦੇ ਕੁਸ਼ਲ ਮਾਰਗਦਰਸ਼ਨ ਹੇਠ, ਮੰਡਲ ਰੇਲਵੇ ਹਸਪਤਾਲ ਫਿਰੋਜ਼ਪੁਰ ਵਿਖੇ 'ਆਰਥਰੋਸਕੋਪੀ ਸਰਜਰੀ' ਦੀ ਸਹੂਲਤ ਅਧਿਕਾਰਤ ਤੌਰ 'ਤੇ ਸ਼ੁਰੂ ਕਰ ਦਿੱਤੀ ਗਈ ਹੈ। ਇਸ ਨਵੀਂ ਸ਼ੁਰੂਆਤ ਦੇ ਤਹਿਤ ਹਾਲ ਹੀ ਵਿੱਚ ਡਾ. ਅਮਿਤ ਤੇ ਉਨ੍ਹਾਂ ਦੀ ਮੈਡੀਕਲ ਟੀਮ ਵੱਲੋਂ ਜਲੰਧਰ ਸਥਿਤ ਬ੍ਰਿਜ ਵਰਕਸ਼ਾਪ ਵਿੱਚ ਤਾਇਨਾਤ ਇਕ ਰੇਲਵੇ ਕਰਮਚਾਰੀ ਦੇ ਗੋਡੇ ਦੀ ਸਫਲ ਆਰਥਰੋਸਕੋਪੀ ਸਰਜਰੀ ਕੀਤੀ ਗਈ। ਜ਼ਿਕਰਯੋਗ ਹੈ ਕਿ ਫਿਰੋਜ਼ਪੁਰ ਦੇ ਰੇਲਵੇ ਹਸਪਤਾਲ ਵਿੱਚ ਇਸ ਤਰ੍ਹਾਂ ਦੀ ਆਧੁਨਿਕ ਸਰਜਰੀ ਪਹਿਲੀ ਵਾਰ ਕੀਤੀ ਗਈ ਹੈ, ਜੋ ਕਿ ਹਸਪਤਾਲ ਦੇ ਇਤਿਹਾਸ ਵਿਚ ਇਕ ਮੀਲ ਦਾ ਪੱਥਰ ਸਾਬਿਤ ਹੋਵੇਗੀ। ਆਰਥਰੋਸਕੋਪੀ ਇਕ ਅਜਿਹੀ ਨਵੀਨਤਮ ਸਰਜੀਕਲ ਪ੍ਰਕਿਰਿਆ ਹੈ, ਜਿਸ ਵਿੱਚ ਜੋੜਾਂ ਦੇ ਇਲਾਜ ਲਈ ਪੂਰਾ ਚੀਰਾ ਲਗਾਉਣ ਦੀ ਲੋੜ ਨਹੀਂ ਪੈਂਦੀ। ਡਾਕਟਰਾਂ ਨੇ ਦੱਸਿਆ ਕਿ ਇਸ ਵਿੱਚ ਲਗਭਗ ਇੱਕ-ਇੱਕ ਸੈਂਟੀਮੀਟਰ ਦੇ ਸਿਰਫ਼ ਦੋ ਛੋਟੇ ਕੱਟ ਲਗਾਏ ਜਾਂਦੇ ਹਨ।

ਇੱਕ ਵਿਸ਼ੇਸ਼ ਯੰਤਰ 'ਆਰਥਰੋਸਕੋਪ' ਦੀ ਮਦਦ ਨਾਲ ਅੰਦਰੂਨੀ ਹਿੱਸੇ ਨੂੰ ਦੇਖ ਕੇ ਆਪ੍ਰੇਸ਼ਨ ਕੀਤਾ ਜਾਂਦਾ ਹੈ। ਇਸ ਤਕਨੀਕ ਨਾਲ ਮਰੀਜ਼ ਨੂੰ ਬਹੁਤ ਘੱਟ ਦਰਦ ਹੁੰਦਾ ਹੈ ਤੇ ਖ਼ੂਨ ਦਾ ਵਹਾਅ ਵੀ ਨਾਮਾਤਰ ਹੁੰਦਾ ਹੈ। ਸਭ ਤੋਂ ਵੱਡਾ ਫਾਇਦਾ ਇਹ ਹੈ ਕਿ ਮਰੀਜ਼ ਬਹੁਤ ਜਲਦੀ ਸਿਹਤਯਾਬ ਹੋ ਕੇ ਆਪਣੀ ਆਮ ਜੀਵਨ ਸ਼ੈਲੀ ਵਿਚ ਵਾਪਸ ਪਰਤ ਸਕਦਾ ਹੈ। ਫਿਰੋਜ਼ਪੁਰ ਮੰਡਲ ਪ੍ਰਸ਼ਾਸਨ ਨੇ ਦੁਹਰਾਇਆ ਹੈ ਕਿ ਉਹ ਭਵਿੱਖ ਵਿੱਚ ਵੀ ਆਪਣੇ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਵਾਰਾਂ ਨੂੰ ਅਜਿਹੀਆਂ ਵਿਸ਼ਵ ਪੱਧਰੀ ਤੇ ਆਧੁਨਿਕ ਡਾਕਟਰੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।


**ਉਤਰ ਰੇਲਵੇ**

**ਈ. ਨਿਵਿਦਾ ਸੰਖੇਪ ਸੂਚਨਾ**

ਸੰਖੇਪ ਅਤੇ ਨਿਵਿਦਾ ਵੇਰਵਾ

| | | | |
|---|---|---|---|
| ਸੰਖੇਪ ਨੰ. | 1 | ਆਈਆਰਈਪੀਐਸ ਦੇ ਅਨੁਸਾਰ ਸੰਖੇਪ ਪ੍ਰਕਾਸ਼ਨ ਮਿਤੀ | 19/06/25 12:41 |
| ਨਿਵਿਦਾ ਨੰ. | 433-Sig-31-25-26 (ਖੁੱਲ੍ਹੀ ਨਿਵਿਦਾ) | | |
| ਕੰਮ ਦਾ ਨਾਮ | ਜੰਮੂ ਡਵੀਜਨ ਦੇ ਬੀਆਰਐਮਐਲ-ਬਾਹਲ ਸੈਕਸ਼ਨ ਦੇ 15 ਸਟੇਸ਼ਨਾਂ ਉਤੇ ਸਥਾਪਿਤ ਹਿਤਾਚੀ ਮੇਕ ਇਲੈਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਦੇ ਲਈ ਤਿੰਨ (03) ਸਾਲਾਂ ਦਾ ਵਿਆਪਕ ਸਲਾਨਾ ਰਖਰਖਾਅ ਕਾਂਟਰੈਕਟ (ਏਐਮਸੀ) | | |
| ਨਿਵਿਦਾ ਸਮਾਪਤੀ ਮਿਤੀ ਸਮਾਂ | 20.03.2026 15:00 | ਟੈਂਡਰ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 26.02.2026 15:59 |
| ਵਿਗਿਆਪਤ ਮੂਲ (ਰੂ.) | 37235138.40 | ਆਈਆਰਈਪੀਐਸ ਦੇ ਅਨੁਸਾਰ ਬੋਲੀ ਸ਼ੁਰੂ ਮਿਤੀ | 06.03.2026 |
| ਬਿਆਨਾ ਰਾਸ਼ੀ (ਰੁ) | 336200 | ਪੂਰਾ ਹੋਣ ਦਾ ਸਮਾਂ | 36 ਮਹੀਨੇ |
| ਸੰਸ਼ੋਧਿਤ ਆਈਟਮ ਐਨਆਈਟੀ ਹੈਡਰ | | | |
| ਫੀਚਰ ਨਾਮ | ਆਈਟਮ ਹਟਾ ਦਿਤਾ ਗਿਆ | ਆਈਟਮ ਜੋੜਿਆ ਗਿਆ | |
| ਵਿਸ਼ੇਸ਼ ਸ਼ਰਤਾਂ | 1. ਦੂਰਸੰਚਾਰ ਦੇ ਲਈ ਵਿਸ਼ੇਸ਼ ਸ਼ਰਤਾਂ 2. ਸਿਗਨਲ ਦੇ ਲਈ ਵਿਸ਼ੇਸ਼ ਸ਼ਰਤਾਂ | 1. ਵਿਸ਼ੇਸ਼ ਸ਼ਰਤਾਂ: ਏਐਮਸੀਏਚਿਤਾਚੀ | |

ਨਿਵਿਦਾ ਨੰਬਰ:- 433-Sig-31-25-26 ਤਾਰੀਕ – 26.02.2026 ਸਮਾਪਤੀ ਮਿਤੀ/ਸਮਾਂ: 20.03.2026 15:00 704/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਯੂ ਜੀ ਸੀ ਰੈਗੂਲੇਸ਼ਨ ਨੂੰ ਰੋਹਿਤ ਐਕਟ ਵਜੋਂ ਲਾਗੂ ਕਰੋ, ਵਿਦਿਆਰਥੀ ਆਗੂਆਂ ਨੂੰ ਬਹਾਲ ਕਰਨ ਦੀ ਮੰਗ



**ਮੂਣਕ (ਰਾਜਪਾਲ ਸਿੰਗਲਾ)**

ਪੰਜਾਬ ਸਟੂਡੈਂਟਸ ਯੂਨੀਅਨ (ਸ਼ਹੀਦ ਰੰਧਾਵਾ) ਤੇ ਡਾ. ਅੰਬੇਡਕਰ ਸਟੂਡੈਂਟਸ ਫਰੰਟ ਆਫ਼ ਇੰਡੀਆ ਵੱਲੋਂ ਸਾਂਝੇ ਤੌਰ 'ਤੇ ਯੂਜੀਸੀ ਰੈਗੂਲੇਸ਼ਨ ਲਾਗੂ ਕਰਾਉਣ ਜੇਐਨਯੂ ਦੇ ਵਿਦਿਆਰਥੀ ਆਗੂਆਂ ਨੂੰ ਬਹਾਲ ਕਰਨ ਤੇ ਜੇਐਨਯੂ ਦੇ ਵਿਦਿਆਰਥੀ ਆਗੂਆਂ 'ਤੇ ਪਾਏ ਪਰਚੇ ਰੱਦ ਕਰਨ ਦੀਆਂ ਮੰਗਾਂ ਸੰਬੰਧੀ ਰੈਲੀ ਕੀਤੀ ਗਈ। ਵਿਦਿਆਰਥੀ ਆਗੂ ਹੁਸ਼ਿਆਰ ਸਿੰਘ ਸਲੇਮਗੜ੍ਹ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਦੀਆਂ ਤੋਂ ਸਮਾਜ 'ਚ ਐੱਸਸੀ ਐਸਟੀ ਤੇ ਓਬੀਸੀ ਵਰਗਾਂ ਨਾਲ ਵਿਤਕਰਾ ਹੁੰਦਾ ਆ ਰਿਹਾ ਹੈ ਪਾਇਲ ਤੜਵੀ, ਰੋਹਿਤ ਵੇਮੂਲਾ ਤੇ ਦਰਸ਼ਨ ਸੋਲੰਕੀ ਦੀਆਂ ਖ਼ੁਦਕੁਸ਼ੀਆਂ ਨੇ ਇਸ ਵਿਤਕਰੇ ਨੂੰ ਉਭਾਰ ਕੇ ਸੀਨ 'ਤੇ ਲੈ ਆਂਦਾ ਸੀ, ਜਿਸ ਕਰਕੇ ਭਾਰਤੀ ਸੁਪਰੀਮ ਕੋਰਟ ਨੂੰ ਇਸ ਵਿਤਕਰੇ ਦੀ ਡੂੰਘਾਈ ਨੂੰ ਸਮਜਣ ਸਬੰਧੀ ਇਕ ਕਮੇਟੀ ਬਣਾਉਣੀ ਪਈ ਸੀ, ਜਿਸਦੀਆਂ ਸਿਫ਼ਾਰਸ਼ਾਂ 'ਤੇ ਯੂਜੀਸੀ ਵੱਲੋਂ ਰੈਗੂਲੇਸ਼ਨ 2026 ਲਿਆਂਦਾ ਗਿਆ ਸੀ, ਜਿਸ ਵਿੱਚ ਧਰਮ, ਜਾਤ, ਨਸਲ, ਜਨਮ ਅਸਥਾਨ, ਲਿੰਗ ਦੇ ਆਧਾਰ 'ਤੇ ਵਿੱਦਿਅਕ ਅਦਾਰਿਆਂ ਵਿੱਚ ਹੁੰਦੇ ਭੇਦਭਾਵ ਨੂੰ ਖ਼ਤਮ ਕਰਨ ਸਬੰਧੀ ਸਿਫ਼ਾਰਸ਼ਾਂ ਕੀਤੀਆਂ ਗਈਆਂ ਸੀ, ਪ੍ਰੰਤੂ ਬੀਜੇਪੀ ਆਰਐੱਸਐੱਸ ਦੇ ਫਿਰਕੂ ਗਰੁੱਪ ਸ਼ਿਵ ਸੇਨਾ, ਏਵੀਬੀਪੀ ਤੇ ਬਜਰੰਗ ਦਲ ਦੇ ਵੱਲੋਂ ਇਨ੍ਹਾਂ ਨਿਯਮਾਂ ਨੂੰ ਜਨਰਲ ਵਿਰੋਧੀ ਦੱਸ ਕੇ ਵਿਰੋਧ ਪ੍ਰਦਰਸ਼ਨ ਕਰਾਏ ਗਏ ਤੇ ਸੁਪਰੀਮ ਕੋਰਟ ਵੱਲੋਂ ਇਸ ਐਕਟ 'ਤੇ ਰੋਕ ਲਾ ਦਿੱਤੀ ਗਈ, ਹਾਲਾਂਕਿ ਇਸ ਐਕਟ ਵਿੱਚ ਸਾਰੇ ਵਰਗਾਂ ਦੀਆਂ ਔਰਤਾਂ, ਅਪੰਗ ਵਿਦਿਆਰਥੀ ਤੇ ਆਰਥਕ ਪੱਖੋਂ ਕਮਜ਼ੋਰ ਲੋਕਾਂ ਨੂੰ ਵੀ ਸ਼ਾਮਲ ਕੀਤਾ ਗਿਆ ਸੀ, ਇਸ ਐਕਟ ਨੂੰ ਲਾਗੂ ਕਰਾਉਣ ਲਈ ਦਿੱਲੀ ਯੂਨੀਵਰਸਿਟੀ ਤੇ ਜੇਐਨਯੂ ਯੂਨੀਵਰਸਿਟੀ ਦਿੱਲੀ ਦੇ ਵਿਦਿਆਰਥੀਆਂ ਨੇ ਵੱਡੇ ਰੋਸ ਪ੍ਰਦਰਸ਼ਨ ਕੀਤੇ ਜਿਨ੍ਹਾਂ 'ਤੇ ਪੁਲਸ ਤੇ ਏਬੀਵੀਪੀ ਦੇ ਗੁੰਡਿਆਂ ਨੇ ਹਮਲੇ ਕੀਤੇ ਤੇ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ।ਇਸ ਤਰ੍ਹਾਂ ਬੀਜੇਪੀ ਆਰਐੱਸਐੱਸ ਨੇ ਇਸ ਐਕਟ ਨੂੰ ਲਾਗੂ ਹੋਣ ਤੋਂ ਰੋਕਣ ਲਈ ਪੂਰਾ ਜ਼ੋਰ ਲਾਇਆ ਜਾ ਰਿਹਾ ਹੈ, ਇਸਦੇ ਖਿਲਾਫ਼ ਵਿਦਿਆਰਥੀਆਂ ਨੂੰ ਇਕਜੁਟ ਹੋ ਕੇ ਸੰਘਰਸ਼ ਕਰਨ ਦੀ ਲੋੜ ਹੈ।ਵਿਦਿਆਰਥੀ ਆਗੂ ਕਾਜਲ ਨੇ ਕਿਹਾ ਕਿ ਪ੍ਰਦਰਸ਼ਨ ਰਾਹੀਂ ਅਸੀਂ ਮੰਗ ਕਰਦੇ ਹਾਂ ਕਿ ਯੂਜੀਸੀ ਰੈਗੂਲੇਸ਼ਨ ਨੂੰ ਰੋਹਿਤ ਐਕਟ ਵਜੋਂ ਲਾਗੂ ਕੀਤਾ ਜਾਵੇ। ਜੇਐਨਯੂਐਸਯੂ ਦੇ ਵਿਦਿਆਰਥੀ ਆਗੂ ਜਿਨ੍ਹਾਂ ਦੇ ਯੂਨੀਵਰਸਿਟੀ 'ਚੋਂ ਦਾਖਲੇ ਰੱਦ ਕੀਤੇ ਗਏ ਹਨ, ਉਨ੍ਹਾਂ ਨੂੰ ਬਹਾਲ ਕੀਤਾ ਜਾਵੇ। ਵਿਦਿਆਰਥੀਆਂ 'ਤੇ ਪਾਏ ਪਰਚੇ ਰੱਦ ਕੀਤੇ ਜਾਣ ਤੇ ਐਸਸੀ, ਐਸਟੀ, ਓਬੀਸੀ ਵਰਗਾਂ ਖ਼ਿਲਾਫ਼ ਜਾਤੀਸੂਚਕ ਟਿੱਪਣੀ ਕਰਨ ਵਾਲੀ ਜੇਐਨਯੂ ਦੀ ਵੀਸੀ ਡੁਪਲੀਪੁੜੀ ਪੰਡਿਤ ਨੂੰ ਬਰਖ਼ਾਸਤ ਕੀਤਾ ਜਾਵੇ।

## ਸ਼੍ਰੋਮਣੀ ਅਕਾਲੀ ਦਲ ਹਲਕਾ ਦੀ ਮੀਟਿੰਗ

ਨਾਭਾ (ਵਰਿੰਦਰ ਵਰਮਾ)-ਸ਼੍ਰੋਮਣੀ ਅਕਾਲੀ ਦਲ ਹਲਕਾ ਨਾਭਾ ਇੰਚਾਰਜ ਮੱਖਣ ਸਿੰਘ ਲਾਲਕਾ ਦੀ ਅਗਵਾਈ ਹੇਠ 4 ਅਪ੍ਰੈਲ ਨੂੰ ਹੋਣ ਵਾਲੀ ਰੈਲੀ ਸਬੰਧੀ ਗੁਰਦੁਆਰਾ ਸ੍ਰੀ ਅਕਾਲਗੜ੍ਹ ਸਾਹਿਬ ਵਿਖੇ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਮੁੱਚੇ ਅਕਾਲੀ ਵਰਕਰਾਂ ਤੇ ਲੀਡਰ ਸਾਹਿਬਾਨਾਂ ਅਤੇ ਮੋਹਤਵਰ ਸੱਜਣਾਂ ਨੇ ਮੀਟਿੰਗ ਵਿੱਚ ਹਿੱਸਾ ਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੱਖਣ ਸਿੰਘ ਲਾਲਕਾ ਨੇ ਕਿਹਾ ਕਿ 4 ਅਪ੍ਰੈਲ ਨੂੰ ਨਾਭਾ ਦੀ ਨਵੀਂ ਅਨਾਜ ਮੰਡੀ ਵਿਖੇ ਹੋਣ ਵਾਲੀ ਪੰਜਾਬ ਬਚਾਓ ਰੈਲੀ ਸਬੰਧੀ ਮੀਟਿੰਗ ਕੀਤੀ ਗਈ ਹੈ ਤੇ ਰੈਲੀ ਨੂੰ ਕਾਮਯਾਬ ਬਣਾਉਣ ਲਈ ਵਰਕਰਾਂ ਤੇ ਆਗੂਆਂ ਨਾਲ ਵਿਚਾਰ ਚਰਚਾ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਰੈਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਪਾਰਟੀ ਪ੍ਰਧਾਨ ਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ, ਸਾਬਕਾ ਮੰਤਰੀ ਬਿਕਰਮਜੀਤ ਸਿੰਘ ਮਜੀਠੀਆ ਤੇ ਵੱਡੀ ਗਿਣਤੀ ਵਿੱਚ ਪਾਰਟੀ ਦੀ ਲੀਡਰਸ਼ਿਪ ਵਿਸ਼ੇਸ਼ ਤੌਰ 'ਤੇ ਪਹੁੰਚੇਗੀ।ਉਨ੍ਹਾਂ ਕਿਹਾ ਕਿ ਪੰਜਾਬ ਦਾ ਹਰ ਵਰਗ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਿਹਾ ਹੈ।

## ਕੇਂਦਰ ਪੰਜਾਬ ਦੇ ਸਾਰੇ ਮੁੱਦੇ ਛੇਤੀ ਹੱਲ ਕਰੇ : ਸੰਧਵਾਂ, ਬਿਲਾਸਪੁਰ



**ਅਜੀਤਵਾਲ (ਲਵਲੀ ਕੁਮਾਰ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੇ ਹਲਕਾ ਨਿਹਾਲ ਸਿੰਘ ਵਾਲਾ ਦੇ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਨੇ ਕੇਂਦਰ ਸਰਕਾਰ ਨੂੰ ਪੰਜਾਬ ਦੇ ਪ੍ਰਮੁੱਖ ਮੁੱਦਿਆਂ ਨੂੰ ਛੇਤੀ ਹੱਲ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਕਦੇ ਭਾਰਤ ਦਾ ਸਭ ਤੋਂ ਖ਼ੁਸ਼ਹਾਲ ਸੂਬਾ ਤੇ ਦੇਸ਼ ਦਾ ਅੰਨਦਾਤਾ ਸੀ, ਪਰ ਅੱਜ ਕੇਂਦਰੀ ਫੰਡ ਨਾ ਮਿਲਣ ਕਾਰਨ ਵਿਆਪਕ ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਕੇਂਦਰੀ ਨਿਵੇਸ਼ ਤੇ ਨੀਤੀਗਤ ਸਹਾਇਤਾ ਦੇ ਮਾਮਲੇ ਵਿੱਚ ਅਣਗੌਲਿਆ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਵਿੱਤੀ ਅਧਿਕਾਰਾਂ ਵਿੱਚ ਕਮੀ ਤੇ ਕੇਂਦਰੀ ਟੈਕਸਾਂ ਵਿੱਚ ਘਟਦੀ ਹਿੱਸੇਦਾਰੀ ਕਾਰਨ ਪੰਜਾਬ ਦੀ ਵਿੱਤੀ ਖ਼ੁਦਮੁਖ਼ਤਿਆਰੀ ਬੁਰੀ ਤਰ੍ਹਾਂ ਪ੍ਰਭਾਵਤ ਹੋਈ ਹੈ। ਪੰਜਾਬ ਦੇ ਮੁੱਦਿਆਂ ਵਿੱਚ ਗੰਭੀਰ ਪਾਣੀ ਦੇ ਸੰਕਟ ਦਾ ਮੁੱਦਾ ਵੀ ਸ਼ਾਮਲ ਹੈ। ਸੂਬਾ ਸਤਹੀ ਪਾਣੀ ਧਰਤੀ ਹੇਠਲੇ ਪਾਣੀ ਦੀ ਗੰਭੀਰ ਕਮੀ ਦਾ ਸਾਹਮਣਾ ਕਰ ਰਿਹਾ ਹੈ, ਜਿਸ ਦਾ ਕਾਰਨ ਸੂਬੇ ਦੇ ਦਰਿਆਈ ਪਾਣੀ ਦੀ ਦੂਜੇ ਸੂਬਿਆਂ ਵਿੱਚ ਅਣਉਚਿਤ ਵੰਡ ਤੇ ਪੰਜਾਬ ਦੇ ਅਧਿਕਾਰ ਖੇਤਰ ਸਥਿਤ ਹੈੱਡਵਰਕਸ ਤੇ ਕੰਟਰੋਲ ਦੀ ਕਮੀ ਹੈ।

## ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੋਗਾ ਰੈਲੀ ਇਤਿਹਾਸਕ ਹੋਵੇਗੀ : ਨੀਲੂ ਮਿੱਤਲ



**ਸੰਗਾਲਾ (ਰਣਜੀਤ ਸਿੰਘ ਪੇਧਨੀ)**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਮੋਗਾ ਜ਼ਿਲ੍ਹੇ ਦੇ ਪਿੰਡ ਕਿਲੀ ਚਾਹਲਾਂ 'ਚ 14 ਮਾਰਚ ਨੂੰ ਹੋਣ ਵਾਲੀ ਭਾਜਪਾ ਦੀ ਰੈਲੀ ਇਤਿਹਾਸਕ ਹੋਵੇਗੀ।ਰੈਲੀ ਨੂੰ ਲੈ ਕੇ ਭਾਜਪਾ ਵਰਕਰਾਂ ਤੇ ਪਾਰਟੀ ਮੈਂਬਰਾਂ 'ਚ ਭਾਰੀ ਉਤਸ਼ਾਹ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਕ੍ਰਿਸ਼ਨ ਗੋਪਾਲ ਨੀਲੂ ਮਿੱਤਲ ਨੇ ਕੀਤਾ।ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਦਾ ਮਕਸਦ ਸਿਰਫ਼ ਸਿਆਸੀ ਰੈਲੀ ਕਰਨਾ ਨਹੀਂ ਹੈ, ਸਗੋਂ ਪੰਜਾਬ ਦੀਆਂ ਗੰਭੀਰ ਸਮੱਸਿਆਵਾਂ ਨੂੰ ਹੱਲ ਕਰਨਾ ਹੈ।ਇੱਕ ਸਪੱਸ਼ਟ ਰੋਡਮੈਪ ਪੇਸ਼ ਕੀਤਾ ਜਾਣਾ ਹੈ।ਉਨ੍ਹਾਂ ਕਿਹਾ ਕਿ ਭਾਜਪਾ ਦਾ ਮੰਨਣਾ ਹੈ ਕਿ ਮਜ਼ਬੂਤ ਲੀਡਰਸ਼ਿਪ ਤੇ ਸਪੱਸ਼ਟ ਨੀਤੀਆਂ ਰਾਹੀਂ ਹੀ ਸੂਬੇ ਨੂੰ ਨਸ਼ਾ ਮੁਕਤ, ਅਪਰਾਧ ਮੁਕਤ ਬਣਾਇਆ ਜਾ ਸਕਦਾ ਹੈ ਤੇ ਵਿਕਾਸ ਵੱਲ ਤਰੱਕੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਸੂਬਿਆਂ 'ਚ ਭਾਜਪਾ ਦੀਆਂ ਸਰਕਾਰਾਂ ਸੱਤਾ ਵਿੱਚ ਹਨ, ਉੱਥੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਈ ਹੈ, ਬੁਨਿਆਦੀ ਢਾਂਚੇ ਦਾ ਵਿਸਥਾਰ ਹੋਇਆ ਹੈ, ਨਿਵੇਸ਼ ਵਧਿਆ ਹੈ ਤੇ ਕਾਨੂੰਨ ਵਿਵਸਥਾ ਵਿੱਚ ਸੁਧਾਰ ਹੋਇਆ ਹੈ।ਇਸ ਦੇ ਉਲਟ ਦੂਜੀਆਂ ਪਾਰਟੀਆਂ ਦੁਆਰਾ ਸ਼ਾਸਤ ਰਾਜਾਂ ਵਿੱਚ ਅਪਰਾਧ ਦਰਾਂ ਵਧੀਆਂ ਹਨ।ਕਰਜ਼ਾ ਤੇ ਕੁਧਰਮ ਬਹੁਤ ਜ਼ਿਆਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਇਸ ਸਮੇਂ ਕਈ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਸੂਬੇ ਵਿੱਚ ਨਸ਼ਾਖੋਰੀ, ਗੁੰਡਾਗਰਦੀ ਤੇ ਬੇਰੁਜ਼ਗਾਰੀ ਫੈਲੀ ਹੋਈ ਹੈ, ਜਦੋਂ ਕਿ ਕਿਸਾਨ ਆਰਥਿਕ ਸੰਕਟ ਤੇ ਕਰਜ਼ੇ ਵਿੱਚ ਫਸੇ ਹੋਏ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਇਨ੍ਹਾਂ ਮੁੱਦਿਆਂ ਨੂੰ ਹੱਲ ਕਰਨ ਵਿੱਚ ਪੂਰੀ ਤਰ੍ਹਾਂ ਅਸਫ਼ਲ ਰਹੀ ਹੈ।

# ਡਾ. ਦੇਵ ਰਾਜ ਡੀ ਏ ਵੀ ਸਕੂਲ ਵੱਲੋਂ ਵਿਦਿਆਰਥੀਆਂ ਦਾ ਸਨਮਾਨ



**ਲਹਿਰਾਗਾਗਾ (ਪਵਨ ਸ਼ਰਮਾ)**

ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਸਬੰਧੀ ਇੱਕ ਸਨਮਾਨ ਸਮਾਰੋਹ ਹੋਇਆ, ਜਿਸਦੇ ਮੁੱਖ ਮਹਿਮਾਨ ਨਗਰ ਕੌਂਸਲ ਦੇ ਪ੍ਰਧਾਨ ਮੈਡਮ ਕਾਂਤਾ ਗੋਇਲ ਸਨ। ਮੈਡਮ ਕਾਂਤਾ ਗੋਇਲ ਨੇ ਕਿਹਾ ਕਿ ਮੈਨੂੰ ਇਸ ਗੱਲ ਦੀ ਬੜੀ ਖ਼ੁਸ਼ੀ ਹੈ ਕਿ ਡੀ.ਏ.ਵੀ. ਸਕੂਲ ਨੇ ਮੈਨੂੰ ਆਪਣੇ ਇਸ ਪ੍ਰੋਗਰਾਮ ਦੀ ਹਿੱਸਾ ਬਣਾਇਆ ਹੈ ਤੇ ਮੈਂ ਇਸ ਸਕੂਲ 'ਤੇ ਬੜਾ ਮਾਣ ਮਹਿਸੂਸ ਕਰਦੀ ਹਾਂ ਕਿ ਇੱਥੋਂ ਪੜ੍ਹ ਰਹੇ ਵਿਦਿਆਰਥੀ ਵੱਖ-ਵੱਖ ਖੇਤਰਾਂ ਜਿਵੇਂ ਪੜ੍ਹਾਈ, ਖੇਡਾਂ, ਸੱਭਿਆਚਾਰਕ ਤੇ ਵਿਗਿਆਨ ਦੇ ਖੇਤਰ ਵਿੱਚ ਪੰਜਾਬ ਪੱਧਰ 'ਤੇ ਹੋਣ ਵਾਲੇ ਮੁਕਾਬਲਿਆਂ ਵਿੱਚ ਮੋਹਰੀ ਸਥਾਨ ਪ੍ਰਾਪਤ ਕਰਕੇ ਸ਼ਹਿਰ ਤੇ ਸਕੂਲ ਦਾ ਨਾਂਅ ਉੱਚਾ ਕਰ ਰਹੇ ਹਨ।

ਉਨ੍ਹਾਂ ਦੱਸਿਆ ਕਿ ਇੱਥੋਂ ਸਿੱਖਿਆ ਪ੍ਰਾਪਤ ਕਰ ਕੇ ਜਾ ਚੁੱਕੇ ਵਿਦਿਆਰਥੀ ਵੱਖ-ਵੱਖ ਵਿਭਾਗਾਂ ਵਿੱਚ ਉੱਚ ਆਹੁਦਿਆਂ ਤੇ ਬਿਰਾਜਮਾਨ ਹਨ।ਇਸ ਸਮੇਂ ਸਕੂਲ ਪ੍ਰਬੰਧਕ ਪ੍ਰਵੀਨ ਖੋਖਰ, ਲੱਕੀ ਖੋਖਰ, ਐਡਵੋਕੇਟ ਅਨਿਰੁੱਧ ਕੌਸ਼ਲ, ਬਿਮਲਾ ਦੇਵੀ, ਪ੍ਰਿੰਸੀਪਲ ਦੇਵ ਪਰਾਸ਼ਰ ਅਤੇ ਭੁਪਿੰਦਰ ਸ਼ਰਮਾ ਹਰੀਗੜ੍ਹ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਕੂਲ ਪ੍ਰਬੰਧਕ ਕਮੇਟੀ ਦੀ ਹਮੇਸ਼ਾ ਰਹੀ ਹੈ ਕਿ ਸਕੂਲ ਵਿੱਚ ਇੱਕ ਸੁਖਾਵਾਂ ਮਾਹੌਲ ਦੇ ਕੇ ਵਿਦਿਆਰਥੀਆਂ ਨੂੰ ਵਿੱਦਿਆ ਦੇ ਹਰ ਖੇਤਰ ਲਈ ਤਿਆਰ ਕੀਤਾ ਜਾਵੇ ਤਾਂ ਜੁ ਉਹ ਭਵਿੱਖ ਵਿੱਚ ਹੋਣ ਵਾਲੇ ਹਰ ਮੁਕਾਬਲੇ ਲਈ ਆਪਣੇ ਆਪ ਨੂੰ ਯੋਗ ਬਣਾ ਸਕਣ।ਸਕੂਲ ਪ੍ਰਬੰਧਕ ਕਮੇਟੀ ਨੇ ਸਕੂਲ ਦੀ ਸ਼ੁਰੂਆਤੀ ਸਮੇਂ ਦੀ ਪਹਿਲੀ ਵਿਦਿਆਰਥਣ ਪ੍ਰੀਤੀ ਕੌਸ਼ਲ ਦਾ ਸਨਮਾਨ ਕਰਨ ਦੇ ਨਾਲ-ਨਾਲ ਸਕੂਲ ਵਿੱਚੋਂ ਸਿੱਖਿਆ ਗ੍ਰਹਿਣ ਕਰਕੇ ਜਾ ਚੁੱਕੇ ਡਾ. ਟਿਪਸੀ ਅਤੇ ਹਰਮਨਦੀਪ ਸ਼ਰਮਾ ਸਪੁੱਤਰ ਸ਼੍ਰੀ ਤੇਜਿੰਦਰ ਸ਼ਰਮਾ ਦਾ ਜੇ.ਈ.ਈ. ਮੇਨ ਵਿੱਚੋਂ 98.75% ਅੰਕ ਪ੍ਰਾਪਤ ਕਰਨ ਬਦਲੇ ਸਨਮਾਨ ਕਰਨ ਤੋਂ ਇਲਾਵਾ ਸਕੂਲ ਦੇ ਵਿਦਿਆਰਥੀ ਰਹਿਮਤ ਸਿੰਘ ਸਪੁੱਤਰ ਸ਼੍ਰੀ ਮਨਪ੍ਰੀਤ ਸਿੰਘ ਨੇ ਡਿਸਕਸ ਥ੍ਰੋ ਦੇ ਪੰਜਾਬ ਪੱਧਰ ਦੇ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਬਦਲੇ, ਰਾਹੁਲ ਕੁਮਾਰ ਸਪੁੱਤਰ ਸ਼੍ਰੀ ਵਿਜੈ ਕੁਮਾਰ ਵੱਲੋਂ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲੇ ਵਿੱਚੋਂ ਮੋਹਰੀ ਸਥਾਨ ਪ੍ਰਾਪਤ ਕਰਨ ਕਰਕੇ, ਪ੍ਰਨੀਤ ਕੌਰ ਸਪੁੱਤਰੀ ਸ਼੍ਰੀ ਮਲਕੀਤ ਸਿੰਘ, ਮਨਜੋਤ ਕੌਰ ਸਪੁੱਤਰੀ ਸ਼੍ਰੀ ਬੂਟਾ ਸਿੰਘ, ਅਭੀ ਗੋਇਲ ਸਪੁੱਤਰ ਸ਼੍ਰੀ ਮੁਕੇਸ਼ ਗੋਇਲ, ਅੰਸ਼ ਕੁਮਾਰ ਸਪੁੱਤਰ ਸ਼੍ਰੀ ਵਿਜੈ ਕੁਮਾਰ ਵੱਲੋਂ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਵਿੱਚੋਂ ਅਗਲੇਰੀਆਂ ਪੁਜ਼ੀਸ਼ਨਾਂ ਹਾਸਲ ਕਰਨ ਅਤੇ ਸੁਖਪ੍ਰੀਤ ਕੌਰ ਸਪੁੱਤਰੀ ਸ਼੍ਰੀ ਕਰਮਜੀਤ ਸਿੰਘ ਵੱਲੋਂ ਡੀ.ਟੀ.ਐੱਫ਼ ਪ੍ਰੀਖਿਆ ਵਿੱਚੋਂ ਮੋਹਰੀ ਸਥਾਨ ਪ੍ਰਾਪਤ ਕਰਨ ਬਦਲੇ ਸਨਮਾਨ ਕੀਤਾ ਗਿਆ।ਸਨਮਾਨ ਸਮਾਰੋਹ ਦੌਰਾਨ ਨੰਬਰਦਾਰ ਅਵਤਾਰ ਸਿੰਘ, ਮਨਪ੍ਰੀਤ ਸਿੰਘ (ਮੋਨੂੰ ਕੋਚ), ਹੈਡ ਮਾ. ਕਰਨੈਲ ਸਿੰਘ ਖੰਡੇਬਾਦ, ਭੁਪਿੰਦਰ ਪਾਲ ਸ਼ਰਮਾ ਐਕਸੀਅਨ (ਸੇਵਾਮੁਕਤ), ਭੁਪਿੰਦਰ ਸਿੰਘ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ।


**AXIS BANK LTD.** ਰਿਟੇਲ ਐਸੇਟ ਸੈਂਟਰ : ਦੂਜੀ ਅਤੇ ਤੀਜੀ ਮੰਜ਼ਿਲ, ਜਾਇਦਾਦ ਨੰ. 7ਵੀਂ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : "ਐਕਸਿਸ ਹਾਊਸ" ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਿਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਸ੍ਰੀ ਦਮਨਜੀਤ ਸਿੰਘ ਪੁੱਤਰ ਸ੍ਰੀ ਬਰਿੰਦਰਜੀਤ ਸਿੰਘ (2) ਸ੍ਰੀਮਤੀ ਕੁਲਜੀਤ ਕੌਰ ਪਤਨੀ ਸ੍ਰੀ ਬਰਿੰਦਰਜੀਤ ਸਿੰਘ ਤੋਂ ਸਕਿਉਰਡ ਕ੍ਰੈਡਿਟਰ ਦੀ 13-06-2025 ਨੂੰ ਬਕਾਇਆ ਰਕਮ ਰੁਪਏ 21,58,332/- (ਇੱਕੀ ਲੱਖ ਅਠਵੰਜਾ ਹਜ਼ਾਰ ਤਿੰਨ ਸੌ ਬੱਤੀ ਰੁਪਏ ਕੇਵਲ) ਜਮ੍ਹਾਂ ਅਣਲਾਗੂ ਵਿਆਜ ਅਤੇ ਹੋਰ ਚਾਰਜਿਜ਼ ਸਮੇਤ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 20 ਮਾਰਚ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 35,73,428/- (ਪੈਂਤੀ ਲੱਖ ਤਿਹੱਤਰ ਹਜ਼ਾਰ ਚਾਰ ਸੌ ਅਠਾਈ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 3,57,342 (ਤਿੰਨ ਲੱਖ ਸਤਵੰਜਾ ਹਜ਼ਾਰ ਤਿੰਨ ਸੌ ਬਤਾਲੀ ਰੁਪਏ ਕੇਵਲ) ਡੀ ਡੀ/ ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਪੱਖ 'ਚ ਲੁਧਿਆਣਾ ਵਿਖੇ ਅਦਾਇਗੀਯੋਗ |
| ਬੋਲੀ ਵਾਧਾ ਰਕਮ | 20,000/- (ਵੀਹ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ, ਦੂਜੀ ਅਤੇ ਤੀਜੀ ਮੰਜ਼ਿਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 ਵਿਖੇ 19 ਮਾਰਚ 2026 ਨੂੰ ਸ਼ਾਮ ਦੇ 5.00 ਵਜੇ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 20 ਮਾਰਚ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 12.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਤਬਾਦਲਾ ਬੈਨਾਮਾ ਨੰ. 647, ਸਬ ਰਜਿਸਟਰਾਰ ਪਟਿਆਲਾ ਕੋਲ 23-11-2011 ਨੂੰ ਦਰਜ ਸ੍ਰੀਮਤੀ ਕੁਲਜੀਤ ਕੌਰ ਦੇ ਨਾਂਅ ਰਜਿਸਟਰਡ ਮਕਾਨ ਰਕਬਾ 0ਬੀ-14 ਬੀ-6 ਬੀ, 372 ਬੀ-8 ਬੀ 'ਚੋਂ 143/74480 ਹਿੱਸਾ, ਖੱਤਾ ਨੰ. 74/135 ਤੋਂ 151, ਖਸਰਾ ਨੰ. 357(6-5), 352(6-5), 358/1 (3-3), 307(6-5), 308(6-5), 309(6-5), 310(6-5), 319(6-5), 320(6-5), 322(6-5), 324(5-17), 325(6-2), 326(6-5), 327(6-5), 328(6-5), 329(6-5), 330(6-5), 331(7-18), 333(1-16), 337(6-5), 338(6-5), 176(0-4), 332(8-9), 335(6-5), 336(6-5); 325/1ਐੱਮ (0-5), 358/2(0-10), 414/321(3-3), 415/321(3-2), 353(6-5), 355(2-6), 356(5-18), 349(3-18), 350(3-18), 385/346(1-16), 388/361(0-18), 318(6-5), 317(6-5), 311(6-15), 195(3-18), 196(1-17), 300 ਐੱਮ (2-15), 302(4-0), 383/295(1-12), 301(6-5), 344 ਐੱਮ (4-14), 342/1(2-17), 343(6-5), 344 ਐੱਮ (1-19),345(3-15),299(2-16),300 ਐੱਮ (3-10),303(4-0) 304(4-0), 305(4-0), 306(4-0), 251(3-3), 252(3-3), 253(3-3), 260/1(2-9), 260/2(0-14),340(6-5), 341(6-5),339(6-5),342/2(3-8), 387/347(1-0),348(6-5),351 (6-5),384/346(2-2),386/347(5-5), 290(6-18),291(5-8), 292(5-6), 296(6-5), 297(6-5), 298(3-5), 382/295 (4-13), 294(6-5), 312(3-10),, 313(3-10),293(6-5), ਪਿੰਡ ਨੂਰਪੁਰਾ ਫਰਾਂਸਵਾਲਾ ਵਿਖੇ ਸਥਿਤ, ਤਹਿਸੀਲ ਦੂਧਨ ਸਾਧਾਂ, ਜ਼ਿਲ੍ਹਾ ਪਟਿਆਲਾ, ਜਮ੍ਹਾਂਬੰਦੀ ਸਾਲ 2017-2018। ਹੱਦਾਂ : ਪੂਰਬ : ਮਨਿੰਦਰਜੀਤ ਦਾ ਮਕਾਨ ਹੁਣ ਦਮਨਜੀਤ ਸਿੰਘ (118'-0"), ਉੱਤਰ: ਯੁਵਜੀਤ ਸਿੰਘ ਦਾ ਮਕਾਨ (45'-4"), ਪੱਛਮ: ਅੰਗਰੇਜ਼ ਸਿੰਘ ਦਾ ਨਿਰਮਿਤ ਮਕਾਨ (158'-0"), ਦੱਖਣ : ਸੜਕ (63'-0")

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੁਮਿਤ ਕੁਮਾਰ (ਮੋਬਾਇਲ ਨੰ. 9646223355) ਬੈਂਕ ਦੇ ਵਿਕਰੀ ਮੈਨੇਜਰ ਨਾਲ ਦਫਤਰੀ ਸਮੇਂ ਸਵੇਰੇ 10.00 ਵਜੇ ਤੋਂ ਸ਼ਾਮ ਦੇ 4.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 03 ਮਾਰਚ 2026, ਸਥਾਨ : ਲੁਧਿਆਣਾ ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ



**AXIS BANK LTD.** ਰਿਟੇਲ ਐਸੇਟ ਸੈਂਟਰ : ਐੱਸ ਸੀ ਓ-390, ਸੈਕਟਰ-20, ਦੂਸਰੀ ਮੰਜ਼ਿਲ, ਪੰਚਕੂਲਾ, ਹਰਿਆਣਾ-134117

ਕਾਰਪੋਰੇਟ ਦਫਤਰ : "ਐਕਸਿਸ ਹਾਊਸ" ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਿਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ

ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਉਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਭੌਤਿਕ ਕਬਜ਼ਾ ਦੇ ਅਧਿਕਾਰਤ ਅਫਸਰ ਸਕਿਉਰਡ ਕ੍ਰੈਡਿਟਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ (1) ਮੈਸਰਜ਼ ਅਸ਼ੋਕਾ ਮੈਟਲ ਐਂਡ ਕੈਮੀਕਲਜ਼ ਰਾਹੀਂ ਇਸ ਦੇ ਮਾਲਕ ਸ੍ਰੀ ਦਵਿੰਦਰ ਸਿੰਘ (2) ਸ੍ਰੀ ਸੁਭਾਸ਼ ਚੰਦਰ ਪੁੱਤਰ ਸ੍ਰੀ ਗੋਵਰਧਨ ਲਾਲ (3) ਸ੍ਰੀਮਤੀ ਸ਼ਾਲੂ ਰਲਹਨ ਪਤਨੀ ਸ੍ਰੀ ਰਾਜੇਸ਼ ਕੁਮਾਰ (4) ਸ੍ਰੀਮਤੀ ਕੋਮਲ ਰਲਹਨ ਪਤਨੀ ਸ੍ਰੀ ਸੁਭਾਸ਼ ਚੰਦਰ ਤੋਂ ਸਕਿਉਰਡ ਕ੍ਰੈਡਿਟਰ ਦੀ 21-10-2017 ਨੂੰ ਬਕਾਇਆ ਰਕਮ ਰੁਪਏ 4,13,58,452/- (ਚਾਰ ਕਰੋੜ ਤੇਰਾਂ ਲੱਖ ਅਠਵੰਜਾ ਹਜ਼ਾਰ ਚਾਰ ਸੌ ਬਵੰਜਾ ਰੁਪਏ ਕੇਵਲ) ਸਮੇਤ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 20 ਮਾਰਚ 2026 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

ਪਹਿਲੀ ਜਾਇਦਾਦ-(ਸਾਰਣੀ 'ਚ ਦਰਸਾਈ ਜਾਇਦਾਦ ਨੰ. 1 ਵਜੋਂ ਵੇਰਵਾ)

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 45,90,000/- (ਪੰਤਾਲੀ ਲੱਖ ਨੱਬੇ ਹਜ਼ਾਰ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 4,59,000/- (ਚਾਰ ਲੱਖ ਉਨਾਹਠ ਹਜ਼ਾਰ ਰੁਪਏ ਕੇਵਲ) ਡੀ ਡੀ/ ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਪੱਖ 'ਚ |
| ਬੋਲੀ ਵਾਧਾ ਰਕਮ | 20,000/- (ਵੀਹ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐੱਸ ਸੀ ਓ-390, ਸੈਕਟਰ-20, ਦੂਜੀ ਮੰਜ਼ਿਲ, ਪੰਚਕੂਲਾ, ਹਰਿਆਣਾ-134117 ਵਿਖੇ 19 ਮਾਰਚ 2026 ਨੂੰ ਸ਼ਾਮ ਦੇ 5.00 ਵਜੇ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 20 ਮਾਰਚ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 1.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਦੂਜੀ ਜਾਇਦਾਦ (ਸਾਰਣੀ 'ਚ ਦਰਸਾਈ ਜਾਇਦਾਦ 'ਚ 2 ਵਜੋਂ ਵੇਰਵਾ)

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 45,90,000/- (ਪੰਤਾਲੀ ਲੱਖ ਨੱਬੇ ਹਜ਼ਾਰ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 4,59,000/- (ਚਾਰ ਲੱਖ ਉਨਾਹਠ ਹਜ਼ਾਰ ਰੁਪਏ ਕੇਵਲ) ਡੀ ਡੀ/ ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਪੱਖ 'ਚ |
| ਬੋਲੀ ਵਾਧਾ ਰਕਮ | 20,000/- (ਵੀਹ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐੱਸ ਸੀ ਓ-390, ਸੈਕਟਰ-20,ਦੂਜੀ ਮੰਜ਼ਿਲ, ਪੰਚਕੂਲਾ, ਹਰਿਆਣਾ-134117 ਵਿਖੇ 19 ਮਾਰਚ 2026 ਨੂੰ ਸ਼ਾਮ ਦੇ 5.00 ਵਜੇ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 20 ਮਾਰਚ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 1.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਤੀਜੀ ਜਾਇਦਾਦ (ਸਾਰਣੀ 'ਚ ਦਰਸਾਈ ਜਾਇਦਾਦ 'ਚ 3 ਵਜੋਂ ਵੇਰਵਾ)

| | |
|---|---|
| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 1,17,00,000/- (ਇੱਕ ਕਰੋੜ ਸਤਾਰਾਂ ਲੱਖ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 11,70,000/- (ਗਿਆਰਾਂ ਲੱਖ ਸੱਤਰ ਹਜ਼ਾਰ ਰੁਪਏ ਕੇਵਲ) ਡੀ ਡੀ/ ਪੀ ਓ ਰਾਹੀਂ ਐਕਸਿਸ ਬੈਂਕ ਲਿਮਟਿਡ ਦੇ ਪੱਖ 'ਚ |
| ਬੋਲੀ ਵਾਧਾ ਰਕਮ | 50,000/- (ਪੰਜਾਹ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | ਐੱਸ ਸੀ ਓ-390, ਸੈਕਟਰ-20,ਦੂਜੀ ਮੰਜ਼ਿਲ, ਪੰਚਕੂਲਾ, ਹਰਿਆਣਾ-134117 ਵਿਖੇ 19 ਮਾਰਚ 2026 ਨੂੰ ਸ਼ਾਮ ਦੇ 5.00 ਵਜੇ ਤੱਕ। |
| ਜਨਤਕ ਈ-ਨੀਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 20 ਮਾਰਚ 2026 ਨੂੰ ਸਵੇਰੇ 11.00 ਵਜੇ ਅਤੇ ਦੁਪਹਿਰ 1.00 ਵਜੇ ਦਰਮਿਆਨ, ਹਰੇਕ 5 ਮਿੰਟਾਂ ਦੇ ਅਸੀਮਤ ਵਾਧਿਆਂ ਨਾਲ। ਈ-ਨਿਲਾਮੀ ਬੋਲੀ ਫਾਰਮ, ਘੋਸ਼ਣਾ ਆਦਿ ਰੱਖਦੇ ਈ-ਨਿਲਾਮੀ ਟੈਂਡਰ ਦਸਤਾਵੇਜ਼ ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

ਸਾਰਣੀ-ਜਾਇਦਾਦ ਦਾ ਵੇਰਵਾ : ਜਾਇਦਾਦ ਨੰ.1:-ਸ੍ਰੀਮਤੀ ਕੋਮਲ ਰਲਹਨ ਪਤਨੀ ਸ੍ਰੀ ਸੁਭਾਸ਼ ਚੰਦਰ ਦੀ ਮਲਕੀਅਤ ਪਲਾਟ ਨੰ. 36 ਰਕਬਾ 340 ਵਰਗ ਗਜ਼, ਖੱਤਾ ਨੰ. 5/5, 5/5, 6/6, 362/395, 408/442, ਖਸਰਾ ਨੰ. 22//6, 22/15, 22//5, 2//17, 24, 27//4/1, ਜਮ੍ਹਾਂਬੰਦੀ ਸਾਲ 2002-03, ਹੱਦਬਸਤ ਨੰ. 257, ਪਿੰਡ ਸੰਗੋਵਾਲ ਵਿਖੇ ਸਥਿਤ, ਜੀ ਕੇ ਵੈਲੀ ਵਜੋਂ ਜਾਣਿਆ ਜਾਂਦਾ ਸਥਾਨ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਜਾਇਦਾਦ ਦੀਆਂ ਹੱਦਾਂ :- ਪੂਰਬ : ਗਲੀ 39'-11", ਪੱਛਮ: ਗੁਆਂਢ 39'-6", ਉੱਤਰ : ਗੁਆਂਢ 100', ਦੱਖਣ : ਗੁਆਂਢ 100'

ਜਾਇਦਾਦ ਨੰ. 2: ਸ੍ਰੀਮਤੀ ਸ਼ਾਲੂ ਪਤਨੀ ਸ੍ਰੀ ਰਾਜੇਸ਼ ਕੁਮਾਰ ਦੀ ਮਲਕੀਅਤ ਪਲਾਟ ਨੰ. 37, ਰਕਬਾ 340 ਵਰਗ ਗਜ਼ (36 X 85), ਖੱਤਾ ਨੰ. 5/5, 5/5, 6/6, ਖਸਰਾ ਨੰ. 22//6, 22/15, 22//5, ਜਮ੍ਹਾਂਬੰਦੀ ਸਾਲ 2002-03, ਹੱਦਬਸਤ ਨੰ. 257, ਪਿੰਡ ਸੰਗੋਵਾਲ, ਜੀ ਕੇ ਵੈਲੀ ਵਜੋਂ ਜਾਣਿਆ ਜਾਂਦਾ ਸਥਾਨ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਜਾਇਦਾਦ ਦੀਆਂ ਹੱਦਾਂ : ਪੂਰਬ: ਸੜਕ ਬਾਹੀ 36', ਪੱਛਮ: ਗੁਆਂਢ 36', ਉੱਤਰ : ਪਲਾਟ ਨੰ. 36, ਬਾਹੀ 85', ਦੱਖਣ: ਪਲਾਟ ਨੰ. 36, ਬਾਹੀ 85', ਜਾਇਦਾਦ ਨੰ. 3: ਸ੍ਰੀਮਤੀ ਕੋਮਲ ਪਤਨੀ ਸ੍ਰੀ ਸੁਭਾਸ਼ ਚੰਦਰ ਅਤੇ ਸ੍ਰੀਮਤੀ ਸ਼ਾਲੂ ਪਤਨੀ ਸ੍ਰੀ ਰਜੇਸ਼ ਕੁਮਾਰ ਦੀ ਮਲਕੀਅਤ ਜਾਇਦਾਦ ਨੰ. ਬੀ-XVI 434/6, ਰਕਬਾ 536 ਵਰਗ ਗਜ਼, ਖਸਰਾ ਨੰ. 4127/ 2336/1537, ਖੱਤਾ ਨੰ. 1023/1119, ਜਮ੍ਹਾਂਬੰਦੀ ਸਾਲ 2002-03,ਪਿੰਡ ਤਰਫ ਸੈਦਾਂ ਵਿਖੇ ਸਥਿਤ ਨਾਲ ਸੰਬੰਧਤ ਸਭ ਕੁਝ। ਜਾਇਦਾਦ ਦੀਆਂ ਹੱਦਾਂ :- ਪੂਰਬ: ਗਲੀ 46'-4", ਪੱਛਮ: ਗੁਆਂਢ 46'-4", ਉੱਤਰ: ਹੋਰ ਮਾਲਕ 100', ਦੱਖਣ: 100'

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਉਰਡ ਕ੍ਰੈਡਿਟਰ ਦੀ ਵੈੱਬਸਾਈਟ https://www.axis-bank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੁਮਿਤ ਕੁਮਾਰ (ਮੋਬਾਇਲ ਨੰ. 96462-23355) ਅਤੇ ਪ੍ਰਵੀਨ ਕੁਮਾਰ ਯਾਦਵ (ਮੋਬਾਇਲ ਨੰ. 99142-20078) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 03 ਮਾਰਚ 2026, ਸਥਾਨ : ਲੁਧਿਆਣਾ ਸਹੀ/-, (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

# ਉਧੇੜ ਕੇ ਰੱਖੀ ਹੋਈ ਸੜਕ ਤੋਂ ਲੋਕਾਂ ਨੂੰ ਧੂੜ-ਮਿੱਟੀ ਫੱਕਣ ਲਈ ਵੀ ਮਜਬੂਰ ਹੋਣਾ ਪੈ ਰਿਹਾ : ਖੋਸਲਾ



**ਪੋਜੇਵਾਲ (ਰਾਮ ਲਾਲ)**

ਪਿਛਲੇ ਕਈ ਸਾਲਾਂ ਤੋਂ ਘਮੌਰ ਬਾਈਪਾਸ ਤੋਂ ਲੈ ਕੇ ਪਿੰਡ ਸਿਆਨਾ ਤੱਕ ਬੁਰੀ ਤਰ੍ਹਾਂ ਨਾਲ ਜਗ੍ਹਾ ਜਗ੍ਹਾ ਤੋਂ ਟੁੱਟੀ ਹੋਈ ਸੜਕ ਨੇ ਲੋਕਾਂ ਨੂੰ ਰੱਜ ਕੇ ਖੂਨ ਦੇ ਹੰਝੂ ਬਹਾਉਣ ਲਈ ਮਜਬੂਰ ਕੀਤਾ ਸੀ। ਕੁਝ ਮਹੀਨੇ ਪਹਿਲਾਂ ਜਦ ਇਸ ਸੜਕ ਨੂੰ ਬਣਾਉਣ ਦਾ ਕਾਰਜ ਸ਼ੁਰੂ ਹੋਇਆ ਤਾਂ ਰੋਜ਼ਾਨਾ ਹੀ ਇਧਰ ਉਧਰ ਆਉਣ ਜਾਣ ਵਾਲੇ ਲੋਕਾਂ, ਵੱਖ-ਵੱਖ ਸਕੂਲਾਂ ਦੇ ਅਧਿਆਪਕਾਂ ਵਿਦਿਆਰਥੀਆਂ ਵਿੱਚ ਖੁਸ਼ੀ ਦੀ ਕੋਈ ਹੱਦ ਨਾ ਰਹੀ ਮੌਜੂਦਾ ਹਾਲਾਤ 'ਚ ਇਸ ਮਸ਼ੀਨੀ ਯੁੱਗ ਦੇ ਚਲਦਿਆਂ ਘਮੌਰ ਬਾਈਪਾਸ ਤੋਂ ਲੈ ਕੇ ਆਰਪੀ ਸਿੰਘ ਦੇ ਫਾਰਮ ਤੱਕ ਕਰੀਬ ਸੱਤ ਜਗ੍ਹਾ ਤੋਂ ਉਧੇੜ ਕੇ ਰੱਖੀ ਗਈ ਸੜਕ ਨੂੰ ਬਣਾਉਣਾ ਭੁੱਲੇ ਵਿਭਾਗ ਅਤੇ ਠੇਕੇਦਾਰ ਨੂੰ ਲੋਕਾਂ ਨੇ ਕੋਸਣਾ ਸ਼ੁਰੂ ਕਰ ਦਿੱਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਮਾਜ ਸੇਵਕ ਐਡਵੋਕੇਟ ਪ੍ਰਵੇਸ਼ ਖੋਸਲਾ ਦਾ ਕਹਿਣਾ ਹੈ ਕਿ ਸਦਕੇ ਜਾਈਏ ਵਿਭਾਗ ਅਤੇ ਠੇਕੇਦਾਰ ਦੇ ਜਿਸ ਵੱਲੋਂ ਕਰੀਬ ਦੋ ਕਿਲੋਮੀਟਰ ਦੇ ਇਸ ਟੋਟੇ ਨੂੰ ਬਣਾਉਣ ਲਈ ਛੇ ਮਹੀਨੇ ਦਾ ਸਮਾਂ ਲਗਾ ਦਿੱਤਾ ਤੇ ਉੱਪਰ ਤੋਂ ਕਰੀਬ ਸੱਤ ਜਗ੍ਹਾ ਉਧੇੜ ਕੇ ਰੱਖੀ ਹੋਈ ਸੜਕ ਦੀ ਹੁਣ ਤੱਕ ਕੋਈ ਖਬਰ ਸਾਰ ਨਹੀਂ ਲਈ। ਇਸ ਸੜਕ ਦੇ ਕੁਝ ਹਿੱਸੇ ਦੇ ਬਣਨ ਨਾਲ ਲੋਕਾਂ ਦੀ ਸਮੱਸਿਆ ਤੇ ਕੀ ਦੂਰ ਹੋਣੀ ਸੀ, ਇਸ ਦੇ ਉਲਟ ਉਧੇੜ ਕੇ ਰੱਖੀ ਹੋਈ ਸੜਕ ਤੋਂ ਲੋਕਾਂ ਨੂੰ ਧੂੜ ਮਿੱਟੀ ਫੱਕਣ ਲਈ ਵੀ ਮਜਬੂਰ ਹੋਣਾ ਪੈ ਰਿਹਾ ਹੈ।ਉਹਨਾਂ ਆਖਿਆ ਕਿ ਰਾਹਗੀਰਾਂ ਦੇ ਨਾਲ ਨਾਲ ਇਸ ਸੜਕ ਦੇ ਆਲੇ ਦੁਆਲੇ ਦੇ ਵਸਨੀਕ ਅਤੇ ਦੁਕਾਨਦਾਰ ਡਾਢੇ ਦੁਖੀ ਹਨ। ਉਹਨਾਂ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੂੰ ਅਪੀਲ ਕਰਦਿਆਂ ਆਖਿਆ ਕਿ ਲੋਕਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਥੇ ਸੜਕ ਨੂੰ ਜਲਦੀ ਤੋਂ ਜਲਦੀ ਬਣਾਏ ਜਾਣ ਦੀ ਕਿਰਪਾਲਤਾ ਕੀਤੀ ਜਾਵੇ।

## ਸੀ ਟੀ ਗਰੁੱਪ ਆਫ਼ ਇੰਸਟੀਟਿਊਸ਼ਨਜ਼ ਨੇ ਸਨਮਾਨ ਸਮਾਰੋਹ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ਼ ਇੰਸਟੀਟਿਊਸ਼ਨਸ, ਨੌਰਥ ਕੈਂਪਸ, ਮਕਸੂਦਾਂ ਵੱਲੋਂ ਸਨਮਾਨ ਸਮਾਰੋਹ 1.0 ਦਾ ਸ਼ਾਨਦਾਰ ਆਯੋਜਨ ਕੀਤਾ ਗਿਆ, ਜਿਸ ਦਾ ਉਦੇਸ਼ ਸਮਾਜ ਲਈ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਵਿਅਕਤੀਆਂ ਨੂੰ ਸਨਮਾਨਤ ਕਰਨਾ ਸੀ। ਸਮਾਗਮ



ਵਿੱਚ 150 ਤੋਂ ਵੱਧ ਮਾਣਯੋਗ ਮਹਿਮਾਨ ਸ਼ਾਮਲ ਹੋਏ, ਜਿਨ੍ਹਾਂ ਵਿੱਚ ਸਮਾਜ ਸੇਵਕ, ਸਰਪੰਚ, ਕੌਂਸਲਰ ਤੇ ਕਮਿਊਨਿਟੀ ਭਲਾਈ ਨਾਲ ਜੁੜੇ ਪ੍ਰਤੀਨਿਧੀ ਸ਼ਾਮਲ ਸਨ।ਇਹ ਆਯੋਜਨ ਉਹਨਾਂ ਵਿਅਕਤੀਆਂ ਨੂੰ ਸਨਮਾਨਤ ਕਰਨ ਲਈ ਸੀ, ਜੋ ਅਹੁਦਿਆਂ ਨਾਲ ਨਹੀਂ, ਸਗੋਂ ਜ਼ਿੰਮੇਵਾਰੀਆਂ ਨਾਲ ਪਹਿਚਾਣੇ ਜਾਂਦੇ ਹਨ ਅਤੇ ਜਿਨ੍ਹਾਂ ਲਈ ਸੇਵਾ ਪ੍ਰਚਾਰ ਨਹੀਂ, ਜੀਵਨ ਭਰ ਦੀ ਵਚਨਬੱਧਤਾ ਹੈ।ਸਮਾਗਮ ਵਿੱਚ ਮੁੱਖ ਮਹਿਮਾਨਾਂ ਵਜੋਂ ਲੇਖਿਕਾ ਤੇ ਸਮਾਜ ਸੇਵਿਕਾ ਪ੍ਰਵੀਨ ਅਬਰੋਲ , ਜ਼ਿਲ੍ਹਾ ਇੰਚਾਰਜ, ਆਮ ਆਦਮੀ ਪਾਰਟੀ, ਕਪੂਰਥਲਾ ਕਰਮਬੀਰ ਸਿੰਘ, ਕੰਵਰ ਇਕਬਾਲ ਸਿੰਘ, ਸਮੇਤ ਕਈ ਮਾਣਯੋਗ ਸ਼ਖ਼ਸੀਅਤਾਂ ਹਾਜ਼ਰ ਰਹੀਆਂ। ਚੇਅਰਮੈਨ ਚਰਨਜੀਤ ਸਿੰਘ ਚੰਨੀ ਨੇ ਸਮਾਜ ਵਿੱਚ ਯੋਗਦਾਨ ਪਾਉਣ ਵਾਲਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਿੱਖਿਆ ਸੰਸਥਾਵਾਂ ਦਾ ਫਰਜ਼ ਹੈ ਕਿ ਉਹ ਵਿਦਿਆਰਥੀਆਂ ਨੂੰ ਸਮਾਜ ਪ੍ਰਤੀ ਜ਼ਿੰਮੇਵਾਰ ਨਾਗਰਿਕ ਬਣਾਉਣ। ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ ਨੇ ਕਿਹਾ ਕਿ ਅਜਿਹੀਆਂ ਪਹਿਲ ਕਦਮੀਆਂ ਵਿਦਿਆਰਥੀਆਂ ਵਿੱਚ ਨੇਤ੍ਰਤਵ, ਦਿਆਲਤਾ ਅਤੇ ਇਮਾਨਦਾਰੀ ਦੇ ਮੁੱਲ ਵਿਕਸਤ ਕਰਦੀਆਂ ਹਨ ਅਤੇ ਸੰਸਥਾ ਅਤੇ ਸਮਾਜ ਵਿਚਕਾਰ ਰਿਸ਼ਤਿਆਂ ਨੂੰ ਮਜ਼ਬੂਤ ਕਰਦੀਆਂ ਹਨ। ਸਨਮਾਨਤ ਮਹਿਮਾਨਾਂ ਨੂੰ ਪ੍ਰਸ਼ੰਸਾ-ਪੱਤਰ ਤੇ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।

## ਆਰ ਬੀ ਯੂ ਨੇ ਹੁਨਰ ਵਿਕਾਸ ਵਰਕਸ਼ਾਪ ਲਗਾਈ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਦੀ ਅਗਵਾਈ ਹੇਠ ਯੂਨੀਵਰਸਿਟੀ ਸਕੂਲ ਆਫ਼ ਫੈਸ਼ਨ, ਬਿਊਟੀ ਅਤੇ ਲਾਈਫਸਟਾਈਲ ਡਿਜ਼ਾਈਨ ਨੇ ਐੱਨ ਐੱਸ ਐੱਸ ਯੂਨਿਟ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਜੱਲੋਵਾਲ ਵਿਖੇ ਇੱਕ ਹੁਨਰ ਵਿਕਾਸ ਵਰਕਸ਼ਾਪ ਦਾ ਆਯੋਜਨ ਕੀਤਾ। ਇਹ ਪ੍ਰੋਗਰਾਮ ਵਾਈਸ ਚਾਂਸਲਰ ਡਾ. ਚੰਦਰ ਮੋਹਨ ਦੀ ਅਗਵਾਈ ਅਤੇ ਯੂਨੀਵਰਸਿਟੀ ਸਕੂਲ ਆਫ਼ ਫੈਸ਼ਨ, ਬਿਊਟੀ ਅਤੇ ਲਾਈਫਸਟਾਈਲ ਡਿਜ਼ਾਈਨ ਦੇ ਮੁਖੀ ਚਰਨਪ੍ਰੀਤ ਸਿੰਘ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ ਸੀ। ਇਸ ਪ੍ਰੋਗਰਾਮ ਦਾ ਉਦੇਸ਼ ਸਕੂਲੀ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਕਾਰੋਬਾਰੀ ਜਾਗਰੂਕਤਾ ਅਤੇ ਭਾਈਚਾਰਕ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨਾ ਸੀ। ਐੱਨ ਐੱਸ ਐੱਸ ਅਧਿਆਪਕ ਕੋਆਰਡੀਨੇਟਰ ਪੰਕਜ ਅਤੇ ਜਸਨੀਤ ਕੌਰ ਨੇ ਸਕੂਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਪ੍ਰੋਗਰਾਮ ਦਾ ਤਾਲਮੇਲ ਕੀਤਾ। ਯੂਨੀਵਰਸਿਟੀ ਦੇ ਐੱਨ ਐੱਸ ਐੱਸ ਵਲੰਟੀਅਰਾਂ ਅਤੇ ਵਿਦਿਆਰਥੀਆਂ ਲਈ ਇੱਕ ਵਿਹਾਰਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਵਰਕਸ਼ਾਪ ਨੇ ਵਿਦਿਆਰਥੀਆਂ ਨੂੰ ਹੱਥ ਪੇਂਟਿੰਗ, ਕਢਾਈ ਅਤੇ ਕਰੋਸ਼ੀਆ ਵਿੱਚ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ। ਇਹਨਾਂ ਸੈਸ਼ਨਾਂ ਨੇ ਰਚਨਾਤਮਕ ਪ੍ਰਗਟਾਵੇ ਦੇ ਮੌਕੇ ਪ੍ਰਦਾਨ ਕੀਤੇ ਅਤੇ ਉਹਨਾਂ ਨੂੰ ਸ਼ਿਲਪਕਾਰੀ-ਅਧਾਰਤ ਹੁਨਰ ਸਿਖਾਏ ਜੋ ਭਵਿੱਖ ਵਿੱਚ ਉਹਨਾਂ ਨੂੰ ਸਵੈ-ਨਿਰਭਰ ਬਣਨ ਵਿੱਚ ਮਦਦ ਕਰ ਸਕਦੇ ਹਨ।

## ਕਾਂਸ਼ੀ ਰਾਮ ਦੇ ਜਨਮ ਦਿਨ 'ਤੇ 15 ਨੂੰ ਹੋਵੇਗੀ ਸੱਤਾ ਪ੍ਰਾਪਤ ਕਰੋ ਰੈਲੀ : ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ, ਬੀ ਐੱਸ ਸੈਣੀ)**- ਬਹੁਜਨ ਸਮਾਜ ਪਾਰਟੀ ਵਲੋਂ ਪੰਜਾਬ ਨੂੰ ਬਰਬਾਦੀ ਤੋਂ ਬਚਾਉਣ ਲਈ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਪੰਜਾਬ ਦੀ ਮੌਜੂਦਾ ਸਿਆਸੀ ਸਥਿਤੀ 'ਤੇ ਚਿੰਤਾ ਪ੍ਰਗਟ ਕਰਦਿਆਂ 15 ਮਾਰਚ ਨੂੰ ਕਾਂਸ਼ੀ ਰਾਮ ਦੇ ਜਨਮ ਦਿਨ ਮੌਕੇ ਦਾਣਾ ਮੰਡੀ, ਬਹਿਰਾਮ ਵਿਖੇ ਹੋਣ ਵਾਲੀ 'ਸੱਤਾ ਪ੍ਰਾਪਤ ਕਰੋ ਰੈਲੀ' ਵਿੱਚ ਪਹੁੰਚਣ ਦਾ ਜ਼ੋਰਦਾਰ ਸੱਦਾ ਦਿੱਤਾ। ਕਰੀਮਪੁਰੀ ਨੇ ਕਿਹਾ ਕਿ ਪੰਜਾਬ ਇਸ ਵੇਲੇ ਬਰਬਾਦੀ ਦੇ ਕੰਢੇ 'ਤੇ ਹੈ। ਸੂਬੇ ਨੂੰ ਬਚਾਉਣ ਲਈ ਪਾਰਟੀ ਵੱਲੋਂ 'ਪੰਜਾਬ ਸੰਭਾਲੋ' ਮੁਹਿੰਮ ਵਿੱਢੀ ਗਈ ਹੈ, ਜਿਸ ਦਾ ਮੁੱਖ ਮਕਸਦ ਲੋਕਾਂ ਨੂੰ ਜਾਗਰੂਕ ਕਰਨਾ ਅਤੇ ਸੱਤਾ ਤਬਦੀਲੀ ਲਿਆਉਣਾ ਹੈ। ਉਨ੍ਹਾਂ ਕਿਹਾ ਕਾਂਸ਼ੀ ਰਾਮ ਨੇ ਹਮੇਸ਼ਾ ਦੁਖੀ , ਦੱਬੇ-ਕੁਚਲੇ ਲੋਕਾਂ ਨੂੰ ਰਾਜਭਾਗ ਦਾ ਮਾਲਕ ਬਣਾਉਣ ਦਾ ਸੁਪਨਾ ਵੇਖਿਆ ਸੀ। ਉਹਨਾਂ ਦੇ ਜਨਮ ਦਿਨ 'ਤੇ ਹੋਣ ਵਾਲਾ ਇਹ ਇਕੱਠ ਬਹੁਜਨ ਸਮਾਜ ਦੀ ਇੱਕਜੁੱਟਤਾ ਦਾ ਪ੍ਰਤੀਕ ਹੋਵੇਗਾ। ਕਰੀਮਪੁਰੀ ਨੇ ਕਿਹਾ ਪੰਜਾਬ ਦੀ ਬਰਬਾਦੀ ਨੂੰ ਰੋਕਣ ਲਈ ਅਤੇ ਸੰਵਿਧਾਨਕ ਹੱਕਾਂ ਦੀ ਰਾਖੀ ਲਈ ਹੁਣ ਸੱਤਾ ਦੀ ਚਾਬੀ ਆਪਣੇ ਹੱਥ ਲੈਣ ਦਾ ਸਮਾਂ ਆ ਗਿਆ ਹੈ। ਬਹਿਰਾਮ ਦੀ ਰੈਲੀ ਸੂਬੇ ਦੀ ਸਿਆਸਤ ਵਿੱਚ ਨਵਾਂ ਮੋੜ ਲਿਆਵੇਗੀ। ਉਨਾਂ ਬਸਪਾ ਆਗੂਆਂ ਨੂੰ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਰੈਲੀ ਲਈ ਲਾਮਬੰਦ ਕਰਨ ਲਈ ਪ੍ਰੇਰਿਤ ਕੀਤਾ। ਡਾ. ਕਰੀਮਪੁਰੀ ਨੇ ਕਿਹਾ ਕਿ ਬਸਪਾ ਵਲੋਂ ਵਿੱਢੀ ਪੰਜਾਬ ਸੰਭਾਲੋ ਮੁਹਿੰਮ ਦਾ ਮੁੱਖ ਮਕਸਦ ਨਸ਼ਾ ਮੁਕਤ ਤੇ ਸਿਹਤਮੰਦ ਅਤੇ ਖੁਸ਼ਹਾਲ ਪੰਜਾਬ ਹੈ। ਬਾਬਾ ਸਾਹਿਬ ਡਾ. ਅੰਬੇਡਕਰ ਤੇ ਸਾਹਿਬ ਕਾਂਸ਼ੀ ਰਾਮ ਦੇ 'ਬੇਗਮਪੁਰਾ' ਦੇ ਸੰਕਲਪ ਨੂੰ ਲਾਗੂ ਕਰਨਾ ਹੀ ਸੱਚੀ ਸ਼ਰਧਾਂਜਲੀ ਹੋਵੇਗੀ।



## ਗੈਰ ਕਾਨੂੰਨੀ ਮਾਈਨਿੰਗ ਬੰਦ ਨਾ ਹੋਈ ਤਾਂ ਐੱਸ ਕੇ ਐੱਮ ਕਰੇਗਾ ਵੱਡਾ ਐਕਸ਼ਨ

**ਅੱਡਾ ਸਰਾਂ/ਟਾਂਡਾ (ਜਸਵੀਰ ਕਾਜਲ, ਉਂਕਾਰ ਸਿੰਘ)**- ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਪੰਜਾਬ ਚੈਪਟਰ ਦੀ ਮੀਟਿੰਗ ਟਾਂਡਾ ਵਿਖੇ ਕਾਕਾ ਸਿੰਘ ਕੋਟੜਾ



ਜਨਰਲ ਸਕੱਤਰ ਬੀ ਕੇ ਯੂ ਸਿੱਧੂਪੁਰ ਤੇ ਅਮਰਜੀਤ ਸਿੰਘ ਰੜਾ ਸੂਬਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਆਜ਼ਾਦ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿਚ ਕਨਵੀਨਰ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਵਿਚ ਕਿਸਾਨਾਂ ਦੀਆਂ ਮੰਗਾਂ ਦੀ ਆਵਾਜ਼ ਬੁਲੰਦ ਕਰਨ ਲਈ ਕੰਨਿਆ ਕੁਮਾਰੀ ਤੋਂ ਚੱਲੀ ਹੋਈ ਯਾਤਰਾ 6 ਮਾਰਚ ਨੂੰ ਨੂੰ ਪੰਜਾਬ ਵਿਚ ਦਾਖਲ ਹੋਣ ਤੇ ਜ਼ੋਰਦਾਰ ਸਵਾਗਤ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ । ਇਸ ਮੌਕੇ ਸਿੱਧੂਪੁਰ ਅਤੇ ਰੜਾ ਨੇ ਇਸ ਯਾਤਰਾ ਦੇ ਸਵਾਗਤ ਲਈ ਕਿਸਾਨਾਂ ਨੂੰ ਲਾਮਬੰਦ ਕਰਦੇ ਹੋਏ ਆਖਿਆ ਕਿ ਇਹ ਯਾਤਰਾ ਫਾਜ਼ਿਲਕਾ, ਮੁਕਤਸਰ, ਫਰੀਦਕੋਟ ਹੁੰਦੀ ਹੋਈ 7 ਮਾਰਚ ਨੂੰ ਬਠਿੰਡਾ, ਮਾਨਸਾ, ਬਰਨਾਲਾ, ਸੰਗਰੂਰ, 8 ਮਾਰਚ ਨੂੰ ਪਟਿਆਲਾ, ਮੁਹਾਲੀ, ਸ੍ਰੀ ਫਤਿਹਗੜ੍ਹ ਸਾਹਿਬ ਅਤੇ 9 ਮਾਰਚ ਨੂੰ ਲੁਧਿਆਣਾ, ਫਗਵਾੜਾ, ਭੋਗਪੁਰ, ਟਾਂਡਾ, ਦਸੂਹਾ ਤੇ ਮੁਕੇਰੀਆਂ ਹੁੰਦੀ ਹੋਈ ਪਠਾਨਕੋਟ ਵਿਖੇ ਰੁਕੇਗੀ। ਉਕਤ ਆਗੂਆਂ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸਵਾਮੀਨਾਥਨ ਰਿਪੋਰਟ ਨੂੰ ਲਾਗੂ ਕਰਵਾਉਣ , ਕਿਸਾਨਾਂ ਦੇ ਸਮੁੱਚੇ ਕਰਜ਼ ਮਾਫੀ, ਅਮਰੀਕਾ ਨਾਲ ਫ੍ਰੀ ਟਰੇਡ, ਬਿਜਲੀ ਸੋਧ ਐਕਟ ਦਾ ਵਿਰੋਧ ਕਰਨ ਦੇ ਨਾਲ ਨਾਲ ਐੱਮ ਐੱਸ ਪੀ ਦੀ ਗਰੰਟੀ ਤੇ ਹੋਰਨਾਂ ਕਿਸਾਨੀ ਮੰਗਾਂ ਦੇ ਹੱਕ ਵਿਚ ਆਵਾਜ਼ ਬੁਲੰਦ ਕੀਤੀ ਜਾਵੇਗੀ। ਇਸਦੇ ਨਾਲ ਹੀ ਉਨ੍ਹਾਂ ਦੱਸਿਆ ਕਿ ਟਾਂਡਾ ਵਿਧਾਨ ਸਭਾ ਹਲਕੇ ਦੇ ਨਾਲ ਨਾਲ ਪੰਜਾਬ ਦੇ ਹੋਰਨਾਂ ਜ਼ਿਲਿਆਂ ਵਿਚ ਦਰਿਆਵਾਂ ਦੇ ਕਿਨਾਰਿਆਂ ਤੇ ਲਗਾਤਾਰ ਮਾਈਨਿੰਗ ਹੋ ਰਹੀ ਹੈ । ਜਿਸ ਨਾਲ ਦਰਿਆਵਾਂ ਦੇ ਲਾਗੇ ਉਪਜਾਊ ਜਮੀਨ ਵੱਡੇ ਪੱਧਰ ਤੇ ਪਾਣੀ ਨਾਲ ਖੁਰ ਰਹੀ ਹੈ । ਇਸ ਮੌਕੇ ਸਤਨਾਮ ਸਿੰਘ ਬਾਗੜੀਆਂ ਪ੍ਰਧਾਨ ਪਗੜੀ ਸੰਭਾਲ ਲਹਿਰ, ਮਨਪ੍ਰੀਤ ਸਿੰਘ ਬਾਠ ਜਨਰਲ ਸਕੱਤਰ ਕਿਸਾਨ ਵੈਲਫੇਅਰ ਕਮੇਟੀ, ਸੁਖਪਾਲ ਸਿੰਘ ਡੱਫਰ ਪ੍ਰਧਾਨ ਗੰਨਾ ਸੰਘਰਸ਼ ਕਮੇਟੀ,ਹਰਪ੍ਰੀਤ ਸਿੰਘ ਸੰਧੂ ਮੀਤ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਆਜ਼ਾਦ, ਬਲਜੀਤ ਸਿੰਘ ਤੱਗੜ ਜਨਰਲ ਸਕੱਤਰ ਭਾਰਤੀ ਕਿਸਾਨ ਯੂਨੀਅਨ, ਗੁਰ ਪ੍ਰਤਾਪ ਸਿੰਘ ਲੁਧਿਆਣੇ, ਸੁਖਦੇਵ ਸਿੰਘ ਚੀਮਾ ਅਤੇ ਹਰਜੀਤ ਸਿੰਘ ਖਾਲਸਾ ਜ਼ਿਲ੍ਹਾ ਪ੍ਰਧਾਨ ਜਲੰਧਰ ਬੀ ਕੇ ਯੂ ਸਿੱਧੂਪੁਰ ਹਾਜ਼ਰ ਰਹੇ।

## ਪੰਜਾਬ ਗੁਰੂਆਂ ਦੀ ਧਰਤੀ, ਤਪ-ਤਿਆਗ ਤੇ ਕੁਰਬਾਨੀ ਦੀ ਭੂਮੀ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਦੀਨਾਨਗਰ ਵਿੱਚ ਸੈਣੀ ਸਮਾਜ ਵੱਲੋਂ ਕਰਵਾਏ ਗਏ ਪ੍ਰੋਗਰਾਮ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਗੁਰੂਆਂ ਦੀ ਧਰਤੀ ਹੈ, ਇਹ ਤਪ, ਤਿਆਗ ਅਤੇ ਕੁਰਬਾਨੀ ਦੀ ਭੂਮੀ ਹੈ। ਉਨ੍ਹਾਂ ਕਿਹਾ ਕਿ ਵੰਡ ਦੀ ਪੀੜ ਝੱਲਣ ਦੇ ਬਾਵਜੂਦ ਇੱਥੋਂ ਦੇ ਲੋਕਾਂ ਨੇ ਕਦੇ ਵੀ ਨਿਰਾਸ਼ਾ ਨੂੰ ਆਪਣੇ ਉੱਤੇ ਭਾਰੂ ਨਹੀਂ ਹੋਣ ਦਿੱਤਾ ਅਤੇ ਆਤਮ-ਵਿਸ਼ਵਾਸ ਨੂੰ ਆਪਣੀ ਸਭ ਤੋਂ ਵੱਡੀ ਤਾਕਤ ਬਣਾਇਆ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਦੀਆਂ ਆਉਣ ਵਾਲੀਆਂ ਚੋਣਾਂ ਸਿਰਫ਼ ਸਰਕਾਰ ਬਦਲਣ ਦੀਆਂ ਚੋਣਾਂ ਨਹੀਂ ਹਨ, ਇਹ ਚੋਣਾਂ ਪੰਜਾਬ ਦੀ ਸਿਆਸੀ ਦਿਸ਼ਾ ਬਦਲਣ ਅਤੇ ਸਮਾਜ ਨੂੰ ਸਨਮਾਨ ਦਿਵਾਉਣ ਦਾ ਮੌਕਾ ਹਨ।ਉਨ੍ਹਾਂ ਕਿਹਾ ਕਿ ਇਸ ਪਵਿੱਤਰ ਧਰਤੀ 'ਤੇ ਆ ਕੇ ਉਹ ਆਪਣੇ ਆਪ ਨੂੰ ਮਾਣਮੱਤਾ ਮਹਿਸੂਸ ਕਰ ਰਹੇ ਹਨ।

## ਅਮਿਤ ਸ਼ਾਹ ਦੀ ਮੋਗਾ ਰੈਲੀ ਇਤਿਹਾਸਕ ਹੋਵੇਗੀ : ਹਰਜੋਤ ਕਮਲ

**ਬਲਾਚੌਰ (ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਵੱਲੋਂ 14 ਮਾਰਚ ਨੂੰ ਮੋਗਾ ਵਿਖੇ ਇਕ ਵਿਸ਼ਾਲ ਤੇ ਇਤਿਹਾਸਕ ਜਨ ਸਭਾ ਆਯੋਜਿਤ ਕੀਤੀ ਜਾ ਰਹੀ ਹੈ। ਇਸ ਮਹਾਂ ਰੈਲੀ ਨੂੰ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ।ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਰੈਲੀ ਦੀਆਂ ਤਿਆਰੀਆਂ ਜੋਰਾਂ-ਸ਼ੋਰਾਂ ਨਾਲ ਕੀਤੀਆਂ ਜਾ ਰਹੀਆਂ ਹਨ ਅਤੇ ਪੰਜਾਬ ਭਰ ਵਿੱਚ ਉਤਸ਼ਾਹ ਦਾ ਮਾਹੌਲ ਬਣਿਆ ਹੋਇਆ ਹੈ। ਰੈਲੀ ਦੌਰਾਨ ਅਮਿਤ ਸ਼ਾਹ ਪੰਜਾਬ ਦੇ ਸਮੂਹਿਕ ਵਿਕਾਸ ਲਈ ਭਾਜਪਾ ਦਾ ਵਿਜ਼ਨ ਡੌਕਯੂਮੈਂਟ ਪੇਸ਼ ਕਰ ਸਕਦੇ ਹਨ।ਹਰਜੋਤ ਕਮਲ, ਸਾਬਕਾ ਵਿਧਾਇਕ ਮੋਗਾ ਅਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਮੋਗਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 14 ਮਾਰਚ ਦੀ ਰੈਲੀ ਮੋਗਾ ਦੇ ਇਤਿਹਾਸ ਵਿੱਚ ਇੱਕ ਨਵਾਂ ਅਧਿਆਇ ਲਿਖੇਗੀ। ਉਨ੍ਹਾਂ ਕਿਹਾ ਕਿ ਮੋਗਾ ਤੇ ਪੰਜਾਬ ਦੇ ਵੱਖ ਵੱਖ ਇਲਾਕਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਇਸ ਰੈਲੀ ਵਿੱਚ ਸ਼ਮੂਲੀਅਤ ਕਰਨਗੇ।



## ਅਣਪਛਾਤੇ ਵਾਹਨ ਦੀ ਟੱਕਰ ਤੋਂ ਬਾਅਦ ਖੇਤਾਂ 'ਚ ਪਲਟੀ ਥਾਰ

**ਬਲਾਚੌਰ (ਜਸਵਿੰਦਰ ਬੈਂਸ)**- ਬੀਤੇ ਸਮੇਂ ਦੌਰਾਨ ਟੋਲ ਪਲਾਜ਼ਾ ਬੱਛੂਆ ਦੇ ਨਜ਼ਦੀਕ ਇੱਕ ਤੇਜ਼ ਰਫ਼ਤਾਰ ਥਾਰ ਗੱਡੀ ਹਾਦਸਾਗ੍ਰਸਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਅਨੁਸਾਰ, ਇੱਕ ਥਾਰ , ਜਿਸਨੂੰ ਗੁਰਪ੍ਰੀਤ ਮੀਲੂ ਵਾਸੀ ਐਮਾ ਚਾਹਲ, ਚਲਾ ਰਿਹਾ ਸੀ, ਟੋਲ ਪਲਾਜ਼ਾ ਤੋਂ ਰੋਪੜ ਸਾਈਡ ਵੱਲ ਜਾ ਰਹੀ ਸੀ।ਜਦੋਂ ਗੱਡੀ ਟੋਲ ਪਲਾਜ਼ਾ ਦੇ ਨੇੜੇ ਪਹੁੰਚੀ, ਤਾਂ ਕਿਸੇ ਅਣਪਛਾਤੇ ਵਾਹਨ ਨੇ ਉਸ ਨੂੰ ਸਾਈਡ ਮਾਰ ਦਿੱਤੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਗੱਡੀ ਦਾ ਸੰਤੁਲਨ ਵਿਗੜ ਗਿਆ ਅਤੇ ਉਹ ਸੜਕ ਤੋਂ ਉਤਰ ਕੇ ਖੇਤਾਂ ਵਿੱਚ ਜਾ ਪਲਟੀ। ਰਾਹਤ ਦੀ ਗੱਲ ਇਹ ਰਹੀ ਕਿ ਇਸ ਹਾਦਸੇ ਵਿੱਚ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਨਹੀਂ ਹੋਇਆ ਅਤੇ ਚਾਲਕ ਵਾਲ-ਵਾਲ ਬਚ ਗਿਆ।ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਕਾਠਗੜ੍ਹ ਦੀ ਸਮੇਤ ਮੌਕੇ 'ਤੇ ਪਹੁੰਚੇ। ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਰੋਡ ਕਲੀਅਰ ਕਰਵਾਇਆ ਗਿਆ ਤਾਂ ਜੋ ਆਵਾਜਾਈ ਵਿੱਚ ਕੋਈ ਵਿਘਨ ਨਾ ਪਵੇ। ਪੁਲਸ ਵੱਲੋਂ ਅਣਪਛਾਤੇ ਵਾਹਨ ਦੀ ਭਾਲ ਕੀਤੀ ਜਾ ਰਹੀ ਹੈ।



## ਬਿਕਰਮੀ ਸੰਮਤ 2083 ਮੌਕੇ ਤੀਜੇ 108 ਹਵਨ ਕੁੰਡੀ ਯੱਗ ਦੀਆਂ ਤਿਆਰੀਆਂ ਮੁਕੰਮਲ

**ਬਲਾਚੌਰ (ਜਸਵਿੰਦਰ ਬੈਂਸ)**- ਸਨਾਤਨ ਧਰਮ ਸਭਾ ਬਲਾਚੌਰ ਦੀ ਅਹਿਮ ਬੈਠਕ ਸ੍ਰੀ ਬਾਬਾ ਬਲਰਾਜ ਮੰਦਰ ਬਲਾਚੌਰ ਵਿਖੇ ਸ੍ਰੀ ਸੁਰਿੰਦਰ ਪਨੇਸਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸਨਾਤਨ ਧਰਮ ਸਭਾ ਬਲਾਚੌਰ ਵੱਲੋਂ



ਭਾਰਤੀ ਨਵੇਂ ਸਾਲ ਮੌਕੇ ਆਯੋਜਿਤ ਕੀਤੇ ਜਾ ਰਹੇ ਸਮਾਗਮ ਦੀ ਰੂਪ-ਰੇਖਾ ਅਤੇ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਨਾਤਨ ਧਰਮ ਸਭਾ ਦੇ ਜਨਰਲ ਸਕੱਤਰ ਗਗਨਦੀਪ ਸਿੰਘ ਨੇ ਦੱਸਿਆ ਕਿ ਭਾਰਤੀ ਨਵਾਂ ਸਾਲ ਵਿਕਰਮੀ ਸੰਮਤ 2083 ਸ਼ੁਰੂ ਹੋਣ ਜਾ ਰਿਹਾ ਹੈ ਅਤੇ ਸਨਾਤਨ ਧਰਮ ਸਭਾ ਬਲਾਚੌਰ ਨੇ ਇਸ ਦਿਹਾੜੇ ਨੂੰ ਪਿਛਲੇ ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਧੂਮ ਧਾਮ ਨਾਲ ਮਨਾਉਣ ਦਾ ਫੈਸਲਾ ਕੀਤਾ ਹੈ। ਉਹਨਾਂ ਦੱਸਿਆ ਕਿ ਸਮੂਹ ਇਲਾਕਾ ਨਿਵਾਸੀਆ ਦੇ ਸਹਿਯੋਗ ਨਾਲ ਇਸ ਵਾਰ 15 ਮਾਰਚ ਦਿਨ ਐਤਵਾਰ ਨੂੰ ਬੀ.ਏ.ਵੀ. ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਦੇ ਗਰਾਊਂਡ ਵਿਖੇ 108 ਹਵਨ ਕੁੰਡ ਲਗਾ ਕੇ ਹਵਨ ਯੱਗ ਕੀਤੇ ਜਾਣਗੇ। ਉਨਾਂ ਅੱਗੇ ਜਾਣਕਾਰੀ ਦਿੰਦੇ ਦੱਸਿਆ ਕਿ ਇਹਨਾਂ ਸਮਾਗਮਾਂ ਦੌਰਾਨ ਸਵਾਮੀ ਦਿਆਲ ਦਾਸ ਜੀ ਡੇਰਾ ਬੌੜੀ ਸਾਹਿਬ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ, ਜਦੋਂ ਕਿ ਵਿਜੇ ਨੱਡਾ ਸੰਗਠਨ ਮੰਤਰੀ ਵਿੱਦਿਆ ਭਾਰਤੀ (ਉੱਤਰ ਖੇਤਰ) ਮੁੱਖ ਬੁਲਾਰੇ ਵਜੋਂ ਅਤੇ ਸਵਾਮੀ ਨਮਰਤਾ ਨੰਦ ਜੀ ਭੂਰੀ ਵਾਲੇ ਕੁਟੀਆ ਉਧਨਵਾਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਉਨ੍ਹਾਂ ਸਮੂਹ ਇਲਾਕਾ ਨਿਵਾਸੀਆ ਨੂੰ ਇਸ ਧਾਰਮਿਕ ਆਯੋਜਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਸਨਾਤਨ ਧਰਮ ਸਭਾ ਦੇ ਰਾਣਾ ਰਣਦੀਪ ਕੌਸ਼ਲ, ਪਰਮਜੀਤ ਰੱਤੇਵਾਲੀਆ, ਪ੍ਰਦੀਪ ਨਾਗਪਾਲ, ਹਨੀ ਡੱਬ, ਵਿਸ਼ੂ ਰਾਣਾ, ਅਮਰਜੀਤ ਸਿੰਘ, ਲਲਿਤ ਰਾਣਾ, ਸੋਨੀ ਰਾਣਾ, ਬਲਵੰਤ ਕਿਸ਼ੋਰ, ਰਾਜੀਵ ਆਨੰਦ , ਸਤਨਾਮ ਪਨੇਸਰ, ਸੁਭਾਸ਼ ਚੰਦ ਰਾਣਾ, ਪ੍ਰਦੀਪ ਰਾਣਾ, ਸ਼ਿੰਗਾਰਾ ਰਾਮ ਅਤੇ ਅਰਿੰਦਰ ਸਿੰਘ ਲਾਡੀ ਆਦਿ ਪਤਵੰਤੇ ਹਾਜ਼ਰ ਸਨ।

## ਪਰਵਾਰ ਨੂੰ ਮਿਲਣ ਜਲੰਧਰ ਪਹੁੰਚੇ ਕ੍ਰਿਕਟਰ ਹਰਮੀਤ ਸਿੰਘ

**ਜਲੰਧਰ (ਸੁਰਿੰਦਰ ਕੁਮਾਰ)**-ਭਾਰਤ ਤੇ ਸ੍ਰੀਲੰਕਾ ਵਿਚਾਲੇ ਚੱਲ ਰਹੇ ਟੀ-20 ਵਰਲਡ ਕੱਪ ਦੇ ਦਰਮਿਆਨ ਅਮਰੀਕਾ ਦੀ ਟੀਮ ਨੇ ਦੂਜੀ ਵਾਰ ਇਸ ਵੱਡੇ ਟੂਰਨਾਮੈਂਟ ਵਿੱਚ ਹਿੱਸਾ ਲੈ ਕੇ ਸਭ ਦਾ ਧਿਆਨ ਖਿੱਚਿਆ ਹੈ। ਭਾਵੇਂ ਅਮਰੀਕੀ ਟੀਮ ਵਰਲਡ ਕੱਪ ਤੋਂ ਬਾਹਰ ਹੋ ਗਈ ਹੈ, ਪਰ ਇਸ ਦੇ ਸਟਾਰ ਆਲਰਾਊਂਡਰ ਹਰਮੀਤ ਸਿੰਘ ਨੇ ਆਪਣੀ ਸ਼ਾਨਦਾਰ ਗੇਂਦਬਾਜ਼ੀ ਨਾਲ ਪ੍ਰਸ਼ੰਸਕਾਂ ਦਾ ਦਿਲ ਜਿੱਤ ਲਿਆ ਹੈ।ਭਾਰਤ ਤੋਂ ਅਮਰੀਕਾ ਤੱਕ ਦਾ ਸਫ਼ਰ ਹਰਮੀਤ ਸਿੰਘ ਦਾ ਕ੍ਰਿਕਟ ਸਫ਼ਰ ਬੇਹੱਦ ਦਿਲਚਸਪ ਰਿਹਾ ਹੈ। ਉਹ ਭਾਰਤ ਵੱਲੋਂ ਦੋ ਵਾਰ ਅੰਡਰ-19 ਵਰਲਡ ਕੱਪ ਖੇਡ ਚੁੱਕੇ ਹਨ। ਸਾਲ 2020 ਵਿੱਚ ਉਹ ਅਮਰੀਕਾ ਚਲੇ ਗਏ ਸਨ ਤੇ ਹੁਣ ਉਹ ਅਮਰੀਕੀ ਰਾਸ਼ਟਰੀ ਟੀਮ ਦਾ ਅਹਿਮ ਹਿੱਸਾ ਹਨ। ਉਨ੍ਹਾਂ ਨੇ 2024 ਦੇ ਵਰਲਡ ਕੱਪ ਅਤੇ ਹੁਣ ਚੱਲ ਰਹੇ ਟੂਰਨਾਮੈਂਟ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਪਰਵਾਰ ਨੂੰ ਮਿਲਣ ਜਲੰਧਰ ਪਹੁੰਚੇ ਕ੍ਰਿਕਟਰ ਬੀਤੇ ਦਿਨੀਂ ਹਰਮੀਤ ਸਿੰਘ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਪਹੁੰਚੇ, ਜਿਸ ਤੋਂ ਬਾਅਦ ਉਹ ਆਪਣੇ ਦਾਦਾ ਦੇ ਭਰਾ ਦੇ ਪਰਿਵਾਰ ਨੂੰ ਮਿਲਣ ਲਈ ਜਲੰਧਰ ਪਹੁੰਚੇ। ਕਾਫੀ ਸਮੇਂ ਬਾਅਦ ਆਪਣੇ ਜੱਦੀ ਸਬੰਧਾਂ ਨੂੰ ਮਿਲ ਕੇ ਹਰਮੀਤ ਕਾਫੀ ਖੁਸ਼ ਨਜ਼ਰ ਆਏ।ਮੀਡੀਆ ਨਾਲ ਗੱਲਬਾਤ ਕਰਦਿਆਂ ਹਰਮੀਤ ਨੇ ਵਰਲਡ ਕੱਪ ਵਿੱਚ ਅਮਰੀਕਾ ਤੇ ਭਾਰਤ ਦੇ ਪ੍ਰਦਰਸ਼ਨ 'ਤੇ ਚਰਚਾ ਕੀਤੀ। ਉਨ੍ਹਾਂ ਨੇ ਮੈਦਾਨ ਦੇ ਅੰਦਰ ਅਤੇ ਬਾਹਰ ਦੇ ਕਈ ਯਾਦਗਾਰ ਪਲ ਸਾਂਝੇ ਕੀਤੇ ਅਤੇ ਭਵਿੱਖ ਦੀਆਂ ਉਮੀਦਾਂ ਬਾਰੇ ਵੀ ਗੱਲ ਕੀਤੀ।

## ਅਮਰ ਸਿੰਘ ਚਮਕੀਲਾ ਤੇ ਅਮਰਜੋਤ ਦੀ ਬਰਸੀ 'ਤੇ ਸੱਭਿਆਚਾਰਕ ਮੇਲਾ 15 ਨੂੰ

**ਆਦਮਪੁਰ (ਪਰਮਜੀਤ ਸਿੰਘ)** ਅਮਰ ਗਾਇਕ ਸਵ: ਅਮਰ ਸਿੰਘ ਚਮਕੀਲਾ ਤੇ ਬੀਬੀ ਅਮਰਜੋਤ ਦੀ 38ਵੀਂ ਬਰਸੀ ਤੇ ਸੱਭਿਆਚਾਰਕ ਮੇਲਾ ਗੁਰਮੀਤ ਮਹਿਮੀ, ਰੁਬੀਨਾ ਮਹਿਮੀ ਤੇ ਗੀਤਕਾਰ ਸੂਬਾ ਉਦੇਸੀਆ ਵਾਲਾ ਦੀ ਰਹਿਨੁਮਾਈ ਹੇਠ 15 ਮਾਰਚ ਨੂੰ ਖਲਵਾੜਾ ਕਲੋਨੀ ਪਿੰਡ ਖਲਵਾੜਾ ਚੰਡੀਗੜ੍ਹ ਰੋਡ ਵਿਖੇ ਮਨਾਈ ਜਾਵੇਗੀ। ਇਸ ਬਾਰੇ ਗੱਲ ਕਰਦਿਆ ਗੀਤਕਾਰ ਸੂਬਾ ਉਦੇਸੀਆ ਵਾਲੇ (ਆਦਮਪੁਰ ਦੋਆਬਾ) ਨੇ ਦੱਸਿਆ ਕਿ ਮੇਲੇ ਦੌਰਾਨ ਦੁਨੀਆਂ ਦੀ ਇਸ ਅਮਰ ਜੋੜੀ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਭੇਟ ਕੀਤੀ ਜਾਵੇਗੀ। ਇਸ ਮੌਕੇ ਇੰਟਰਨੈਸ਼ਨਲ ਗਾਇਕ ਅਮਰ ਅਰਸ਼ੀ ਨਰਿੰਦਰ ਜੋਤ, ਬਲਕਾਰ ਅਣਖੀਲਾ ਮਨਜਿੰਦਰ ਗੁਲਸ਼ਨ, ਜੈਮਨ ਚਮਕੀਲਾ ਗੀਆ ਸੰਧੂ, ਰਣਜੀਤ ਮਣੀ, ਆਤਮਾ ਬੁਢੇਵਾਲੀਆ ਚਮਕ ਚਮਕੀਲਾ, ਮੈਡੀ ਕਾਲੜਾ, ਅਨਮੋਲ ਵਿਰਕ, ਸਰੀਫ ਦਿਲਦਾਰ ਜਸਪ੍ਰੀਤ ਜੱਸੀ ਰਮਨ ਬਾਵਾ, ਕਿੱਕਰ ਡਾਲੇਵਾਲਾ, ਬਾਂਸੀ ਬਰਨਾਲਾ, ਹਰਨੇਕ ਘਾਰੂ ਤੇ ਜਸ਼ਨ ਧਾਲੀਵਾਲ ਜੀ ਬਿੱਟੂ ਖੰਨੇ ਵਾਲਾ ਹਰਨੀਲ ਅਖ਼ਤਰ, ਹਰਪਾਲ ਠੱਠੇਵਾਲ ਤੇ ਗੀਤਕਾਰ ਸੂਬਾ ਉਦੇਸੀਆ ਵਾਲਾਂ (ਆਦਮਪੁਰ ਦੋਆਬਾ), ਜਵਾਹਰ ਭਰੋਲੀ ਗੋਰਾ ਢੇਸੀ, ਸਰਪੰਚ ਬਡਾਲਾ,ਬੱਗਾ ਸਿੰਘਾਂ ਵਾਲਾ, ਸ਼ਮਸ਼ੇਰ ਝੱਜ,ਪੱਪੀ ਧੁਦੀਆਲ, ਰੂਬੀ ਸੰਧੂ ਕਨੈਡਾ, ਮੀਕਾ ਗੰਗੜ, ਬਲਵੀਰ ਮਿੱਠਾਪੁਰੀਆ, ਆਦੀ ਤੇ ਹੋਰ ਨਾਮਵਰ ਕਲਾਕਾਰ ਆਪਣੀ ਹਾਜ਼ਰੀ ਭਰਨਗੇ। ਮੇਲੇ ਵਿੱਚ ਗਾਇਕ ਤੇ ਗੀਤਕਾਰਾਂ ਨੂੰ ਵਿਸ਼ੇਸ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਪੰਜਾਬ ਵੱਲੋ ਸਵੈ ਇੱਛਕ ਖੂਨਦਾਨ ਕੈਂਪ ਵੀ ਲਗਾਇਆ ਜਾਵੇਗਾ ਗੁਰੂ ਕਾ ਲੰਗਰ ਅਟੁੱਟ ਵਰਤਿਆ ਜਾਵੇਗਾ।



## ਮੇਹਰ ਚੰਦ ਪੌਲੀਟੈਕਨਿਕ ਕਾਲਜ ਵਿਖੇ ਆਟੋਕੈਡ ਡਰਾਇੰਗ ਮੁਕਾਬਲਾ

**ਜਲੰਧਰ (ਸ਼ੈਲੀ ਐਲਬਰਟ)**-ਰਾਸ਼ਟਰੀ ਵਿਗਿਆਨ ਦਿਵਸ-2026 ਦੇ ਸੰਬੰਧ ਵਿੱਚ ਮੇਹਰ ਚੰਦ ਪੌਲੀਟੈਕਨਿਕ ਕਾਲਜ, ਜਲੰਧਰ ਵਿੱਚ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਸਰਪਰਸਤੀ ਤੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਰਾਜੀਵ ਭਾਟੀਆ ਦੀ ਅਗਵਾਈ ਹੇਠ ਵਿਭਾਗੀ ਆਟੋਕੈਡ ਡਰਾਇੰਗ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ ਕੁੱਲ ਅੱਠ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਤੇ ਆਪਣੀ ਤਕਨੀਕੀ ਰੇਖਾਂਕਨ ਕਾਬਲੀਅਤ ਅਤੇ ਰਚਨਾਤਮਕ ਸੋਚ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਕਾਰਜਕ੍ਰਮ ਦਾ ਉਦੇਸ਼ ਵਿਦਿਆਰਥੀਆਂ ਵਿੱਚ ਪ੍ਰਯੋਗਾਤਮਕ ਗਿਆਨ ਨੂੰ ਮਜ਼ਬੂਤ ਕਰਨਾ ਤੇ ਤਕਨੀਕੀ ਕੁਸ਼ਲਤਾ ਨੂੰ ਉਤਸ਼ਾਹਿਤ ਕਰਨਾ ਸੀ। ਮੁਕਾਬਲੇ ਦੀ ਪਰਖ ਲਈ ਮਕੈਨਿਕਲ ਵਿਭਾਗ ਤੋਂ ਸੁਸ਼ਾਂਤ, ਆਟੋਮੋਬਾਈਲ ਵਿਭਾਗ ਤੋਂ ਸਾਹਿਲ ਤੇ ਸਿਵਲ ਇੰਜੀਨੀਅਰਿੰਗ ਵਿਭਾਗ ਤੋਂ ਜਸਪਾਲ ਨੇ ਜੱਜ ਵਜੋਂ ਸੇਵਾਵਾਂ ਨਿਭਾਈਆਂ। ਨਤੀਜਿਆਂ ਅਨੁਸਾਰ ਅਗਮ ਕੁਮਾਰ ਨੇ ਪਹਿਲਾ ਸਥਾਨ ਹਾਸਲ ਕੀਤਾ, ਬਲਰਾਜ ਸਿੰਘ ਨੇ ਦੂਜਾ ਸਥਾਨ ਪ੍ਰਾਪਤ ਕੀਤਾ 'ਤੇ ਜਤਿਨ ਅਟਵਾਲ ਤੀਜੇ ਸਥਾਨ 'ਤੇ ਰਹੇ।ਜੇਤੂਆਂ ਨੂੰ ਪ੍ਰਮਾਣ-ਪੱਤਰ ਵੰਡ ਕੇ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਾਰੇ ਜੇਤੂਆਂ ਤੇ ਭਾਗੀਦਾਰਾਂ ਨੂੰ ਵਧਾਈ ਦਿੱਤੀ।



## ਭਾਂਖਰਪੁਰ ਵਿਖੇ ਕਾਨੂੰਨੀ ਸਾਖਰਤਾ ਕੈਂਪ



**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਅਤੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲਾਈ ਜਾ ਰਹੀ 'ਸਾਡੇ ਬਜ਼ੁਰਗ ਸਾਡਾ ਮਾਣ' ਮੁਹਿੰਮ ਤਹਿਤ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮੋਹਾਲੀ ਨਵਦੀਪ ਕੌਰ ਦੀ ਅਗਵਾਈ ਵਿੱਚ ਪਿੰਡ ਭਾਂਖਰਪੁਰ, ਡੇਰਾਬੱਸੀ ਵਿਖੇ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਇਆ ਗਿਆ। ਇਸ ਮੌਕੇ ਬੋਲਦਿਆਂ ਨਵਦੀਪ ਕੌਰ ਨੇ ਦੱਸਿਆ ਕਿ ਸਰਕਾਰ ਬਜ਼ੁਰਗਾਂ ਨੂੰ ਡਿਜੀਟਲ ਤੌਰ 'ਤੇ ਆਤਮ-ਨਿਰਭਰ ਬਣਾਉਣ ਤੇ ਉਨ੍ਹਾਂ ਦੇ ਹੱਕਾਂ ਪ੍ਰਤੀ ਜਾਗਰੂਕ ਕਰਨ ਲਈ ਵਚਨਬੱਧ ਹੈ। ਇਸ ਪ੍ਰੋਗਰਾਮ ਵਿੱਚ ਇਲਾਕੇ ਦੇ ਬਜ਼ੁਰਗਾਂ, ਆਂਗਣਵਾੜੀ ਵਰਕਰਾਂ, ਪੁਲਸ ਅਧਿਕਾਰੀਆਂ ਅਤੇ ਬੈਂਕਿੰਗ ਅਧਿਕਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਦੌਰਾਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਾਲ ਸਬੰਧਤ ਐਡਵੋਕੇਟ ਵੱਲੋਂ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਬਜ਼ੁਰਗਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਤੇ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਬੈਂਕਿੰਗ ਅਧਿਕਾਰੀਆਂ ਵੱਲੋਂ ਆਧੁਨਿਕ ਬੈਂਕਿੰਗ ਸੇਵਾਵਾਂ ਤੇ ਪੁਲਸ ਅਧਿਕਾਰੀਆਂ ਵੱਲੋਂ ਸਾਈਬਰ ਧੋਖਾਧੜੀ ਤੋਂ ਬਚਨ ਦੇ ਤਰੀਕਿਆਂ ਬਾਰੇ ਜਾਗਰੂਕ ਕੀਤਾ ਗਿਆ। ਇਹ ਸਮੁੱਚਾ ਪ੍ਰੋਗਰਾਮ ਬਹੁਤ ਹੀ ਪ੍ਰਭਾਵਸ਼ਾਲੀ ਰਿਹਾ, ਜਿਸ ਦੀ ਭਾਗੀਦਾਰ ਲੋਕਾਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਗਈ।

## ਧਾਰਮਿਕ ਸਮਾਗਮ ਦੌਰਾਨ ਜਾਗਰੂਕਤਾ ਸੈਮੀਨਾਰ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਝਾਂਵਾ ਵਿਖੇ ਸਥਿਤ ਗੁਰਦੁਆਰਾ ਹਰਸਰ ਸਾਹਿਬ ਵਿਚ ਬਾਬਾ ਸੋਹਣ ਸਿੰਘ ਜੀ ਸਮਰਪਿਤ ਆਯੋਜਿਤ ਧਾਰਮਿਕ ਸਮਾਗਮ ਦੌਰਾਨ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ । ਸਮਾਗਮ ਦੀ ਸ਼ੁਰੂਆਤ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਕੀਰਤਨ ਦਰਬਾਰ ਨਾਲ ਹੋਈ, ਜਿਸ ਵਿਚ ਰਾਗੀ ਜਥਿਆਂ ਵੱਲੋਂ ਗੁਰਬਾਣੀ ਦਾ ਰਸਭਰਾ ਕੀਰਤਨ ਕੀਤਾ ਗਿਆ। ਇਸ ਉਪਰੰਤ ਵਾਤਾਵਰਨ ਸੰਭਾਲ ਅਤੇ ਸਿਹਤ ਜਾਗਰੂਕਤਾ ਵਿਸ਼ੇ 'ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰੀ। ਸੈਮੀਨਾਰ ਦੌਰਾਨ ਡਾ. ਕੇਵਲ ਸਿੰਘ ਕਾਜਲ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਵਾਤਾਵਰਨ ਪ੍ਰਦੂਸ਼ਣ ਕਾਰਨ ਅੱਜ ਕਈ ਗੰਭੀਰ ਬਿਮਾਰੀਆਂ ਵੱਧ ਰਹੀਆਂ ਹਨ। ਉਨ੍ਹਾਂ ਨੇ ਹਵਾ ਅਤੇ ਪਾਣੀ ਦੀ ਗੁਣਵੱਤਾ ਘਟਣ ਨਾਲ ਜੁੜੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਜੇ ਅਸੀਂ ਸਮੇਂ ਸਿਰ ਸੁਚੇਤ ਨਾ ਹੋਏ ਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ-ਸੁਥਰਾ ਵਾਤਾਵਰਨ ਮੁਹੱਈਆ ਕਰਨਾ ਮੁਸ਼ਕਲ ਹੋ ਜਾਵੇਗਾ। ਉਨ੍ਹਾਂ ਨੇ ਸਧਾਰਣ ਜੀਵਨ-ਸ਼ੈਲੀ ਅਪਣਾਉਣ, ਘਰੇਲੂ ਸਫ਼ਾਈ ਰੱਖਣ ਅਤੇ ਨਿਯਮਿਤ ਸਿਹਤ ਜਾਂਚ ਕਰਵਾਉਣ ਦੀ ਅਪੀਲ ਕੀਤੀ। ਡਾ. ਲਵਪ੍ਰੀਤ ਸਿੰਘ ਪਾਬਲਾ ਨੇ ਕਿਹਾ ਕਿ ਮਨੁੱਖੀ ਸਿਹਤ ਸਿੱਧੇ ਤੌਰ 'ਤੇ ਵਾਤਾਵਰਨ ਨਾਲ ਜੁੜੀ ਹੋਈ ਹੈ। ਉਨ੍ਹਾਂ ਨੇ ਸੰਤੁਲਿਤ ਆਹਾਰ, ਸ਼ੁੱਧ ਪਾਣੀ ਦੀ ਵਰਤੋਂ, ਅਤੇ ਸਰੀਰਕ ਕਸਰਤ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਨਾਲ ਹੀ ਉਨ੍ਹਾਂ ਨੇ ਨਸ਼ਿਆਂ ਤੋਂ ਦੂਰ ਰਹਿਣ ਅਤੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਦੀ ਅਪੀਲ ਕੀਤੀ ਤਾਂ ਜੋ ਸਿਹਤਮੰਦ ਸਮਾਜ ਦੀ ਨੀਂਹ ਰੱਖੀ ਜਾ ਸਕੇ।ਕਿਸਾਨ ਆਗੂ ਦਿਲਬਾਗ ਸਿੰਘ ਸਾਹਿਬਬਾਜਪੁਰ ਨੇ ਗੁਰੂ ਸਾਹਿਬਾਨਾਂ ਦੀਆਂ ਸਿੱਖਿਆਵਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਸਿੱਖ ਧਰਮ ਸਾਨੂੰ ਪ੍ਰਕਿਰਤੀ ਨਾਲ ਸਹਿਜ ਜੀਵਨ ਜੀਊਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਨੇ ਗੁਰੂ ਨਾਨਕ ਦੇਵ ਜੀ ਦੀ ਬਾਣੀ ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ ਦਾ ਉਲੇਖ ਕਰਦਿਆਂ ਕਿਹਾ ਕਿ ਹਵਾ, ਪਾਣੀ ਅਤੇ ਧਰਤੀ ਨੂੰ ਮਾਤਾ-ਪਿਤਾ ਦੇ ਸਮਾਨ ਮਾਣ ਦੇ ਕੇ ਸੰਭਾਲਣਾ ਸਾਡਾ ਧਾਰਮਿਕ ਫਰਜ਼ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਰਸਾਇਣਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਅਤਿਅਧਿਕ ਵਰਤੋਂ ਘਟਾਉਣ ਅਤੇ ਜੈਵਿਕ ਖੇਤੀ ਵੱਲ ਵਧਣ ਦੀ ਅਪੀਲ ਕੀਤੀ। ਸਮਾਗਮ ਦੇ ਅੰਤ ਵਿਚ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਿਦਵਾਨਾਂ ਦਾ ਸਨਮਾਨ ਕੀਤਾ ਗਿਆ ਅਤੇ ਸੰਗਤ ਨੂੰ ਵਾਤਾਵਰਨ ਦੀ ਰੱਖਿਆ ਅਤੇ ਸਿਹਤ ਸੰਭਾਲ ਲਈ ਜਾਗਰੂਕ ਰਹਿਣ ਦਾ ਸੰਦੇਸ਼ ਦੇ ਕੇ ਧੰਨਵਾਦ ਕੀਤਾ ਗਿਆ। ਇਸ ਮੌਕੇ ਬਾਬਾ ਮੱਖਣ ਸਿੰਘ, ਹੈੱਡ ਗ੍ਰੰਥੀ ਨਰਿੰਦਰ ਸਿੰਘ, ਪ੍ਰਧਾਨ ਹਰਦੀਪ ਸਿੰਘ, ਰਣਜੀਤ ਸਿੰਘ, ਜਤਿੰਦਰ ਸਿੰਘ ਝਾਵਰ, ਸੁਰਿੰਦਰ ਸਿੰਘ, ਪ੍ਰਵਾਸੀ ਪੰਜਾਬੀ ਸੋਨੀ ਝਾਵਰ, ਹਰਜੀਤ ਸਿੰਘ, ਸੰਦੀਪ ਸਿੰਘ, ਗਿਆਨੀ ਜਗਜੀਤ ਸਿੰਘ, ਕੋਚ ਤਰਲੋਕ ਸਿੰਘ, ਬਲਜੀਤ ਸਿੰਘ, ਸੰਦੀਪ ਇਟਲੀ, ਰਾਜਾ, ਦਰਸ਼ਨ ਸਿੰਘ, ਨੱਥਾ ਸਿੰਘ, ਨਿਰੰਜਨ ਸਿੰਘ ਮਾਸਟਰ ਸੁਰਿੰਦਰ ਸਿੰਘ,ਮੇਜਰ ਸਿੰਘ, ਬਾਬਾ ਸੋਹਣ ਸਿੰਘ ਕਲੱਬ ਦੇ ਮੈਂਬਰ ਆਦਿ ਮੌਜੂਦ ਸਨ ।



## ਦੁਬਈ 'ਚ ਫਸੇ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਲਈ ਯਤਨ ਜਾਰੀ: ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**-ਈਰਾਨ-ਅਮਰੀਕਾ ਟਕਰਾਅ ਅਤੇ ਮੱਧ ਪੂਰਬ ਵਿੱਚ ਵਧ ਰਹੇ ਤਣਾਅ ਦੇ ਕਾਰਨ, ਪੰਜਾਬ ਸਰਕਾਰ ਸੰਯੁਕਤ ਅਰਬ ਅਮੀਰਾਤ, ਖਾਸ ਕਰਕੇ ਦੁਬਈ ਦੇ ਵੱਖ-ਵੱਖ ਹਵਾਈ ਅੱਡਿਆਂ 'ਤੇ ਫਸੇ ਪੰਜਾਬੀਆਂ ਦੀ ਸੁਰੱਖਿਆ ਪ੍ਰਤੀ ਪੂਰੀ ਤਰ੍ਹਾਂ ਸੁਚੇਤ ਹੈ। ਪ੍ਰਵਾਸੀ ਭਾਰਤੀ ਮਾਮਲਿਆਂ ਦੇ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਸੂਬਾ ਸਰਕਾਰ ਫਸੇ ਵਿਅਕਤੀਆਂ ਨਾਲ ਲਗਾਤਾਰ ਸੰਪਰਕ ਵਿੱਚ ਹੈ ਤੇ ਉਨ੍ਹਾਂ ਦੀ ਸੁਰੱਖਿਅਤ ਭਾਰਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਠੋਸ ਯਤਨ ਕਰ ਰਹੀ ਹੈ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਦੁਬਈ ਤੇ ਯੂ ਏ ਈ ਦੇ ਹੋਰ ਹਵਾਈ ਅੱਡਿਆਂ 'ਤੇ ਫਸੇ ਪੰਜਾਬ ਦੇ ਸੈਲਾਨੀਆਂ ਤੇ ਪ੍ਰਵਾਸੀਆਂ ਨਾਲ ਟੈਲੀਫੋਨ 'ਤੇ ਗੱਲ ਕੀਤੀ। ਉਨ੍ਹਾਂ ਨੇ ਮੌਜੂਦਾ ਸਥਿਤੀ ਤੇ ਉੱਥੇ ਆ ਰਹੀਆਂ ਸਮੱਸਿਆਵਾਂ ਬਾਰੇ ਪੁੱਛਗਿੱਛ ਕਰਨ ਲਈ ਐੱਸ ਐੱਸ ਡੀ ਗਰਲਜ਼ ਕਾਲਜ, ਬਠਿੰਡਾ ਦੀ ਪ੍ਰਿੰਸੀਪਲ ਨੀਰੂ ਗਰਗ ਨਾਲ ਵੀ ਵਿਸ਼ੇਸ਼ ਤੌਰ 'ਤੇ ਗੱਲ ਕੀਤੀ। ਉਨ੍ਹਾਂ ਕਿਹਾ ਕਿ ਰੁਜ਼ਗਾਰ ਜਾਂ ਸੈਰ-ਸਪਾਟੇ ਲਈ ਵਿਦੇਸ਼ ਗਏ ਪੰਜਾਬੀਆਂ ਦੀ ਸੁਰੱਖਿਆ ਸੂਬਾ ਸਰਕਾਰ ਦੀ ਪਹਿਲੀ ਤਰਜੀਹ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਪ੍ਰਭਾਵਿਤ ਲੋਕਾਂ ਦੀ ਸੁਰੱਖਿਅਤ ਅਤੇ ਜਲਦੀ ਵਾਪਸੀ ਨੂੰ ਯਕੀਨੀ ਬਣਾਉਣ ਲਈ ਕੇਂਦਰ ਸਰਕਾਰ ਅਤੇ ਸਬੰਧਤ ਭਾਰਤੀ ਦੂਤਾਵਾਸਾਂ ਨਾਲ ਨਿਰੰਤਰ ਤਾਲਮੇਲ ਵਿੱਚ ਹੈ।ਇਸ ਨਾਜ਼ੁਕ ਸਥਿਤੀ ਦੇ ਮੱਦੇਨਜ਼ਰ ਡਾ. ਰਵਜੋਤ ਸਿੰਘ ਨੇ ਭਾਰਤ ਦੇ ਵਿਦੇਸ਼ ਮੰਤਰੀ, ਐਸ. ਜੈਸ਼ੰਕਰ ਨੂੰ ਪੱਤਰ ਲਿਖ ਕੇ ਤੁਰੰਤ ਮੀਟਿੰਗ ਦੀ ਮੰਗ ਕੀਤੀ ਹੈ।

## ਚਹੇੜੂ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਪੁਰਬ ਮਨਾਇਆ



**ਬੰਗਾ (ਅਵਤਾਰ ਕਲੇਰ)**-ਡੇਰਾ ਧੰਨ ਧੰਨ ਸੰਤ ਬਾਬਾ ਫੂਲ ਨਾਥ, ਸੰਤ ਬਾਬਾ ਬ੍ਰਹਮ ਨਾਥ, ਨਾਨਕ ਨਗਰੀ ਚਿਹੇੜੂ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ 649ਵਾਂ ਪ੍ਰਕਾਸ਼ ਪੁਰਬ ਗੱਦੀਨਸ਼ੀਨ ਸੰਤ ਕ੍ਰਿਸ਼ਨ ਨਾਥ ਦੀ ਰਹਿਨੁਮਾਈ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਅਮ੍ਰਿਤ ਬਾਣੀ ਸ੍ਰੀ ਗੁਰੂ ਰਵਿਦਾਸ ਜੀ ਅਖੰਡ ਜਾਪਾਂ ਦੇ ਭੋਗ ਪਾਏ ਗਏ। ਡੇਰੇ ਵਿਖੇ ਹਰਿ ਦੇ ਨਿਸ਼ਾਨ ਸਾਹਿਬ ਝੁਲਾਏ ਗਏ। ਕੁਲ ਸੰਸਾਰ ਦੇ ਭਲੇ ਲਈ ਅਰਦਾਸ ਕੀਤੀ ਗਈ। ਸੰਤ ਕ੍ਰਿਸ਼ਨ ਨਾਥ ਵਲੋਂ ਸੰਗਤਾਂ ਨਾਲ ਪ੍ਰਵਚਨਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸਤਿਗੁਰੂ ਰਵਿਦਾਸ ਮਹਾਰਾਜ ਇਨਕਲਾਬੀ ਗੁਰੂ ਸਨ, ਉਨ੍ਹਾਂ ਦੀਆਂ ਸਿੱਖਿਆਵਾਂ ਤੇ ਚੱਲਣਾ ਚਾਹੀਦਾ ਹੈ। ਉਨ੍ਹਾਂ ਬਰਾਬਰਤਾ ਦਾ ਹੋਕਾ ਦਿੱਤਾ। ਭਾਰਤ ਦੇਸ਼ ਅੰਦਰ ਬੇਗਮਪੁਰਾ ਵਰਗੀ ਵਿਵਸਥਾ ਲਾਗੂ ਕਰਨਾ ਅਤਿ ਜ਼ਰੂਰੀ ਹੈ। ਵੱਖ ਵੱਖ ਦਰਬਾਰਾਂ ਤੋਂ ਸੰਤ ਅਵਤਾਰ ਦਾਸ ਚਿਹੇੜੂ, ਸੰਤ ਲਛਮਣ ਦਾਸ ਮੱਧ ਪ੍ਰਦੇਸ਼, ਸੰਤ ਬਲਵੀਰ ਦਾਸ ਖੰਨਾ, ਸਾਈਂ ਪੱਪਲ ਸ਼ਾਹ ਭਰੋਮਜਾਰਾ ਤੋਂ ਇਲਾਵਾ ਹੋਰ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਵੱਖ ਵੱਖ ਭਜਨ ਮੰਡਲੀਆਂ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਗੁਣਗਾਨ ਕੀਤਾ।ਉਪਰੰਤ ਇੰਟਰਨੈਸ਼ਨਲ ਕਲਾਕਾਰ ਕੰਠ ਕਲੇਰ, ਮਿਸ਼ਨਰੀ ਕਲਾਕਾਰ ਵਿੱਕੀ ਬਹਾਦਰਕੇ ਨੇ ਸੰਗਤਾਂ ਨੂੰ ਗੁਰੂ ਜੀ ਦੀ ਇਨਕਲਾਬੀ ਵਿਚਾਰਧਾਰਾ ਨਾਲ ਜੋੜਿਆ ਅਤੇ ਸੰਗਤਾਂ ਨੂੰ ਨਿਹਾਲ ਕੀਤਾ। ਗੱਦੀਨਸ਼ੀਨ ਸੰਤ ਕ੍ਰਿਸ਼ਨ ਨਾਥ ਵਲੋਂ ਲੇਖਕ ਮਹਿੰਦਰ ਸੰਧੂ ਮਹੇੜੂ, ਗੀਤਕਾਰ ਪੰਛੀ ਡੱਲੇਵਾਲੀਆ ਅਤੇ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ, ਦਾਨੀ ਪਰਵਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਸਾਰਿਆਂ ਦਾ ਧੰਨਵਾਦ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਕਮਲਜੀਤ ਖੋਥੜਾਂ ਵਲੋਂ ਬਾਖੂਬੀ ਨਿਭਾਈ ਗਈ।

## ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਮੀਟਿੰਗ



**ਫਿਲੌਰ (ਹਰਜਿੰਦਰ ਕੌਰ ਚਾਹਲ)**

ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਜ਼ਿਲ੍ਹਾ ਨਵਾਂਸ਼ਹਿਰ ਦੀ ਜ਼ਿਲ੍ਹਾ ਜਨਰਲ ਬਾਡੀ ਮੀਟਿੰਗ ਮੁਕੰਦਪੁਰ ਵਿਖੇ ਹੋਈ ਜਿਸ ਵਿੱਚ ਸਭਾ ਦੇ ਸੂਬਾ ਪ੍ਰਧਾਨ ਸਾਥੀ ਮਨਜਿੰਦਰ ਸਿੰਘ ਢੇਸੀ ਸੰਬੋਧਨ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਂਦੇ ਹੋਏ ਬਰਾਬਰਤਾ ਵਾਲਾ ਸਮਾਜ ਸਿਰਜਣ ਲਈ ਤੇ ਸ਼ਹੀਦ ਭਗਤ ਸਿੰਘ ਤੇ ਅਧੂਰੇ ਪਏ ਕਾਰਜ ਨੂੰ ਪੂਰਾ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ, ਉਹਨਾਂ ਕਿਹਾ ਕਿ ਨੌਜਵਾਨਾਂ ਤੇ ਰੁਜ਼ਗਾਰ ਸਿੱਖਿਆ, ਸਿਹਤ ਸੇਵਾਵਾਂ ਅਤੇ ਨਸ਼ਿਆਂ ਦੇ ਮਸਲਿਆ ਉਪਰ ਕੇਂਦਰ ਸਰਕਾਰ ਲਗਾਤਾਰ ਫੇਲ ਹੋਈ ਹੈ ਕੇਂਦਰ ਦੀ ਮੋਦੀ ਸਰਕਾਰ ਦੇਸ਼ ਅੰਦਰ ਫਿਰਕੂ ਵੰਡੀਆਂ ਪਾਉਣਾ ਚਾਹੁੰਦੀ ਹੈ ਜਿਸ ਕਾਰਨ ਘੱਟ ਗਿਣਤੀਆਂ, ਦਲਿਤਾਂ, ਔਰਤਾਂ ਉੱਪਰ ਹਮਲੇ ਵੱਧਦੇ ਜਾ ਰਹੇ ਹਨ। ਸਭਾ ਦੇ 6-7 ਮਾਰਚ ਨੂੰ ਤਲਵਾੜਾ ਵਿਖੇ ਹੋ ਰਹੇ ਜਥੇਬੰਦਕ ਅਜਲਾਸ ਵਿੱਚ ਪਹੁੰਚਣ ਲਈ ਡੈਲੀਗੇਟ ਸਾਥੀਆਂ ਦੀ ਵੰਡ ਵੀ ਕੀਤੀ ਗਈ ਤੇ 15 ਮਾਰਚ ਨੂੰ ਜਿਲੇ ਅੰਦਰ ਨੌਜਵਾਨਾਂ ਦਾ ਵਿਸ਼ਾਲ ਇਕੱਠ ਕਰਨ ਦਾ ਵੀ ਫੈਸਲਾ ਕੀਤਾ ਗਿਆ। ਇਸ ਮੌਕੇ ਕੁਲਦੀਪ ਸਿੰਘ ਬੀਕਾ, ਬੱਲੀ ਸ਼ੇਰਗਿੱਲ ਜਗਤਪੁਰ, ਰਮਨ ਸੰਧੂ ਬਘੌਰਾ, ਰਣਦੀਪ ਸਿੰਘ ਰਟੈਂਡਾ, ਚਰਨਜੀਤ ਰਾਮ ਜਗਤਪੁਰ, ਰਵਿੰਦਰ ਸੰਧੂ, ਨਿਖਲ ਮੱਲ੍ਹਪੋਤਾ, ਸੁੱਖਾ ਚੱਕਦਾਨਾ, ਸਿਮੋਨ ਮੁਕੰਦਪੁਰ, ਸੌਰਵ ਬੀਕਾ, ਪ੍ਰਿਸ ਮੁਕੰਦਪੁਰ ਤੋਂ ਇਲਾਵਾ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਆਗੂ ਹਰਪਾਲ ਜਗਤਪੁਰਾ ਵੀ ਹਾਜ਼ਰ ਸਨ।

## ਅਦਾਲਤ ਦੇ ਫੈਸਲੇ ਨੇ ਵਿਰੋਧੀਆਂ ਦੇ ਮੂੰਹ ਬੰਦ ਕਰ ਦਿੱਤੇ : ਜਲਾਲਪੁਰ

**ਪੋਜੇਵਾਲ (ਰਾਮ ਲਾਲ)**-ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਹੋਰ ਸੀਨੀਅਰ ਆਗੂਆਂ ਦੇ ਕਥਿਤ ਸ਼ਰਾਬ ਘੁਟਾਲੇ ਵਿੱਚੋਂ ਬਿਨਾਂ ਸ਼ਰਤ ਬਰੀ ਹੋਣ 'ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਆਪ ਟੀਮ ਵਿੱਚ ਖੁਸ਼ੀ ਦੀ ਲਹਿਰ ਹੈ। ਇਸ ਸਬੰਧੀ ਪ੍ਰੈੱਸ ਨੂੰ ਸੰਬੋਧਨ ਕਰਦਿਆਂ ਸਤਨਾਮ ਜਲਾਲਪੁਰ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਨੇ ਕਿਹਾ ਕਿ ਅੱਜ ਸੱਚ ਦੀ ਜਿੱਤ ਹੋਈ ਹੈ ਅਤੇ ਅਦਾਲਤ ਨੇ ਸਾਬਤ ਕਰ ਦਿੱਤਾ ਹੈ ਕਿ ਅਰਵਿੰਦ ਕੇਜਰੀਵਾਲ ਇੱਕ ਬੇਦਾਗ ਅਤੇ ਇਮਾਨਦਾਰ ਨੇਤਾ ਹਨ।ਸਤਨਾਮ ਜਲਾਲਪੁਰ ਨੇ ਵਿਰੋਧੀ ਪਾਰਟੀਆਂ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਸਿਰਫ਼ ਸਿਆਸੀ ਫਾਇਦੇ ਅਤੇ ਦਿੱਲੀ ਦੀ ਸੱਤਾ ਹਾਸਲ ਕਰਨ ਲਈ ਪਾਰਟੀ ਦੇ ਮੁੱਖ ਲੀਡਰਾਂ 'ਤੇ ਝੂਠੇ ਕੇਸ ਪਾਏ ਗਏ ਸਨ। ਉਨ੍ਹਾਂ ਕਿਹਾ ਜਾਂਚ ਏਜੰਸੀਆਂ ਅਦਾਲਤ ਵਿੱਚ ਕੋਈ ਵੀ ਸਬੂਤ ਪੇਸ਼ ਨਹੀਂ ਕਰ ਸਕੀਆਂ। ਅਦਾਲਤ ਨੇ ਉਨ੍ਹਾਂ ਅਧਿਕਾਰੀਆਂ 'ਤੇ ਵੀ ਕਾਰਵਾਈ ਦੀ ਗੱਲ ਕਹੀ ਹੈ ਜਿਨ੍ਹਾਂ ਨੇ ਜਾਣਬੁੱਝ ਕੇ ਇਹ ਕੇਸ ਬਣਾਏ ਸਨ। ਜਲਾਲਪੁਰ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਰੋਧੀ ਪਾਰਟੀਆਂ ਦੇ ਗੁੰਮਰਾਹਕੁੰਨ ਪ੍ਰਚਾਰ ਤੋਂ ਬਚਣ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਛਵੀ ਸਾਫ਼-ਸੁਥਰੀ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਇਮਾਨਦਾਰ ਸਰਕਾਰ ਚੱਲ ਰਹੀ ਹੈ।ਅੱਜ ਅਦਾਲਤ ਦੇ ਫੈਸਲੇ ਨੇ ਵਿਰੋਧੀਆਂ ਦੇ ਮੂੰਹ ਬੰਦ ਕਰ ਦਿੱਤੇ ਹਨ।



## ਪੰਜਾਬ ਬਚਾਓ ਰੈਲੀ 'ਚ ਕੀਤੇ ਐਲਾਨਾਂ ਰਾਹੀਂ ਵਿਕਾਸ ਦਾ ਰੋਡਮੈਪ ਪੇਸ਼ ਕਰ ਰਹੇ ਸੁਖਬੀਰ ਬਾਦਲ : ਸ਼ਰਮਾ

**ਲਾਲੜੂ (ਵਿਨੈ ਕੁਮਾਰ ਜੈਨ)**

ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਕਿਹਾ ਹੈ ਕਿ ਅਕਾਲੀ ਦਲ ਦੀ ਕਹਿਣੀ ਅਤੇ ਕਰਨੀ ਇਕਸਾਰ ਹੈ। ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਵੱਲੋਂ ਪੰਜਾਬ ਬਚਾਓ ਰੈਲੀ ਦੌਰਾਨ ਕੀਤੇ ਗਏ ਐਲਾਨ ਹੀ ਅਕਾਲੀ ਦਲ ਦੀ ਆਉਣ ਵਾਲੀ ਸਰਕਾਰ ਦਾ ਰੋਡਮੈਪ ਹੈ। ਐਨਕੇ ਸ਼ਰਮਾ ਨੇ ਡੇਰਾਬੱਸੀ ਵਿਧਾਨ ਸਭਾ ਹਲਕੇ ਵਿੱਚ ਹੋਣ ਵਾਲੀ ਪੰਜਾਬ ਬਚਾਓ ਰੈਲੀ ਲਈ ਲੋਕਾਂ ਨੂੰ ਲਾਮਬੰਦ ਕਰਨ ਲਈ ਹੰਡੇਸਰਾ ਸਰਕਲ ਵਿੱਚ ਪ੍ਰਚਾਰ ਸ਼ੁਰੂ ਕੀਤਾ। ਸ਼ਰਮਾ ਨੇ ਖੇਲਣ, ਰਜ਼ਾਪੁਰ, ਮਾਲਣ, ਅੰਟਾਲਾ, ਸਾਰੰਗਪੁਰ, ਹੰਡੇਸਰਾ, ਨਗਲਾ, ਮੀਰਪੁਰ, ਬਰਟਾਣਾ ਅਤੇ ਹੋਰ ਪਿੰਡਾਂ ਵਿੱਚ ਲੋਕਾਂ ਨਾਲ ਮੁਲਾਕਾਤ ਕੀਤੀ। ਇਸ ਮੁਹਿੰਮ ਦੌਰਾਨ ਵੱਡੀ ਗਿਣਤੀ ਵਿੱਚ ਲੋਕ ਕਾਂਗਰਸ ਤੇ ਆਮ ਆਦਮੀ ਪਾਰਟੀ ਛੱਡ ਕੇ ਅਕਾਲੀ ਦਲ ਵਿੱਚ ਸ਼ਾਮਲ ਹੋਏ।ਐਨ ਕੇ ਸ਼ਰਮਾ ਨੇ ਕਿਹਾ ਕਿ ਅਕਾਲੀ ਦਲ ਵੱਲੋਂ ਆਯੋਜਿਤ ਕੀਤੀ ਜਾ ਰਹੀ ਪੰਜਾਬ ਬਚਾਓ ਰੈਲੀ ਨੂੰ ਭਾਰੀ ਜਨਤਕ ਸਮਰਥਨ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਹਰੇਕ ਹਲਕੇ ਲਈ ਐਲਾਨ ਕਰਕੇ ਅਕਾਲੀ ਦਲ ਦਾ ਰੋਡਮੈਪ ਦੱਸ ਰਹੇ ਹਨ। ਪੰਜਾਬ ਦੇ ਸਾਰੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਰੈਲੀਆਂ ਕਰਕੇ ਲੋਕਾਂ ਨੂੰ ਅਕਾਲੀ ਦਲ ਦੀਆਂ ਨੀਤੀਆਂ ਨਾਲ ਜੋੜਿਆ ਜਾਵੇਗਾ ਅਤੇ ਮੌਜੂਦਾ ਪੰਜਾਬ ਸਰਕਾਰ ਵਿਰੁੱਧ ਲਾਮਬੰਦ ਕੀਤਾ ਜਾਵੇਗਾ।ਐਨ ਕੇ ਸ਼ਰਮਾ ਨੇ ਲੋਕਾਂ ਨੂੰ ਸੁਖਬੀਰ ਬਾਦਲ ਦੀ ਰੈਲੀ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਰੈਲੀ ਰਾਹੀਂ ਡੇਰਾਬੱਸੀ ਵਿੱਚ ਵਿਕਾਸ ਦਾ ਰੋਡਮੈਪ ਪੇਸ਼ ਕੀਤਾ ਜਾਵੇਗਾ, ਜਿਸ ਨੂੰ ਸਰਕਾਰ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਲਾਗੂ ਕੀਤਾ ਜਾਵੇਗਾ।ਇਸ ਮੌਕੇ ਸਰਕਲ ਪ੍ਰਧਾਨ ਬ੍ਰਿਜੇਸ਼ ਰਾਣਾ, ਗੁਰਦੀਪ ਔਂਜਲਾ, ਮਹਿਕ ਪੂਨੀਆ, ਗੁਰਜੀਤ ਸਿੰਘ, ਬਲਵਿੰਦਰ ਸਿੰਘ, ਹਰਪਾਲ ਸਿੰਘ, ਓ.ਪੀ.ਸ਼ਰਮਾ ਹੰਡੇਸਰਾ, ਰਣਦੀਪ ਸਿੰਘ, ਅਨੁਜ ਰਾਣਾ, ਵਿਕਾਸ ਰਾਣਾ, ਲਖਨ ਸਿੰਘ, ਅਜੈਬ ਸਿੰਘ ਅੰਟਾਲਾ, ਅਜੈ ਸਿੰਘ, ਹਰਜਿੰਦਰ ਸਿੰਘ, ਰਵਿੰਦਰ ਸਿੰਘ ਅਤੇ ਵਰਿੰਦਰ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਵਿਧਾਇਕਾ ਨੇ ਸਲੀਣਾ 'ਚ ਅਤਿ-ਆਧੁਨਿਕ ਖੇਡ ਮੈਦਾਨ ਦਾ ਨੀਂਹ ਪੱਥਰ ਰੱਖਿਆ

■ ਖੇਡ ਮੈਦਾਨ ਨੌਜਵਾਨਾਂ ਤੇ ਖਿਡਾਰੀਆਂ ਲਈ ਵਰਦਾਨ ਸਾਬਿਤ ਹੋਵੇਗਾ : ਡਾ. ਅਰੋੜਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪਿੰਡ ਸਲੀਣਾ ਵਿੱਚ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਸਰਪੰਚਾਂ ਤੇ ਗ੍ਰਾਮ ਪੰਚਾਇਤਾਂ ਦੇ ਸਹਿਯੋਗ ਨਾਲ ਅਤਿ-ਆਧੁਨਿਕ ਖੇਡ ਮੈਦਾਨ ਦਾ ਨੀਂਹ ਪੱਥਰ ਰੱਖਿਆ।ਪਿੰਡ ਪਹੁੰਚਣ 'ਤੇ ਪਿੰਡ ਵਾਸੀਆਂ ਵੱਲੋਂ ਡਾ. ਅਮਨਦੀਪ ਕੌਰ ਅਰੋੜਾ ਦਾ ਸਵਾਗਤ ਕੀਤਾ ਗਿਆ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਹਲਕਾ ਵਿਧਾਇਕ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਹ ਖੇਡ ਮੈਦਾਨ ਜੋ ਕਿ ਲੱਖਾਂ ਰੁਪਏ ਦੀ ਲਾਗਤ ਨਾਲ ਬਣਾਏ ਜਾਣਗੇ, ਜੋ ਪਿੰਡ ਦੇ ਨੌਜਵਾਨਾਂ ਤੇ ਖਿਡਾਰੀਆਂ ਲਈ ਵਰਦਾਨ ਸਾਬਿਤ ਹੋਵੇਗਾ।ਉਨ੍ਹਾਂ ਕਿਹਾ ਕਿ ਪਿੰਡ ਦੇ ਵਿਕਾਸ ਤੇ ਨੌਜਵਾਨਾਂ ਲਈ ਸਿਹਤਮੰਦ ਵਾਤਾਵਰਣ ਪ੍ਰਦਾਨ ਕਰਨ ਲਈ ਪੰਜਾਬ ਸਰਕਾਰ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ।ਉਨ੍ਹਾਂ ਕਿਹਾ ਕਿ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ, ਜਿਸ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਗ੍ਰਾਂਟਾਂ ਦੀ ਸਹਾਇਤਾ ਪ੍ਰਾਪਤ ਹੈ।ਇਸ ਮੌਕੇ ਸਰਪੰਚਾਂ ਤੇ ਗ੍ਰਾਮ ਪੰਚਾਇਤਾਂ ਨੇ ਭਗਵੰਤ ਮਾਨ ਸਰਕਾਰ ਤੇ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਇਨ੍ਹਾਂ ਵਿਕਾਸ ਕਾਰਜਾਂ ਨੂੰ ਸ਼ੁਰੂ ਕਰਨ ਲਈ ਧੰਨਵਾਦ ਕੀਤਾ।

ਜਾਣਕਾਰੀ ਦਿੰਦਿਆਂ ਵਿਧਾਇਕ ਡਾ. ਅਰੋੜਾ ਨੇ ਦੱਸਿਆ ਕਿ ਪਿੰਡ ਸਲੀਣਾ ਵਿੱਚ ਲੰਬੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਨੂੰ ਧਿਆਨ ਵਿੱਚ ਰੱਖਦਿਆਂ ਕਰੀਬ 75 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਪਿੰਡ ਵਿੱਚ ਖੇਡ ਮੈਦਾਨ ਦੀ ਕਮੀ ਕਾਰਨ ਨੌਜਵਾਨਾਂ ਤੇ ਬੱਚਿਆਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਇਸ ਨੂੰ ਧਿਆਨ ਵਿੱਚ ਰੱਖਦਿਆਂ 25 ਲੱਖ ਰੁਪਏ ਦੀ ਲਾਗਤ ਨਾਲ ਖੇਡ ਗਰਾਊਂਡ ਦਾ ਕੰਮ ਸ਼ੁਰੂ ਕੀਤਾ ਗਿਆ ਹੈ, ਤਾਂ ਜੋ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੋਤਸ਼ਾਹਤ ਕਰਕੇ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕੇ।ਇਸ ਤੋਂ ਇਲਾਵਾ ਪਿੰਡ ਦੀਆਂ ਮਹਿਲਾਵਾਂ ਦੀ ਮੰਗ ਨੂੰ ਪੂਰਾ ਕਰਦਿਆਂ 25 ਲੱਖ ਰੁਪਏ ਨਾਲ ਕਮਿਊਨਿਟੀ ਹਾਲ ਦਾ ਨਿਰਮਾਣ ਸ਼ੁਰੂ ਕਰਵਾਇਆ ਗਿਆ ਹੈ, ਜਿੱਥੇ ਲੋਕ ਆਪਣੇ ਸਮਾਜਿਕ ਪ੍ਰੋਗਰਾਮ ਕਰ ਸਕਣਗੇ।ਨਾਲ ਹੀ 25 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੇ ਛੱਪੜ ਨੂੰ ਮਾਡਰਨ ਬਣਾਉਣ ਦਾ ਕੰਮ ਵੀ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਸੀਵਰੇਜ ਤੇ ਪਾਣੀ ਖੜ੍ਹਨ ਦੀ ਸਮੱਸਿਆ ਦਾ ਹੱਲ ਹੋਵੇਗਾ।ਵਿਧਾਇਕ ਨੇ ਕਿਹਾ ਕਿ ਇਹ ਸਾਰੇ ਕੰਮ ਆਉਣ ਵਾਲੇ ਕੁਝ ਮਹੀਨਿਆਂ ਵਿੱਚ ਮੁਕੰਮਲ ਕਰ ਲਏ ਜਾਣਗੇ।ਉਨ੍ਹਾਂ ਪਿੰਡ ਦੇ ਸਰਪੰਚ, ਪੰਚਾਇਤ ਮੈਂਬਰਾਂ ਤੇ ਸੇਵਾ ਨਿਭਾਅ ਰਹੇ ਵਲੰਟੀਅਰਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਹਰਜਿੰਦਰ ਸਿੰਘ ਰੋਡੇ, ਸਰਪੰਚ ਅਜੇ ਸਿੰਘ, ਬਲਜੀਤ ਸਿੰਘ ਗੋਪੀ, ਰਾਜੂ, ਰਾਜਵਿੰਦਰ ਸਿੰਘ, ਸਰਪੰਚ ਬਲਕਾਰ ਸਿੰਘ, ਸਰਪੰਚ ਨਿਰਮਲ ਸਿੰਘ ਰੱਤੀਆਂ ਸਮੇਤ ਕਈ ਪਿੰਡ ਵਾਸੀ ਤੇ ਆਮ ਆਦਮੀ ਪਾਰਟੀ ਦੇ ਵਲੰਟੀਅਰ ਮੌਜੂਦ ਸਨ।

## ਮਾਂ ਬੋਲੀ ਪੰਜਾਬੀ ਨੂੰ ਸਮਰਪਿਤ ਬਜਮ-ਏ-ਅਦਬ ਮੋਗਾ ਦੀ ਇਕੱਤਰਤਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੁਤੰਤਰਤਾ ਸੰਗਰਾਮੀ ਭਵਨ ਵਿਖੇ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਬਜਮ-ਏ-ਅਦਬ ਮੋਗਾ ਦੀ ਸਹਿਤਕ ਇਕੱਤਰਤਾ ਕਰਨਲ ਬਾਬੂ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਡਾਕਟਰ ਅਜੀਤਪਾਲ ਸਿੰਘ ਜਟਾਣਾ ਜ਼ਿਲ੍ਹਾ ਭਾਸ਼ਾ ਅਫਸਰ ਮੋਗਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਕਰਨਲ ਬਾਬੂ ਸਿੰਘ ਨੇ ਸ਼ਾਮਲ ਮੈਂਬਰਾਂ ਦਾ ਸਵਾਗਤ ਕਰਦਿਆਂ ਸਾਹਿਤਕ ਸਰਗਰਮੀਆਂ ਤੇਜ਼ ਕਰਨ ਕਰਨ ਲਈ ਵਿਚਾਰ ਪੇਸ਼ ਕੀਤੇ।ਡਾਕਟਰ ਅਜੀਤ ਪਾਲ ਨੇ ਕਿਹਾ ਕਿ ਪੰਜਾਬੀ ਲੇਖਿਕਾਂ ਨੂੰ ਅੱਗੇ ਵਧਣ ਲਈ ਭਾਸ਼ਾ ਵਿਭਾਗ ਵੱਲੋਂ ਮਦਦ ਕੀਤੀ ਜਾਂਦੀ ਹੈ।ਉਨ੍ਹਾਂ ਕਿਹਾ ਕਿ ਲੇਖਿਕਾਂ ਲਈ ਭਾਸ਼ਾ ਵਿਭਾਗ ਬਣਦੀ ਜ਼ਿੰਮੇਵਾਰੀ ਲਈ ਤਿਆਰ ਹੈ।ਉੱਘੇ ਲੇਖਕ ਬਲਦੇਵ ਸੜਕਨਾਮਾ ਨੇ ਕਿਹਾ ਕਿ ਸਾਹਿਤ ਦੇ ਖੇਤਰ ਵਿੱਚ ਮੋਗੇ ਦੇ ਲੇਖਕਾਂ ਦਾ ਵਿਸ਼ੇਸ਼ ਸਥਾਨ ਹੈ।ਇਸ ਮੌਕੇ ਸ਼ਾਮਲ ਸਾਹਿਤਕਾਰਾਂ ਸੜਕਨਾਮਾ, ਗੁਰਚਰਨ ਸਿੰਘ ਸੰਘਾ, ਡਾ. ਸੁਰਜੀਤ ਸਿੰਘ ਦੌਧਰ, ਡਾ. ਅਜੀਤ ਪਾਲ, ਜੰਗੀਰ ਸਿੰਘ ਖੋਖਰ, ਦਰਸ਼ਨ ਗਰੋਵਰ, ਚਰਨਜੀਤ ਸਲੀਣਾ, ਮੰਗਲਮੀਤ ਪੱਤੋ ਤੇ ਪ੍ਰਸ਼ੋਤਮ ਪੱਤੋ ਨੇ ਆਪਣੀਆਂ ਰਚਨਾਵਾਂ ਪੇਸ਼ ਕਰਕੇ ਹਾਜ਼ਰੀ ਲਗਵਾਈ।ਇਸ ਮੌਕੇ ਗਿਆਨ ਸਿੰਘ ਸਾਬਕਾ ਡੀ ਪੀ ਆਰ ਓ ਨੇ ਸੁਝਾਅ ਦਿੱਤਾ ਕਿ ਬਜਮ-ਏ-ਅਦਬ ਦੀ ਮੀਟਿੰਗ ਹਰ ਮਹੀਨੇ ਰੱਖੀ ਜਾਵੇ।

## ਨਰਮੇ ਦੀ ਫ਼ਸਲ 'ਚ ਗੁਲਾਬੀ ਸੁੰਡੀ ਦੀ ਰੋਕਥਾਮ ਬਾਰੇ ਜਾਗਰੂਕਤਾ ਕੈਂਪ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਖੇਤਰੀ ਖੋਜ ਕੇਂਦਰ ਬਠਿੰਡਾ ਤੇ ਆਈ.ਸੀ.ਏ.ਆਰ.-ਸੀ.ਆਈ.ਸੀ.ਆਰ.ਆਰ.ਐੱਸ. ਸਿਰਸਾ ਵੱਲੋਂ ਪਿੰਡ ਜੋਧਪੁਰ ਰੋਮਾਣਾ (ਜ਼ਿਲ੍ਹਾ ਬਠਿੰਡਾ) ਵਿਖੇ ਨਰਮੇ ਦੀ ਫ਼ਸਲ ਵਿੱਚ ਗੁਲਾਬੀ ਸੁੰਡੀ ਤੇ ਹੋਰ ਸਮੱਸਿਆਵਾਂ ਦੀ ਰੋਕਥਾਮ ਸਬੰਧੀ ਜਾਗਰੂਕਤਾ ਕੈਂਪ ਲਾਇਆ ਗਿਆ। ਕੈਂਪ ਵਿੱਚ 100 ਤੋਂ ਵੱਧ ਕਿਸਾਨਾਂ ਨੇ ਭਾਗ ਲਿਆ।ਇਸ ਮੌਕੇ ਖੇਤਰੀ ਖੋਜ ਕੇਂਦਰ ਬਠਿੰਡਾ ਦੇ ਡਾਇਰੈਕਟਰ ਡਾ. ਕਰਮਜੀਤ ਸਿੰਘ ਸੇਖੋਂ ਸਮੇਤ ਰਿਸਰਚ ਸਟੇਸ਼ਨ ਬਠਿੰਡਾ ਦੇ ਵੱਖ-ਵੱਖ ਵਿਗਿਆਨੀਆਂ ਨੇ ਸ਼ਿਰਕਤ ਕੀਤੀ।ਡਾ. ਸੇਖੋਂ ਨੇ ਨਰਮੇ ਦੀ ਫ਼ਸਲ ਤੋਂ ਵੱਧ ਝਾੜ ਪ੍ਰਾਪਤ ਕਰਨ ਲਈ ਅਧੁਨਿਕ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ ਤੇ ਖੇਤੀ ਨੂੰ ਲਾਭਕਾਰੀ ਬਣਾਉਣ ਦੇ ਤਰੀਕੇ ਸਾਂਝੇ ਕੀਤੇ।ਉਨ੍ਹਾਂ ਨੌਜਵਾਨਾਂ ਦਾ ਖੇਤੀ ਵਲ ਰੁਝਾਨ ਵਧਾਉਣ ਲਈ ਤੇ ਆਧੁਨਿਕ ਢੰਗ ਅਪਨਾ ਕੇ ਵੱਧ ਮੁਨਾਫਾ ਕਮਾਉਣ ਲਈ ਪ੍ਰੇਰਿਤ ਕੀਤਾ।ਡਾ. ਹਰਜੀਤ ਸਿੰਘ ਬਰਾੜ ਨੇ ਨਰਮੇ ਦੀ ਬੀਜਾਈ ਤੇ ਸਹੀ ਸੰਭਾਲ ਸਬੰਧੀ, ਡਾ. ਸੁਖਦੀਪ ਕੌਰ ਤੇ ਡਾ. ਗੋਮਤੀ ਗਰੋਵਰ ਨੇ ਉੱਚ ਕੁਆਲਟੀ ਵਾਲੇ ਬੀਜਾਂ ਬਾਰੇ ਤੇ ਡਾ. ਜਸਜਿੰਦਰ ਕੌਰ ਨੇ ਨਰਮੇ ਦੀ ਫ਼ਸਲ ਵਿੱਚ ਕੀੜੇ-ਮਕੌੜਿਆਂ ਦੀ ਰੋਕਥਾਮ ਤੇ ਚਿੱਟੀ ਮੱਖੀ ਦੇ ਹਮਲੇ ਤੋਂ ਬਚਾਅ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵੱਲੋਂ ਸਿਫਾਰਿਸ਼ ਕੀਤੇ ਕੀਟਨਾਸ਼ਕ ਵਰਤਣ ਦੀ ਸਲਾਹ ਦਿੱਤੀ।ਇਸ ਤੋਂ ਇਲਾਵਾ ਡਾ. ਜਸਰੀਤ ਕੌਰ, ਡਾ. ਰੁਪੇਸ਼ ਅਰੋੜਾ, ਕਿਸਾਨ ਭਲਾਈ ਵਿਭਾਗ ਬਠਿੰਡਾ ਦੇ ਅਧਿਕਾਰੀ ਡਾ. ਹਰਜਸ ਸ਼ਰਮਾ (ਖੇਤੀਬਾੜੀ ਅਫ਼ਸਰ) ਨੇ ਵੀ ਜਾਣਕਾਰੀ ਦਿੱਤੀ ਗਈ।ਇਸ ਦੌਰਾਨ ਵਿਗਿਆਨੀਆਂ ਵੱਲੋਂ ਕੈਂਪ ਵਿੱਚ ਸ਼ਾਮਲ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ ਗਿਆ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਜਾਰੀ ਰੱਖਣ ਦਾ ਭਰੋਸਾ ਦਿੱਤਾ ਗਿਆ।

## ਪਾਰਟੀ ਨੂੰ ਬੂਥ ਪੱਧਰ ਤੋਂ ਮਜ਼ਬੂਤ ਕੀਤਾ ਜਾਵੇਗਾ : ਚੇਅਰਮੈਨ ਜੱਸੀ



**ਨਾਭਾ (ਵਰਿੰਦਰ ਵਰਮਾ)**-ਆਮ ਆਦਮੀ ਪਾਰਟੀ ਪੰਜਾਬ ਦੇ ਵਿਰਾਸਤ ਸੇਵਾ ਸੰਗਠਨ ਦੇ ਸਟੇਟ ਸੈਕਟਰੀ ਤੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਾਰਟੀ ਵੱਲੋਂ ਲਾਈ ਗਈ ਜ਼ਿੰਮੇਵਾਰੀ ਤਹਿਤ ਹਲਕਾ ਪਟਿਆਲਾ ਦਿਹਾਤੀ ਦੇ ਪਿੰਡ ਰੋਹਟੀ ਮੌੜਾਂ, ਰੋਹਟੀ ਬਸਤਾ ਸਿੰਘ, ਰੋਹਟੀ ਛੰਨਾ, ਰਾਮਗੜ੍ਹ ਛੰਨਾਂ, ਇੱਛੇਵਾਲ, ਘਮਰੌਦਾ ਤੇ ਲਲੌਡਾ ਵਿਖੇ ਪਾਰਟੀ ਨੂੰ ਬੂਥ ਪੱਧਰ ਤੋਂ ਮਜ਼ਬੂਤ ਕਰਨ ਲਈ ਵਲੰਟੀਅਰ ਸਾਥੀਆਂ ਤੇ ਪਤਵੰਤੇ ਸੱਜਣਾਂ ਨਾਲ ਮੀਟਿੰਗਾਂ ਕੀਤੀਆਂ।ਇਸ ਮੌਕੇ ਉਨ੍ਹਾਂ ਨੂੰ ਵੱਖ ਵੱਖ ਪਿੰਡਾਂ ਦੇ ਵਰਕਰਾਂ ਤੇ ਪੰਚਾਂ-ਸਰਪੰਚਾਂ ਨੇ ਆਪਣੀਆਂ ਸਮੱਸਿਆਵਾਂ ਦੱਸੀਆਂ ਤੇ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਪੱਖੀ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਬੂਥ ਪੱਧਰ ਤੋਂ ਮਜ਼ਬੂਤ ਕਰਨ ਲਈ ਆਪ ਦੀਆਂ ਪਿੰਡ/ਵਾਰਡ ਵਿੱਚ ਬਣੀਆਂ ਬੂਥ ਕਮੇਟੀਆਂ ਦੇ ਮੈਂਬਰ ਸਾਹਿਬਾਨਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਸਕੀਮਾਂ ਨੂੰ ਘਰ ਘਰ ਪਹੁੰਚਾਇਆ ਜਾ ਸਕੇ।ਇਸ ਮੌਕੇ ਬਲਾਕ ਪ੍ਰਧਾਨ ਹਨਦੀਪ ਸਿੰਘ ਖੱਟੜਾ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਪੰਚ-ਸਰਪੰਚ, ਆਪ ਵਲੰਟੀਅਰ ਤੇ ਪਿੰਡਾਂ ਦੇ ਪਤਵੰਤੇ ਸੱਜਣ ਮੌਜੂਦ ਰਹੇ।

## ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੇ ਗੁਪਤ ਟਿਕਾਣੇ ਨੂੰ ਮਿਊਜ਼ੀਅਮ ਤੇ ਲਾਇਬ੍ਰੇਰੀ 'ਚ ਬਦਲਿਆ ਜਾਵੇ : ਮੰਚ



**ਲੌਂਗੋਵਾਲ/ਸੰਗਰੂਰ (ਪ੍ਰਦੀਪ ਸੱਪਲ/ਪ੍ਰਵੀਨ ਸਿੰਘ)**-ਇਨਕਲਾਬੀ ਵਿਰਾਸਤ ਪ੍ਰਚਾਰ ਮੰਚ ਪੰਜਾਬ ਦੇ ਸੂਬਾ ਪ੍ਰਧਾਨ ਬਲਬੀਰ ਲੌਂਗੋਵਾਲ ਅਤੇ ਸੂਬਾ ਜਨਰਲ ਸਕੱਤਰ ਤੇ ਪ੍ਰਸਿੱਧ ਇਤਿਹਾਸਕਾਰ ਰਾਕੇਸ਼ ਕੁਮਾਰ ਨੇ ਮੰਗ ਕੀਤੀ ਹੈ ਕਿ ਸਰਕਾਰ ਵੱਲੋਂ ਸ਼ਹੀਦ ਭਗਤ ਸਿੰਘ ਤੇ ਉਸ ਦੇ ਕ੍ਰਾਂਤੀਕਾਰੀ ਸਾਥੀਆਂ ਦੇ ਫਿਰੋਜ਼ਪੁਰ ਸਥਿਤ ਗੁਪਤ ਟਿਕਾਣੇ ਨੂੰ ਮਿਊਜ਼ੀਅਮ ਤੇ ਲਾਇਬ੍ਰੇਰੀ ਵਿੱਚ ਬਦਲਿਆ ਜਾਵੇ।ਇਹ ਉਹ ਗੁਪਤ ਟਿਕਾਣਾ ਹੈ, ਜਿੱਥੇ ਭਗਤ ਸਿੰਘ ਤੇ ਉਸ ਦੇ ਸਾਥੀ ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਸਰਗਰਮੀਆਂ ਕਰਦੇ ਰਹੇ।ਭਗਤ ਸਿੰਘ ਨੇ ਇੱਥੇ ਆਪਣੀ ਇਨਕਲਾਬੀ ਪਾਰਟੀ ਦੀਆਂ ਲੋੜਾਂ ਮੁਤਾਬਕ ਕੇਸ ਤੇ ਦਾੜੀ ਕਟਵਾਏ ਸਨ।ਉਹ ਇੱਥੇ ਸਾਂਡਰਸ ਕਤਲ ਕਾਂਡ ਤੋਂ ਬਾਅਦ ਨਿਸ਼ਾਨੇਬਾਜ਼ੀ ਕਰਦੇ ਰਹੇ ਸਨ।ਇਸ ਗੁਪਤ ਟਿਕਾਣੇ ਸੰਬੰਧੀ ਖੋਜ ਤੋਂ ਬਾਅਦ ਸਰਕਾਰ ਨੇ ਸਾਲ 2015 ਵਿੱਚ ਇਸ ਨੂੰ ਸੁਰੱਖਿਅਤ ਇਮਾਰਤ ਘੋਸ਼ਿਤ ਕਰ ਦਿੱਤਾ ਸੀ, ਪਰ ਇਸ ਨੂੰ ਕਬਜ਼ੇ ਵਿੱਚ ਲੈ ਕੇ ਮਿਊਜ਼ੀਅਮ ਤੇ ਲਾਇਬ੍ਰੇਰੀ ਵਿੱਚ ਨਹੀਂ ਬਦਲਿਆ।ਇਹ ਗੁਪਤ ਟਿਕਾਣਾ ਕ੍ਰਾਂਤੀਕਾਰੀ ਗਯਾ ਪ੍ਰਸ਼ਾਦ ਨੇ ਲਿਆ ਸੀ ਤੇ ਹੇਠਾਂ ਉਨ੍ਹਾਂ ਨੇ ਦਵਾਖਾਨਾ ਖੋਲ੍ਹਿਆ ਤੇ ਉੱਤੇ ਰਿਹਾਇਸ਼ ਰੱਖੀ ਸੀ।ਇਹ ਇਥੇ ਬੰਬ ਬਣਾਉਣ ਦਾ ਸਾਮਾਨ ਇਕੱਠਾ ਕਰਦੇ ਰਹੇ ਸਨ। ਮੰਚ ਦੇ ਮੀਤ ਪ੍ਰਧਾਨ ਜੁਝਾਰ ਲੌਂਗੋਵਾਲ, ਵਿੱਤ ਸਕੱਤਰ ਲਾਭ ਛਾਜਲਾ ਤੇ ਪ੍ਰੈੱਸ ਸਕੱਤਰ ਜਸਬੀਰ ਨਮੋਲ ਨੇ ਮੰਗ ਕੀਤੀ ਕਿ ਸਰਕਾਰ ਇਸ ਸਬੰਧੀ ਸੁਹਿਰਦਤਾ ਦਿਖਾਵੇ ਤੇ ਇਨਕਲਾਬੀ ਵਿਰਾਸਤ ਨੂੰ ਲੋਕਾਂ ਵਿੱਚ ਦੇਸ਼ ਭਗਤੀ ਦਾ ਜਜ਼ਬਾ ਪੈਦਾ ਕਰਨ ਤੇ ਸਿੱਖਿਅਤ ਕਰਨ ਲਈ ਵਰਤੋਂ ਵਿੱਚ ਲਿਆਵੇ।

## ਪੰਜਾਬੀ ਸੱਥ ਬਰਵਾਲੀ ਵੱਲੋਂ ਸਾਹਿਤਕ ਸ਼ਖ਼ਸੀਅਤਾਂ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਸੱਥ ਬਰਵਾਲੀ ਵੱਲੋਂ 27ਵੇਂ ਸਾਲਾਨਾ ਸਾਹਿਤਕ ਸਮਾਗਮ ਦੌਰਾਨ ਵੱਖ ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਗਿਆ।ਇਥੋਂ ਨੇੜਲੇ ਪਿੰਡ ਬਰਵਾਲੀ ਖੁਰਦ ਦੀ ਸੱਥ ਵਿਖੇ ਕਰਵਾਏ ਸਮਾਗਮ ਵਿੱਚ ਹਾਜ਼ਰ ਦਾਨਿਸ਼ਮੰਦਾਂ ਨੇ ਸੱਭਿਆਚਾਰ ਤੇ ਮਾਂ ਬੋਲੀ ਦੇ ਹੱਕ ਵਿੱਚ ਜ਼ੋਰਦਾਰ ਹੋਕਾ ਦਿੰਦਿਆਂ ਮਾਂ ਬੋਲੀ ਦੇ ਸਤਿਕਾਰ ਤੇ ਉਸ ਦੀ ਬੁਲੰਦੀ ਲਈ ਤਰੱਦਦ ਕਰਨ ਦਾ ਅਹਿਦ ਕੀਤਾ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰਿੰਸੀਪਲ ਕੁਲਵਿੰਦਰ ਸਿੰਘ ਸਰਾਏ ਤੇ ਸੱਥਾਂ ਦੇ ਸਰਪ੍ਰਸਤ ਮੁੱਖ ਵਕਤਾ ਡਾ. ਨਿਰਮਲ ਸਿੰਘ ਲਾਂਬੜਾ ਮੁੱਖ ਬੁਲਾਰੇ ਵਜੋਂ ਸ਼ਾਮਲ ਹੋਏ।ਸੱਥ ਦੇ ਮੁੱਖ ਨਿਗਰਾਨ ਗੁਰਦੀਪ ਸਿੰਘ ਕੰਗ ਨੇ ਮਹਿਮਾਨਾਂ ਨੂੰ 'ਜੀ ਆਇਆਂ' ਕਿਹਾ।ਇਸ ਮੌਕੇ ਸੱਥ ਵੱਲੋਂ ਸੰਗੀਤ ਖੇਤਰ 'ਚੋਂ ਕਵੀਸ਼ਰ ਜਸਵੰਤ ਸਿੰਘ ਸੇਖੋਂ ਨੂੰ 'ਮਨਜੀਤ ਕੌਰ ਸੰਪੂਰਨ' ਯਾਦਗਾਰੀ ਐਵਾਰਡ, ਖੇਡ ਖੇਤਰ 'ਚੋਂ ਫੁੱਟਬਾਲ ਖਿਡਾਰਨ ਪ੍ਰਭਜੋਤ ਕੌਰ ਨੂੰ 'ਪੱਤਰਕਾਰ ਪੀ. ਐੱਸ. ਬੱਤਰਾ' ਯਾਦਗਾਰੀ ਐਵਾਰਡ, ਖੇਤੀ ਖੇਤਰ 'ਚੋਂ ਡਾ. ਸੰਦੀਪ ਸਿੰਘ ਨੂੰ 'ਭਾਈ ਜਸਵੰਤ ਸਿੰਘ ਖਾਲਸਾ' ਯਾਦਗਾਰੀ ਐਵਾਰਡ, ਡਾ. ਸੁਖਪਾਲ ਕੌਰ ਨੂੰ 'ਬਾਪੂ ਜੈਪਾਲ ਸਿੰਘ ਮਾਤਾ ਗੁਰਮੀਤ ਕੌਰ' ਯਾਦਗਾਰੀ ਐਵਾਰਡ, ਬਲਵਿੰਦਰ ਬੁਲੱਟ ਨੂੰ 'ਡਾ. ਕੇਸਰ ਸਿੰਘ ਬਰਵਾਲੀ' ਐਵਾਰਡ, ਰੰਗ-ਮੰਚ ਖੇਤਰ 'ਚੋਂ ਉਦੈਵੀਰ ਸਿੰਘ ਨੂੰ ਸਵਰਗੀ 'ਬਾਪੂ ਸੱਜਣ ਸਿੰਘ ਗਰੇਵਾਲ' ਯਾਦਗਾਰੀ ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਸਮਾਰੋਹ ਦੌਰਾਨ ਦਸਤਾਰ ਸਤਿਕਾਰ ਸਭਾ ਵੱਲੋਂ ਹੋਣਹਾਰ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ।ਸਨਮਾਨਤ ਸ਼ਖ਼ਸੀਅਤਾਂ ਬਾਰੇ ਪੇਪਰ ਰਾਜਵਿੰਦਰ ਸਮਰਾਲਾ ਨੇ ਪੜ੍ਹਿਆ ਤੇ ਕਹਾਣੀਕਾਰ ਤੇਲੂ ਰਾਮ ਕੁਹਾੜਾ ਦੀ ਕਿਤਾਬ 'ਭੁਲੱਕੜਨਾਮਾ' ਨੂੰ ਸੱਥ ਵੱਲੋਂ ਵਿਸ਼ੇਸ਼ ਸ਼ਗਨ ਦਿੱਤਾ ਗਿਆ।ਦੀਪ ਦਿਲਬਰ ਨੇ ਪੁਸਤਕਾਂ ਦੀ ਪ੍ਰਦਰਸ਼ਨੀ ਲਗਾਈ।ਅਕਸ ਰੰਗਮੰਚ ਸਮਰਾਲਾ ਵੱਲੋਂ ਰਾਜਵਿੰਦਰ ਸਮਰਾਲਾ ਦੀ ਨਿਰਦੇਸ਼ਨਾਂ ਹੇਠ ਭੰਡਾਂ ਦੀਆਂ ਨਕਲਾਂ ਨਾਟਕ ਪੇਸ਼ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ, ਬਲਵੀਰ ਸਿੰਘ ਬੱਬੀ, ਕੁਲਦੀਪ ਸਿੰਘ ਬਰਮਾਲੀਪੁਰ, ਰਣਧੀਰ ਸਿੰਘ ਧੀਰਾ, ਗੁਰਮੁਖਦੀਪ, ਚਰਨਜੀਤ ਸਿੰਘ ਢੰਡਾ, ਡਾ. ਦਿਲਜਾਨ ਸਿੰਘ, ਸੁਖਬੀਰ ਸਿੰਘ ਬਰਵਾਲੀ, ਗੁਰਜੀਤ ਸਿੰਘ ਤੇ ਸੁਖਦੇਵ ਸਿੰਘ ਘਰਖਣਾ, ਪੱਤਰਕਾਰ ਗੁਰਮਿੰਦਰ ਸਿੰਘ ਗਰੇਵਾਲ ਤੇ ਦਰਸ਼ਪ੍ਰੀਤ ਸਿੰਘ ਬੱਤਰਾ, ਕਹਾਣੀਕਾਰ ਰਾਮਦਾਸ ਬੰਗੜ੍ਹ, ਅਵਤਾਰ ਸਿੰਘ ਕੋਟਾਲਾ ਆਦਿ ਹਾਜ਼ਰ ਸਨ।

# ਰਾਜੀਵ ਗਾਂਧੀ ਲਾਅ ਯੂਨੀਵਰਸਿਟੀ ਦਾ ਨਾਂਅ ਬਦਲਣ ਦੀ ਤਿਆਰੀ !

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪਟਿਆਲਾ ਸਥਿਤ ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ ਦੀ ਅਕਾਦਮਿਕ ਕੌਂਸਲ ਨੇ ਸੰਸਥਾ ਦੇ ਨਾਂ ਤੋਂ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਦਾ ਨਾਂ ਹਟਾਉਣ ਦੀ ਸਿਫ਼ਾਰਸ਼ ਕੀਤੀ ਹੈ।ਯੂਨੀਵਰਸਿਟੀ ਦਾ ਨਾਂ ਬਦਲ ਕੇ 'ਨੈਸ਼ਨਲ ਲਾਅ ਯੂਨੀਵਰਸਿਟੀ ਪੰਜਾਬ' ਕਰ ਦਿੱਤਾ ਗਿਆ ਹੈ।ਵਾਈਸ ਚਾਂਸਲਰ ਪ੍ਰੋ. ਜੈਸ਼ੰਕਰ ਸਿੰਘ ਨੇ ਪੁਸ਼ਟੀ ਕੀਤੀ ਕਿ ਅਕਾਦਮਿਕ ਕੌਂਸਲ ਨੇ ਇਸ ਪ੍ਰਸਤਾਵ ਨੂੰ ਮਨਜ਼ੂਰੀ ਦੇ ਕੇ ਅਗਲੇਰੀ ਕਾਰਵਾਈ ਲਈ ਯੂਨੀਵਰਸਿਟੀ ਦੀ ਕਾਰਜਕਾਰੀ ਕੌਂਸਲ ਤੇ ਪੰਜਾਬ ਸਰਕਾਰ ਨੂੰ ਭੇਜ ਦਿੱਤਾ ਹੈ।ਦੱਸਣਾ ਬਣਦਾ ਹੈ ਕਿ ਇਸ ਯੂਨੀਵਰਸਿਟੀ ਦੀ ਸਥਾਪਨਾ ਪੰਜਾਬ ਵਿਧਾਨ ਸਭਾ ਵੱਲੋਂ 'ਰਾਜੀਵ ਗਾਂਧੀ ਨੈਸ਼ਨਲ ਯੂਨੀਵਰਸਿਟੀ ਆਫ ਲਾਅ, ਪੰਜਾਬ ਐਕਟ 2006' ਰਾਹੀਂ ਕੀਤੀ ਗਈ ਸੀ।ਇਸ ਨੇ 26 ਮਈ 2006 ਨੂੰ ਪਟਿਆਲਾ ਦੀ ਇਤਿਹਾਸਕ ਇਮਾਰਤ ਮਹਿੰਦਰਾ ਕੋਠੀ ਤੋਂ ਆਪਣਾ ਕੰਮ-ਕਾਜ ਸ਼ੁਰੂ ਕੀਤਾ ਸੀ।ਪਟਿਆਲਾ ਦੇ ਸੰਸਦ ਮੈਂਬਰ ਡਾ. ਧਰਮਵੀਰ ਗਾਂਧੀ ਨੇ ਇਸ ਫ਼ੈਸਲੇ ਦੀ ਨਿਖੇਧੀ ਕਰਦਿਆਂ ਇਸ ਨੂੰ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵੋਟਰਾਂ ਦਾ ਧਰੁਵੀਕਰਨ ਕਰਨ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਕਰਾਰ ਦਿੱਤਾ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਆਮ ਆਦਮੀ ਪਾਰਟੀ, ਸ਼੍ਰੋਮਣੀ ਅਕਾਲੀ ਦਲ ਤੇ ਭਾਜਪਾ ਸਸਤੇ ਸਿਆਸੀ ਲਾਹੇ ਲਈ ਮਿਲੀਭੁਗਤ ਕਰ ਰਹੇ ਹਨ।ਉਨ੍ਹਾਂ ਦੋਸ਼ ਲਾਇਆ ਕਿ ਦੇਸ਼ ਭਰ ਵਿੱਚ ਕਾਂਗਰਸ ਦੀ ਵਿਰਾਸਤ ਨਾਲ ਜੁੜੀਆਂ ਸੰਸਥਾਵਾਂ ਦੇ ਨਾਂ ਬਦਲ ਕੇ ਇਤਿਹਾਸ ਨੂੰ ਬਦਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਹ ਕਦਮ ਸਿੱਖਿਆ, ਸਿਹਤ, ਬੇਰੁਜ਼ਗਾਰੀ ਤੇ ਵਾਤਾਵਰਣ ਵਰਗੇ ਅਸਲ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਚੁੱਕਿਆ ਗਿਆ ਹੈ।

ਮਿਸਲ ਸਤਲੁਜ ਜਥੇਬੰਦੀ ਦੇ ਯੂਥ ਆਗੂ ਯਾਦਵਿੰਦਰ ਸਿੰਘ ਯਾਦੂ ਨੇ ਲਾਅ ਯੂਨੀਵਰਸਿਟੀ ਦੇ ਨਾਂ ਤੋਂ ਰਾਜੀਵ ਗਾਂਧੀ ਦਾ ਨਾਂ ਹਟਾਉਣ ਸਬੰਧੀ ਕੀਤੀ ਗਈ ਸਿਫਾਰਸ਼ ਦਾ ਸਵਾਗਤ ਕਰਦਿਆਂ ਇਸ ਨੂੰ ਇਤਿਹਾਸਕ ਤੇ ਸ਼ਲਾਘਾਯੋਗ ਕਦਮ ਕਰਾਰ ਦਿੱਤਾ ਗਿਆ।ਯਾਦੂ ਨੇ ਦੱਸਿਆ ਕਿ 2 ਨਵੰਬਰ 2025 ਨੂੰ ਮਿਸਲ ਸਤਲੁਜ ਵੱਲੋਂ ਯੂਨੀਵਰਸਿਟੀ ਦੇ ਬਾਹਰ ਨਾਂ ਬਦਲਣ ਦੀ ਮੰਗ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ।ਉਨ੍ਹਾਂ ਸਾਰੀਆਂ ਰਾਜਨੀਤਕ ਪਾਰਟੀਆਂ, ਵਿਦਿਆਰਥੀ ਸੰਗਠਨਾਂ ਤੇ ਮਨੁੱਖੀ ਅਧਿਕਾਰ ਸੰਗਠਨਾਂ ਨੂੰ ਇਸ ਮਾਮਲੇ ਵਿੱਚ ਸਮੱਰਥਨ ਦੇਣ ਦੀ ਅਪੀਲ ਕੀਤੀ ਸੀ।ਉਪਰੰਤ 3 ਨਵੰਬਰ ਨੂੰ ਅਕਾਲ ਤਖ਼ਤ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਵੀ ਮਸਲੇ ਦੀ ਤਾਈਦ ਕਰਦਿਆਂ ਯੂਨੀਵਰਸਿਟੀ ਦੇ ਨਾਂ ਵਿੱਚੋਂ ਰਾਜੀਵ ਗਾਂਧੀ ਦਾ ਨਾਂ ਹਟਾਉਣ ਦੀ ਮੰਗ ਕੀਤੀ ਗਈ ਸੀ।

## 429 ਗ੍ਰਾਮ ਹੈਰੋਇਨ ਸਣੇ 3 ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਤੇ ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ 429 ਗ੍ਰਾਮ ਹੈਰੋਇਨ ਸਣੇ 3 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਹੈ। ਥਾਣਾ ਸਦਰ ਵਿਖੇ ਦਰਜ ਮੁਕੱਦਮੇ ਦੇ ਤਫਤੀਸ਼ੀ ਅਫਸਰ ਸਹਾਇਕ ਥਾਣੇਦਾਰ ਲਖਵਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਥਾਣਾ ਸਦਰ ਏਰੀਏ ਵਿੱਚ ਮੌਜੂਦ ਸੀ ਤੇ ਪੁਲਸ ਪਾਰਟੀ ਵੱਲੋਂ ਬੀ.ਐੱਸ.ਐੱਫ. ਦੇ ਕਰਮਚਾਰੀਆਂ ਨਾਲ ਗਰੀਬਾਂ ਸਾਂਦੜ ਵਿਖੇ ਰੇਤੇ ਦੇ ਖੱਡੇ ਦੇ ਕੋਲ ਨਾਕਾਬੰਦੀ ਕੀਤੀ ਗਈ ਸੀ, ਇਸ ਦੌਰਾਨ ਇਕ ਵਿਅਕਤੀ ਪੈਦਲ ਆਉਂਦਾ ਦਿਖਾਈ ਦਿੱਤਾ, ਜਿਸ ਨੂੰ ਚੈਕਿੰਗ ਦੌਰਾਨ ਪੁੱਛਗਿੱਛ ਕੀਤੀ ਗਈ ਤਾਂ ਉਸ ਪਾਸੋਂ 425 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਵਿਅਕਤੀ ਦੀ ਪਹਿਚਾਣ ਸੋਨਾ ਸਿੰਘ ਪੁੱਤਰ ਫਲਕ ਸਿੰਘ ਵਾਸੀ ਚੱਕ ਬਜੀਦਾ ਵਜੋਂ ਹੋਈ ਹੈ। ਪੁਲਸ ਨੇ ਸੋਨਾ ਸਿੰਘ ਨੂੰ ਹੈਰੋਇਨ ਸਣੇ ਗ੍ਰਿਫ਼ਤਾਰ ਕਰਨ ਉਪਰੰਤ ਥਾਣਾ ਸਦਰ ਜਲਾਲਾਬਾਦ ਵਿਖੇ ਐੱਨ.ਡੀ.ਪੀ.ਐੱਸ. ਐਕਟ ਦੀ ਧਾਰਾ 21/61/85 ਅਧੀਨ ਮੁਕੱਦਮਾ ਨੰਬਰ 32 ਦਰਜ ਕੀਤਾ ਗਿਆ ਹੈ।ਉਧਰ, ਥਾਣਾ ਅਮੀਰ ਖਾਸ ਵਿਖੇ ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੌਰਾਨ ਪਿੰਡ ਮਿੱਡਾ ਵਿਖੇ ਨਹਿਰ ਦੇ ਪੁਲ ਦੇ ਨਜਦੀਕ ਪੁੱਜੇ ਤੇ ਨੌਜਵਾਨ ਵਿਆਕਤੀਆਂ ਨੂੰ ਰੋਕ ਕੇ ਉਸ ਦੀ ਤਲਾਸ਼ੀ ਲੈਣ 'ਤੇ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਹੈਰੋਇਨ ਸਮੇਤ ਸੋਨਾ ਸਿੰਘ ਪੁੱਤਰ ਕਸ਼ਮੀਰ ਸਿੰਘ ਤੇ ਰਾਜ ਸਿੰਘ ਪੁੱਤਰ ਪਾਲਾ ਸਿੰਘ ਵਾਸੀਆਨ ਢਾਣੀ ਨਿਹੰਗਾ ਵਾਲੀ ਦਾਖਲੀ ਦਰੋਗਾ ਨੂੰ ਕਾਬੂ ਕਰਨ ਉਪਰੰਤ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ 'ਚ 'ਔਨਕੋਲੋਜੀ ਅਪਡੇਟਸ' 'ਤੇ ਕਾਨਫਰੰਸ

■ ਕੈਂਸਰ ਦੇ ਇਲਾਜ 'ਚ ਇਮਿਊਨੋਥੈਰੇਪੀ ਦੀ ਵਧਦੀ ਅਹਿਮੀਅਤ 'ਤੇ ਚਰਚਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਫ਼ਰੀਦਕੋਟ ਦੇ ਰੇਡੀਏਸ਼ਨ ਔਨਕੋਲੋਜੀ ਵਿਭਾਗ ਵੱਲੋਂ 'ਔਨਕੋਲੋਜੀ ਅਪਡੇਟਸ 2026 : ਕੈਂਸਰ ਦੇ ਰਸਤੇ ਤੇ ਇਮਿਊਨੋਥੈਰੇਪੀ ਨੂੰ ਸਮਝਣਾ' ਵਿਸ਼ੇ 'ਤੇ ਇੱਕ ਰੋਜ਼ਾ ਅਕਾਦਮਿਕ ਕਾਨਫਰੰਸ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਪੰਜਾਬ ਮੈਡੀਕਲ ਕੌਂਸਲ ਵੱਲੋਂ ਮਾਨਤਾ ਪ੍ਰਾਪਤ ਇਸ ਕਾਨਫਰੰਸ ਵਿੱਚ ਖੇਤਰ ਭਰ ਦੇ ਕੈਂਸਰ ਮਾਹਰਾਂ, ਫੈਕਲਟੀ ਮੈਂਬਰਾਂ ਤੇ ਪੋਸਟ-ਗ੍ਰੈਜੂਏਟ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਕਾਨਫਰੰਸ ਦਾ ਉਦਘਾਟਨ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਦੇ ਮਾਨਯੋਗ ਵਾਈਸ ਚਾਂਸਲਰ ਤੇ ਪ੍ਰਸਿੱਧ ਡਾ. ਬੀ. ਸੀ. ਰਾਏ ਐਵਾਰਡੀ ਪ੍ਰੋ. (ਡਾ.) ਰਾਜੀਵ ਸੂਦ ਨੇ ਮੁੱਖ ਮਹਿਮਾਨ ਵਜੋਂ ਕੀਤਾ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਡਾ. ਰਾਜੇਸ਼ ਵਸ਼ਿਸ਼ਟ ਤੇ ਡਾ. ਐੱਮ. ਕੇ. ਮਹਾਜਨ ਵੀ ਹਾਜ਼ਰ ਸਨ, ਜਿਨ੍ਹਾਂ ਦੀ ਮੌਜੂਦਗੀ ਨੇ ਪ੍ਰੋਗਰਾਮ ਦੀ ਸ਼ਾਨ ਵਧਾਈ।ਆਪਣੇ ਸੰਬੋਧਨ ਵਿੱਚ ਡਾ. ਰਾਜੀਵ ਸੂਦ ਨੇ ਕੈਂਸਰ ਦੇ ਇਲਾਜ ਵਿੱਚ ਮੌਲੀਕਿਊਲਰ ਔਨਕੋਲੋਜੀ ਤੇ ਪ੍ਰੀਸੀਜ਼ਨ ਮੈਡੀਸਨ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਤੇ ਡਾਕਟਰਾਂ ਨੂੰ ਮਾਨਵਤਾ ਦੀ ਸੇਵਾ ਲਈ ਨੈਤਿਕ ਕਦਰਾਂ-ਕੀਮਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ।ਵਿਗਿਆਨਕ ਸੈਸ਼ਨ ਦੌਰਾਨ ਪੀ ਜੀ ਆਈ ਐੱਮ ਈ ਆਰ ਚੰਡੀਗੜ੍ਹ ਤੋਂ ਡਾ. ਨਵਨੀਤ ਸਿੰਘ ਤੇ ਡਾ. ਰਾਕੇਸ਼ ਕਪੂਰ ਤੇ ਜੰਮੂ ਤੋਂ ਡਾ. ਦੀਪਕ ਅਬਰੋਲ ਵਰਗੇ ਉੱਘੇ ਬੁਲਾਰਿਆਂ ਨੇ ਆਪਣੇ ਲੈਕਚਰ ਦਿੱਤੇ। ਮਾਹਰਾਂ ਨੇ ਫੇਫੜਿਆਂ ਦੇ ਕੈਂਸਰ ਤੇ ਹੋਰ ਗੁੰਝਲਦਾਰ ਬਿਮਾਰੀਆਂ ਲਈ ਨਵੀਆਂ ਇਲਾਜ ਤਕਨੀਕਾਂ, ਬਾਇਓਮਾਰਕਰਾਂ ਤੇ ਟਾਰਗੇਟਿਡ ਥੈਰੇਪੀ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ।ਇਸ ਕਾਨਫਰੰਸ ਦੀ ਅਗਵਾਈ ਆਰਗੇਨਾਈਜ਼ਿੰਗ ਚੇਅਰਪਰਸਨ ਡਾ. ਪ੍ਰਦੀਪ ਗਰਗ ਤੇ ਪ੍ਰੋਗਰਾਮ ਕੋ-ਡਾਇਰੈਕਟਰ ਡਾ. ਰੋਮੀਕਾਂਤ ਗਰੋਵਰ ਨੇ ਕੀਤੀ।ਪ੍ਰਬੰਧਕੀ ਟੀਮ ਦੇ ਮੈਂਬਰਾਂ ਡਾ. ਸਿਮਰਨਦੀਪ ਸਿੰਘ, ਡਾ. ਸ਼ਿਪਰਾ, ਡਾ. ਸਰਬਜੀਤ, ਡਾ. ਗੁਰਪ੍ਰੀਤ ਤੇ ਡਾ. ਗਰਿਮਾ ਦੀ ਅਣਥੱਕ ਮਿਹਨਤ ਦੀ ਸ਼ਲਾਘਾ ਕੀਤੀ ਗਈ।ਰੇਡੀਏਸ਼ਨ ਔਨਕੋਲੋਜੀ ਵਿਭਾਗ ਦੀ ਸਮੁੱਚੀ ਟੀਮ ਦੇ ਸਹਿਯੋਗ ਨਾਲ ਇਹ ਪ੍ਰੋਗਰਾਮ ਯਾਦਗਾਰੀ ਹੋ ਨਿੱਬੜਿਆ।ਸਮਾਗਮ ਦੀ ਸਮਾਪਤੀ 'ਤੇ ਕੈਂਸਰ ਕੇਅਰ ਵਿੱਚ ਰਿਸਰਚ ਤੇ ਆਧੁਨਿਕ ਸਿੱਖਿਆ ਰਾਹੀਂ ਮਰੀਜ਼ਾਂ ਦੇ ਬਿਹਤਰ ਇਲਾਜ ਦਾ ਅਹਿਦ ਲਿਆ ਗਿਆ।

## ਵਿਦੇਸ਼ ਭੇਜਣ ਦੇ ਨਾਂਅ 'ਤੇ 15 ਲੱਖ ਠੱਗੇ, 5 ਖਿਲਾਫ ਕੇਸ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਵਿਦੇਸ਼ ਭੇਜਣ ਦੇ ਨਾਂਅ 'ਤੇ 15 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ 5 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਸੁਖਚੈਨ ਸਿੰਘ ਪੁੱਤਰ ਭਾਨ ਸਿੰਘ ਵਾਸੀ ਬੁਰ ਵਾਲਾ ਵੱਲੋਂ ਦਰਖਾਸਤ ਨੰਬਰ 6595-ਪੀ.ਜੀ.ਡੀ.-ਪੀ.ਸੀ. ਮਿਤੀ 19-08-2025 ਨੂੰ ਸੀਨੀਅਰ ਕਪਤਾਨ ਪੁਲਸ ਫਾਜ਼ਿਲਕਾ ਕੋਲ ਦਿੱਤਾ ਗਈ ਸੀ, ਜਿਸ ਵਿੱਚ ਸ਼ਿਕਾਇਤਕਰਤਾ ਸੁਖਚੈਨ ਸਿੰਘ ਨੇ ਦੱਸਿਆ ਕਿ ਉਸ ਦੇ ਲੜਕੇ ਨੂੰ ਵਿਦੇਸ਼ ਭੇਜਣ ਦੇ ਨਾਮ 'ਤੇ ਸੁਬੇਗ ਸਿੰਘ ਪੁੱਤਰ ਕੁਲਵਿੰਦਰ ਸਿੰਘ, ਬਲਜੀਤ ਕੌਰ ਪਤਨੀ ਸੁਬੇਗ ਸਿੰਘ, ਕੁਲਵਿੰਦਰ ਸਿੰਘ, ਜਸਵੀਰ ਕੌਰ ਪਤਨੀ ਕੁਲਵਿੰਦਰ ਸਿੰਘ ਵਾਸੀਆਨ ਭਾਰਤ ਨਗਰ ਨੇੜੇ ਰੋਹਿਤ ਪਬਲਿਕ ਸਕੂਲ ਭੱਟੀਆ ਵਾਲੀ ਬਸਤੀ ਫਿਰੋਜ਼ਪੁਰ ਅਤੇ ਅਵਤਾਰ ਸਿੰਘ ਮਹਿਮਾ (ਕਿਸਾਨ ਨੇਤਾ) ਪੁੱਤਰ ਅਜੀਤ ਸਿੰਘ ਵਾਸੀ ਲੱਖੋਕੇ ਬਹਿਰਾਮ ਵੱਲੋਂ ਉਸ ਪਾਸੋਂ ਕਰੀਬ 15 ਲੱਖ ਰੁਪਏ ਦੀ ਠੱਗੀ ਮਾਰੀ ਹੈ ਅਤੇ ਇਸਦੇ ਨਾਲ ਹੀ ਧਮਕੀਆਂ ਦਿੱਤੀਆਂ ਗਈਆਂ ਹਨ। ਇਸ ਦਰਖਾਸਤ ਦੀ ਪੜਤਾਲ ਸੀਨੀਅਰ ਅਫਸਰਾਂ ਵੱਲੋਂ ਤੇ ਡੀ. ਏ. ਲੀਗਲ ਦੀ ਕਾਨੂੰਨੀ ਰਾਇ ਲੈਣ ਤੋਂ ਬਾਅਦ ਅਪਰੂਵਲ ਥਾਣਾ ਅਮੀਰ ਖਾਸ ਵਿਖੇ ਪੁੱਜੀ ਹੈ, ਜਿਸ 'ਤੇ ਸ਼ਿਕਾਇਤਕਰਤਾ ਸੁਖਚੈਨ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਪੁਲਸ ਵੱਲੋਂ ਥਾਣਾ ਅਮੀਰ ਖਾਸ ਵਿਖੇ ਸੁਬੇਗ ਸਿੰਘ, ਬਲਜੀਤ ਕੌਰ, ਕੁਲਵਿੰਦਰ ਸਿੰਘ, ਜਸਵੀਰ ਕੌਰ ਤੇ ਅਵਤਾਰ ਸਿੰਘ ਦੇ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

## ਆਦਿਵਾਸੀ ਹੱਕਾਂ ਦੇ ਕਾਰਕੁਨ ਰਘੂ ਮਿੜਿਆਮੀ ਨੂੰ ਤੁਰੰਤ ਰਿਹਾਅ ਕੀਤਾ ਜਾਵੇ : ਜਮਹੂਰੀ ਫਰੰਟ

**ਲੌਂਗੋਵਾਲ (ਪ੍ਰਦੀਪ ਸੱਪਲ)**-ਆਪ੍ਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਆਦਿਵਾਸੀ ਹੱਕਾਂ ਦੇ ਕਾਰਕੁਨ ਰਘੂ ਮਿੜਿਆਮੀ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤੇ ਜਾਣ ਦੀ ਮੰਗ ਕਰਦਾ ਹੈ, ਜੋਕਿ ਇੱਕ ਸਾਲ ਤੋਂ ਜਾਬਰ ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਕਾਨੂੰਨ ਦੇ ਤਹਿਤ ਛੱਤੀਸਗੜ੍ਹ ਦੀ ਦੰਤੇਵਾੜਾ ਜੇਲ੍ਹ ਵਿੱਚ ਬੰਦ ਹਨ।ਦੱਸਣਯੋਗ ਹੈ ਕਿ 25 ਸਾਲਾ ਮਿੜਿਆਮੀ ਬਸਤਰ ਖੇਤਰ ਨਾਲ ਸਬੰਧਤ ਹਨ ਤੇ ਉੱਥੇ ਕਥਿਤ ਮੁਕਾਬਲਿਆਂ, ਕਾਰਪੋਰੇਟੀਕਰਨ, ਆਦਿਵਾਸੀ ਜ਼ਮੀਨਾਂ ਉੱਪਰ ਸੁਰੱਖਿਆ ਕੈਂਪ ਸਥਾਪਤ ਕਰਨ ਲਈ ਜਬਰੀ ਕਬਜ਼ੇ ਤੇ ਆਦਿਵਾਸੀ ਦੇ ਉਜਾੜੇ ਖ਼ਿਲਾਫ਼ ਆਵਾਜ਼ ਉਠਾ ਰਹੇ ਸਨ।ਉਹ ਆਦਿਵਾਸੀ ਹੱਕਾਂ ਲਈ ਪੁਰਅਮਨ ਸੰਘਰਸ਼ ਕਰ ਰਹੇ ਮੂਲਵਾਸੀ ਬਚਾਓ ਮੰਚ ਦੇ ਪ੍ਰਧਾਨ ਵੀ ਰਹੇ ਹਨ, ਜਿਸ ਨੂੰ ਕੁਚਲਣ ਲਈ ਸਰਕਾਰ ਵੱਲੋਂ ਪਿਛਲੇ ਸਾਲ ਗ਼ੈਰ-ਕਾਨੂੰਨੀ ਕਰਾਰ ਦੇ ਕੇ ਪਾਬੰਦੀ ਲਗਾ ਦਿੱਤੀ ਗਈ ਸੀ।ਮਿੜਿਆਮੀ ਤੇ ਹੋਰ ਆਗੂ ਆਦਿਵਾਸੀਆਂ ਤੇ ਆਦਿਵਾਸੀ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਮਿਲ ਕੇ ਪੇਸਾ ਐਕਟ ਤੇ ਸੰਵਿਧਾਨ ਦੀ ਪੰਜਵੀਂ ਅਨੁਸੂਚੀ ਨੂੰ ਲਾਗੂ ਕਰਨ ਦੀ ਮੰਗ ਕਰ ਰਹੇ ਸਨ।ਇਹ ਦੋਵੇਂ ਕਾਨੂੰਨੀ ਵਿਵਸਥਾਵਾਂ ਆਦਿਵਾਸੀ ਭਾਈਚਾਰਿਆਂ ਨੂੰ ਜੰਗਲੀ ਖੇਤਰ ਵਿੱਚ ਕਿਸੇ ਪ੍ਰੋਜੈਕਟ ਲਈ ਜਬਰੀ ਜ਼ਮੀਨ ਐਕਵਾਇਰ ਵਿਰੁੱਧ ਕਾਨੂੰਨੀ ਸੁਰੱਖਿਆ ਦਿੰਦੀਆਂ ਹਨ।ਮਿੜਿਆਮੀ ਨੂੰ 27 ਫ਼ਰਵਰੀ 2025 ਨੂੰ ਕੌਮੀ ਜਾਂਚ ਏਜੰਸੀ ਵੱਲੋਂ ਦੰਤੇਵਾੜਾ ਵਿੱਚ ਉਸ ਸਮੇਂ ਗ੍ਰਿਫ਼ਤਾਰ ਕੀਤਾ ਗਿਆ, ਜਦੋਂ ਉਹ ਮੋਟਰਸਾਈਕਲ ਹਾਦਸੇ ਵਿੱਚ ਗੰਭੀਰ ਜ਼ਖ਼ਮੀ ਹੋਣ ਤੋਂ ਬਾਅਦ ਇਲਾਜ ਲਈ ਦੰਤੇਵਾੜਾ ਦੇ ਇੱਕ ਹਸਪਤਾਲ ਗਏ ਸਨ।ਉਸ ਨੂੰ ਇਲਾਜ ਤੋਂ ਵਾਂਝੇ ਕਰਕੇ ਏਜੰਸੀ ਦੇ ਅਧਿਕਾਰੀਆਂ ਨੇ ਜੇਲ੍ਹ ਵਿੱਚ ਡੱਕ ਦਿੱਤਾ।ਜੇਲ੍ਹ ਅਧਿਕਾਰੀਆਂ ਦੀ ਮੁਜਰਮਾਨਾ ਬੇਪ੍ਰਵਾਹੀ ਕਾਰਨ ਇਲਾਜ ਦੀ ਅਣਹੋਂਦ 'ਚ ਜੇਲ੍ਹ ਵਿੱਚ ਉਸ ਦੇ ਪੈਰ ਦੀ ਸੱਟ ਹੋਰ ਵੀ ਵਿਗੜ ਗਈ।ਜੇਲ੍ਹਬੰਦੀ ਦੌਰਾਨ ਜਾਂਚ ਏਜੰਸੀ ਵੱਲੋਂ ਪਹਿਲੇ ਝੂਠੇ ਕੇਸ ਤੋਂ ਇਲਾਵਾ ਉਸ ਉੱਪਰ ਯੂਏਪੀਏ ਤਹਿਤ ਹੋਰ ਛੇ ਕੇਸ ਪਾ ਦਿੱਤੇ ਗਏ ਤਾਂ ਜੋ ਉਸ ਦੀ ਜ਼ਮਾਨਤ ਨਾ ਹੋ ਸਕੇ ਅਤੇ ਉਸ ਨੂੰ ਲੰਮਾ ਸਮਾਂ ਜੇਲ੍ਹ ਵਿੱਚ ਸਾੜਿਆ ਜਾ ਸਕੇ।ਫਰੰਟ ਸਮੂਹ ਇਨਸਾਫ਼ ਪਸੰਦ ਜਮਹੂਰੀ ਤਾਕਤਾਂ ਨੂੰ ਰਘੂ ਮਿੜਿਆਮੀ ਤੇ ਜੇਲ੍ਹੀਂ ਡੱਕੇ ਹੱਕਾਂ ਦੇ ਹੋਰ ਕਾਰਕੁਨਾਂ ਦੀ ਰਿਹਾਈ ਲਈ ਜ਼ੋਰਦਾਰ ਆਵਾਜ਼ ਉਠਾਉਣ ਦੀ ਅਪੀਲ ਕਰਦਾ ਹੈ।ਇਹ ਪ੍ਰਗਟਾਵਾ ਮੰਚ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ, ਯਸ਼ਪਾਲ ਤੇ ਸੂਬਾ ਕਮੇਟੀ ਮੈਂਬਰ ਬਲਬੀਰ ਲੌਂਗੋਵਾਲ ਨੇ ਕੀਤਾ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਬਜਟ ਸੈਸ਼ਨ ਦੌਰਾਨ ਰੋਸ ਰੈਲੀਆਂ ਕਰਨ ਦਾ ਐਲਾਨ

**ਪਸਸਫ ਤੇ ਏਟਕ 'ਚ ਸ਼ਾਮਲ ਜਥੇਬੰਦੀਆਂ ਵੱਲੋਂ 11 ਦੀ ਸੂਬਾ ਪੱਧਰੀ ਰੈਲੀ ਨੂੰ ਸਫਲ ਬਣਾਉਣ ਸੰਬੰਧੀ ਮੀਟਿੰਗ**



**ਲੁਧਿਆਣਾ (ਭਾਟੀਆ, ਕਥੂਰੀਆ)**-ਪੰਜਾਬ ਦੇ ਵੱਖ ਵੱਖ ਸਰਕਾਰੀ ਵਿਭਾਗਾਂ, ਬੋਰਡਾਂ ਤੇ ਕਾਰਪੋਰੇਸ਼ਨਾਂ ਵਿੱਚ ਕੰਮ ਕਰਦੇ ਸਮੂਹ ਕੱਚੇ, ਠੇਕਾ ਆਧਾਰਤ ਤੇ ਆਊਟਸੋਰਸ ਅਧੀਨ ਕੰਮ ਕਰਦੇ ਕਰਮਚਾਰੀਆਂ ਨੂੰ ਰੈਗੂਲਰ ਕਰਵਾਉਣ, ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਲਈ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕਰਵਾਉਣ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ 16 ਫੀਸਦੀ ਡੀ ਏ ਜਾਰੀ ਕਰਵਾਉਣ, 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਨੂੰ ਪੰਜਾਬ ਦੇ ਤਨਖਾਹ ਸਕੇਲ ਦਿਵਾਉਣ, ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਤੁਰੰਤ ਸੱਤਵੇਂ ਤਨਖਾਹ ਕਮਿਸ਼ਨ ਦੀ ਸਥਾਪਨਾ ਕਰਵਾਉਣ ਆਦਿ ਮੰਗਾਂ ਨੂੰ ਲੈ ਕੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਬਜਟ ਸੈਸ਼ਨ ਦੌਰਾਨ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਵਿਚਾਰ ਵਟਾਂਦਰਾ ਕਰਨ ਵਾਸਤੇ ਸਥਾਨਕ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ 1680 ਸੈਕਟਰ 22ਬੀ ਚੰਡੀਗੜ੍ਹ ਤੇ ਏਟਕ ਵਿੱਚ ਸ਼ਾਮਲ ਵੱਖ ਵੱਖ ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਦੇ ਸੂਬਾਈ ਤੇ ਜ਼ਿਲ੍ਹਾ ਪੱਧਰੀ ਆਗੂਆਂ ਦੀ ਇੱਕ ਮੀਟਿੰਗ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਐਕਸ਼ਨ ਨੂੰ ਸਫਲ ਬਣਾਉਣ ਵਾਸਤੇ ਸਾਰੀਆਂ ਤਿਆਰੀਆਂ ਨੂੰ ਅੰਤਿਮ ਰੂਪ ਦਿੱਤਾ ਗਿਆ।ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ, ਸੂਬਾ ਸਰਪ੍ਰਸਤ ਚਰਨ ਸਿੰਘ ਸਰਾਭਾ, ਜਨਰਲ ਸਕੱਤਰ ਸੁਰਿੰਦਰ ਕੁਮਾਰ ਪੁਆਰੀ, ਸੀਨੀਅਰ ਮੀਤ ਪ੍ਰਧਾਨ ਗੁਰਮੇਲ ਸਿੰਘ ਮੈਲਡੇ ਤੇ ਗੁਰਪ੍ਰੀਤ ਸਿੰਘ ਮੰਗਵਾਲ, ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਪੁਰਾਣੀ ਪੈਨਸਨ ਪ੍ਰਾਪਤੀ ਮੋਰਚਾ ਦੇ ਸੂਬਾਈ ਕੋ-ਕਨਵੀਨਰ ਰਣਦੀਪ ਸਿੰਘ ਫਤਿਹਗੜ੍ਹ ਸਾਹਿਬ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਦੇ ਐਕਟਿੰਗ ਜਨਰਲ ਸਕੱਤਰ ਪ੍ਰਵੀਨ ਕੁਮਾਰ ਲੁਧਿਆਣਾ, ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਮੇਲਾ ਸਿੰਘ ਪੁੰਨਾਂਵਾਲ, ਐਕਟਿੰਗ ਪ੍ਰਧਾਨ ਜਸਵਿੰਦਰ ਪਾਲ ਉੱਘੀ ਤੇ ਸੁਰਿੰਦਰ ਸਿੰਘ ਬੈਂਸ ਲੁਧਿਆਣਾ, ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਆਗੂ ਸੁਰਿੰਦਰ ਪਾਲ ਸਿੰਘ ਲਹੌਰੀਆ, ਪਾਵਰਕਾਮ ਪੈਨਸ਼ਨਰ ਯੂਨੀਅਨ (ਏਟਕ) ਦੇ ਸੂਬਾ ਪ੍ਰਧਾਨ ਰਾਧੇ ਸ਼ਿਆਮ, ਵਰਕਿੰਗ ਪ੍ਰਧਾਨ ਚਮਕੌਰ ਸਿੰਘ ਬੀਰਮੀ, ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਉੱਤਮ ਸਿੰਘ ਬਾਗੜੀ, ਆਸ਼ਾ ਤੇ ਫੈਸਲੀਟੇਟਰ ਯੂਨੀਅਨ ਦੀ ਸੂਬਾ ਪ੍ਰਧਾਨ ਬੀਬੀ ਅਮਰਜੀਤ ਕੌਰ ਰਣ ਸਿੰਘ ਵਾਲਾ, ਆਂਗਣਵਾੜੀ ਵਰਕਰ ਤੇ ਹੈਲਪਰ ਯੂਨੀਅਨ ਦੇ ਸੂਬਾ ਪ੍ਰਧਾਨ ਬੀਬੀ ਸਰੋਜ ਛਪੜੀਵਾਲਾ ਨੇ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਦੇ ਸਮੂਹ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 16 ਫੀਸਦੀ ਦੀ ਦਰ ਨਾਲ ਡੀ ਏ ਦੀਆਂ ਬਕਾਇਆ ਪਈਆਂ ਪੰਜ ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਤਨਖਾਹ ਕਮਿਸ਼ਨ ਦਾ ਬਣਦਾ ਬਕਾਇਆ ਤੁਰੰਤ ਦਿੱਤਾ ਜਾਵੇ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਲਾਗੂ ਕੀਤੀ ਜਾਵੇ, ਪੰਜਾਬ ਦੇ ਸੱਤਵੇਂ ਤਨਖਾਹ ਕਮਿਸ਼ਨ ਦਾ ਤੁਰੰਤ ਗਠਨ ਕੀਤਾ ਜਾਵੇ, ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਤੁਰੰਤ ਰੈਗੂਲਰ ਕੀਤਾ ਜਾਵੇ, ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ ਤੇ ਆਂਗਣਵਾੜੀ ਵਰਕਰਾਂ ਦਾ ਮਾਣ ਭੱਤਾ ਘੱਟੋ ਘੱਟ 26000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ, ਮਿਤੀ 17 ਜੁਲਾਈ 2020 ਤੋਂ ਬਾਅਦ ਭਰਤੀ ਸਾਰੇ ਮੁਲਾਜ਼ਮਾਂ ਲਈ ਪੰਜਾਬ ਦੇ ਤਨਖਾਹ ਸਕੇਲ ਲਾਗੂ ਕੀਤੇ ਜਾਣ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਹੋਏ ਵੱਖ ਵੱਖ ਅਦਾਲਤੀ ਫੈਸਲੇ ਤੁਰੰਤ ਲਾਗੂ ਕੀਤੇ ਜਾਣ, ਪੰਜਾਬ ਸਰਕਾਰ ਵੱਲੋਂ ਨਵੀਂ ਸਿੱਖਿਆ ਨੀਤੀ 2020 ਰੱਦ ਕੀਤੀ ਜਾਵੇ ਤੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਲੈਕੇ ਆਉਣ, ਨਵੇਂ ਲੇਬਰ ਕੋਡ ਲਾਗੂ ਕਰਨ ਆਦਿ ਲੋਕ ਤੇ ਮੁਲਾਜ਼ਮ ਵਿਰੋਧੀ ਨੀਤੀਆਂ ਦਾ ਵਿਰੋਧ ਕੀਤਾ ਜਾਵੇ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ 11 ਮਾਰਚ ਨੂੰ ਗੁਰਦਆਰਾ ਸਾਹਿਬ ਫੇਜ਼ 6 ਸਾਹਮਣੇ ਪੰਜਾਬ ਸਰਕਾਰ ਖਿਲਾਫ ਕੀਤੀ ਜਾ ਰਹੀ ਸੂਬਾਈ ਰੈਲੀ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ, ਚੰਡੀਗੜ੍ਹ ਤੇ ਏਟਕ ਨਾਲ ਸਬੰਧਤ ਜਥੇਬੰਦੀਆਂ ਦੇ ਮੁਲਾਜ਼ਮ, ਸਕੀਮ ਵਰਕਰ ਤੇ ਪੈਨਸ਼ਨਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।ਇਹ ਵੀ ਨਿਰਣਾ ਲਿਆ ਗਿਆ ਕਿ 5 ਤੇ 6 ਮਾਰਚ ਨੂੰ ਪੰਜਾਬ ਦੇ ਸਮੂਹ ਜ਼ਿਲ੍ਹਿਆਂ ਵਿੱਚ ਜ਼ਿਲ੍ਹਾ ਪੱਧਰ 'ਤੇ ਮੀਟਿੰਗਾਂ ਕਰਕੇ ਇਸ ਐਕਸ਼ਨ ਨੂੰ ਸਫਲ ਬਣਾਉਣ ਵਾਸਤੇ ਪੂਰੀਆਂ ਤਿਆਰੀਆਂ ਕੀਤੀਆਂ ਜਾਣ ਤੇ ਮਨਿਸਟ੍ਰੀਅਲ ਸਟਾਫ ਵੱਲੋਂ ਜ਼ਿਲ੍ਹਾ ਪੱਧਰ ਤੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨਾਂ ਵਿੱਚ ਸ਼ਮੂਲੀਅਤ ਕੀਤੀ ਜਾਵੇ।ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਜਗਮੇਲ ਸਿੰਘ ਪੱਖੋਵਾਲ, ਰਾਮ ਲਾਲ ਰਾਮਾਂ ਪਟਿਆਲਾ, ਬਲਕਾਰ ਸਿੰਘ ਸਹੋਤਾ ਫਰੀਦਕੋਟ, ਚਰਨ ਸਿੰਘ ਤਾਜਪੁਰੀ, ਜੋਰਾ ਸਿੰਘ ਮਨਸੂਰਾਂ, ਲਾਭ ਸਿੰਘ ਮਲੌਦ, ਸੀਤਾ ਰਾਮ ਸ਼ਰਮਾ, ਜਸਪਾਲ ਗੜਹੇੜਾ, ਜਸਵਿੰਦਰ ਸਿੰਘ ਫਤਿਹਗੜ੍ਹ ਸਾਹਿਬ, ਸੁਖਦੇਵ ਫਾਜ਼ਿਲਕਾ ਆਦਿ ਆਗੂ ਹਾਜ਼ਰ ਸਨ।

## ਨੌਜਵਾਨ ਭਾਰਤ ਸਭਾ ਦਾ ਡੈਲੀਗੇਟ ਅਜਲਾਸ ਸਫਲਤਾਪੂਰਵਕ ਸੰਪੰਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਨੌਜਵਾਨ ਭਾਰਤ ਸਭਾ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਡੈਲੀਗੇਟ ਅਜਲਾਸ ਸਫਲਤਾਪੂਰਵਕ ਸੰਪੰਨ ਹੋਇਆ। ਇਸ ਮੌਕੇ 11 ਮੈਂਬਰੀ ਜ਼ਿਲ੍ਹਾ ਕਮੇਟੀ ਦੀ ਚੋਣ ਕੀਤੀ ਗਈ, ਜਿਸ 'ਚ ਹਰਜਿੰਦਰ ਖੋਖਰ ਮੁੜ ਜ਼ਿਲ੍ਹਾ ਪ੍ਰਧਾਨ, ਗੁਰਤੇਜ ਵੜਿੰਗ ਜ਼ਿਲ੍ਹਾ ਸਕੱਤਰ, ਮਹਾਸ਼ਾ ਸਮਾਘ ਜ਼ਿਲ੍ਹਾ ਮੀਤ ਪ੍ਰਧਾਨ, ਵਿਜੇ ਕੁਮਾਰ ਜ਼ਿਲ੍ਹਾ ਖਜ਼ਾਨਚੀ, ਰਾਜਪ੍ਰੀਤ ਚੱਕ ਗਾਂਧਾ ਸਿੰਘ ਵਾਲਾ ਜ਼ਿਲ੍ਹਾ ਕਮੇਟੀ ਮੈਂਬਰ, ਗੁਰਾਂਦਿੱਤਾ ਝਬੇਲਵਾਲੀ ਜ਼ਿਲ੍ਹਾ ਕਮੇਟੀ ਮੈਂਬਰ, ਰਾਜਦੀਪ ਕੋਟਲੀ ਸੰਘਰ ਜ਼ਿਲ੍ਹਾ ਪ੍ਰੈੱਸ ਸਕੱਤਰ, ਲਵਪ੍ਰੀਤ ਸੱਕਾਂਵਾਲੀ, ਜਸਵੀਰ ਸਿੰਘ ਸਮਾਘ ਨੂੰ ਜ਼ਿਲ੍ਹਾ ਕਮੇਟੀ ਮੈਂਬਰ ਚੁਣਿਆ ਗਿਆ।ਸ੍ਰੀ ਮੁਕਤਸਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚੋਂ ਪੰਜਾਹ ਦੇ ਕਰੀਬ ਡੈਲੀਗੇਟ ਹਾਜ਼ਰ ਹੋਏ।ਸਟੇਜ ਸਕੱਤਰ ਦੀ ਭੂਮਿਕਾ ਮਹਾਸ਼ਾ ਸਮਾਘ ਨੇ ਨਿਭਾਈ। ਗੁਰਤੇਜ ਵੜਿੰਗ ਨੇ ਸਭ ਨੂੰ ਜੀ ਆਇਆਂ ਕਿਹਾ, ਜ਼ਿਲ੍ਹੇ ਦੀ ਰੀਵਿਊ ਰਿਪੋਰਟ ਹਰਜਿੰਦਰ ਖੋਖਰ ਨੇ ਪੇਸ਼ ਕੀਤੀ।ਭਰਾਤਰੀ ਜਥੇਬੰਦੀਆਂ ਕਿਰਤੀ ਕਿਸਾਨ ਯੂਨੀਅਨ ਵੱਲੋਂ ਜਸਵਿੰਦਰ ਸਿੰਘ ਝਬੇਲਵਾਲੀ ਤੇ ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਰਜਿੰਦਰ ਢਿੱਲਵਾਂ ਨੇ ਭਰਾਤਰੀ ਸੰਦੇਸ਼ ਦਿੱਤੇ।ਨੌਜਵਾਨ ਭਾਰਤ ਸਭਾ ਦੇ ਸੂਬਾ ਮੀਤ ਪ੍ਰਧਾਨ ਕਰਮਜੀਤ ਮਾਣੂਕੇ ਤੇ ਸੂਬਾ ਜਨਰਲ ਸਕੱਤਰ ਮੰਗਾ ਆਜ਼ਾਦ ਅਜਲਾਸ ਵਿੱਚ ਅਬਜ਼ਰਵਰ ਦੇ ਤੌਰ 'ਤੇ ਸ਼ਾਮਲ ਹੋਏ।ਅਜਲਾਸ ਦੌਰਾਨ ਆਗੂਆਂ ਨੇ ਸੱਦਾ ਦਿੰਦਿਆਂ ਕਿਹਾ ਕਿ ਨੌਜਵਾਨ ਭਾਰਤ ਸਭਾ ਦੇ 100 ਸਾਲਾ ਤੇ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਨੌਜਵਾਨਾਂ ਦੀ ਵਿਸ਼ਾਲ ਕਾਨਫਰੰਸ ਕੀਤੀ ਜਾ ਰਹੀ ਹੈ, ਜਿਸ ਵਿੱਚ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਤੋਂ ਨੌਜਵਾਨ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਇਸ ਮੌਕੇ ਨੌਨਿਹਾਲ ਸਿੰਘ, ਨਿਰਮਲ ਹਰੀਕੇ ਕਲਾਂ, ਵਿੱਕੀ ਚੱਕ ਗਾਂਧਾ ਸਿੰਘ ਵਾਲਾ, ਰਾਜਵੀਰ ਗਿੱਲ, ਸੁੱਖਾ ਕੋਟਲੀ, ਨੂਰ ਕੋਟਲੀ, ਗੁਰਮੀਤ ਮੁਕਤਸਰ, ਗਗਨਦੀਪ ਮੁਕਤਸਰ, ਕਾਲਾ ਚੌਤਰਾ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨ ਹਾਜ਼ਰ ਸਨ।

## ਸ੍ਰੀ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਮਨਾਇਆ



**ਨਾਭਾ (ਵਰਿੰਦਰ ਵਰਮਾ)**-ਵਿਸ਼ਕਰਮਾ ਵੈੱਲਫੇਅਰ ਸੋਸਾਇਟੀ ਰਜਿਸਟਡ ਨਾਭਾ ਵੱਲੋਂ ਹਰ ਸਾਲ ਦੀ ਤਰ੍ਹਾਂ ਪ੍ਰਧਾਨ ਚਰਨ ਸਿੰਘ ਗੁਪਤਾ ਦੀ ਅਗਵਾਈ 'ਚ ਭਗਵਾਨ ਸ੍ਰੀ ਵਿਸ਼ਵਕਰਮਾ ਮੰਦਿਰ ਕ੍ਰਿਸ਼ਨਾ ਪੁਰੀ ਨਾਭਾ ਵਿਖੇ ਸ੍ਰੀ ਵਿਸ਼ਵਕਰਮਾ ਮੂਰਤੀ ਸਥਾਪਨਾ ਦਿਵਸ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਸਮਾਗਮ ਦੇ ਮੁੱਖ ਮਹਿਮਾਨ ਦੇ ਤੌਰ 'ਤੇ ਮੈਂਬਰ ਪਾਰਲੀਮੈਂਟ ਡਾਕਟਰ ਧਰਮਵੀਰ ਗਾਂਧੀ ਪਟਿਆਲਾ, ਹਲਕਾ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਚੇਅਰਮੈਨ ਇੰਪਰੂਵਮੈਂਟ ਟਰਸੱਟ ਜੱਸੀ ਸੋਹੀਆ ਵਾਲਾ ਨੇ ਸ਼ਿਰਕਤ ਕਰਦਿਆਂ ਭਗਵਾਨ ਵਿਸ਼ਵਕਰਮਾ ਦਾ ਅਸ਼ੀਰਵਾਦ ਲਿਆ।ਉਨ੍ਹਾਂ ਕਿਹਾ ਕਿ ਭਗਵਾਨ ਵਿਸ਼ਵਕਰਮਾ ਜੀ ਦੀ ਅਪਾਰ ਕਿਰਪਾ ਸਦਕਾ ਸੂਈ ਤੋਂ ਜਹਾਜ਼ ਤੱਕ ਦਾ ਨਿਰਮਾਣ ਹੋਇਆ ਹੈ।ਸਮਾਗਮ ਦੀ ਪ੍ਰਧਾਨਗੀ ਪ੍ਰਧਾਨ ਚਰਨ ਸਿੰਘ ਨੇ ਕਰਦਿਆਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।ਇਸ ਮੌਕੇ ਹਵਨ ਯੱਗ ਤੇ ਝੰਡੇ ਦੀ ਰਸਮ ਪਾਖਰ ਸਿੰਘ ਸਹੋਲੀ ਐੱਮ ਡੀ ਹਰਦੇਵ ਕੰਬਾਈਨ ਵੱਲੋਂ ਕੀਤੀ ਗਈ ਤੇ ਭਗਵਾਨ ਦਾ ਗੁਣਗਾਨ ਕ੍ਰਿਸ਼ਨ ਸਿੰਘ ਨਰਮਾਣਾ ਦੇ ਜਥੇ ਵੱਲੋਂ ਕੀਤਾ ਗਿਆ।ਇਸ ਮੌਕੇ ਗੁਰੂ ਕੇ ਲੰਗਰ ਵਰਤਾਏ ਗਏ।ਇਸ ਮੌਕੇ ਆਲ ਇੰਡੀਆ ਕੰਬਾਈਨ ਐਸੋਸੀਏਸ਼ਨ ਦੇ ਪ੍ਰਧਾਨ ਅਵਤਾਰ ਸਿੰਘ ਨੰਨੜੇ, ਮਨਪੀਤ ਸਿੰਘ ਐੱਮ ਡੀ ਕਰਤਾਰ ਕੰਬਾਈਨ ਭਾਦਸੋਂ, ਚੇਅਰਮੈਨ ਭਗਵੰਤ ਸਿੰਘ ਰਾਮਗੜ੍ਹੀਆ, ਭਗਵੰਤ ਸਿੰਘ ਮਾਨਕੂ ਭਾਦਸੋਂ, ਅਜੈਬ ਸਿੰਘ ਐੱਮ ਡੀ ਏ ਐੱਸ ਕੰਬਾਈਨ, ਸੁਖਚੈਨ ਸਿੰਘ ਐੱਮ ਡੀ ਗੁਰਦਿਆਲ ਕੰਬਾਈਨ, ਅਮਰੀਕ ਸਿੰਘ ਗਿੱਲ ਪ੍ਰਧਾਨ ਫੋਕਲ ਪੁਆਇੰਟ, ਕੁਲਵੰਤ ਸਿੰਘ ਸਿਆਣ, ਸਰਬਜੀਤ ਸਿੰਘ ਰਾਮਗੜ੍ਹੀਆ, ਬਲਜਿੰਦਰ ਸਿੰਘ ਜੰਡੂ, ਬਲਜਿੰਦਰ ਸਿੰਘ ਬਿੱਲੂ, ਸ਼ਮਸ਼ੇਰ ਸਿੰਘ ਸਰਵਣ ਐਗਰੋ ਟੈਂਕ, ਬਲਜਿੰਦਰ ਸਿੰਘ ਪੰਜਾਬ ਗੋਲਡ, ਜਗਦੀਸ਼ ਸਿੰਘ ਡੀ ਸੀ, ਅਵਤਾਰ ਸਿੰਘ ਮਠਾੜ ਤੋਂ ਇਲਾਵਾ ਵੱਡੀ ਗਿਣਤੀ 'ਚ ਸਮੂਹ ਭਾਈਚਾਰੇ ਵੱਲੋਂ ਸ਼ਮੂਲੀਅਤ ਕੀਤੀ ਗਈ।

## ਭਾਵਾਧਸ ਦੇ ਮੁਖੀ ਵਿਜੇ ਦਾਨਵ ਦਾ ਪ੍ਰਧਾਨ ਨਰੇਸ਼ ਬੋਹਤ ਵੱਲੋਂ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀਆ ਵਾਲਮੀਕਿ ਧਰਮ ਸਮਾਜ (ਭਾਵਾਧਸ) ਨੇ ਇਕ ਮੀਟਿੰਗ ਕੀਤੀ। ਇਸ ਮੌਕੇ ਭਾਰਤੀਯ ਵਾਲਮੀਕਿ ਧਰਮ ਸਮਾਜ ਮੋਗਾ ਦੇ ਪ੍ਰਧਾਨ ਨਰੇਸ਼ ਬੋਹਤ ਨੇ ਦੱਸਿਆ ਕਿ ਵਾਲਮੀਕਿ ਸਮਾਜ ਦੀ ਬੁਲੰਦ ਆਵਾਜ਼ ਵੀਰਸਰੇਸ਼ਟ ਵਿਜੇ ਦਾਨਵ ਰਾਸ਼ਟਰੀ ਮੁੱਖ ਸੰਚਾਲਕ ਭਾਵਾਧਸ ਭਾਰਤ ਲੁਧਿਆਣਾ ਨੂੰ ਮੀਟਿੰਗ ਦੌਰਾਨ ਫੁੱਲਾਂ ਦੇ ਹਾਰ ਤੇ ਸਰੋਪਾ ਪਹਿਨਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਵਾਲਮੀਕਿ ਧਰਮ ਸਮਾਜ ਭਾਵਾਧਸ ਦੇ ਮੁਖੀ ਵਿਜੇ ਦਾਨਵ ਨੇ ਕਿਹਾ ਕਿ ਮੋਗਾ ਦੇ ਪ੍ਰਧਾਨ ਨਰੇਸ਼ ਬੋਹਤ ਤੇ ਸਾਰੇ ਹੀ ਅਹੁਦੇਦਾਰਾਂ ਦਾ ਸਨਮਾਨ ਦੇਣ ਲਈ ਧੰਨਵਾਦ ਕੀਤਾ ਅਤੇ ਵਿਜੇ ਦਾਨਵ ਨੇ ਸੰਗਠਨ ਦੀ ਵਿਚਾਰਧਾਰਾ ਨੂੰ ਫੈਲਾਉਣ ਲਈ ਹੋਰਨਾਂ ਲੋਕਾਂ ਨੂੰ ਵੀ ਭਾਵਾਧਸ ਸੰਗਠਨ ਵਿੱਚ ਸ਼ਾਮਲ ਕਰਕੇ ਸੰਗਠਨ ਨੂੰ ਹੋਰ ਮਜ਼ਬੂਤ ਕੀਤਾ ਜਾਵੇ। ਭਾਵਾਧਸ ਦੇ ਮੁਖੀ ਵਿਜੇ ਦਾਨਵ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਤੋਂ ਹਮੇਸ਼ਾ ਦੂਰੀ ਬਣਾ ਕੇ ਰੱਖੋ ਤੇ ਚੰਗੇ ਕੰਮਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣ ਚਾਹੀਦਾ ਹੈ। ਇਸ ਮੌਕੇ ਪ੍ਰਕਾਸ਼ ਓਮ ਪ੍ਰਕਾਸ਼ ਰਾਸ਼ਟਰੀ ਮਹਾਂਮੰਤਰੀ, ਸਨੀ ਕੁਮਾਰ ਜੈਕਸ਼ਨ, ਰਾਜੀਵ ਕੁਮਾਰ, ਵਿਸ਼ਾਲ ਚੌਹਾਨ, ਕਰਨ ਕਮਾਲ ਤੋਂ ਇਲਾਵਾ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਦਸਮੇਸ਼ ਯੂਥ ਕਲੱਬ ਨੇ ਦੋ ਰੋਜ਼ਾ ਸਪੋਰਟਸ ਮੀਟ ਕਰਵਾਈ



**ਮੱਖੂ (ਰਛਪਾਲ ਸਿੰਘ ਸੰਧੂ)**-ਖੇਡ ਮੰਤਰਾਲੇ ਭਾਰਤ ਸਰਕਾਰ ਤੇ ਮੇਰਾ ਯੁਵਾ ਭਾਰਤ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪੱਧਰੀ ਸਪੋਰਟਸ ਮੀਟ ਅਧੀਨ ਦਸਮੇਸ਼ ਯੂਥ ਕਲੱਬ ਫੇਮੀਵਾਲਾ ਵੱਲੋਂ ਸੀਨੀਅਰ ਸੈਕੰਡਰੀ ਸਕੂਲ ਕਿੰਡਰਗਾਰਟਨ ਮਖੂ ਵਿਖੇ ਦੋ ਰੋਜ਼ਾ ਸਪੋਰਟਸ ਮੀਟ ਜ਼ਿਲ੍ਹਾ ਯੂਥ ਅਫ਼ਸਰ ਮੋਹਿਤ ਕੁਮਾਰ ਸੈਣੀ, ਮਨਜੀਤ ਸਿੰਘ ਭੁੱਲਰ ਲੇਖਾ ਤੇ ਪ੍ਰੋਗਰਾਮਾਂ ਅਫ਼ਸਰਾਂ ਦੀ ਦੇਖ-ਰੇਖ ਵਿੱਚ ਕਰਵਾਈ ਗਈ। ਮੁੱਖ ਮਹਿਮਾਨ ਸਕੂਲ ਦੇ ਚੇਅਰਮੈਨ ਦਰਸ਼ਨ ਸਿੰਘ ਕਟਾਰੀਆ ਤੇ ਐੱਮ ਡੀ ਜਸਵੀਰ ਸਿੰਘ ਕਟਾਰੀਆ ਨੇ ਰਿਬਨ ਕੱਟ ਕੇ ਖੇਡਾਂ ਸ਼ੁਰੂ ਕਰਵਾਈਆਂ।ਇਸ ਮੌਕੇ ਵਿਸ਼ੇਸ਼ ਮਹਿਮਾਨ ਵਜੋਂ ਪ੍ਰਿੰਸੀਪਲ ਵੀਨਾ ਕਟਾਰੀਆ, ਬਲਾਕ ਪ੍ਰਧਾਨ ਹਰਦਵਿੰਦਰ ਸਿੰਘ ਫੇਮੀਵਾਲਾ ਤੇ ਲਕਸ਼ੇ ਯੂਥ ਕਲੱਬ ਦੇ ਪ੍ਰਧਾਨ ਰਾਜੀਵ ਕਪੂਰ ਪਹੁੰਚੇ। ਇਸ ਮੌਕੇ ਸਕੂਲ ਦੇ ਲੜਕੇ-ਲੜਕੀਆਂ ਦੇ ਵੱਖ ਵੱਖ ਖੇਡ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਲੜਕੀਆਂ ਦੇ 100 ਮੀਟਰ ਦੌੜ, ਰੱਸਾਕੱਸੀ, ਗੋਲਾ ਸੁੱਟਣ, ਹਾਈ ਜੰਪ ਤੇ ਲੜਕਿਆਂ ਦੇ ਵਾਲੀਬਾਲ, ਗੋਲਾ ਸੁੱਟਣ, 200 ਮੀਟਰ ਦੌੜ ਤੇ ਰੱਸਾਕੱਸੀ ਦੇ ਮੁਕਾਬਲੇ ਕਰਵਾਏ ਗਏ।ਇਸ ਮੌਕੇ ਬਲਾਕ ਪ੍ਰਧਾਨ ਹਰਦਵਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ।ਜ਼ਿਲ੍ਹਾ ਯੂਥ ਅਫ਼ਸਰ ਮੋਹਿਤ ਕੁਮਾਰ ਸੈਣੀ ਨੇ ਨੌਜਵਾਨਾਂ ਨੂੰ ਨਸ਼ਿਆਂ ਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਚੇਅਰਮੈਨ ਦਰਸ਼ਨ ਸਿੰਘ ਕਟਾਰੀਆ ਵੱਲੋਂ ਮਾਈ ਯੁਵਾ ਭਾਰਤ ਫਿਰੋਜ਼ਪੁਰ ਵੱਲੋਂ ਕਰਵਾਏ ਜਾਂਦੇ ਸਪੋਰਟਸ ਟੂਰਨਾਮੈਂਟ ਦੀ ਸ਼ਲਾਘਾ ਕੀਤੀ ਗਈ।ਜ਼ਿਲ੍ਹਾ ਯੂਥ ਅਫ਼ਸਰ ਮੋਹਿਤ ਕੁਮਾਰ ਸੈਣੀ ਤੇ ਚੇਅਰਪਰਸਨ ਦਰਸ਼ਨ ਸਿੰਘ ਕਟਾਰੀਆ ਵੱਲੋਂ ਜੇਤੂ ਖਿਡਾਰੀਆਂ ਨੂੰ ਸਨਮਾਨ ਚਿੰਨ੍ਹ ਤੇ ਮੈਡਲ ਦੇ ਕੇ ਸਨਮਾਨਤ ਕੀਤਾ ਗਿਆ। ਆਖਰ ਵਿੱਚ ਮਨਜੀਤ ਸਿੰਘ ਭੁੱਲਰ ਵੱਲੋਂ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਕੂਲ ਕਮੇਟੀ, ਸਟਾਫ ਲਵਜੀਤ ਸਿੰਘ ਡੀ ਪੀ, ਮਾਸਟਰ ਗੁਰਧੀਰ ਸਿੰਘ, ਪ੍ਰੇਮ ਸਿੰਘ, ਕੋਆਰਡੀਨੇਟਰ ਮੈਡਮ ਮੋਨਿਕਾ, ਕਿਰਨ, ਲਕਸ਼ੇ ਯੂਥ ਕਲੱਬ ਦੇ ਪ੍ਰਧਾਨ ਰਾਜੀਵ ਕਪੂਰ ਕਲੱਬ ਪ੍ਰਧਾਨ ਹਰਦਵਿੰਦਰ ਸਿੰਘ ਫੇਮੀਵਾਲਾ, ਗੁਰਜੀਤ ਸਿੰਘ, ਲਕਸ਼ੇ ਕਪੂਰ ਦਾ ਧੰਨਵਾਦ ਕੀਤਾ ਗਿਆ।

## ਕਿਸਾਨੀ ਨੂੰ ਖੁਸ਼ਹਾਲ ਕਰਨ 'ਚ ਸੁਸਾਇਟੀਆਂ ਦਾ ਅਹਿਮ ਯੋਗਦਾਨ : ਕਾਕਾ ਬਰਾੜ

**ਬੂਟਾ ਸਿੰਘ ਪ੍ਰਧਾਨ ਤੇ ਗੁਰਦੇਵ ਸਿੰਘ ਬਣੇ ਕੋਆਪ੍ਰੇਟਿਵ ਸੁਸਾਇਟੀ ਦੇ ਉੱਪ ਪ੍ਰਧਾਨ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਦਿ ਕੋਆਪ੍ਰੇਟਿਵ ਖੱਪਿਆਂਵਾਲੀ ਸੁਸਾਇਟੀ ਦੀ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੀ ਅਗਵਾਈ ਹੇਠ ਸਮੂਹ ਮੈਂਬਰਾਂ ਦੀ ਸਰਵਸੰਮਤੀ ਨਾਲ ਚੋਣ ਕੀਤੀ ਗਈ।ਇਸ ਤੋਂ ਬਾਅਦ ਸਰਵਸੰਮਤੀ ਨਾਲ ਬੂਟਾ ਸਿੰਘ ਨੂੰ ਪ੍ਰਧਾਨ ਤੇ ਗੁਰਦੇਵ ਸਿੰਘ ਮਾਂਗਟਕੇਰ ਨੂੰ ਉੱਪ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਸਮੂਹ ਮੈਂਬਰਾਂ ਤੋਂ ਇਲਾਵਾ ਪਿੰਡ ਖੱਪਿਆਂਵਾਲੀ ਤੇ ਮਾਂਗਟਕੇਰ ਦੇ ਵਰਕਰ ਹਾਜ਼ਰ ਸਨ। ਇਸ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਨਵੇਂ ਚੁਣੇ ਗਏ ਪ੍ਰਧਾਨ ਬੂਟਾ ਸਿੰਘ ਤੇ ਉਪ ਪ੍ਰਧਾਨ ਗੁਰਦੇਵ ਸਿੰਘ ਮਾਂਗਟਕੇਰ ਤੇ ਮੈਂਬਰ ਵਿਰਸਾ ਸਿੰਘ, ਸਿਮਰਜੀਤ ਸਿੰਘ, ਕੁਲਜੀਤ ਕੌਰ, ਪਰਮਿੰਦਰ ਸਿੰਘ, ਕੁਲਵੰਤ ਸਿੰਘ, ਅੰਗਰੇਜ਼ ਸਿੰਘ, ਚਰਨਜੀਤ ਕੌਰ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਉਹ ਪਿੰਡ ਦੀ ਸੁਸਾਇਟੀ ਨੂੰ ਹੋਰ ਅੱਗੇ ਲਿਜਾਣ ਲਈ ਆਪਣੀ ਪੂਰੀ ਵਾਹ ਲਗਾਉਣ।ਉਨ੍ਹਾਂ ਕਿਹਾ ਕਿ ਜੇਕਰ ਸੁਸਾਇਟੀ ਸਹੀ ਢੰਗ ਨਾਲ ਚੱਲੇ ਤਾਂ ਕਿਸਾਨਾਂ ਨੂੰ ਵੱਡੇ ਪੱਧਰ 'ਤੇ ਫਾਇਦਾ ਮਿਲੇਗਾ।ਉਨ੍ਹਾਂ ਕਿਹਾ ਕਿ ਕਿਸਾਨੀ ਨੂੰ ਖਸ਼ਹਾਲ ਕਰਨ ਵਿੱਚ ਸੁਸਾਇਟੀਆਂ ਦਾ ਅਹਿਮ ਯੋਗਦਾਨ ਹੁੰਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਪਿੰਡਾਂ ਦੇ ਵਿਕਾਸ ਲਈ ਵਚਨਬੱਧ ਹੈ ਤੇ ਇਸ ਲਈ ਹਰ ਸੰਭਵ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ।ਉਨ੍ਹਾਂ ਵਰਕਰਾਂ ਨੂੰ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਰਪੰਚ ਕਾਕਾ ਸਿੰਘ, ਸਰਪੰਚ ਸ਼ਿੰਗਾਰਾ ਸਿੰਘ ਮਾਂਗਟਕੇਰ, ਨਰਿੰਦਰ ਸਿੰਘ ਮੈਂਬਰ, ਹਰਮੀਤ ਸਿੰਘ ਸਿੱਧੂ, ਗੁਰਮੀਤ ਸਿੰਘ ਪ੍ਰਧਾਨ ਯੂਥ, ਮਨਜੀਤ ਸਿੰਘ, ਰਘੁਬੀਰ ਸਿੰਘ ਮੈਂਬਰ, ਗੁਰਵਿੰਦਰ ਸਿੰਘ ਮੈਂਬਰ, ਕੇਵਲ ਸਿੰਘ ਮੈਂਬਰ, ਉਪਕਾਰ ਸਿੰਘ ਪ੍ਰਧਾਨ, ਸੈਕਟਰੀ ਗੁਰਮੀਤ ਸਿੰਘ, ਡਾ. ਗੁਰਦਿਆਲ ਸਿੰਘ ਆਦਿ ਹਾਜ਼ਰ ਸਨ।

# ਚੋਲਾ ਸਾਹਿਬ ਦੇ ਜੋੜ ਮੇਲੇ ਮੌਕੇ ਸੰਗਤਾਂ ਲਈ ਲੰਗਰ ਦੇ ਪ੍ਰਬੰਧ ਮੁਕੰਮਲ: ਬਾਬਾ ਗੁਰਪ੍ਰੀਤ ਸਿੰਘ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਵਿਖੇ ਹਰ ਸਾਲ ਦੀ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸਾਲਾਨਾ ਜੋੜ ਮੇਲਾ ਸ੍ਰੀ ਚੋਲਾ ਸਾਹਿਬ ਜੋ 4 ਮਾਰਚ ਤੋਂ 8 ਮਾਰਚ ਤੱਕ ਲੱਗਦਾ ਹੈ, ਇਸ ਮੇਲੇ ਮੌਕੇ ਸੰਗਤਾਂ ਦੀ ਭਾਰੀ ਆਮਦ ਨੂੰ ਦੇਖਦਿਆਂ ਹੋਇਆਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਵੱਲੋਂ ਲੰਗਰ ਦੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ।ਇਸ ਸਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਾਰ ਸੇਵਾ ਵਾਲੇ ਬਾਬਾ ਗੁਰਪ੍ਰੀਤ ਸਿੰਘ, ਬਾਬਾ ਬਿਸ਼ਨ ਸਿੰਘ ਪੱਪੂ, ਬਾਬਾ ਨਿਰਮਲ ਸਿੰਘ ਨੇ ਦੱਸਿਆ ਕਿ ਕਾਰ ਸੇਵਾ ਵਾਲੇ ਮਹਾਂਪੁਰਖ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਵੱਲੋਂ ਇਸ ਇਤਿਹਾਸਕ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਮੇਲਾ ਸ਼੍ਰੀ ਚੋਲਾ ਸਾਹਿਬ ਮੌਕੇ ਆਉਣ ਵਾਲੀਆਂ ਸੰਗਤਾਂ ਲਈ ਲੰਗਰ ਆਦਿ ਦੇ ਵਿਸ਼ੇਸ਼ ਤੌਰ ਤੇ ਪ੍ਰਬੰਧ ਕੀਤੇ ਗਏ ਹਨ , ਗੁਰਦੁਆਰਾ ਸਾਹਿਬ ਵਿਖੇ ਆਉਣ ਵਾਲਿਆਂ ਸੰਗਤਾਂ ਨੂੰ ਕਿਸੇ ਕਿਸਮ ਦੀ ਕੋਈ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ।ਉਨ੍ਹਾਂ ਕਿਹਾ ਕਿ ਬਾਬਾ ਸੇਵਾ ਸਿੰਘ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਜਿੱਥੇ ਲੰਗਰ ਦੀ ਸੇਵਾ ਚੱਲ ਰਹੀ ਹੈ ਉਥੇ ਇਸ ਇਤਿਹਾਸਕ ਗੁਰਦੁਆਰਾ ਸ਼੍ਰੀ ਦਰਬਾਰ ਸਾਹਿਬ ਦੀ ਨਵੀਂ ਬਣੀ ਇਮਾਰਤ ਅਤੇ ਇਸ ਨੂੰ ਸੁੰਦਰੀਕਰਨ ਲਈ ਕਾਰ ਸੇਵਾ ਵੀ ਕਰਵਾਈ ਜਾ ਰਹੀ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਸ ਇਤਿਹਾਸਕ ਗੁਰਦੁਆਰਾ ਸਾਹਿਬ ਵਿਖੇ ਬਾਬਾ ਅਜਿੱਤਾ ਰੰਧਾਵਾ ਦੇ ਇਤਿਹਾਸਕ ਖੂਹ ਨੂੰ ਪੁਰਾਤਨ ਦਿੱਖ ਇਹ ਦੇ ਕੇ ਸੰਗਤਾਂ ਨੂੰ ਸਮਰਪਿਤ ਕੀਤਾ ਗਿਆ ਹੈ। ਦੇਸ਼ਾਂ-ਵਿਦੇਸ਼ਾਂ ਦੀਆਂ ਸੰਗਤਾਂ ਇਸ ਦੇ ਦਰਸ਼ਨ ਦਿਦਾਰੇ ਕਰਕੇ ਗੁਰੂ-ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰ ਰਹੀਆਂ ਹਨ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂਘਰ ਵਿਖੇ ਚੱਲ ਰਹੀਆਂ ਸੇਵਾਵਾਂ ਅਤੇ ਲੰਗਰਾਂ ਵਿੱਚ ਹਿੱਸਾ ਪਾ ਕੇ ਆਪਣਾ ਜੀਵਨ ਸਫਲਾ ਕਰਨ।ਇਸ ਮੌਕੇ ਬਾਬਾ ਲੱਖਾ ਸਿੰਘ ਰੜਿਆਣਾ, ਜਥੇਦਾਰ ਗੁਰਦਿਆਲ ਸਿੰਘ, ਜਥੇਦਾਰ ਜੋਗਿੰਦਰ ਸਿੰਘ ਬਿੱਲੂ, ਹਰਪਾਲ ਸਿੰਘ, ਅਕਾਸ਼ਦੀਪ ਸਿੰਘ, ਪ੍ਰਤਾਪ ਸਿੰਘ ਸ਼ੂਹਰ, ਕੁਲਦੀਪ ਸਿੰਘ, ਗਿਆਨੀ ਰਵੇਲ ਸਿੰਘ, ਰਸ਼ਪਾਲ ਸਿੰਘ ਧਰਮਕੋਟ ਰੰਧਾਵਾ, ਪਵਨ ਪ੍ਰੀਤ ਸਿੰਘ, ਹਰਪਾਲ ਸਿੰਘ ਜੌੜੀਆਂ ਕਲਾਂ, ਰੋਜ਼ਪ੍ਰੀਤ ਸਿੰਘ, ਜੱਸਾ ਸਿੰਘ ਸ਼ੂਹਰ ਆਦਿ ਹਾਜ਼ਰ ਸਨ ।



# ਪ੍ਰੀਖਿਆ ਦੌਰਾਨ ਅੰਮ੍ਰਿਤਧਾਰੀ ਬੱਚੀ ਦੀ ਦਸਤਾਰ ਤੇ ਕਿਰਪਾਨ ਲੁਹਾਉਣਾ ਮੰਦਭਾਗਾ: ਧਾਮੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮੱਧ ਪ੍ਰਦੇਸ਼ ਦੇ ਰਤਲਾਮ ਵਿਖੇ ਬੀਤੇ ਕੱਲ੍ਹ ਲੋਕ ਸੇਵਾ ਕਮਿਸ਼ਨ ਵੱਲੋਂ ਲਈ ਗਈ ਪ੍ਰੀਖਿਆ ਦੌਰਾਨ ਅੰਮ੍ਰਿਤਧਾਰੀ ਸਿੱਖ ਪ੍ਰੀਖਿਆਰਥੀ ਬੱਚੀ ਦੀ ਦਸਤਾਰ ਅਤੇ ਕਿਰਪਾਨ ਲੁਹਾਉਣ ਦੇ ਮਾਮਲੇ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਖ਼ਤ ਇਤਰਾਜ਼ ਜਤਾਇਆ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਸਿੱਖ ਧਰਮ ਦੇ ਸਿਧਾਂਤਾਂ ਅਤੇ ਰਵਾਇਤਾਂ ਤੋਂ ਸਾਰੇ ਦੇਸ਼ ਦੇ ਲੋਕ ਚੰਗੀ ਤਰ੍ਹਾਂ ਜਾਣੂ ਹਨ ਅਤੇ ਸਿੱਖ ਕਕਾਰਾਂ ਤੋਂ ਵੀ ਲੋਕਾਂ ਨੂੰ ਕਿਸੇ ਕਿਸਮ ਦੀ ਅਗਿਆਨਤਾ ਨਹੀਂ ਹੈ। ਪ੍ਰੰਤੂ ਇਸ ਦੇ ਬਾਵਜੂਦ ਵੀ ਕਕਾਰਾਂ 'ਤੇ ਸਵਾਲ ਚੁੱਕਣੇ ਦੁਖਦਾਈ ਹਨ।ਬਾਰ-ਬਾਰ ਸਿੱਖ ਬੱਚਿਆਂ ਨੂੰ ਪ੍ਰੀਖਿਆਵਾਂ ਵਿਚ ਕਕਾਰ ਪਹਿਨਣ ਤੋਂ ਰੋਕਣਾ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ ਅਤੇ ਸਿੱਖਾਂ ਨੂੰ ਆਪਣੇ ਹੀ ਦੇਸ਼ ਅੰਦਰ ਬੇਗਾਨਗੀ ਦਾ ਅਹਿਸਾਸ ਕਰਾਉਣ ਵਾਂਗ ਹੈ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਕਿਹਾ ਕਿ ਭਾਵੇਂ ਕਿ ਪ੍ਰੀਖਿਆ ਸਟਾਫ਼ ਵੱਲੋਂ ਮੁਆਫ਼ੀ ਮੰਗ ਲਈ ਗਈ ਹੈ, ਪ੍ਰੰਤੂ ਅਜਿਹਾ ਵਾਪਰਨ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪੁੱਜੀ ਹੈ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਅਜਿਹੀਆਂ ਘਟਨਾਵਾਂ ਪ੍ਰਤੀ ਆਪਣੇ ਜਨਰਲ ਅਜਲਾਸ ਦੌਰਾਨ ਵਿਸ਼ੇਸ਼ ਮਤੇ ਪਾਸ ਕਰਕੇ ਕੇਂਦਰ ਸਰਕਾਰ ਨੂੰ ਭੇਜੇ ਜਾਂਦੇ ਹਨ, ਜਿਸ 'ਤੇ ਕਾਰਵਾਈ ਹੋਣੀ ਚਾਹੀਦੀ ਹੈ।

ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਹਰ ਸੂਬੇ ਦੀ ਸਰਕਾਰ ਨੂੰ ਸਿੱਖਾਂ ਦੇ ਕਕਾਰਾਂ ਅਤੇ ਧਾਰਮਿਕ ਚਿੰਨ੍ਹਾਂ ਬਾਰੇ ਇਹ ਆਦੇਸ਼ ਜਾਰੀ ਕਰੇ ਕਿ ਕਿਸੇ ਵੀ ਪ੍ਰੀਖਿਆ ਦੌਰਾਨ ਸਿੱਖ ਕਕਾਰਾਂ ਦਾ ਸਨਮਾਨ ਬਹਾਲ ਰੱਖਿਆ ਜਾਵੇ ਅਤੇ ਜੇ ਕੋਈ ਇਸ ਦੀ ਉਲੰਘਣਾ ਕਰੇ ਤਾਂ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ।

# ਸਕੂਲ ਆਫ ਐਮੀਨੈਂਸ ਤੇ ਮੈਰੀਟੋਰੀਅਸ ਸਕੂਲਾਂ ਦੇ ਦਾਖਲਾ ਟੈਸਟ ਲਈ ਤਿਆਰੀਆਂ ਮੁਕੰਮਲ : ਡੀ ਈ ਓ

ਧਾਰੀਵਾਲ, (ਮਨਦੀਪ ਵਿੱਕੀ)-ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਸਾਰੇ 117 ਸਕੂਲ ਆਫ ਐਮੀਨੈਂਸ ਵਿੱਚ ਹਰੇਕ ਸਾਲ 9ਵੀਂ ਅਤੇ 11ਵੀਂ ਜਮਾਤ ਵਿੱਚ ਦਾਖਲਾ ਟੈਸਟ ਦੇ ਆਧਾਰ ਤੇ ਕੀਤਾ ਜਾਂਦਾ ਹੈ ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡੀਈਓ ਪਰਮਜੀਤ ਅਤੇ ਜ਼ਿਲ੍ਹਾ ਨੋਡਲ ਅਫਸਰ ਅਮਰਜੀਤ ਸਿੰਘ ਪੁਰੇਵਾਲ ਨੇ ਦੱਸਿਆ ਕਿ ਜਿਨਾਂ ਵਿਦਿਆਰਥੀਆਂ ਨੇ 9ਵੀਂ ਜਮਾਤ ਅਤੇ 11ਵੀਂ ਜਮਾਤ ਵਿੱਚ ਦਾਖਲੇ ਲਈ ਟੈਸਟ ਵਾਸਤੇ ਅਪਲਾਈ ਕੀਤਾ ਸੀ, ਉਨ੍ਹਾਂ ਦੇ ਰੋਲ ਨੰਬਰ ਵਿਭਾਗ ਵੱਲੋਂ ਜਾਰੀ ਕਰ ਦਿੱਤੇ ਗਏ ਹਨ ।ਵਿਦਿਆਰਥੀ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੈੱਬਸਾਈਟ ਤੇ ਜਾ ਕੇ ਆਪਣਾ ਰੋਲ ਨੰਬਰ ਡਾਊਨਲੋਡ ਕਰ ਸਕਦੇ ਹਨ ।

ਸ: ਪੁਰੇਵਾਲ ਨੇ ਦੱਸਿਆ ਕਿ ਇਸ ਸਾਲ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਦੇ 9ਵੀ ਜਮਾਤ ਵਿੱਚ ਦਾਖਲੇ ਲਈ 5952 ਵਿਦਿਆਰਥੀਆ ਅਤੇ 11ਵੀਂ ਜਮਾਤ ਵਿੱਚ ਦਾਖਲੇ ਲਈ 6980 ਵਿਦਿਆਰਥੀ ਨੇ ਅਪਲਾਈ ਕੀਤਾ ਸੀ ਜਿਸ ਵਾਸਤੇ ਦਾਖਲਾ ਟੈਸਟ ਦੀ ਮਿਤੀ 01-03-2026 ਨੂੰ ਹੋਣ ਜਾ ਰਿਹਾ ਹੈ ਅਤੇ ਪੂਰੇ ਜਿਲੇ ਵਿੱਚ 48 ਪ੍ਰੀਖਿਆ ਕੇਂਦਰ ਬਣਾਏ ਗਏ ਹਨ । ਟੈਸਟ ਦਾ ਸਮਾਂ ਸਵੇਰੇ 11:00 ਵਜੇ ਤੋਂ ਦੁਪਹਿਰ 2:00 ਵਜੇ ਦਾ ਹੋਵੇਗਾ ।ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਰੋਲ ਨੰਬਰ ਨੂੰ ਆਪਣੇ ਸਕੂਲ ਦੇ ਪ੍ਰਿੰਸੀਪਲ ਤੋਂ ਤਸਦੀਕ ਕਰਵਾਉਣ ਉਪਰੰਤ ਨਿਰਧਾਰਿਤ ਸਮੇਂ ਤੋ 02 ਘੰਟੇ ਪਹਿਲਾਂ ਪ੍ਰੀਖਿਆ ਕੇਂਦਰ ਤੇ ਰਿਪੋਰਟ ਕਰਨਗੇ ।ਕਿਸੇ ਵੀ ਵਿਦਿਆਰਥੀ ਨੂੰ ਆਪਣੇ ਨਾਲ ਮੋਬਾਇਲ ਜਾਂ ਕਿਸੇ ਵੀ ਕਿਸਮ ਦੀ ਇਲੈਕਟ੍ਰੋਨਕ ਡੀਵਾਈਸ ਲੈ ਕੇ ਆਉਣ ਦੀ ਆਗਿਆ ਨਹੀਂ ਹੋਵੇਗੀ ।ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ।3 ਸਕੂਲ ਆਫ ਐਮੀਨੈਂਸ ਚੱਲ ਰਹੇ ਹਨ ਜਿਨ੍ਹਾਂ ਵਿੱਚ ਸਕੂਲ ਆਫ ਐਮੀਨੈਂਸ ਬਟਾਲਾ, ਸਕੂਲ ਆਫ ਐਮੀਨੈਂਸ ਗੁਰਦਾਸਪੁਰ ਅਤੇ ਸਕੂਲ ਆਫ ਐਮੀਨੈਂਸ ਸ੍ਰੀ ਹਰਗੋਬੰਦਰਪੁਰ ਸਾਹਿਬ ਹਨ ।ਟੈਸਟ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ 4000 ਰੁਪਏ ਕੀਮਤ ਦੀ ਮੁਫਤ ਯੂਨੀਫਾਰਮ ਅਤੇ ਬੱਸ ਸਹੂਲਤ ਵੀ ਮੁਫਤ ਮੁਹੱਈਆ ਕਰਵਾਈ ਜਾਵੇਗੀ ।

ਇਸ ਸਾਲ 8ਵੀ ਅਤੇ 10ਵੀਂ ਜਮਾਤ ਵਿੱਚ ਅਪੀਅਰ ਵਿਦਿਆਰਥੀ ਹੀ ਟੈਸਟ ਲਈ ਯੋਗ ਹੋਣਗੇ ।ਇਨ੍ਹਾਂ ਤਿੰਨੋਂ ਸਕੂਲਾਂ ਵਿੱਚ ਪ੍ਰਤੀ ਸਕੂਲ 9ਵੀਂ ਜਮਾਤ ਵਾਸਤੇ 36 ਸੀਟਾਂ ਅਤੇ 11ਵੀਂ ਜਮਾਤ ਵਿੱਚ ਚਾਰ ਵੱਖ ਵੱਖ ਵੱਖ ਸਟਰੀਮ, ਜਿਨਾਂ ਵਿੱਚ ਸਾਇੰਸ ਮੈਡੀਕਲ, ਨਾਨ-ਮੈਡੀਕਲ, ਆਰਟਸ ਅਤੇ ਕਾਮਰਸ ਵਿੱਚ ਪ੍ਰਤੀ ਸਟਰੀਮ 32 ਦੇ ਹਿਸਾਬ ਪ੍ਰਤੀ ਸਕੂਲ ਨੂੰ 128 ਸੀਟਾਂ ਅਲਾਟ ਕੀਤੀਆ ਗਈਆਂ ਹਨ ਅਤੇ ਮੈਰੀਟੋਰੀਅਸ ਸਕੂਲ ਗੁਰਦਾਸਪੁਰ ਵਿੱਚ ਮੈਡੀਕਲ 300, ਨਾਨ ਮੈਡੀਕਲ, ਮੈਡੀਕਲ 100 ਅਤੇ ਕਾਮਰਸ ਵਾਸਤੇ 100 ਵਿਦਿਆਰਥੀਆਂ ਦੀ ਚੋਣ ਕੀਤੀ ਜਾਵੇਗੀ ।ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਸਮੂਹ ਮਾਪਿਆਂ ਅਤੇ ਸਕੂਲ ਮੁਖੀਆਂ ਨੂੰ ਅਪੀਲ ਕੀਤੀ ਕਿ ਟੈਸਟ ਵਿੱਚ ਬੱਚਿਆਂ ਦੀ ਸੌ ਪ੍ਰਤੀਸ਼ਤ ਹਾਜਰੀ ਯਕੀਨੀ ਬਣਾਈ ਜਾਵੇ ।

# ਮਹਾਰਾਸ਼ਟਰ 'ਚ ਦੋ ਦਿਨਾ ਸ਼ਤਾਬਦੀ ਸਮਾਗਮ ਚੜ੍ਹਦੀ ਕਲਾ ਨਾਲ ਸੰਪੰਨ

**ਤਰਸਿੱਕਾ, ਤਰਸੇਮ ਸਿੰਘ ਸਾਧਪੁਰ**)-'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਨੂੰ ਸਮਰਪਿਤ ਨਵੀਂ ਮੁੰਬਈ ਦੇ ਖਾਰਘਰ ਵਿਖੇ ਮਨਾਏ ਗਏ ਦੋ ਦਿਨਾ ਸ਼ਤਾਬਦੀ ਸਮਾਗਮ ਜਿੱਥੇ ਇਤਿਹਾਸਕ ਯਾਦਾਂ ਸਿਰਜਦੇ ਹੋਏ ਚੜ੍ਹਦੀ ਕਲਾ ਨਾਲ ਸੰਪੰਨ ਹੋ ਗਏ, ਉਥੇ ਹੀ ਗੁਰੂ ਸਾਹਿਬ ਦੀ ਸ਼ਹਾਦਤ ਦੇ ਇਤਿਹਾਸਕ ਮਹੱਤਵ ਤੇ ਸੰਵਿਧਾਨਕ ਕਦਰਾਂ-ਕੀਮਤਾਂ, ਧਾਰਮਿਕ ਆਜ਼ਾਦੀ, ਸਮਾਨਤਾ ਤੇ ਨਿਆਂ-ਨਾਲ ਉਨ੍ਹਾਂ ਦੇ ਸਬੰਧਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦੇ ਆਪਣੇ ਉਦੇਸ਼ 'ਚ ਪੂਰੀ ਤਰ੍ਹਾਂ ਸਫਲਾ ਰਹੇ।

ਮਹਾਰਾਸ਼ਟਰ ਸੂਬੇ 'ਚ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਵਿਸ਼ੇਸ਼ ਉਪਰਾਲੇ ਸਦਕਾ ਤੇ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਦੀ ਸਰਪ੍ਰਸਤੀ 'ਚ 8 ਦਸੰਬਰ ਨੂੰ ਨਾਗਪੁਰ, 24-25 ਜਨਵਰੀ ਨੂੰ ਨਾਂਦੇੜ ਤੇ ਹੁਣ ਖਾਰਘਰ ਵਿਖੇ ਮਨਾਏ ਗਏ ਇਹ ਸ਼ਤਾਬਦੀ ਸਮਾਗਮ ਰਾਸ਼ਟਰੀ ਏਕਤਾ ਦਾ ਪ੍ਰਤੀਕ ਬਣ ਗਏ। ਇੱਕ ਮੰਚ ਤੇ ਇੱਕ ਸੋਚ ਨਾਲ ਗੁਰੂ ਸਾਹਿਬ ਦੇ ਸ਼ਤਾਬਦੀ ਸਮਾਗਮਾਂ ਨੂੰ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।

ਪ੍ਰਧਾਨ ਮੰਤਰੀ ਮੋਦੀ ਨੇ ਵੀਡੀਓ ਸੰਦੇਸ਼ ਰਾਹੀਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਪ੍ਰਣਾਮ ਕੀਤਾ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਸਤੀ ਦਾਸ, ਭਾਈ ਮਤੀ ਦਾਸ ਤੇ ਭਾਈ ਦਿਆਲਾ ਜੀ ਦੀ ਲਾ-ਮਿਸਾਲ ਸ਼ਹਾਦਤ ਨੂੰ ਯਾਦ ਕਰਦੇ ਹੋਏ ਸ਼ਰਧਾਪੂਰਵਕ ਨਮਨ ਭੇਟ ਕੀਤਾ ਤੇ ਕਿਹਾ ਕਿ ਜੇਕਰ ਗੁਰੂ ਸਾਹਿਬ ਹਿੰਦੂ ਧਰਮ ਨੂੰ ਬਚਾਉਣ ਲਈ ਆਪਣੀ ਸ਼ਹਾਦਤ ਨਾ ਦਿੰਦੇ ਤਾਂ ਅੱਜ ਵਿਸ਼ਵ 'ਚ ਕੋਈ ਹਿੰਦੂ ਨਾ ਹੁੰਦਾ।ਸਮਾਗਮ ਦੌਰਾਨ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਤੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਤੇ ਯਾਦਗਾਰ ਵਜੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਰਚਿਤ 'ਜ਼ਫਰਨਾਮਾ' ਭੇਟ ਕੀਤਾ ਗਿਆ।



# ਪੈਦਲ ਸੰਗ ਦਾ ਡੇਰਾ ਬਾਬਾ ਨਾਨਕ ਪਹੁੰਚਣ 'ਤੇ ਹੋਵੇਗਾ ਭਰਵਾਂ ਸਵਾਗਤ : ਬਾਬਾ ਅਵਤਾਰ ਸਿੰਘ ਬੇਦੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਪਹਿਲੀ ਪਾਤਸ਼ਾਹੀ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਮੌਕੇ ਇਤਿਹਾਸਿਕ ਕਸਬਾ ਡੇਰਾ ਬਾਬਾ ਨਾਨਕ ਪੁੱਜਣ ਵਾਲੇ ਸੰਗ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਵੰਸ਼ਜ 16ਵੀਂ ਬਾਬਾ ਅਵਤਾਰ ਸਿੰਘ ਬੇਦੀ ਗੱਦੀ ਨਸ਼ੀਨ ਸ੍ਰੀ ਚੋਲਾ ਸਾਹਿਬ ਵਾਲਿਆਂ ਨੇ ਕੀਤਾ ।ਉਨ੍ਹਾਂ ਕਿਹਾ ਕਿ ਦੁਆਬੇ ਦੀ ਧਰਤੀ ਖੜਿਆਲਾ ਸੈਣੀਆਂ ਤੋਂ 1 ਮਾਰਚ ਨੂੰ ਸੰਗ ਦੇ ਰੂਪ 'ਚ ਪੈਦਲ ਚੱਲਣ ਵਾਲੀਆਂ ਸੰਗਤਾਂ ਦਾ 4 ਮਾਰਚ ਨੂੰ ਇਤਿਹਾਸਿਕ ਕਸਬਾ ਡੇਰਾ ਬਾਬਾ ਨਾਨਕ ਵਿਖੇ ਪੁੱਜਣ 'ਤੇ ਭਰਵਾਂ ਸਵਾਗਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੇਲਾ ਸ੍ਰੀ ਚੋਲਾ ਸਾਹਿਬ ਮੌਕੇ ਇਤਿਹਾਸਿਕ ਕਸਬਾ ਡੇਰਾ ਬਾਬਾ ਨਾਨਕ ਪੁੱਜਣ ਵਾਲੀਆਂ ਸੰਗਤਾਂ ਲਈ ਗੁਰਦੁਆਰਾ ਸੱਚਖੰਡ ਸ੍ਰੀ ਗੁਰੂ ਨਾਨਕ ਅਸਥਾਨ ਵਿਖੇ ਸਾਰੇ ਪ੍ਰਬੰਧ ਕੀਤੇ ਗਏ ਹਨ ।ਉਨ੍ਹਾਂ ਦੱਸਿਆ ਕਿ 4 ਮਾਰਚ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਡੇਰਾ ਬਾਬਾ ਨਾਨਕ ਪੁੱਜਣ ਵਾਲੇ ਪੈਦਲ ਸੰਗ ਲਈ ਡੇਰਾ ਬਾਬਾ ਨਾਨਕ ਇਲਾਕੇ ਦੀਆਂ ਸੰਗਤਾਂ ਵੱਲੋਂ ਪਿਛਲੇ ਕਈ ਦਿਨਾਂ ਤੋਂ ਪਿੰਡ ਪਿੰਡ ਸ੍ਰੀ ਅਖੰਡ ਪਾਠ ਸਾਹਿਬ ਦੀਆਂ ਲੜੀਆਂ ਚੱਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸੰਗ ਦੇ ਸਤਿਕਾਰ ਤੇ ਸਵਾਗਤ ਲਈ ਇਲਾਕੇ ਦੀਆਂ ਸੰਗਤਾਂ ਵੱਲੋਂ ਪਿੰਡ ਪਿੰਡ ਕਈ ਪ੍ਰਕਾਰ ਦੇ ਲੰਗਰ ਲਗਾਏ ਜਾਣਗੇ ਉਹਨਾਂ ਦੇਸ਼ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 4 ਮਾਰਚ ਤੋਂ ਆਰੰਭ ਹੋ ਰਹੇ ਸਲਾਨਾ ਜੋੜ ਮੇਲਾ ਸ੍ਰੀ ਚੋਲਾ ਸਾਹਿਬ ਮੌਕੇ ਪਹੁੰਚ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਸਮੇਤ ਹੋਰ ਗੁਰਧਾਮਾਂ ਦੇ ਦਰਸ਼ਨ ਕਰਨ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ ।



# ਨਗਰ ਕੌਂਸਲ ਦੀਆਂ ਚੋਣਾਂ ਨੂੰ ਲੈ ਕੇ ਕਾਂਗਰਸੀ ਆਗੂਆਂ ਵੱਲੋਂ ਅਹਿਮ ਵਿਚਾਰਾਂ

ਧਾਰੀਵਾਲ, (ਮਨਦੀਪ ਵਿੱਕੀ)-ਕਾਂਗਰਸ ਪਾਰਟੀ ਦੇ ਵਰਕਰਾਂ ਦੀ ਮੀਟਿੰਗ ਪਾਰਟੀ ਦੇ ਸ਼ਹਿਰੀ ਪ੍ਰਧਾਨ ਸਰਦਾਰੀ ਲਾਲ ਰਣੀਆਂ ਦੀ ਅਗਵਾਈ ਹੇਠ ਪਿੰਡ ਰਣੀਆਂ ਵਿਖੇ ਹੋਈ। ਮੀਟਿੰਗ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਨਰਿੰਦਰ ਸ਼ਰਮਾ ਕਾਲੇ ਸ਼ਾਹ, ਸਾਬਕਾ ਚੇਅਰਮੈਨ ਰਾਧਾ ਕ੍ਰਿਸ਼ਨਪੁਰੀ, ਦਲਜੀਤ ਸਿੰਘ ਛੋਟੇਪੁਰ, ਸੇਵਾ ਮੁਕਤ ਐੱਸਡੀਓ ਲਖਵਿੰਦਰ ਸਿੰਘ ਪੰਨੂ ਅਤੇ ਆੜ੍ਹਤੀਆ ਰੋਬਿਨ ਵੋਹਰਾ ਆਦਿ ਆਗੂਆਂ ਨੇ ਵਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਮੀਟਿੰਗ ਦੀ ਸ਼ੁਰੂਆਤ ਪੁਲਸ ਚੌਕੀ ਆਦੀਆ ਵਿੱਚ ਡਿਊਟੀ ਦੌਰਾਨ ਸ਼ਹੀਦ ਹੋਏ ਜਵਾਨਾਂ ਨੂੰ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਦਿੱਤੀ। ਕਾਂਗਰਸੀ ਆਗੂਆਂ ਨੇ ਸ਼ਹੀਦ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਦੇਸ਼ ਅਤੇ ਸਮਾਜ ਦੀ ਸੁਰੱਖਿਆ ਲਈ ਆਪਣੀ ਜਾਨ ਨਿਛਾਵਰ ਕਰਨ ਵਾਲੇ ਜਵਾਨਾਂ ਦੀ ਕੁਰਬਾਨੀ ਕਦੇ ਭੁਲਾਈ ਨਹੀਂ ਜਾ ਸਕਦੀ। ਆਗੂਆਂ ਕਿਹਾ ਕਿ ਪੰਜਾਬ ਸਰਕਾਰ ਕਾਨੂੰਨ-ਵਿਵਸਥਾ ਬਰਕਰਾਰ ਰੱਖਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਜਦੋਂ ਲੋਕਾਂ ਦੀ ਸੁਰੱਖਿਆ ਕਰਨ ਵਾਲੇ ਪੁਲਸ ਮੁਲਾਜ਼ਮ ਹੀ ਅਸੁਰੱਖਿਅਤ ਹਨ ਤਾਂ ਆਮ ਜਨਤਾ ਦੀ ਸੁਰੱਖਿਆ ਬਾਰੇ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਉਨ੍ਹਾਂ ਨੇ ਵੱਧ ਰਹੇ ਅਪਰਾਧ ਅਤੇ ਨਸ਼ੇ ਦੇ ਮਸਲੇ 'ਤੇ ਵੀ ਚਿੰਤਾ ਪ੍ਰਗਟਾਈ। ਮੀਟਿੰਗ ਦੌਰਾਨ ਆਗੂਆਂ ਨੇ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਕਰਕੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ। ਮੀਟਿੰਗ ਵਿੱਚ ਕੌਂਸਲਰ ਜੋਸਫ ਗਿੱਲ, ਆਸ਼ੂ ਮੋਦਗਿੱਲ, ਬੱਬੂ ਹੰਸ, ਦਵਿੰਦਰ ਸਿੰਘ, ਸੰਮੀ ਧਾਰੀਵਾਲ ਆਦਿ ਪਾਰਟੀ ਵਰਕਰ ਹਾਜ਼ਰ ਸਨ।



## ਸਿਮਰਨ ਸਪੀਚ ਐਂਡ ਹੀਅਰਿੰਗ ਕਲੀਨਿਕ ਵੱਲੋਂ ਚੰਗੀ ਸੁਣਨ ਸ਼ਕਤੀ ਬਾਰੇ ਜਾਗਰੂਕ ਹੋਣ ਦਾ ਸੱਦਾ

**ਲੁਧਿਆਣਾ** : ਵਰਲਡ ਹੀਅਰਿੰਗ ਡੇ ਮੌਕੇ ਤੇ ਸਿਮਰਨ ਸਪੀਚ ਐਂਡ ਹੀਅਰਿੰਗ ਕਲੀਨਿਕ ਨੇ ਸੁਣਨ ਦੀ ਸਿਹਤ ਬਾਰੇ ਵਿਆਪਕ ਜਾਗਰੂਕਤਾ ਦਾ ਸੱਦਾ ਦਿੱਤਾ।ਸਿਮਰਨ ਸਪੀਚ ਐਂਡ ਹੀਅਰਿੰਗ ਕਲੀਨਿਕ ਦੇ ਸੁਣਨ-ਬੋਲਣ 'ਚ ਵਿਕਾਰਾਂ ਦੇ ਮਾਹਿਰ ਦਾ ਮੰਨਣਾ ਹੈ ਕਿ ਸੁਣਨ ਸ਼ਕਤੀ ਸਿਰਫ ਆਵਾਜ਼ਾਂ ਸੁਣਨ ਦੀ ਯੋਗਤਾ ਨਹੀਂ ਹੈ, ਸਗੋਂ ਸੰਚਾਰ, ਸਿੱਖਿਆ, ਸਮਾਜਿਕ ਸ਼ਮੂਲੀਅਤ ਅਤੇ ਆਤਮ-ਵਿਸ਼ਵਾਸ ਲਈ ਇੱਕ ਮਜ਼ਬੂਤ ਨੀਂਹ ਹੈ।ਵਰਲਡ ਹੀਅਰਿੰਗ ਡੇ ਮੌਕੇ ਸਿਮਰਨ ਸਪੀਚ ਐਂਡ ਹੀਅਰਿੰਗ ਕਲੀਨਿਕ ਨੇ ਮਾਪਿਆਂ, ਸਕੂਲਾਂ ਅਤੇ ਸਮਾਜ ਨੂੰ ਨਿਯਮਤ ਸੁਣਵਾਈ ਜਾਂਚਾਂ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ ਤਾਂ ਜੋ ਹਰ ਬੱਚੇ ਨੂੰ ਸੁਣਨ ਅਤੇ ਬੋਲਣ ਦਾ ਬਰਾਬਰ ਮੌਕਾ ਮਿਲੇ। ਸਿਮਰਨ ਸਪੀਚ ਐਂਡ ਹੀਅਰਿੰਗ ਕਲੀਨਿਕ ਨੇ ਗੈਰ-ਸਰਕਾਰੀ ਸੰਗਠਨਾਂ ਦੇ ਸਹਿਯੋਗ ਨਾਲ ਲਗਭਗ 20 ਬੀਪੀਐੱਲ ਪਰਿਵਾਰਾਂ ਦੇ ਬੱਚਿਆਂ ਨੂੰ ਮੁਫਤ ਕੋਕਲੀਅਰ ਇੰਪਲਾਂਟ, ਸੁਣਨ ਵਾਲੇ ਯੰਤਰ ਅਤੇ ਨਿਯਮਤ ਭਾਸ਼ਣ ਥੈਰੇਪੀ ਪ੍ਰਦਾਨ ਕੀਤੀ ਹੈ।ਇਨ੍ਹਾਂ ਸੰਪੂਰਨ ਯਤਨਾਂ ਦੇ ਨਤੀਜੇ ਵਜੋਂ ਇਨ੍ਹਾਂ ਬੱਚਿਆਂ ਨੇ ਉਮਰ ਦੇ ਅਨੁਸਾਰ ਭਾਸ਼ਾਈ ਅਤੇ ਸੰਚਾਰ ਮੀਲ ਪੱਥਰ ਪ੍ਰਾਪਤ ਕੀਤੇ ਹਨ।2014 ਤੋਂ ਲੁਧਿਆਣਾ ਵਿੱਚ ਸੇਵਾ ਨਿਭਾ ਰਹੇ, ਸਿਮਰਨ ਸਪੀਚ ਐਂਡ ਹੀਅਰਿੰਗ ਕਲੀਨਿਕ ਉੱਤਰੀ ਭਾਰਤ ਵਿੱਚ ਸੁਣਨ ਅਤੇ ਬੋਲਣ ਦੀਆਂ ਸੇਵਾਵਾਂ ਦੇ ਖੇਤਰ ਵਿੱਚ ਇੱਕ ਭਰੋਸੇਯੋਗ ਨਾਮ ਬਣ ਗਿਆ ਹੈ।

## ਜਥੇ. ਮਹਿੰਦਰ ਸਿੰਘ ਦੀ ਮੌਤ 'ਤੇ ਛੋਟੇਪੁਰ ਵੱਲੋਂ ਦੁੱਖ ਦਾ ਪ੍ਰਗਟਾਵਾ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਕਸਬਾ ਡੇਰਾ ਬਾਬਾ ਨਾਨਕ ਦੇ ਨਜ਼ਦੀਕ ਪੈਂਦੇ ਸਰਹੱਦੀ ਪਿੰਡ ਭਗਠਾਣਾ ਬੋਹੜਾਂ ਵਾਲਾ ਦੇ ਮਰਹੂਮ ਪੰਥਕ ਆਗੂ ਜਥੇਦਾਰ ਬੂਟਾ ਸਿੰਘ ਦੇ ਪੁੱਤਰ ਜਥੇਦਾਰ ਮਹਿੰਦਰ ਸਿੰਘ ਦੀ ਬੀਤੇ ਦਿਨੀਂ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨਾਲ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਸਾਬਕਾ ਮੰਤਰੀ ਪੰਜਾਬ ਵੱਲੋਂ ਉਨ੍ਹਾਂ ਦੇ ਗ੍ਰਹਿ ਪਹੁੰਚ ਕੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ।ਇਸ ਮੌਕੇ ਜਥੇਦਾਰ ਸੁੱਚਾ ਸਿੰਘ ਛੋਟੇਪੁਰ ਨੇ ਕਿਹਾ ਕਿ ਪੰਥਕ ਆਗੂ ਮਰਹੂਮ ਬੂਟਾ ਸਿੰਘ ਦੇ ਹੋਣਹਾਰ ਪੁੱਤਰ ਮਹਿੰਦਰ ਸਿੰਘ ਦੀ ਬੇਵਕਤੀ ਮੌਤ ਹੋਣ ਨਾਲ ਪਰਿਵਾਰ ਅਤੇ ਇਲਾਕੇ ਨੂੰ ਵੱਡਾ ਘਾਟਾ ਪਿਆ ਹੈ।

ਉਨ੍ਹਾਂ ਕਿਹਾ ਕਿ ਪੰਥਕ ਆਗੂ ਬੂਟਾ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਮਹਿੰਦਰ ਸਿੰਘ ਨੇ ਜਿੱਥੇ ਪੰਥ ਦੀ ਸੇਵਾ ਮੋਹਰੀ ਹੋ ਕੇ ਕੀਤੀ ਉਥੇ ਹਮੇਸ਼ਾ ਦੂਸਰਿਆਂ ਦਾ ਭਲਾ ਕਰਨ ਵਿੱਚ ਵੀ ਅੱਗੇ ਰਹੇ।ਇਸ ਮੌਕੇ ਰਤਨ ਸਿੰਘ ਵਾਹਲਾ, ਪ੍ਰਭਜੋਤ ਸਿੰਘ, ਤਰਸੇਮ ਸਿੰਘ, ਦਿਲਬਾਗ ਸਿੰਘ, ਰਸ਼ਪਾਲ ਸਿੰਘ, ਕੁਲਦੀਪ ਸਿੰਘ, ਸੰਦੀਪ ਸਿੰਘ, ਬੀਰ ਸਿੰਘ, ਅੰਮ੍ਰਿਤ ਪਾਲ ਸਿੰਘ, ਮੰਗਲ ਸਿੰਘ, ਲੱਖਾ ਸਿੰਘ, ਗੁਜਰਾਲ ਸਿੰਘ ਆਦਿ ਹਾਜ਼ਰ ਸਨ।



## ਡਾ. ਇੰਦਰਪਾਲ ਦੀ ਅਗਵਾਈ 'ਚ ਸੌਂਪਿਆ ਮੰਗ ਪੱਤਰ

ਛੇਹਰਟਾ, (ਮਨੋਜ ਕੁਮਾਰ)-ਆਲ ਪੰਜਾਬ ਰੇਹੜੀ ਫੜ੍ਹੀ ਯੂਨੀਅਨ ਦੇ ਪ੍ਰਧਾਨ ਡਾਕਟਰ ਇੰਦਰ ਪਾਲ ਦੀ ਅਗਵਾਈ ਹੇਠ ਰੇਹੜੀਆਂ ਵਾਲਿਆਂ ਨੇ ਨਗਰ ਨਿਗਮ ਅੰਮ੍ਰਿਤਸਰ ਦੇ ਕਮਿਸ਼ਨਰ ਦੇ ਨਾਂਅ ਮੰਗ ਪੱਤਰ ਦੇ ਕੇ ਮੰਗ ਕੀਤੀ ਕਿ ਉਨ੍ਹਾਂ ਨੂੰ ਰਣਜੀਤ ਐਵੀਨਿਊ ਦੇ ਏ ਬਲਾਕ ਦੇ ਵੈਂਡਿੰਗ ਜ਼ੋਨ ਵਿਚ ਰੇਹੜੀਆਂ ਲਗਾਉਣ ਤੋਂ ਨਾ ਰੋਕਿਆ ਜਾਵੇ। ਡਾਕਟਰ ਇੰਦਰ ਪਾਲ ਨੇ ਦੱਸਿਆ ਕਿ ਇਹ ਰੇਹੜੀਆਂ ਵਾਲੇ 15-20 ਸਾਲ ਤੋਂ ਰਣਜੀਤ ਐਵੀਨਿਊ ਦੇ ਏ ਬਲਾਕ ਦੇ ਵੈਂਡਿੰਗ ਜ਼ੋਨ ਵਿਚ ਰੇਹੜੀਆਂ 'ਤੇ ਖਾਣ-ਪੀਣ ਦਾ ਸਾਮਾਨ ਵੇਚ ਕੇ ਆਪਣੇ ਪਰਿਵਾਰਾਂ ਦਾ ਪਾਲਣ-ਪੋਸ਼ਣ ਕਰਦੇ ਆ ਰਹੇ ਹਨ। ਉਹ ਕਾਰਪੋਰੇਸ਼ਨ ਨੂੰ 1000 ਰੁਪਏ ਦੀ ਪਰਚੀ ਵੀ ਕਟਵਾਉਂਦੇ ਹਨ। ਇਸ ਦੇ ਬਾਵਜੂਦ ਉਨ੍ਹਾਂ ਨੂੰ ਪਿਛਲੇ ਪੰਦਰਾਂ ਦਿਨਾਂ ਤੋਂ ਇਥੇ ਰੇਹੜੀਆਂ ਨਹੀਂ ਲਗਾਉਣ ਦਿੱਤੀਆਂ ਜਾ ਰਹੀਆਂ। ਉਨ੍ਹਾਂ ਨੂੰ ਸਟੇਟ ਵਿਭਾਗ ਦੇ ਅਧਿਕਾਰੀਆਂ ਵੱਲੋਂ ਕਿਹਾ ਜਾ ਰਿਹਾ ਹੈ ਕਿ ਹੁਣ ਇਥੇ ਰੇਹੜੀਆਂ ਨਹੀਂ ਲਗਾਉਣੀਆਂ। ਇਸ ਮੌਕੇ ਨਗਰ ਨਿਗਮ ਦੇ ਜਾਇੰਟ ਕਮਿਸ਼ਨਰ ਜੈ ਇੰਦਰ ਸਿੰਘ ਨੇ ਮੰਗ ਪੱਤਰ ਪ੍ਰਾਪਤ ਕੀਤਾ। ਇਸ ਮੌਕੇ ਰਾਜ, ਸਰਵਣ, ਲਵਿਸ਼, ਗੰਗਾ ਰਾਮ, ਸਾਹਿਬ ਸਿੰਘ ਆਦਿ ਵੀ ਹਾਜ਼ਰ ਸਨ।



## ਵਿਧਾਇਕ ਸ਼ੈਰੀ ਕਲਸੀ ਵੱਲੋਂ ਉੱਦਮੀ ਮਹਿਲਾਵਾਂ ਸਨਮਾਨਿਤ

ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਹਲਕਾ ਵਿਧਾਇਕ ਬਟਾਲਾ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਟਾਲਾ ਵਿਖੇ ਕਰਵਾਏ ਸਮਾਗਮ ਦੌਰਾਨ ਉਦਮੀ ਮਹਿਲਾਵਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਬੀਡੀਪੀਓ ਬਲਜੀਤ ਸਿੰਘ, ਸੀਨੀਅਰ ਆਗੂ ਮੈਨੇਜਰ ਅਤਰ ਸਿੰਘ ਅਤੇ ਵੱਖ-ਵੱਖ ਉੱਦਮੀ ਮਹਿਲਾਵਾਂ ਮੌਜੂਦ ਸਨ।ਜ਼ਿਲ੍ਹਾ ਪੰਚਾਇਤ ਰਿਸੋਰਸ ਸੈਂਟਰ ਬਟਾਲਾ ਵਿਖੇ ਕਰਵਾਏ ਸਮਾਗਮ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਪੱਧਰ ਤੇ ਹੋਰ ਉੱਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ, ਜਿਸਦੇ ਚੱਲਦਿਆਂ ਸੈਲਫ ਹੈਲਪ ਗਰੁੱਪ ਰਾਹੀ ਔਰਤਾਂ ਨੂੰ ਸ਼ਾਨਦਾਰ ਪਲੇਟਫਾਰਮ ਮੁਹੱਈਆ ਕਰਵਾਇਆ ਗਿਆ ਹੈ।ਉਨਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਦੇ ਪੰਜਾਬ ਰਾਜ ਦਿਹਾਤੀ ਆਜੀਵਕਾ ਮਿਸ਼ਨ ਰਾਹੀਂ ਔਰਤਾਂ ਨੂੰ ਖੇਤ ਤੋਂ ਰਸੋਈ ਅਤੇ ਸੇਵਾ ਤੋਂ ਸਵੈ ਨਿਰਭਰਤਾਂ ਤੋਂ ਅੱਗੇ ਵਧਾਇਆ ਹੈ।

ਉਨ੍ਹਾਂ ਮਹਿਲਾਵਾਂ ਨੂੰ ਅਪੀਲ ਕਰਦਿਆ ਕਿਹਾ ਕਿ ਉਹ ਖੁਦ ਦਾ ਕਾਰੋਬਾਰ ਕਰਨ ਅਤੇ ਆਪਣੀ ਪਹਿਚਾਣ ਬਣਾਉਣ।ਇਸ ਸਬੰਧੀ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਪੂਰੀ ਸਹਾਇਤਾ ਕੀਤੀ ਜਾ ਰਹੀ ਹੈ।

ਇਸ ਮੌਕੇ ਅਮਰਪਾਲ ਸਿੰਘ ਡੀ. ਪੀ. ਐੱਮ, ਇੰਚਾਰਜ ਸੈਲਫ ਹੈਲਪ ਗਰੁੱਪ ਗੁਰਦਾਸਪੁਰ, ਵਰਿੰਦਰ ਸਿੰਘ ਅਤੇ ਸਿਮਰਨਜੀਤ ਸਿੰਘ, ਰੁਪਿੰਦਰ ਕੌਰ ਬੀ. ਮੀ. ਐੱਮ., ਭੁਪਿੰਦਰ ਸਿੰਘ, ਪੰਚਾਇਤ ਅਫਸਰ ਹਰਿੰਦਰਬੀਰ ਸਿੰਘ, ਮੈਡਮ ਮਨਮੀਤ ਕੌਰ, ਦਵਿੰਦਰ ਕੌਰ, ਰਣਜੀਤ ਸਿੰਘ, ਬਲਰਾਜ ਸਿੰਘ, ਨਰਿੰਦਰ ਕੌਰ, ਸ਼੍ਰੀਮਤੀ ਹਰਮੀਤ ਕੌਰ, ਪਰਮਜੀਤ, ਕੁਲਦੀਪ ਕੌਰ, ਰਮਨਪ੍ਰੀਤ ਕੌਰ, ਅਨੀਤਾ, ਸੋਸ਼ਲ ਵਰਕਰ ਯੁਵਿਕਾ ਅਦਿ ਹਾਜ਼ਰ ਸਨ।



# ਅਮਰਪਾਲ ਸਿੰਘ ਨੇ ਪੰਚਾਇਤਾਂ ਨੂੰ ਸਨਮਾਨ ਰਾਸ਼ੀ ਦੇ ਚੈੱਕ ਵੰਡੇ

ਸ੍ਰੀ ਹਰਗੋਬਿੰਦਪੁਰ ਸਾਹਿਬ, (ਡਾ. ਮਲਵਿੰਦਰ)-ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਗ੍ਰਾਮ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ 5-5 ਲੱਖ ਰੁਪਏ ਦੇ ਚੈੱਕ ਵੰਡੇ।ਉਨ੍ਹਾਂ ਦੱਸਿਆ ਕਿ ਇਹ ਚੈੱਕ ਬਲਾਕ ਸ੍ਰੀ ਹਰਗੋਬਿੰਦਪੁਰ ਸਾਹਿਬ ਦੀਆਂ ਪੰਚਾਇਤਾਂ ਨੂੰ ਵੰਡੇ ਗਏ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਲਾਨ ਕੀਤਾ ਸੀ ਕਿ ਸਰਬਸੰਮਤੀ ਨਾਲ ਚੁਣੀਆਂ ਗਈਆਂ ਪੰਚਾਇਤਾਂ ਨੂੰ ਪਿੰਡ ਦੇ ਸਮੁੱਚੇ ਵਿਕਾਸ ਲਈ ਵਿਸ਼ੇਸ਼ ਸਨਮਾਨ ਭੱਤਾ ਮਿਲੇਗਾ।ਸਰਕਾਰ ਨੇ ਇਸ ਵਚਨਬੱਧਤਾ ਨੂੰ ਪੂਰਾ ਕਰਦੇ ਹੋਏ ਇਹ ਰਕਮ ਪੰਚਾਇਤਾਂ ਨੂੰ ਜਾਰੀ ਕੀਤੀ ਗਈ ਹੈ।ਇਸ ਮੌਕੇ ਵਿਧਾਇਕ ਨੇ ਦੱਸਿਆ ਕਿ ਇਹ ਸਨਮਾਨ ਰਾਸ਼ੀ ਪਿੰਡ ਦੇ ਬੁਨਿਆਦੀ ਢਾਂਚੇ, ਸਫਾਈ, ਪੀਣ ਵਾਲੇ ਪਾਣੀ, ਗਲੀਆਂ-ਨਾਲੀਆਂ ਦੀ ਉਸਾਰੀ, ਭਾਈਚਾਰਕ ਸਹੂਲਤਾਂ ਅਤੇ ਹੋਰ ਜਨਤਕ ਭਲਾਈ ਕਾਰਜਾਂ ਵਿੱਚ ਸੁਧਾਰ ਕਰਨ 'ਤੇ ਖਰਚ ਕੀਤੀ ਜਾਵੇਗੀ।ਉਨ੍ਹਾਂ ਪੰਚਾਇਤ ਪ੍ਰਤੀਨਿਧੀਆਂ ਨੂੰ ਫੰਡਾਂ ਦੀ ਪਾਰਦਰਸ਼ੀ ਅਤੇ ਲੋਕ ਭਲਾਈ ਲਈ ਵਰਤੋਂ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਬਾਕੀ ਰਹਿੰਦੀਆਂ ਸਰਬਸੰਮਤੀ ਨਾਲ ਚੁਣੀਆਂ ਪੰਚਾਇਤਾਂ ਨੂੰ ਵੀ ਸਨਮਾਨ ਰਾਸ਼ੀ ਵੰਡੀ ਜਾਵੇਗੀ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਨੇ ਆਪਣਾ ਵਾਅਦਾ ਪੂਰਾ ਕੀਤਾ ਹੈ ਅਤੇ ਪੇਂਡੂ ਵਿਕਾਸ ਨੂੰ ਨਵਾਂ ਹੁਲਾਰਾ ਦਿੱਤਾ ਹੈ।



## ਐੱਚ ਆਈ ਵੀ/ਏਡਜ਼ ਦੇ ਵਿਸ਼ੇ 'ਤੇ ਕਰਵਾਈ ਜਾਗਰੂਕਤਾ ਰੈਲੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)-ਯੁਵਕ ਸੇਵਾਵਾਂ ਵਿਭਾਗ ਵੱਲੋਂ ਪੰਜਾਬ ਏਡਜ਼ ਕੰਟਰੋਲ ਸੁਸਾਇਟੀ ਦੇ ਸਹਿਯੋਗ ਨਾਲ ਰੈਡ ਰਿਬਨ ਕਲੱਬਾਂ ਦਾ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਖ਼ਾਲਸਾ ਕਾਲਜ ਆਫ਼ ਬਿਜ਼ਨਸ ਸਟੱਡੀਜ਼, ਵਿਖੇ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿਚ ਜ਼ਿਲ੍ਹਾ ਮੋਹਾਲੀ ਦੇ 55 ਰੈਡ ਰਿਬਨ ਕਲੱਬਾਂ ਉਤਸ਼ਾਹ ਪੂਰਵਕ ਭਾਗ ਲਿਆ। ਇਸ ਸਮਾਗਮ ਦਾ ਉਦੇਸ਼ ਮਹੱਤਵਪੂਰਨ ਮੁੱਦਿਆਂ ਐੱਚ ਆਈ ਵੀ ਏਡਜ਼, ਡਰੱਗ ਜਾਗਰੂਕਤਾ, ਟੀ ਬੀ ਅਤੇ ਖੂਨਦਾਨ ਬਾਰੇ ਜਾਗਰੂਕਤਾ ਫੈਲਾਉਣਾ ਸੀ।ਪ੍ਰੋਗਰਾਮ ਸਵੇਰੇ ਇੱਕ ਵਿਸ਼ਾਲ ਰੈਲੀ ਨਾਲ ਸ਼ੁਰੂ ਹੋਇਆ, ਜਿਸ ਵਿੱਚ ਵੱਖ-ਵੱਖ ਕਾਲਜਾਂ ਦੇ ਲਗਭਗ 300 ਵਿਦਿਆਰਥੀ ਵਲੰਟੀਅਰਾਂ ਨੇ ਪੂਰੀ ਸਰਗਰਮੀ ਅਤੇ ਸਮਰਪਣ ਭਾਵਨਾ ਨਾਲ ਹਿੱਸਾ ਲਿਆ। ਰੈਲੀ ਨੂੰ ਪ੍ਰਿੰਸੀਪਲ ਡਾ. ਹਰੀਸ਼ ਕੁਮਾਰੀ ਦੁਆਰਾ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਰੈਲੀ ਦਾ ਵਿਸ਼ਾ ਐੱਚ ਆਈ ਵੀ/ਏਡਜ਼ ਜਾਗਰੂਕਤਾ 'ਤੇ ਕੇਂਦ੍ਰਿਤ ਸੀ। ਵਲੰਟੀਅਰਾਂ ਨੇ ਜਨਤਾ ਵਿੱਚ ਜਾਗਰੂਕਤਾ ਫੈਲਾਉਣ ਅਤੇ ਇੱਕ ਸਿਹਤਮੰਦ ਅਤੇ ਜ਼ਿੰਮੇਵਾਰ ਜੀਵਨ ਸ਼ੈਲੀ ਦੀ ਮਹੱਤਤਾ ਨੂੰ ਉਜਾਗਰ ਕਰਨ ਲਈ ਸ਼ਕਤੀਸ਼ਾਲੀ ਨਾਅਰੇ ਲਗਾਏ। ਰੈਲੀ ਤੋਂ ਬਾਅਦ, ਭਾਗੀਦਾਰਾਂ ਨੂੰ ਰਿਫਰੈਸ਼ਮੈਂਟ ਦਿੱਤੀ ਗਈ।

# ਅਦਾਕਾਰਾ ਤੇਜਿੰਦਰ ਕੌਰ ਹੀਰ ਨਾਲ ਰੂ-ਬ-ਰੂ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਪੰਜਾਬੀ ਸਾਹਿਤ ਸਭਾ ਚੋਗਾਵਾਂ (ਰਜਿ.) ਅੰਮ੍ਰਿਤਸਰ ਵੱਲੋਂ ਰੰਗ ਮੰਚ, ਦੂਰਦਰਸ਼ਨ ਅਤੇ ਫਿਲਮ ਅਦਾਕਾਰਾ ਤੇਜਿੰਦਰ ਕੌਰ ਹੀਰ ਨਾਲ ਰੂ-ਬਰੂ ਸਮਾਗਮ ਤਹਿਤ ਸੰਵਾਦ ਰਚਾਇਆ ਗਿਆ।ਚੋਗਾਵਾਂ ਦੀ ਫਤਿਹ ਸਿੰਘ ਔਲਖ ਲਾਇਬਰੇਰੀ ਵਿਖੇ ਰਚਾਏ ਗਏ ਸਮਾਗਮ ਦੀ ਪ੍ਰਧਾਨਗੀ ਸ਼ਾਇਰਾ ਰੀਵਾ ਦਰਿਆ ਅਤੇ ਹਰਜੀਤ ਕੌਰ ਔਲਖ ਵੱਲੋਂ ਕੀਤੀ ਗਈ, ਜਦੋਂ ਕਿ ਮੰਚ ਸੰਚਾਲਕ ਦੇ ਫਰਜ਼ ਨਿਭਾਉਂਦਿਆਂ ਸਭਾ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੇ ਪੂਰੇ ਪ੍ਰੋਗਰਾਮ ਨੂੰ ਇੱਕ ਲੜੀ ਵਿੱਚ ਪਰੋ ਕੇ ਪੇਸ਼ ਕੀਤਾ।

ਲੇਖਕਾਂ ਤੇ ਪਾਠਕਾਂ ਦੇ ਰੂ-ਬਰੂ ਹੁੰਦਿਆਂ ਤੇਜਿੰਦਰ ਕੌਰ ਹੀਰ ਨੇ ਦੱਸਿਆ ਕਿ ਉਨ੍ਹਾਂ ਨੂੰ ਸਕੂਲ ਟਾਈਮ ਪੜ੍ਹਦਿਆਂ ਹੀ ਅਦਾਕਾਰੀ ਦਾ ਸ਼ੌਕ ਸੀ ਅਤੇ ਇਹ ਸ਼ੌਕ 2012 ਤੱਕ ਪੂਰੀ ਤਰ੍ਹਾਂ ਪ੍ਰਵਾਨ ਚੜ੍ਹਿਆ, ਜਦੋਂ ਉਹ ਅਧਿਆਪਨ ਦਾ ਕਿੱਤਾ ਛੱਡ ਕੇ ਪੂਰੀ ਤਰ੍ਹਾਂ ਨਾਲ ਰੰਗ ਮੰਚ ਨੂੰ ਸਮਰਪਿਤ ਹੋ ਗਏ।

ਉਸ ਤੋਂ ਬਾਅਦ ਉਨ੍ਹਾਂ ਰੰਗ ਮੰਚ ਦੇ ਵੱਖ-ਵੱਖ ਨਿਰਦੇਸ਼ਕਾਂ ਨਾਲ ਜੁੜ ਕੇ ਅਨੇਕਾਂ ਨਾਟਕਾਂ ਵਿੱਚ ਭਾਵਪੂਰਤ ਅਦਾਕਾਰੀ ਕੀਤੀ।ਉਨ੍ਹਾਂ ਨੂੰ ਦੂਰਦਰਸ਼ਨ, ਰੇਡੀਓ ਅਤੇ ਫਿਲਮਾਂ ਵਿੱਚ ਵੀ ਕੰਮ ਕਰਨ ਦਾ ਮੌਕਾ ਮਿਲਿਆ।ਹਾਜ਼ਰੀਨ ਵੱਲੋਂ ਪੁੱਛੇ ਗਏ ਸੰਜੀਦਾ ਸਵਾਲਾਂ ਦੇ ਜਵਾਬ ਉਨ੍ਹਾਂ ਨੇ ਬੜੀ ਹੀ ਗੰਭੀਰਤਾ ਨਾਲ ਦਿੱਤੇ।ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਕੁਲਵੰਤ ਸਿੰਘ ਕੰਤ, ਯੁੱਧਵੀਰ ਸਿੰਘ ਔਲਖ, ਸਤਨਾਮ ਸਿੰਘ ਜੱਸੜ, ਸਰਤਾਜ ਸਿੰਘ ਸੰਧੂ, ਹਰਕੀਰਤ ਸਿੰਘ ਸੰਧੂ, ਨਿਰੰਜਨ ਸਿੰਘ ਗਿੱਲ, ਸੁਖਬੀਰ ਸਿੰਘ ਭੁੱਲਰ, ਮੈਗਜ਼ੀਨ 'ਲੋਅ' ਦੇ ਸੰਪਾਦਕ ਹਰਮੀਤ ਆਰਟਿਸਟ, ਜਗਜੀਤ ਕੌਰ ਸਿੱਧੂ, ਪ੍ਰੀਆ ਸਿੱਧੂ, ਮੈਗਜ਼ੀਨ 'ਮੇਘਲਾ' ਤੇ ਸੰਪਾਦਕ ਜਤਿੰਦਰ ਸਿੰਘ ਔਲਖ, ਰਾਜ ਚੋਗਾਵਾਂ ਅਤੇ ਹੋਰ ਸ਼ਾਇਰਾਂ ਨੇ ਕਵਿਤਾਵਾਂ, ਗ਼ਜ਼ਲਾਂ ਤੇ ਗੀਤ ਪੇਸ਼ ਕੀਤੇ।ਸਭਾ ਵੱਲੋਂ ਤੇਜਿੰਦਰ ਕੌਰ ਹੀਰ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।



## ਐਡਵੋਕੇਟ ਸੰਦੀਪ ਸਿੰਘ ਢਿੱਲੋਂ ਦਾ ਬਾਬਾ ਬੁੱਢਾ ਪਬਲਿਕ ਸਕੂਲ ਵਿਖੇ ਮਾਣ-ਸਨਮਾਨ

ਝਬਾਲ, (ਹਰਜਿੰਦਰ ਸਿੰਘ ਸੋਨੀ)-ਬਾਬਾ ਬੁੱਢਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੀੜ ਸਾਹਿਬ ਦਾ ਹੋਣਹਾਰ ਵਿਦਿਆਰਥੀ ਐਡਵੋਕੇਟ ਸੰਦੀਪ ਸਿੰਘ ਢਿੱਲੋਂ (ਮੂਸੇ ਕਲਾਂ) ਜਿਸ ਨੇ ਇਸ ਸਕੂਲ 'ਚ ਨਰਸਰੀ ਤੋਂ ਬਾਰ੍ਹਵੀਂ ਤੱਕ ਦੀ ਵਿੱਦਿਆ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਬੀਏ, ਐੱਮਏ, ਐੱਲਐੱਲਬੀ ਦੀ ਡਿਗਰੀ ਪ੍ਰਾਪਤ ਕੀਤੀ।ਪੰਜਾਬ ਪੁਲਸ ਦੇ ਇੰਟੈਲੀਜੈਂਸ ਵਿੰਗ 'ਚ ਅਫਸਰ ਨਿਯੁਕਤ ਹੋਇਆ।

ਇੱਥੇ ਹੀ ਬੱਸ ਨਹੀਂ, ਉਸ ਨੇ ਕੈਨੇਡਾ ਦੀ ਯੌਰਕ ਯੂਨੀਵਰਸਿਟੀ ਟੋਰਾਂਟੋ ਤੋਂ ਵੀ ਕਾਨੂੰਨ ਦੀ ਡਿਗਰੀ ਹਾਸਲ ਕੀਤੀ।ਮੌਜੂਦਾ ਸਮੇਂ ਮਾਣਯੋਗ ਪੰਜਾਬ ਐਂਡ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀ ਬਾਰ ਕੌਂਸਲ ਦੇ ਮੈਂਬਰ ਹੋਣ ਦੇ ਨਾਲ-ਨਾਲ ਕੈਨੇਡਾ ਵਿੱਚ ਵੀ ਨਾਮਵਰ ਵਕੀਲ ਵਜੋਂ ਆਪਣੀ ਵੱਖਰੀ ਪਹਿਚਾਣ ਬਣਾ ਚੁੱਕੇ ਹਨ।ਕੈਨੇਡਾ ਵਿੱਚ ਆਪਣਾ ਖੁਦ ਦਾ ਇੱਕ ਡਿਗਰੀ ਕਾਲਜ ਵੀ ਸਫਲਤਾਪੂਰਵਕ ਚਲਾ ਰਹੇ ਹਨ।ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਡਾ. ਤਰਨਜੀਤ ਸਿੰਘ ਵੱਲੋਂ ਐਡਵੋਕੇਟ ਸੰਦੀਪ ਸਿੰਘ ਢਿੱਲੋਂ ਨੂੰ ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕਰਦਿਆਂ ਆਖਿਆ ਕਿ ਜਦੋਂ ਸਾਡੇ ਸਕੂਲ ਦਾ ਕੋਈ ਵੀ ਵਿਦਿਆਰਥੀ ਉਚ ਅਹੁਦੇ ਤੇ ਪਹੁੰਚਦਾ ਹੈ ਤਾਂ ਸਾਡਾ ਸਿਰ ਮਾਣ ਨਾਲ ਉੱਚਾ ਹੋ ਜਾਂਦਾ ਹੈ।

ਇਸ ਮੌਕੇ ਪ੍ਰਿੰ. ਡਾ. ਤਰਨਜੀਤ ਸਿੰਘ, ਮੈਡਮ ਦਵਿੰਦਰਪਾਲ ਕੌਰ, ਮੈਡਮ ਰੁਪਿੰਦਰਬੀਰ ਕੌਰ, ਮੈਡਮ ਅਕਵਿੰਦਰ ਕੌਰ, ਮੈਡਮ ਕੁਲਜਿੰਦਰ ਕੌਰ, ਡੀਪੀਈ ਗੁਰਮੀਤ ਸਿੰਘ, ਮਨਿੰਦਰ ਸਿੰਘ, ਜਸਬੀਰ ਸਿੰਘ, ਜਗਮੀਤ ਸਿੰਘ, ਭੁਪਿੰਦਰ ਸਿੰਘ ਸਮੇਤ ਸਮੁੱਚੇ ਸਟਾਫ ਨੇ ਐਡਵੋਕੇਟ ਸੰਦੀਪ ਸਿੰਘ ਢਿੱਲੋਂ ਨੂੰ ਉੱਜਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।



## ਟਿੱਪਰਾਂ ਦੀ ਟੱਕਰ 'ਚ ਟਿੱਪਰ ਡਰਾਈਵਰ ਗੰਭੀਰ ਜ਼ਖ਼ਮੀ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਟੋਲ ਪਲਾਜ਼ਾ ਕਥੂਨੰਗਲ ਵਿਖੇ ਟਿੱਪਰ ਦੀ ਜ਼ਬਰਦਸਤ ਟੱਕਰ ਵਿੱਚ ਇੱਕ ਡਰਾਈਵਰ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਸੰਬੰਧੀ ਗੱਲਬਾਤ ਕਰਦਿਆਂ ਸੜਕ ਸੁਰੱਖਿਆ ਫੋਰਸ ਦੇ ਹੌਲਦਾਰ ਵਿਸ਼ਾਲ ਦੀਪ ਸਿੰਘ ਤੇ ਸਿਪਾਹੀ ਗੁਰਲੀਨ ਕੌਰ ਨੇ ਦੱਸਿਆ ਕਿ ਬਾਬਾ ਸੱਜਣ ਸਿੰਘ ਦੇ ਗੁਰਦੁਆਰਾ ਸਾਹਿਬ ਵਿਖੇ ਇੱਕ ਟਿੱਪਰ ਵਾਲਾ ਲੰਗਰ ਛਕਣ ਵਾਸਤੇ ਗਿਆ ਸੀ ਕਿ ਮਗਰੋਂ ਆ ਰਹੇ ਟਿੱਪਰ ਦੀ ਸੰਤੁਲਨ ਵਿਗੜ ਜਾਣ ਕਾਰਨ ਖਲੋਤੇ ਟਿੱਪਰ ਨਾਲ ਜ਼ਬਰਦਸਤ ਟੱਕਰ ਹੋ ਗਈ ਜਿਸ ਵਿੱਚ ਡਰਾਈਵਰ ਬਹੁਤ ਬੁਰੀ ਤਰ੍ਹਾਂ ਫਸ ਗਿਆ। ਡਰਾਈਵਰ ਪੰਮਾ ਪਿੰਡ ਹਾਲੇਸ਼ਾਹੀਆਂ ਜ਼ਿਲ੍ਹਾ ਗੁਰਦਾਸਪੁਰ ਨੂੰ ਕੱਢਣ ਲਈ ਇੱਕ ਘੰਟੇ ਦੀ ਜੱਦੋਜਹਿਦ ਕਰਨੀ ਪਈ। ਡਰਾਈਵਰ ਦੀਆਂ ਲੱਤਾਂ ਅਤੇ ਹੋਰ ਸਰੀਰ 'ਤੇ ਕਾਫੀ ਸੱਟਾਂ ਲੱਗ ਜਾਣ ਕਾਰਨ ਉਸ ਨੂੰ ਇਲਾਜ ਲਈ ਅੰਮ੍ਰਿਤਸਰ ਵਿਖੇ ਭੇਜਿਆ ਗਿਆ ਹੈ। ਇਸ ਮੌਕੇ ਥਾਣਾ ਕੱਥੂਨੰਗਲ ਦੀ ਪੁਲਸ ਵੀ ਪਹੁੰਚੀ ਹੋਈ ਸੀ। ਇਸ ਸਬੰਧੀ ਕੁਝ ਲੋਕਾਂ ਦਾ ਕਹਿਣਾ ਹੈ ਕਿ ਵੱਡੀ ਪੱਧਰ ਤੇ ਕੁਝ ਵਾਹਨ ਚਾਲਕ ਆਪਣੇ ਵਾਹਨ ਲਾ ਦਿੰਦੇ ਹਨ ਅਤੇ ਆਪ ਲੰਗਰ ਛਕਣ ਵਾਸਤੇ ਚਲੇ ਜਾਂਦੇ ਹਨ ਜਾਂ ਫਿਰ ਗੱਡੀ ਵਿੱਚ ਆਰਾਮ ਕਰਦੇ ਹਨ ਜਿਸ ਕਾਰਨ ਲੰਘਣਾ ਬਹੁਤ ਹੀ ਔਖਾ ਹੋ ਜਾਂਦਾ ਹੈ। ਸ਼ਾਮ ਨੂੰ ਤਾਂ ਬਹੁਤ ਹੀ ਵੱਡੀ ਮੁਸ਼ਕਿਲ ਆਉਂਦੀ ਹੈ। ਇਸ ਲਈ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਗੱਡੀਆਂ ਨੂੰ ਰੋਡ ਤੋਂ ਹੇਠਾਂ ਪਾਰਕ ਕਰਵਾਈਆਂ ਜਾਣ।

## ਕੁੰਵਰ ਵਿਜੇ ਪ੍ਰਤਾਪ ਤੇ ਅਨੁਜ ਖੇਮਕਾ ਨੇ ਭਰੀ ਮਾਤਾ ਦੇ ਦਰਬਾਰ 'ਚ ਹਾਜ਼ਰੀ



ਛੇਹਰਟਾ, (ਮਨੋਜ ਕੁਮਾਰ)-ਮਾਂ ਚਿੰਤਪੂਰਨੀ ਸੇਵਕ ਸਭਾ ਵੱਲੋਂ ਨਮਕ ਮੰਡੀ ਦੇ ਮਾਂ ਚਿੰਤਪੂਰਨੀ ਮੰਦਰ ਵਿਖੇ ਮਹੀਨਾਵਾਰ ਕੀਰਤਨ ਕੀਤਾ ਗਿਆ। ਇਸ ਮੌਕੇ ਪ੍ਰਸਿੱਧ ਭਜਨ ਗਾਇਕ ਨਵਲ ਕੁਮਾਰ ਵਰਮਾ ਨੇ ਮਾਤਾ ਦੀਆਂ ਭੇਟਾਂ ਗਾ ਕੇ ਸੰਗਤ ਨੂੰ ਝੂਮਣ ਲਗਾ ਦਿੱਤਾ। ਇਸ ਧਾਰਮਿਕ ਸਮਾਗਮ ਵਿਚ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਿਰਕਤ ਕੀਤੀ ਤੇ ਮਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉੱਤਰੀ ਹਲਕੇ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਤੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਨੇ ਆਪਣੇ ਸਾਥੀਆਂ ਸਮੇਤ ਮਾਤਾ ਚਿੰਤਪੂਰਨੀ ਦੇ ਦਰਬਾਰ ਵਿਚ ਹਾਜ਼ਰੀ ਭਰੀ ਅਤੇ ਉਨ੍ਹਾਂ ਨੂੰ ਚੁਨਰੀ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼ੰਕਰ ਅਰੋੜਾ, ਰਜਿੰਦਰ ਅਰੋੜਾ, ਜਾਵਿਦ ਸ਼ੇਖ, ਅਸ਼ਵਨੀ ਜੋਸ਼ੀ, ਕ੍ਰਿਸ਼ਨਾ ਨਾਇਰ, ਸੰਦੀਪ ਸੇਤੀਆ (ਬੌਬੀ), ਹਿਮਾਂਸ਼ੂ ਵਰਮਾ, ਦਿਵਾਂਸ਼ੂ ਵਰਮਾ, ਵਰਿੰਦਰ ਕੁਮਾਰ, ਵਿਨੈ, ਸ਼ਿਵਮ, ਗੌਰਵ, ਹੈਪੀ, ਰਮਨ, ਸੰਨੀ ਆਦਿ ਵੱਲੋਂ ਹਾਜ਼ਰ ਸਨ। ਇਸ ਮੌਕੇ ਨਵਲ ਕੁਮਾਰ ਵਰਮਾ ਤੇ ਉਨ੍ਹਾਂ ਦੀ ਟੀਮ ਵੱਲੋਂ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

# ਸੇਖਵਾਂ ਵੱਲੋਂ ਸਰਕਾਰੀ ਰਿਹਾਇਸ਼ੀ ਸਕੂਲ ਦਾ ਦੌਰਾ

ਧਾਰੀਵਾਲ, (ਮਨਦੀਪ ਵਿੱਕੀ)-ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਵੱਲੋਂ ਸਰਕਾਰੀ ਰਿਹਾਇਸ਼ੀ ਸਕੂਲ ਸੇਖਵਾਂ ਦਾ ਦੌਰਾ ਕੀਤਾ ਅਤੇ ਬੱਚਿਆਂ ਨਾਲ ਬੈਠ ਕੇ ਨਾਸ਼ਤਾ ਕੀਤਾ ਗਿਆ। ਗੱਲਬਾਤ ਕਰਦਿਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਰਿਹਾਇਸ਼ੀ ਸਕੂਲ ਬਹੁਤ ਵਧੀਆ ਪ੍ਰਬੰਧ ਕੀਤੇ ਗਏ ਹਨ।ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਲਈ ਇਹ ਰੈਜ਼ੀਡੈਂਸ਼ੀਅਲ ਸਕੂਲ ਹੈ।ਇਥੇ ਬੱਚਿਆਂ ਨੂੰ ਖਾਣਾ ਪੌਸ਼ਟਿਕ ਅਤੇ ਸੁਆਦਿਸ਼ਟ ਦਿੱਤਾ ਜਾਂਦਾ ਹੈ।ਰਸੋਈ ਸਾਫ਼-ਸੁਥਰੀ ਅਤੇ ਬੱਚਿਆਂ ਦੇ ਕਮਰੇ ਬਹੁਤ ਵਧੀਆ ਹਨ।ਉਨ੍ਹਾਂ ਹੋਸਟਲ ਵਾਰਡਨ ਨੂੰ ਬਾਥਰੂਮਾਂ ਦੀ ਹੋਰ ਸਾਫ਼-ਸੁਫ਼ਾਈ ਕਰਨ ਲਈ ਕਿਹਾ। ਉਨ੍ਹਾਂ ਦੱਸਿਆ ਕਿ ਇਹ ਸਕੂਲ ਮੇਰੇ ਪਿਤਾ ਸਾਬਕਾ ਸਿੱਖਿਆ ਮੰਤਰੀ ਜਥੇਦਾਰ ਸੇਵਾ ਸਿੰਘ ਸੇਖਵਾਂ ਦੀ ਇਲਾਕਾ ਨਿਵਾਸੀਆਂ ਲਈ ਇਕ ਵੱਡੀ ਦੇਣ ਹੈ ਅਤੇ ਬੱਚਿਆਂ ਦਾ ਭਵਿੱਖ ਹੀ ਸਾਡੀ ਅਸਲੀ ਤਾਕਤ ਹੈ।ਉਨ੍ਹਾਂ ਦੱਸਿਆ ਕਿ ਰਿਹਾਇਸ਼ੀ ਹੋਸਟਲ ਸੇਖਵਾਂ ਵਿੱਚ ਇਸ ਸਮੇਂ 52 ਵਿਦਿਆਰਥੀ ਪੜ੍ਹ ਰਹੇ ਹਨ, ਜਦਕਿ ਹੋਸਟਲ ਦੀ ਕੁੱਲ ਸਮਰੱਥਾ 100 ਵਿਦਿਆਰਥੀਆਂ ਦੀ ਹੈ।ਇਹ ਹੋਸਟਲ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਸਿਰਫ਼ ਲੜਕਿਆਂ ਲਈ ਹੈ।

ਹੋਸਟਲ ਵਿੱਚ ਅਨਾਥ ਬੱਚੇ, ਇਕੱਲੇ ਮਾਪਿਆਂ ਵਾਲੇ ਬੱਚੇ, ਆਰਥਿਕ ਤੌਰ 'ਤੇ ਕਮਜ਼ੋਰ ਵਰਗ ਅਤੇ ਹੋਰ ਯੋਗ ਵਰਗਾਂ ਦੇ ਵਿਦਿਆਰਥੀਆਂ ਨੂੰ ਦਾਖ਼ਲਾ ਦਿੱਤਾ ਜਾਂਦਾ ਹੈ।



## ਐਮਾਜ਼ੋਨ ਇੰਡੀਆ ਨੇ 125 ਮਿਲੀਅਨ ਤੋਂ ਵੱਧ ਉਤਪਾਦਾਂ 'ਤੇ ਰੈਫਰਲ ਫੀਸ ਨੂੰ ਘਟਾ ਕੇ ਕੀਤਾ ਜ਼ੀਰੋ

ਪਟਿਆਲਾ :ਐਮਾਜ਼ੋਨ ਇੰਡੀਆ ਨੇ 125 ਮਿਲੀਅਨ ਤੋਂ ਵੱਧ ਉਤਪਾਦਾਂ ਤੇ ਰੈਫਰਲ ਫੀਸ ਨੂੰ ਘਟਾ ਕੇ ਜ਼ੀਰੋ ਕਰ ਦਿੱਤਾ ਹੈ, ਜਿਸ ਨਾਲ ਦੇਸ਼ ਦੇ ਲੱਖਾਂ ਵਿਕਰੇਤਾ ਐਮਾਜ਼ੋਨ ਇੰਡੀਆ ਤੇ ਤੇਜ਼ੀ ਨਾਲ ਵਿਕਾਸ ਕਰ ਸਕੇ।ਪਿਛਲੇ ਸਾਲ ਫੀਸ ਸੋਧ ਤੋਂ ਬਾਅਦ, 12 ਮਿਲੀਅਨ ਉਤਪਾਦਾਂ 'ਤੇ ਰੈਫਰਲ ਫੀਸ ਜ਼ੀਰੋ ਸੀ, ਜਿਸ ਨੂੰ 10 ਗੁਣਾ ਤੋਂ ਵੱਧ ਵਧਾ ਕੇ 125 ਮਿਲੀਅਨ ਉਤਪਾਦਾਂ ਕਰ ਦਿੱਤਾ ਗਿਆ ਹੈ।ਹੁਣ 1,800 ਤੋਂ ਵੱਧ ਸ਼੍ਰੇਣੀਆਂ ਵਿੱਚ 1,000 ਤੋਂ ਘੱਟ ਕੀਮਤ ਵਾਲੇ ਉਤਪਾਦਾਂ 'ਤੇ ਰੈਫਰਲ ਫੀਸ ਜ਼ੀਰੋ ਹੋਵੇਗੀ।

ਇਸ ਤੋਂ ਇਲਾਵਾ, 300 ਰੁਪਏ ਤੋਂ ਘੱਟ ਕੀਮਤ ਵਾਲੇ ਉਤਪਾਦਾਂ 'ਤੇ ਈਜ਼ੀ-ਸ਼ਿਪ ਫੀਸਾਂ ਵਿੱਚ 20 ਪ੍ਰਤੀਸ਼ਤ ਤੋਂ ਵੱਧ ਦੀ ਕਟੌਤੀ ਕੀਤੀ ਗਈ ਹੈ।ਇਹ ਸੋਧੀਆਂ ਫੀਸਾਂ 16 ਮਾਰਚ, 2026 ਤੋਂ ਲਾਗੂ ਹੋਣਗੀਆਂ।ਐਮਾਜ਼ੋਨ ਇੰਡੀਆ ਦੇ ਸੇਲਿੰਗ ਪਾਰਟਨਰ ਸਰਵਿਸਿਜ਼ ਦੇ ਡਾਇਰੈਕਟਰ ਅਮਿਤ ਨੰਦਾ ਨੇ ਕਿਹਾ ਕਿ ਪਿਛਲੇ ਸਾਲ ਲਾਗੂ ਕੀਤੀ ਗਈ ਫੀਸ ਕਟੌਤੀ ਦੇ ਸਕਾਰਾਤਮਕ ਨਤੀਜੇ ਸਾਹਮਣੇ ਆਏ ਸਨ।

ਇਸ ਲਈ ਅਸੀਂ ਹੁਣ ਇਸ ਲਾਭ ਨੂੰ ਹੋਰ ਵਿਕਰੇਤਾਵਾਂ ਤੱਕ ਵਧਾ ਰਹੇ ਹਾਂ।ਇਹ ਟੀਅਰ 2 ਅਤੇ ਟੀਅਰ 3 ਸ਼ਹਿਰਾਂ ਵਿੱਚ ਛੋਟੇ ਵਪਾਰੀਆਂ ਲਈ ਐਮਾਜ਼ੋਨ.ਇਨ 'ਤੇ ਵਿਕਰੀ ਨੂੰ ਆਸਾਨ ਅਤੇ ਵਧੇਰੇ ਲਾਭਦਾਇਕ ਬਣਾ ਦੇਵੇਗਾ।

ਪਿਛਲੇ ਸਾਲ ਫੀਸ ਵਿੱਚ ਬਦਲਾਅ ਬਾਰੇ ਬੋਲਦੇ ਹੋਏ ਰਿਤੇਸ਼ ਬਜਾਜ ਸੰਸਥਾਪਕ ਤੁਲਸੀ ਅਤੇ ਵਿਕਰੇਤਾ ਐਮਾਜ਼ਾਨ.ਇਨ ਨੇ ਕਿਹਾ ਕਿ 300 ਰੁਪਏ ਤੋਂ ਘੱਟ ਕੀਮਤ ਵਾਲੇ ਉਤਪਾਦਾਂ ਤੇ ਰੈਫਰਲ ਫੀਸ ਨੂੰ ਖਤਮ ਕਰਨਾ ਇੱਕ ਵੱਡੀ ਰਾਹਤ ਸੀ।

# ਧਾਲੀਵਾਲ ਵੱਲੋਂ ਕੇਜਰੀਵਾਲ ਤੇ ਸਿਸੋਦੀਆ ਨਾਲ ਮੁਲਾਕਾਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਕੈਬਨਿਟ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਸ੍ਰੀ ਮੁਨੀਸ਼ ਸਿਸੋਦੀਆ ਨਾਲ ਉਚੇਚੇ ਤੌਰ ਤੇ ਨਿੱਜੀ ਮੁਲਾਕਾਤ ਕੀਤੀ ਅਤੇ ਮੁਲਾਕਾਤ ਦੌਰਾਨ ਦਿੱਲੀ ਦੀ ਇੱਕ ਅਦਾਲਤ ਦੇ ਸੀ ਬੀ ਆਈ ਵਲੋਂ ਦਰਜ ਕਥਿਤ ਬੇਬੁਨਿਆਦ ਮਾਮਲੇ ਚ ਆਏ ਬਾਇੱਜ਼ਤ ਬਰੀ ਹੋਣ ਦੇ ਫੈਸਲੇ ਦਾ ਬੁੱਕੇ ਭੇਂਟ ਕਰਕੇ ਸਵਾਗਤ ਕੀਤਾ ਤੇ ਆਪ ਪੰਜਾਬ ਇਕਾਈ ਵਲੋਂ ਵਧਾਈ ਦਿੰਦਿਆਂ ਕਿਹਾ ਕਿ ਅਦਾਲਤ ਵਲੋਂ ਉਨ੍ਹਾਂ (ਸ੍ਰੀ ਕੇਜਰੀਵਾਲ ਤੇ ਸ੍ਰੀ ਸਿਸੋਦੀਆ) ਦੀ ਕੱਟੜ ਇਮਾਨਦਾਰ ਰਾਜਨੀਤੀ ਤੇ ਮੋਹਰ ਲਗਾਏ ਜਾਣ ਨਾਲ ਜਿੱਥੇ ਪੰਜਾਬ ਚ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਸਵੱਛ ਪ੍ਰਸ਼ਾਸਨ, ਬਹੁ ਵਿਕਾਸ, ਰੁਜ਼ਗਾਰ ਤੇ ਲੋਕ ਸਹੂਲਤਾਂ ਸਕੀਮਾਂ ਸਮੇਤ ਪੰਜਾਬ ਚ ਯੁੱਧ ਨਸ਼ਿਆਂ ਵਿਰੁੱਧ ਤੇ ਗੈਂਗਸਟਰਾਂ ਵਿਰੁੱਧ ਅਪ੍ਰੇਸ਼ਨ ਪਰਿਹਾਰ ਨੂੰ ਪਹਿਲਾਂ ਨਾਲੋਂ ਵੱਧ ਮਜ਼ਬੂਤੀ ਮਿਲੇਗੀ, ਉਥੇ ਆਮ ਆਦਮੀ ਪਾਰਟੀ ਦੀ ਪੰਜਾਬ ਇਕਾਈ ਦੇ ਸਮੂਹ ਆਗੂਆਂ ਤੇ ਵਲੰਟੀਅਰਾਂ ਚ ਹੋਰ ਨਵੇਂ ਖ਼ੂਨ ਦਾ ਸੰਚਾਰ ਹੋਣ ਨਾਲ ਨਵੀਂ ਜਾਨ ਪਏਗੀ।



3-March-PAGE-13.qxd 3/2/2026 10:39 PM Page 1



# ਮੰਡੀ ਚੌਕ 'ਚ ਰੇਲਵੇ ਫਾਟਕ 'ਤੇ ਓਵਰਬ੍ਰਿਜ ਬਣਾਉਣ ਦੀ ਮੰਗ ਨੇ ਫੜਿਆ ਜ਼ੋਰ

**ਗੁਰਦਾਸਪੁਰ, (ਜਨਕ ਮਹਾਜਨ)**

ਗੁਰਦਾਸਪੁਰ-ਪਠਾਨਕੋਟ ਰੋਡ ਸਥਿਤ ਮੰਡੀ ਚੌਕ ਨੇੜੇ ਪੈਂਦਾ ਰੇਲਵੇ ਫਾਟਕ ਅਕਸਰ ਰੇਲ ਗੱਡੀਆਂ ਦੀ ਆਵਾਜਾਈ ਕਾਰਨ ਬੰਦ ਰਹਿਣ ਕਾਰਨ ਲੋਕ ਕਾਫ਼ੀ ਪ੍ਰੇਸ਼ਾਨ ਹੋ ਰਹੇ ਹਨ, ਇਸ ਲਈ ਇਸ ਫਾਟਕ 'ਤੇ ਹੁਣ ਓਵਰਬ੍ਰਿਜ ਬਣਾਉਣ ਦੀ ਮੰਗ ਨੇ ਜ਼ੋਰ ਫੜ ਲਿਆ ਹੈ। ਫਾਟਕ ਬੰਦ ਰਹਿਣ ਨਾਲ ਲੋਕਾਂ ਨੂੰ ਧੁੱਪ, ਮੀਂਹ ਵਿਚ ਖੜ੍ਹੇ ਰਹਿ ਕੇ ਗੱਡੀ ਲੰਘਣ ਦਾ ਲੰਮਾ ਇੰਤਜ਼ਾਰ ਕਰਨਾ ਪੈਂਦਾ ਹੈ। ਫਾਟਕ ਵਾਲੀ ਜਗ੍ਹਾ ਨੀਵੀਂ ਹੋਣ ਕਾਰਨ ਇਥੇ ਅਕਸਰ ਹੀ ਮੀਂਹ ਦਾ ਪਾਣੀ ਵੀ ਖੜ੍ਹਾ ਹੋ ਜਾਂਦਾ ਹੈ ਅਤੇ ਲੋਕ ਮੀਂਹ ਦੇ ਪਾਣੀ ਵਿਚੋਂ ਬੜ੍ਹੀ ਮੁਸ਼ਕਿਲ ਦੇ ਨਾਲ ਆਪਣੇ ਵਾਹਨਾਂ ਨੂੰ ਕੱਢਦੇ ਹਨ। ਇਹ ਫਾਟਕ ਟੇਢਾ ਅਤੇ ਫਾਟਕ ਵਾਲੀ ਜਗ੍ਹਾ ਵੀ ਕਾਫ਼ੀ ਉਬੜ ਖ਼ਾਬੜ ਵਾਲੀ ਬਣੀ ਹੋਈ ਹੈ। ਕਈ ਵਾਰ ਅਖ਼ਬਾਰਾਂ ਵਿਚ ਖ਼ਬਰਾਂ ਪ੍ਰਕਾਸ਼ਿਤ ਹੋਣ ਦੇ ਬਾਵਜੂਦ ਵੀ ਪ੍ਰਸ਼ਾਸਨ ਵਲੋਂ ਫਾਟਕ ਦੀ ਹਾਲਤ ਨਹੀਂ ਸੁਧਾਰੀ ਗਈ। ਵਰਣਨਯੋਗ ਹੈ ਕਿ ਇਸ ਸਟੇਸ਼ਨ 'ਤੇ ਲੱਗੇ ਨੋਟਿ ਬੋਰਡ ਰਾਹੀਂ ਪਤਾ ਲਗਦਾ ਹੈ ਕਿ ਇਥੇ ਰੋਜ਼ਾਨਾਂ 10 ਪੈਸੰਜਰ ਰੇਲ ਗੱਡੀਆਂ ਪਠਾਨਕੋਟ, ਜੰਮੂ ਆਦਿ ਸ਼ਹਿਰਾਂ ਨੂੰ ਜਾਂਦੀਆਂ ਹਨ ਜਦਕਿ 10 ਹੀ ਰੇਲ ਗੱਡੀਆਂ ਅੰਮ੍ਰਿਤਸਰ, ਦਿੱਲੀ ਆਦਿ ਸ਼ਹਿਰਾਂ ਨੂੰ ਜਾਂਦੀਆਂ ਹਨ। ਇਨ੍ਹਾਂ ਤੋਂ ਇਲਾਵਾ ਮਾਲ ਗੱਡੀਆਂ ਦੀ ਗਿਣਤੀ ਵਖਰੀ ਹੈ। ਇੰਨੀ ਗਿਣਤੀ ਵਿਚ ਗੱਡੀਆਂ ਦੀ ਆਵਾਜਾਈ ਕਾਰਨ ਫਾਟਕ ਬੰਦ ਰਹਿੰਦਾ ਹੈ ਜਿਸ ਨਾਲ ਲੋਕਾਂ ਨੂੰ ਕਾਫ਼ੀ ਦਿਕਤ ਪੇਸ਼ ਆ ਰਹੀ ਹੈ। ਇਹ ਰੇਲਵੇ ਫਾਟਕ ਸਟੇਸ਼ਨ ਦੇ ਬਿਲਕੁਲ ਨਜ਼ਦੀਕ ਹੋਣ ਕਾਰਨ ਅਕਸਰ ਹੀ ਜ਼ਿਆਦਾ ਸਮਾਂ ਬੰਦ ਰਹਿੰਦਾ ਹੈ। ਲੋਕਾਂ ਨੂੰ 15-20 ਮਿੰਟ ਤੱਕ ਫਾਟਕ ਬੰਦ ਰਹਿਣ ਕਰਕੇ ਕਾਫ਼ੀ ਦਿਕਤ ਪੇਸ਼ ਆਉਂਦੀ ਹੈ। ਇਸ ਫਾਟਕ ਰਾਹੀਂ ਲੰਘ ਕੇ ਲੋਕ ਜਿਥੇ ਪਠਾਨਕੋਟ-ਉੱਤਰੀ ਭਾਰਤ ਦੇ ਪ੍ਰਸਿੱਧ ਇਤਿਹਾਸਕ ਸਥਾਨ ਪੰਡੋਰੀ ਮਹੰਤ ਤੋਂ ਇਲਾਵਾ ਸਬਜ਼ੀ ਮੰਡੀ, ਦਾਣਾ ਮੰਡੀ, ਬੇਅੰਤ ਇੰਜੀਨੀਅਰਿੰਗ ਕਾਲਜ, ਸਰਕਾਰੀ ਆਈ. ਟੀ. ਆਈ. ਅਤੇ ਕਈ ਹੋਰ ਜ਼ਰੂਰੀ ਸਥਾਨਾਂ ਵੱਲ ਜਾਂਦੇ ਹਨ। ਉਨ੍ਹਾਂ ਦਾ ਫਾਟਕ ਬੰਦ ਹੋਣ ਕਰਕੇ ਕਾਫ਼ੀ ਸਮਾਂ ਬਰਬਾਦ ਹੁੰਦਾ ਹੈ ਅਤੇ ਲੋਕ ਆਪਣੇ ਕੰਮਕਾਜ ਤੇ ਡਿਊਟ ਤੋਂ ਲੇਟ ਹੋ ਜਾਂਦੇ ਹਨ। ਇਲਾਕਾ ਵਾਸੀਆਂ ਨੇ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ, ਲੋਕ ਸਭਾ ਹਲਕਾ ਗੁਰਦਾਸਪੁਰ ਦੇ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਹੈ ਕਿ ਇਸ ਫਾਟਕ 'ਤੇ ਓਵਰਬ੍ਰਿਜ ਬਣਾਇਆ ਜਾਵੇ ਤਾਂ ਜੋ ਇਥੋਂ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਇਸ ਮੁਸ਼ਕਿਲ ਤੋਂ ਨਿਜਾਤ ਮਿਲ ਸਕੇ।



# ਉਲੰਪੀਆਡ ਪ੍ਰੀਖਿਆ 'ਚ ਜਿੱਤੇ ਸੋਨੇ ਦੇ ਤਮਗੇ

**ਧਾਰੀਵਾਲ, (ਮਨਦੀਪ ਵਿੱਕੀ)**

ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਵਿਦਿਆਰਥੀਆਂ ਨੇ ਇੰਟਰਨੈਸ਼ਨਲ ਉਲੰਪੀਆਡ 2025-26 ਪ੍ਰੀਖਿਆ ਵਿੱਚ ਵਧੀਆ ਕਾਰਗੁਜਾਰੀ ਕਰਦੇ ਹੋਏ ਸੋਨੇ ਦੇ ਤਮਗੇ ਪ੍ਰਾਪਤ ਕਰਕੇ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਸਕੂਲ ਦੇ ਨੌਵੀਂ ਅਤੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਇੰਟਰਨੈਸ਼ਨਲ ਉਲੰਪੀਅਡ ਸਾਇੰਸ ਦੀ ਪ੍ਰੀਖਿਆ ਵਿੱਚ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਨਿਸ਼ਾ ਸਪੁੱਤਰੀ ਬਲਵੀਰ ਸਿੰਘ ਜਮਾਤ ਨੌਵੀਂ ਅਤੇ ਜੈਸਮੀਨ ਕੌਰ ਸਪੁੱਤਰੀ ਸਪਿੰਦਰ ਸਿੰਘ ਜਮਾਤ ਦੱਸਵੀਂ ਨੇ ਸੋਨੇ ਦੇ ਤਮਗੇ ਪ੍ਰਾਪਤ ਕੀਤੇ। ਇਸ ਤੋਂ ਇਲਾਵਾ ਸਕੂਲ ਦੇ 10ਵੀਂ ਜਮਾਤ ਦੇ ਵਿਦਿਆਰਥੀਆਂ ਪਵਨਪ੍ਰੀਤ ਕੌਰ ਸਪੁੱਤਰੀ ਹੀਰਾ ਸਿੰਘ, ਮਨਪ੍ਰੀਤ ਕੌਰ ਸਪੁੱਤਰੀ ਲਖਵਿੰਦਰ ਸਿੰਘ, ਜਸਨਪ੍ਰੀਤ ਕੌਰ ਸਪੁੱਤਰੀ ਸੁਖਦੇਵ ਸਿੰਘ, ਸੋਨਾਲੀ ਕੁਮਾਰੀ ਸਪੁੱਤਰੀ ਸ੍ਰੀ ਕੁਮਾਰ ਰੰਜਨ, ਗੁਰਲੀਨ ਕੌਰ ਸਪੁੱਤਰੀ ਕੰਵਲਜੀਤ ਸਿੰਘ, ਜੀਆ ਸਹੋਤਾ ਸਪੁੱਤਰੀ ਕਸਮੀਰ ਮਸੀਹ ਨੇ ਵੀ ਵਧੀਆ ਪ੍ਰਦਰਸ਼ਨ ਕੀਤਾ ਅਤੇ ਸਰਟੀਫਿਕੇਟ ਪ੍ਰਾਪਤ ਕੀਤੇ। ਪ੍ਰਿੰਸੀਪਲ ਕਿਰਨ ਕੇਸਰ ਨੇ ਕਿਹਾ ਓਲੰਪੀਅਡ ਟੈਸਟ ਇੱਕ ਪ੍ਰਤੀਯੋਗੀ ਪ੍ਰੀਖਿਆ ਹੈ ਜੋ ਵਿਦਿਆਰਥੀਆਂ ਦੀ ਬੁੱਧੀਮਤਾ, ਤਰਕ-ਸ਼ਕਤੀ, ਗਣਿਤ, ਵਿਗਿਆਨ ਜਾਂ ਹੋਰ ਵਿਸ਼ਿਆਂ ਵਿੱਚ ਸਮਝ ਦੀ ਜਾਂਚ ਕਰਨ ਲਈ ਕਰਵਾਈ ਜਾਂਦੀ ਹੈ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਅਤੇ ਉਨ੍ਹਾਂ ਦੀ ਲੁਕਿਆ ਹੋਈ ਪ੍ਰਤਿਭਾ ਨੂੰ ਉਜਾਗਰ ਕਰਨਾ ਹੈ। ਇਸ ਪ੍ਰੀਖਿਆ ਰਾਹੀਂ ਵਿਦਿਆਰਥੀ ਆਪਣੇ ਗਿਆਨ ਦਾ ਮਾਪ ਕਰ ਸਕਦੇ ਹਨ ਅਤੇ ਰਾਸ਼ਟਰੀ ਜਾਂ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਯੋਗਤਾ ਦਰਸਾ ਸਕਦੇ ਹਨ। ਅੰਤ ਵਿੱਚ ਉਨ੍ਹਾਂ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।



# ਗੁ. ਬਾਬਾ ਜਾਗੋ ਸ਼ਹੀਦ ਕੋਹਾਲੀ ਵਿਖੇ ਕਰਵਾਇਆ ਪੰਜਵਾਂ ਕਬੱਡੀ ਕੱਪ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**

ਗੁਰਦੁਆਰਾ ਬਾਬਾ ਜਾਗੋ ਸ਼ਹੀਦ, ਪਿੰਡ ਕੋਹਾਲੀ ਵਿਖੇ ਹੋਲੇ ਮਹੱਲੇ ਦੇ ਸਬੰਧ ਵਿੱਚ ਚੱਲ ਰਹੇ ਦਸ ਰੋਜ਼ਾ ਸਮਾਗਮਾਂ ਦੌਰਾਨ ਪਿੰਡ ਕੋਹਾਲੀ ਦੇ ਨੌਜਵਾਨਾਂ ਵੱਲੋਂ ਐੱਨ. ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਪੰਜਵਾਂ ਕਬੱਡੀ ਕੱਪ ਕਰਵਾਇਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਧਾਰਮਿਕ ਸ਼ਖਸ਼ੀਅਤਾਂ ਡੇਰਾ ਬਾਬਾ ਮੇਹਰ ਦਾਸ ਉਦਾਸੀਨ ਕੋਹਾਲੀ ਦੇ ਮੁਖੀ ਮਹੰਤ ਯੋਗ ਮੁਨੀ, ਗੁਰਦੁਆਰਾ ਬਾਬਾ ਜਾਗੋ ਸ਼ਹੀਦ ਜੀ ਦੇ ਹੈੱਡ ਗ੍ਰੰਥੀ ਬਾਬਾ ਗੁਰਪ੍ਰੀਤ ਸਿੰਘ ਅਤੇ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਮਿਸਲ ਨਿਹੰਗ ਸਿੰਘਾਂ ਦੇ ਮੁਖੀ ਬਾਬਾ ਰਘਬੀਰ ਸਿੰਘ ਖਿਆਲੇ ਵਾਲੇ ਹਾਜ਼ਰ ਹੋਏ ਅਤੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਬਾਬਾ ਦਿੱਤ ਮੱਲ ਸ਼ਹੀਦ ਕਬੱਡੀ ਕਲੱਬ ਖਿਆਲਾ ਅਤੇ ਆਜ਼ਾਦ ਕਬੱਡੀ ਕਲੱਬ ਟਪਿਆਲਾ ਦੀਆਂ ਲੜਕੀਆਂ ਦਰਮਿਆਨ ਹੋਏ ਮੁਕਾਬਲੇ ਵਿੱਚ ਟਪਿਆਲਾ ਕਲੱਬ ਦੀਆਂ ਲੜਕੀਆਂ ਜੇਤੂ ਰਹੀਆਂ।ਲੜਕੀਆਂ ਦੀਆਂ ਟੀਮਾਂ ਦਾ ਦੂਸਰਾ ਮੁਕਾਬਲਾ ਸੰਤ ਬਾਬਾ ਹਜ਼ਾਰਾ ਸਿੰਘ ਕਬੱਡੀ ਕਲੱਬ ਬੋਪਾਰਾਏ ਅਤੇ ਸੰਦੀਪ ਨੰਗਲ ਅੰਬੀਆਂ ਕਬੱਡੀ ਕਲੱਬ ਕਪੂਰਥਲਾ ਦਰਮਿਆਨ ਹੋਇਆ, ਜਿਸ ਵਿੱਚ ਬੋਪਾਰਾਏ ਕਲੱਬ ਦੀ ਟੀਮ ਮਾਮੂਲੀ ਫਰਕ ਨਾਲ ਜੇਤੂ ਰਹੀ।ਬਾਬਾ ਨਾਮਦੇਵ ਕਬੱਡੀ ਕਲੱਬ ਘੁਮਾਣ ਅਤੇ ਸੰਤ ਬਾਬਾ ਹਜ਼ਾਰਾ ਸਿੰਘ ਕਬੱਡੀ ਕਲੱਬ ਬੋਪਾਰਾਏ ਦੇ ਲੜਕਿਆਂ ਦਰਮਿਆਨ ਹੋਏ ਮੁਕਾਬਲੇ ਵਿੱਚ ਭਗਤ ਨਾਮਦੇਵ ਕਲੱਬ ਦੀ ਟੀਮ ਜੇਤੂ ਰਹੀ।ਬਾਬਾ ਜਾਗੋ ਸ਼ਹੀਦ ਸਪੋਰਟਸ ਕਲੱਬ ਕੋਹਾਲੀ ਅਤੇ ਆਜ਼ਾਦ ਕਬੱਡੀ ਕਲੱਬ ਟਪਿਆਲਾ ਦੇ ਮੁਕਾਬਲੇ ਵਿੱਚ ਟਪਿਆਲਾ ਕਲੱਬ ਦੋ ਅੰਕਾਂ ਦੇ ਫਰਕ ਨਾਲ ਜੇਤੂ ਰਿਹਾ।ਸੈਮੀ ਫਾਈਨਲ ਮੁਕਾਬਲਾ ਗੁਰੂ ਅਰਜਨ ਦੇਵ ਕਬੱਡੀ ਕਲੱਬ ਚੋਹਲਾ ਸਾਹਿਬ ਅਤੇ ਬਾਬਾ ਬੁੱਢਾ ਸਾਹਿਬ ਕਬੱਡੀ ਕਲੱਬ ਰਮਦਾਸ ਦਰਮਿਆਨ ਹੋਇਆ, ਜਿਸ ਵਿੱਚ ਰਮਦਾਸ ਦੀ ਟੀਮ ਨੇ ਜਿੱਤ ਹਾਸਿਲ ਕੀਤੀ ਅਤੇ ਫਾਈਨਲ ਵਿੱਚ ਪਹੁੰਚੀ। ਕਬੱਡੀ ਫਾਈਨਲ ਦਾ ਮੁਕਾਬਲਾ ਬਾਬਾ ਬੁੱਢਾ ਸਾਹਿਬ ਕਬੱਡੀ ਕਲੱਬ ਰਮਦਾਸ ਅਤੇ ਭਗਤ ਨਾਮਦੇਵ ਕਬੱਡੀ ਕਲੱਬ ਘੁਮਾਣ ਦਰਮਿਆਨ ਹੋਇਆ, ਜਿਸ ਵਿੱਚ ਰਮਦਾਸ ਦੀ ਟੀਮ 29 ਅੰਕ ਲੈ ਕੇ ਜੇਤੂ ਰਹੀ, ਜਦੋਂ ਕਿ ਘੁਮਾਣ ਦੀ ਟੀਮ ਸਾਢੇ 25 ਅੰਕ ਪ੍ਰਾਪਤ ਕਰਨ ਵਿੱਚ ਸਫਲ ਰਹੀ। ਇਸ ਮੌਕੇ ਬੱਚਿਆਂ ਦੀਆਂ ਟੀਮਾਂ ਮਲੇਸ਼ੀਆ ਅਤੇ ਮਨੀਲਾ ਦਰਮਿਆਨ ਸ਼ੋਅ ਮੈਚ ਵੀ ਖੇਡਿਆ ਗਿਆ ਜੋ ਬਹੁਤ ਦਿਲਚਸਪ ਰਿਹਾ।ਸਾਰੇ ਮੈਚਾਂ ਦੇ ਬੈਸਟ ਰੇਡਰ ਚੁਣੇ ਗਏ। ਸ਼ੇਰਾ ਮੀਰਾਂਕੋਟ ਅਤੇ ਬੈਸਟ ਜਾਫੀ ਆਕਾਸ਼ ਸੁਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।



# ਭਾਜਪਾ ਸਰਕਾਰ ਦੀਆਂ ਸ਼ਾਜ਼ਿਸ਼ਾਂ ਹੋਈਆਂ ਨਾਕਾਮ : ਤਲਬੀਰ ਗਿੱਲ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**-ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਦਿੱਲੀ ਦੀ ਅਦਾਲਤ ਵੱਲੋਂ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਸੀਨੀਅਰ ਨੇਤਾ ਮਨੀਸ਼ ਸਿਸੋਦੀਆ ਨੂੰ ਆਬਕਾਰੀ ਨੀਤੀਆਂ ਦੇ ਮਾਮਲੇ ਵਿੱਚ ਬਰੀ ਕਰਨ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸੱਚ ਦੀ ਜਿੱਤ ਹੈ ਅਤੇ ਇਸ ਨਾਲ ਲੋਕਾਂ ਦਾ ਅਦਾਲਤ ਅਤੇ ਕਾਨੂੰਨ ਤੇ ਭਰੋਸਾ ਹੋਰ ਵੱਧ ਗਿਆ ਹੈ। ਗਿੱਲ ਨੇ ਕਿਹਾ ਕਿ ਕਾਫੀ ਸਮੇਂ ਤੋਂ ਇਸ ਮਾਮਲੇ ਨੂੰ ਲੈ ਕੇ ਕਈ ਲੋਕਾਂ ਵੱਲੋਂ ਰਾਜਨੀਤੀ ਕੀਤੀ ਜਾ ਰਹੀ ਸੀ ਪਰ ਹੁਣ ਅਦਾਲਤ ਨੇ ਸਾਫ ਕਰ ਦਿੱਤਾ ਹੈ ਕਿ ਨਿਆਂ ਸਬੂਤਾਂ ਦੇ ਆਧਾਰ ਤੇ ਹੀ ਹੁੰਦਾ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਵਿਰੁੱਧ ਰਚਿਆ ਗਿਆ ਕਥਿਤ ਸ਼ਰਾਬ ਘੁਟਾਲਾ ਇਕ ਸਿਆਸੀ ਸਾਜ਼ਿਸ਼ ਸੀ। ਕੇਂਦਰ ਦੀ ਭਾਜਪਾ ਸਰਕਾਰ ਨੇ ਪਾਰਟੀ ਦੀ ਸਾਖ ਖਰਾਬ ਕਰਨ ਦੀ ਕੋਸ਼ਿਸ਼ ਕੀਤੀ ਪਰ ਆਖਿਰਕਾਰ ਅਦਾਲਤ ਵਿੱਚ ਸੱਚ ਸਾਹਮਣੇ ਆ ਹੀ ਗਿਆ, ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਗਿਆ। ਗਿੱਲ ਨੇ ਕਿਹਾ ਕਿ ਇਹ ਸਿਰਫ ਪਾਰਟੀ ਦੀ ਨਹੀਂ ਸਗੋਂ ਦੇਸ਼ ਦੇ ਲੋਕਤੰਤਰ ਅਤੇ ਨਿਆਂਪਾਲਿਕਾ ਵਿੱਚ ਭਰੋਸੇ ਦੀ ਵੀ ਜਿੱਤ ਹੈ। ਉਨ੍ਹਾਂ ਦੋਹਰਾਇਆ ਕਿ ਪਹਿਲਾਂ ਵੀ ਇਹ ਕਿਹਾ ਸੀ ਕਿ ਇੱਕ ਧੇਲੇ ਦਾ ਵੀ ਘੁਟਾਲਾ ਨਹੀਂ ਹੋਇਆ ਹੈ ਪਰ ਕਿਸੇ ਨੇ ਮੰਨਿਆ ਨਹੀਂ ਸੀ ਅਤੇ ਹੁਣ ਅਦਾਲਤ ਦੇ ਫੈਸਲੇ ਨਾਲ ਇਹ ਗੱਲ ਸਾਬਤ ਹੋ ਗਈ ਹੈ।



# ਆਰ ਐੱਮ ਪੀ ਆਈ ਵੱਲੋਂ ਅਮਰੀਕਾ ਤੇ ਇਜ਼ਰਾਇਲ ਵੱਲੋਂ ਈਰਾਨ 'ਤੇ ਕੀਤੇ ਹਮਲੇ ਦੀ ਨਿਖੇਧੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੀ ਪੰਜਾਬ ਰਾਜ ਕਮੇਟੀ ਨੇ ਅਮਰੀਕਾ-ਇਜ਼ਰਾਇਲ ਵੱਲੋਂ ਸਾਂਝੇ ਤੌਰ 'ਤੇ ਇਰਾਨ ਉਪਰ ਕੀਤੇ ਹਮਲੇ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ।ਪਾਰਟੀ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਅਤੇ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਇਹ ਸਾਂਝਾ ਹਮਲਾ ਇਰਾਨ ਤੋਂ ਸੰਭਾਵਤ ਖਤਰੇ ਨੂੰ ਬਹਾਨਾ ਬਣਾ ਕੇ ਕੀਤਾ ਗਿਆ ਹੈ। ਅਮਰੀਕਾ ਵੱਲੋਂ ਇਸ ਹਮਲੇ 'ਚ ਈਰਾਨ ਦਾ ਸੁਪਰੀਮ ਲੀਡਰ ਆਇਤ ਉਲ ਅਲੀ ਖੁਮੈਨੀ, ਰੱਖਿਆ ਮੰਤਰੀ, ਰੈਵੋਲੂਸ਼ਨਰੀ ਗਾਰਡ, ਕਮਾਂਡਰ ਅਤੇ ਸੈਂਕੜੇ ਲੋਕ ਮਾਰੇ ਗਏ ਹਨ ਅਤੇ ਈਰਾਨ ਵਿੱਚ ਰਾਜ ਪਲਟਾ ਕੀਤੇ ਜਾਣ ਦਾ ਐਲਾਨ ਕੀਤਾ ਗਿਆ ਹੈ।ਅਮਰੀਕਾ ਇਹ ਸਾਰੀ ਗੁੰਡਾਗਰਦੀ ਈਰਾਨ ਦੇ ਤੇਲ ਭੰਡਾਰਾਂ ਅਤੇ ਰੂਟਾਂ ਉਪਰ ਕਬਜ਼ਾ ਕਰਨ ਲਈ ਕਰ ਰਿਹਾ ਹੈ।ਅਮਰੀਕਾ ਸੰਸਾਰ ਚੌਧਰ ਮੁੜ ਸਥਾਪਿਤ ਕਰਨ ਲਈ ਵੱਖਰੇ-ਵੱਖਰੇ ਦੇਸ਼ਾਂ ਨੂੰ ਡਰਾਉਣ ਧਮਕਾਉਣ, ਰਾਜ ਪਲਟੇ ਕਰਵਾਉਣ ਅਤੇ ਲੋਕਾਂ ਵੱਲੋਂ ਚੁਣੇ ਗਏ ਮੁਖੀਆਂ ਨੂੰ ਮਾਰਨ ਜਾਂ ਗ੍ਰਿਫਤਾਰ ਕਰਨ ਦੀ ਮੁਹਿੰਮ ਵਿੱਚ ਜੁਟਿਆ ਹੋਇਆ ਹੈ।ਪਿਛਲੇ ਸਮੇਂ ਵਿੱਚ ਟਰੰਪ ਵੱਲੋਂ ਵੈਨੇਜ਼ੁਵੇਲਾ ਦੇ ਰਾਸ਼ਟਰਪਤੀ ਮਾਦੁਰੋ ਨੂੰ ਪਤਨੀ ਸਮੇਤ ਹੱਥਕੜੀਆਂ ਵਿੱਚ ਜਕੜ ਕੇ ਅਮਰੀਕਾ ਲਿਜਾਇਆ ਗਿਆ ਅਤੇ ਆਪਣੇ ਆਪ ਨੂੰ ਵੈਨਜ਼ੁਵੇਲਾ ਦਾ ਕਾਰਜਕਾਰੀ ਰਾਸ਼ਟਰਪਤੀ ਹੋਣ ਦਾ ਐਲਾਨ ਕਰਕੇ ਉਥੋਂ ਦੇ ਤੇਲ ਭੰਡਾਰ ਵੇਚਣ ਦਾ ਅਧਿਕਾਰ ਆਪਣੇ ਹੱਥ ਵਿੱਚ ਲੈਣ ਦਾ ਐਲਾਨ ਕਰ ਦਿੱਤਾ।ਇਸ ਤੋਂ ਪਹਿਲਾਂ ਵੀ ਇਰਾਕ ਵਿੱਚ ਜਨਤਕ ਤਬਾਹੀ ਦੇ ਹਥਿਆਰ ਜਮ੍ਹਾ ਕਰਨ ਦਾ ਇਲਜ਼ਾਮ ਲਾ ਕੇ ਇਰਾਕ ਉਪਰ ਹਮਲਾ ਕੀਤਾ ਗਿਆ ਅਤੇ ਇਰਾਕ ਦੇ ਰਾਸ਼ਟਰਪਤੀ ਸੱਦਾਮ ਹੁਸੈਨ ਨੂੰ ਫਾਂਸੀ ਲਾਇਆ ਗਿਆ।ਲੀਬੀਆ ਵਿੱਚ ਰਾਜ ਪਲਟਾ ਕਰਵਾ ਕੇ ਕਰਨਲ ਗੱਦਾਫੀ ਨੂੰ ਮਾਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਇੱਕ ਪਾਸੇ ਅਮਰੀਕਾ, ਈਰਾਨ ਨਾਲ ਪ੍ਰਮਾਣੂ ਪ੍ਰੋਗਰਾਮ ਸਬੰਧੀ ਗੱਲਬਾਤ ਕਰ ਰਿਹਾ ਸੀ ਅਤੇ ਦੂਜੇ ਪਾਸੇ ਬਿਨਾਂ ਭੜਕਾਹਟ ਤੋਂ ਈਰਾਨ ਉਪਰ ਹਮਲਾ ਕਰਕੇ ਸੰਸਾਰ ਅਮਨ ਲਈ ਖਤਰਾ ਪੈਦਾ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਦੋਸ਼ ਮੜ੍ਹ ਰਿਹਾ ਕਿ ਈਰਾਨ ਅਜਿਹੀਆਂ ਮਿਜ਼ਾਇਲ ਪ੍ਰਣਾਲੀਆਂ ਅਤੇ ਪ੍ਰਮਾਣੂ ਹਥਿਆਰ ਵਿਕਸਤ ਕਰ ਰਿਹਾ ਸੀ, ਜਿਨ੍ਹਾਂ ਦੀ ਪਹੁੰਚ ਅਮਰੀਕਾ ਤੱਕ ਹੋ ਸਕਦੀ ਸੀ।ਇਸਨੂੰ ਖਤਰਾ ਦਰਸਾ ਕੇ ਇਹ ਹਮਲਾ ਕੀਤਾ ਗਿਆ ਹੈ।ਅਸਲ ਵਿੱਚ ਪੱਛਮੀ ਏਸ਼ੀਆ ਵਿੱਚ ਆਪਣੀ ਚੌਧਰ ਸਥਾਪਤ ਕਰਨ ਅਤੇ ਆਪਣੇ ਸਾਮਰਾਜੀ ਪ੍ਰਬੰਧ ਦੇ ਸੰਕਟ ਨੂੰ ਹੱਲ ਕਰਨ ਲਈ ਅਜਿਹੇ ਹਮਲੇ ਆਪਣੇ ਪੱਖੀ ਸਰਕਾਰਾਂ ਬਣਾਉਣ ਖ਼ਾਤਰ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਜਵਾਬੀ ਹਮਲਿਆਂ ਵਿੱਚ ਈਰਾਨ ਨੇ ਵੀ ਵੱਖਰੇ-ਵੱਖਰੇ ਅਰਬ ਦੇਸ਼ਾਂ ਵਿੱਚ ਅਮਰੀਕਾ ਦੇ ਫੌਜੀ ਅੱਡਿਆਂ ਉਪਰ ਹਮਲੇ ਕੀਤੇ ਹਨ।ਇਨ੍ਹਾਂ ਦੇਸ਼ਾਂ ਵਿੱਚ ਕੰਮ ਕਰਨ ਲਈ ਗਏ ਭਾਰਤੀਆਂ ਲਈ ਵੀ ਗੰਭੀਰ ਖਤਰਾ ਬਣ ਗਿਆ ਹੈ ਅਤੇ ਉਹ ਭਾਰਤ ਵਾਪਸੀ ਲਈ ਹਵਾਈ ਅੱਡਿਆਂ ਉੱਪਰ ਫਸੇ ਹੋਏ ਹਨ।ਪਾਰਟੀ ਨੇ ਲੋਕਾਂ ਨੂੰ ਅਮਰੀਕਾ ਦੇ ਚੌਧਰ ਸਥਾਪਤੀ ਲਈ ਕੀਤੇ ਇਨ੍ਹਾਂ ਹਮਲਿਆਂ ਦਾ ਜ਼ੋਰਦਾਰ ਵਿਰੋਧ ਕਰਨ ਦਾ ਸੱਦਾ ਦਿੱਤਾ ਹੈ। ਪਾਰਟੀ ਨੇ ਭਾਰਤ ਸਰਕਾਰ ਤੋਂ ਅਰਬ ਦੇਸ਼ਾਂ ਵਿੱਚ ਫ਼ਸੇ ਭਾਰਤੀਆਂ ਨੂੰ ਸੁਰੱਖਿਅਤ ਵਾਪਸ ਬੁਲਾਉਣ ਦਾ ਪ੍ਰਬੰਧ ਕਰਨ ਦੀ ਮੰਗ ਕੀਤੀ ਹੈ।

# ਕਾਮਰੇਡ ਗੁਰਦਿਆਲ ਸਿੰਘ ਵਰਨਾਲਾ ਦਾ ਕਿਸਾਨਾਂ ਵੱਲੋਂ ਨਿੱਘਾ ਸਵਾਗਤ



**ਵਲਟੋਹਾ (ਰਣਜੀਤ ਸਿੰਘ ਵਲਟੋਹਾ)**

ਕਿਸਾਨ ਆਗੂ ਕਾਮਰੇਡ ਗੁਰਦਿਆਲ ਸਿੰਘ ਖੰਡ ਮਿੱਲ ਸ਼ੇਰੋਂ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਲਾਏ ਪੱਕੇ ਮੋਰਚੇ ਵਿੱਚ ਲਗਾਤਾਰ ਬੈਠੇ ਸਨ। ਕਿਸਾਨਾਂ ਨੇ ਪੱਕਾ ਮੋਰਚਾ ਲਾਇਆ ਸੀ ਕਿਉਂਕਿ ਪੰਜਾਬ ਸਰਕਾਰ ਨੇ ਮਿੱਲ ਚਾਲੂ ਕਰਨ ਦੀ ਬਜਾਏ ਕਿਸਾਨਾਂ ਨੂੰ ਪੁੱਛੇ ਬਗੈਰ ਹੀ ਵੇਚ ਦਿੱਤੀ ਸੀ, ਇਸ ਵਿੱਚ ਕਿਸਾਨਾਂ ਦੇ ਸ਼ੇਅਰ ਵੀ ਹਨ।ਕਿਸਾਨਾਂ ਦੀ ਮੰਗ ਸੀ ਕਿ ਮਿੱਲ ਚਾਲੂ ਕੀਤੀ ਜਾਵੇ। ਗੰਨੇ ਦੀ ਖਪਤ ਵਧੇ, ਕਿਸਾਨ ਕਮਾਦ ਲਾਉਣ ਤੇ ਪਾਣੀ ਦੀ ਬੱਚਤ ਹੋਵੇ।ਅਫਸੋਸ ਚਾਰ ਦਿਨ ਬਾਅਦ ਪੰਜਾਬ ਸਰਕਾਰ ਦੇ ਕਹਿਣ 'ਤੇ ਕਿਸਾਨਾਂ ਨੂੰ ਧਰਨੇ ਵਿੱਚੋਂ ਗ੍ਰਿਫਤਾਰ ਕਰ ਲਿਆ ਸੀ। ਕਿਸਾਨਾਂ ਨੇ ਤਰਨ ਤਾਰਨ ਜ਼ਿਲ੍ਹੇ ਵਿੱਚ ਸਰਕਾਰ ਦੇ ਥਾਂ ਥਾਂ ਪੁਤਲੇ ਫੂਕੇ। ਮਜਬੂਰ ਹੋ ਕੇ ਪੰਜਾਬ ਸਰਕਾਰ ਨੂੰ ਕਿਸਾਨਾਂ ਨੂੰ ਰਿਹਾਅ ਕਰਨਾ ਪਿਆ। ਪਿੰਡ ਵਰਨਾਲਾ ਵਿੱਚ ਕਾਮਰੇਡ ਗੁਰਦਿਆਲ ਸਿੰਘ ਦਾ ਕਿਸਾਨਾਂ ਨੇ ਸਵਾਗਤ ਕੀਤਾ। ਇਸ ਮੌਕੇ ਹੋਰਨਾ ਤੋਂ ਇਲਾਵਾ ਬਲਜਿੰਦਰ ਸਿੰਘ, ਸੁਖਵਿੰਦਰ ਸਿੰਘ, ਮੋਹਨ ਸਿੰਘ, ਸਾਹਿਬ ਸਿੰਘ, ਰਣਜੀਤ ਸਿੰਘ, ਗੁਰਵਿੰਦਰ ਸਿੰਘ, ਜਗੀਰ ਸਿੰਘ, ਗੁਰਮੀਤ ਸਿੰਘ ਨੰਬਰਦਾਰ, ਸ਼ੇਰ ਸਿੰਘ ਸੇਵਾਦਾਰ, ਮਾਸਟਰ ਸਰਬਜੀਤ ਸਿੰਘ, ਰਘੂਪਾਲ ਸਿੰਘ, ਬਿੱਕਰ ਸਿੰਘ ਵਰਨਾਲਾ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਵਰਕਿੰਗ ਪ੍ਰਧਾਨ ਮਹਾਂਵੀਰ ਸਿੰਘ ਗਿੱਲ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਰਣਜੀਤ ਸਿੰਘ ਬਹਾਦਰ ਨਗਰ, ਕਿਸਾਨ ਆਗੂ ਕਾਰਜ ਸਿੰਘ ਕੈਰੋਂ ਆਦਿ ਹਾਜ਼ਰ ਸਨ।

# ਆਵਾਰਾ ਘੁੰਮਦੇ ਕੁੱਤਿਆਂ ਦੇ ਝੁੰਡਾਂ ਤੋਂ ਇਲਾਕਾ ਵਾਸੀ ਡਾਢੇ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**-ਗੁਰਦਾਸਪੁਰ ਸ਼ਹਿਰ ਅਤੇ ਆਸ ਪਾਸ ਦੇ ਪਿੰਡਾਂ ਵਿਚ ਆਵਾਰਾ ਕੁੱਤਿਆਂ ਦੀ ਭਰਮਾਰ ਹੋਣ ਕਾਰਨ ਲੋਕਾਂ ਵਿਚ ਡਰ ਦਾ ਮਾਹੌਲ ਬਣਿਆ ਰਹਿੰਦਾ ਹੈ ਕਿਉਂ ਜੋ ਆਵਾਰਾ ਕੁੱਤਿਆਂ ਵੱਲੋਂ ਛੋਟੇ ਬੱਚਿਆਂ ਅਤੇ ਪਸ਼ੂਆਂ ਦੇ ਛੋਟੇ ਬਗਸੂਟਾਂ ਨੂੰ ਨੁਕਸਾਨ ਪਹੁੰਚਾਉਣ ਕਾਰਨ ਲੋਕ ਕਾਫ਼ੀ ਦੁਖੀ ਹਨ। ਇਸ ਮਸਲੇ ਨੂੰ ਲੈ ਕੇ ਲੋਕਾਂ ਵਿਚ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਵਾਸੀਆਂ ਨੇ ਦੱਸਿਆ ਕਿ ਕੁੱਤਿਆਂ ਦੇ ਕੱਟਣ 'ਤੇ ਬੇਸ਼ੱਕ ਸਰਕਾਰਾਂ ਵਲੋਂ ਪਾਲਤੂ ਕੁੱਤਿਆਂ ਦੇ ਕੱਟਣ 'ਤੇ ਸਖ਼ਤ ਕਾਨੂੰਨ ਬਣਾਉਣ ਤੋਂ ਇਲਾਵਾ ਵੱਡੇ ਜੁਰਮਾਨੇ ਵੀ ਰੱਖੇ ਗਏ ਹਨ ਪਰ ਆਵਾਰਾ ਫ਼ਿਰਦੇ ਕੁੱਤਿਆਂ ਤੋਂ ਬਚਾਅ ਲਈ ਪ੍ਰਸ਼ਾਸਨ ਵੱਲੋਂ ਕੋਈ ਸਖ਼ਤ ਕਾਰਵਾਈ ਨਹੀਂ ਕੀਤੀ ਜਾ ਰਹੀ। ਉਨ੍ਹਾਂ ਕਿਹਾ ਕਿ ਆਵਾਰਾ ਕੁੱਤਿਆਂ ਵੱਲੋਂ ਇਕ ਦੂਜੇ ਨੂੰ ਕੱਟਣ ਕਰਕੇ ਕੁੱਤਿਆਂ ਦੇ ਕੰਨਾਂ ਤੋਂ ਇਲਾਵਾ ਸਰੀਰ ਦੇ ਹੋਰ ਹਿੱਸਿਆਂ ਵਿਚ ਕੀੜੇ ਪੈ ਜਾਂਦੇ ਹਨ ਅਤੇ ਫ਼ਿਰ ਇਹ ਕੁੱਤੇ ਥਾਂ-ਥਾਂ 'ਤੇ ਬਿਨਾਂ ਇਲਾਜ ਤੋਂ ਭਟਕਦੇ ਦੇਖੇ ਜਾਂਦੇ ਹਨ। ਇਸ ਤਰ੍ਹਾਂ ਬਿਮਾਰ ਤੇ ਕੀੜੇ ਪਏ ਕੁੱਤਿਆਂ ਤੋਂ ਹੋਰ ਵੀ ਭਿਆਨਕ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਗੁਰਦਾਸਪੁਰ-ਮੁਕੇਰੀਆਂ ਸੜਕ 'ਤੇ ਪੈਂਦੇ ਇਲਾਕਿਆਂ ਵਿਚ ਕਈ ਥਾਵਾਂ 'ਤੇ ਆਵਾਰਾ ਕੁੱਤਿਆਂ ਤੋਂ ਇਲਾਵਾ ਆਵਾਰਾ ਪਸ਼ੂ ਵੀ ਸੜਕ 'ਤੇ ਫਿਰਦੇ ਰਹਿੰਦੇ ਹਨ ਜੋ ਅਕਸਰ ਸੜਕੀ ਹਾਦਸਿਆਂ ਦਾ ਕਾਰਨ ਬਣਦੇ ਹਨ। ਉਨ੍ਹਾਂ ਕਿਹਾ ਕਿ ਆਵਾਰਾ ਕੁੱਤਿਆਂ ਦੀ ਲਗਾਤਾਰ ਵਧਦੀ ਜਾ ਰਹੀ ਗਿਣਤੀ ਇਕ ਚਿੰਤਾ ਦਾ ਵਿਸ਼ਾ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਇਨ੍ਹਾਂ ਆਵਾਰਾ ਕੁੱਤਿਆਂ ਅਤੇ ਪਸ਼ੂਆਂ ਬਾਰੇ ਕੋਈ ਉਚਿਤ ਕਦਮ ਚੁੱਕੇ ਜਾਣ ਜਿਸ ਨਾਲ ਕੋਈ ਜਾਨੀ ਮਾਲੀ ਨੁਕਸਾਨ ਨਾ ਹੋ ਸਕੇ।

# ਚੀਮਾ ਭਿੱਟੇਵਿੰਡ ਤੋਂ ਠੰਡੀ ਖੂਹੀ ਲਿੰਕ ਸੜਕ ਦੀ ਸਪੈਸ਼ਲ ਰਿਪੇਅਰ ਦੇ ਕੰਮ ਦਾ ਨੀਂਹ ਪੱਥਰ

**ਬਟਾਲਾ, (ਡਾ. ਮਲਵਿੰਦਰ ਸਿੰਘ)**

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਜਿਥੇ ਬਟਾਲਾ ਸ਼ਹਿਰ ਅੰਦਰ ਵਿਕਾਸ ਕੰਮ ਕਰਵਾਏ ਜਾ ਰਹੇ ਉਸਦੇ ਨਾਲ ਹਲਕੇ ਦੇ ਪਿੰਡਾਂ ਵਿੱਚ ਵੀ ਵੱਖ-ਵੱਖ ਵਿਕਾਸ ਕਾਰਜ ਜਾਰੀ ਹਨ ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਪਿੰਡ ਚੀਮਾ ਭਿੱਟੇਵਿੰਡ ਤੋਂ ਠੰਡੀ ਖੂਹੀ ਦੀ ਲਿੰਕ ਸੜਕ ਦੀ ਸਪੈਸ਼ਲ ਰਿਪੇਅਰ ਦਾ ਕੰਮ ਕਰਵਾਉਣ ਦਾ ਨੀਂਹ ਪੱਥਰ ਪਿੰਡ ਵਾਸੀਆਂ ਦੀ ਮੌਜੂਦਗੀ ਵਿੱਚ ਰੱਖਿਆ ਗਿਆ।ਪਿੰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਲਗਾਤਾਰ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ।ਪਿੰਡਾਂ ਦੇ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਹੈ।ਉਨ੍ਹਾਂ ਕਿਹਾ ਪਿੰਡ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਵਿਕਾਸ ਕੰਮ ਸ਼ੁਰੂ ਕਰਵਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਿੰਡਾਂ ਦੀਆਂ ਸੜਕਾਂ ਦਾ ਨਵੀਨੀਕਰਨ ਕੀਤਾ ਜਾ ਰਿਹਾ ਹੈ ਤਾਂ ਜੋ ਰਾਹਗੀਰਾਂ ਨੂੰ ਕੋਈ ਦਿੱਕਤ ਨਾ ਆਵੇ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਪੰਜਾਬ ਸਰਕਾਰ ਲਗਾਤਾਰ ਯਤਨਸ਼ੀਲ ਹੈ।ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਪਿੰਡਾਂ ਵਿਖੇ ਮੁੱਢਲੀਆਂ ਸਹੂਲਤਾਂ ਦੀ ਪੂਰਤੀ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ।ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਦੀ ਸੋਚ ਹੈ ਕਿ ਪਿੰਡਾਂ ਤੇ ਸ਼ਹਿਰਾਂ ਵਿਚ ਵੱਧ ਤੋਂ ਵੱਧ ਵਿਕਾਸ ਪ੍ਰੋਜੈਕਟ ਉਲੀਕੇ ਜਾਣ ਤਾਂ ਜੋ ਪਿੰਡਾਂ ਤੇ ਸ਼ਹਿਰ ਵਿਕਾਸ ਦੀਆਂ ਲੀਹਾਂ ਤੋਂ ਵਾਂਝੇ ਨਾ ਰਹਿਣ।ਉਨ੍ਹਾਂ ਕਿਹਾ ਕਿ ਪਿੰਡਾਂ ਅੰਦਰ ਸੜਕਾਂ, ਗਲੀਆਂ, ਨਾਲੀਆਂ ਆਦਿ ਹਰ ਪੱਖੋਂ ਸਹੂਲਤਾਂ ਦੀ ਪੂਰਤੀ ਨਾਲ ਲੈਸ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਉਹ ਦਿਨ ਰਾਤ ਲੋਕ ਭਲਾਈ ਕਾਰਜਾਂ ਵਿਚ ਲੱਗੇ ਹੋਏ ਹਨ ਤਾਂ ਜੋ ਲੋਕਾਂ ਨੂੰ ਸਰਕਾਰ ਦੀਆਂ ਸਕੀਮਾਂ ਤੇ ਯੋਜਨਾਵਾਂ ਦਾ ਲਾਹਾ ਮੁਹੱਈਆ ਕਰਵਾਇਆ ਜਾ ਸਕੇ।



# ਭਾਈ ਬਲਦੇਵ ਸਿੰਘ ਤਰਸਿੱਕਾ ਦੇ ਰਾਗੀ ਜਥੇ ਦਾ ਬਰੈਂਪਟਨ 'ਚ ਸਨਮਾਨ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਕੈਨੇਡਾ ਬਰੈਂਪਟਨ ਦੇ ਗੁਰਦੁਆਰਾ ਸਿੱਖ ਸੰਗਤ ਸਾਹਿਬ ਵਿਖੇ ਪੰਥ ਦੇ ਮਹਾਨ ਕੀਰਤਨੀ ਜਥੇ ਭਾਈ ਬਲਦੇਵ ਸਿੰਘ ਤਰਸਿੱਕਾ ਵਾਲੇ ਜੋ ਕਿ ਪਿਛਲੇ 6 ਮਹੀਨਿਆਂ ਤੋਂ ਇਥੇ ਸੰਗਤਾਂ ਨੂੰ ਗੁਰੂ ਜਸ ਰਾਹੀਂ ਨਿਹਾਲ ਕਰ ਰਹੇ ਸਨ, ਜਿਨ੍ਹਾਂ ਹੁਣ ਵਾਪਸ ਪੰਜਾਬ ਆ ਜਾਣਾ ਹੈ ਨੇ ਅੱਜ ਸਵੇਰੇ ਦੇ ਦੀਵਾਨਾਂ ਵਿੱਚ ਸੰਗਤਾਂ ਨੂੰ ਕੀਰਤਨ ਰਾਹੀਂ ਨਿਹਾਲ ਕੀਤਾ ।ਇਸ ਜਥੇ ਵਿੱਚ ਭਾਈ ਤੀਰਥ ਸਿੰਘ ਅਤੇ ਭਾਈ ਰਾਜਦੀਪ ਸਿੰਘ ਕਾਲੇ ਵਾਲੇ ਸ਼ਾਮਲ ਹਨ। ਦੀਵਾਨ ਦੀ ਸਮਾਪਤੀ ਉਪਰੰਤ ਮੈਨੇਜਰ ਭਾਈ ਦੁਰਲੱਭ ਸਿੰਘ ਅਤੇ ਹੈੱਡ ਗ੍ਰੰਥੀ ਭਾਈ ਹੁਸ਼ਿਆਰ ਸਿੰਘ, ਢਾਡੀ ਤਰਸੇਮ ਸਿੰਘ ਅਮਰਕੋਟ ਵਾਲਿਆਂ ਵੱਲੋਂ ਕੀਰਤਨੀ ਜਥੇ ਨੂੰ ਗੁਰੂ ਘਰ ਵੱਲੋਂ ਸਿਰੋਪਾ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਕਾਰ ਦੀ ਟੱਕਰ 'ਚ ਜ਼ਖਮੀ ਔਰਤ ਦੀ ਜ਼ੇਰੇ ਇਲਾਜ ਮੌਤ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਸਦਰ ਗੁਰਦਾਸਪੁਰ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਬਲਵਿੰਦਰ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਗਜਨੀਪੁਰ (35) ਸਾਲ ਨੇ ਦੱਸਿਆ ਕਿ 28 ਫਰਵਰੀ ਨੂੰ ਰਾਤ 7 ਵਜੇ ਦੇ ਕਰੀਬ ਉਹ ਫੋਕਲ ਪੁਆਇੰਟ ਗਜ਼ਨੀਪੁਰ ਤੋਂ ਆਪਣੇ ਘਰ ਨੂੰ ਆ ਰਿਹਾ ਸੀ ਤੇ ਉਸ ਦੀ ਭਰਜਾਈ ਬਲਵਿੰਦਰ ਕੌਰ ਪਤਨੀ ਰਾਜਵਿੰਦਰ ਸਿੰਘ ਵਾਸੀ ਗਜ਼ਨੀਪੁਰ ਆਪਣੇ ਹੱਥ ਸੜਕ ਦੇ ਕੰਢੇ-ਕੰਢੇ ਪੈਦਲ ਗਜ਼ਨੀਪੁਰ ਜਾ ਰਹੀ ਸੀ ਕਿ ਕਲਾਨੌਰ ਸਾਈਡ ਵੱਲੋਂ ਇਕ ਕਾਰ ਨੰਬਰ ਪੀਬੀ-09-ਐਕਸ-5219 ਜਿਸ ਨੂੰ ਕੋਈ ਨਾ ਮਾਲੂਮ ਵਿਅਕਤੀ ਚਲਾ ਰਿਹਾ ਸੀ। ਉਸ ਨੇ ਗਲਤ ਸਾਈਡ ਤੋਂ ਤੇਜ਼ ਰਫਤਾਰ ਕਾਰ ਲਿਆ ਬਿਨਾਂ ਹਾਰਨ ਦਿੱਤੇ ਬਲਵਿੰਦਰ ਕੌਰ ਦੇ ਵਿੱਚ ਮਾਰ ਕੇ ਐਕਸੀਡੈਂਟ ਕੀਤਾ ਜਿਸ ਦੇ ਸਿਰ ਵਿੱਚ ਅਤੇ ਸਰੀਰ ਤੇ ਸੱਟਾਂ ਲੱਗੀਆਂ ਜਿਸ ਨੂੰ ਸਵਾਰੀ ਦਾ ਪ੍ਰਬੰਧ ਕਰਕੇ ਅਬਰੋਲ ਹਸਪਤਾਲ ਗੁਰਦਾਸਪੁਰ ਦਾਖਲ ਕਰਵਾਇਆ ਜਿਸ ਦੀ ਦੌਰਾਨੇ ਇਲਾਜ ਮੌਤ ਹੋ ਗਈ ਹੈ। ਸਦਰ ਗੁਰਦਾਸਪੁਰ ਪੁਲਸ ਨੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸੰਗ ਦੀਆਂ ਤਿਆਰੀਆਂ ਜ਼ੋਰਾਂ 'ਤੇ, ਕਾਦੀਆਂ ਤੇ ਆਸ-ਪਾਸ ਦੇ ਇਲਾਕਿਆਂ 'ਚ ਲੰਗਰ ਸ਼ੁਰੂ

**ਕਾਦੀਆਂ, (ਯਾਦਵਿੰਦਰ ਸਿੰਘ ਮਲਹੋਤਰਾ)**-ਖਡਿਆਲਾ ਸੈਣੀਆਂ ਤੋਂ ਸ਼ੁਰੂ ਹੋਈ ਸ਼ਰਧਾ ਭਾਵਨਾ ਨਾਲ ਭਰਪੂਰ ਪੈਦਲ ਯਾਤਰਾ ਜੋ ਕਿ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਤੱਕ ਹਰ ਸਾਲ ਜਾਂਦੀ ਹੈ, ਦੇ ਸੰਬੰਧ ਵਿੱਚ ਕਾਦੀਆਂ ਅਤੇ ਆਸ ਪਾਸ ਵਿੱਚ ਵੱਡੇ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹਆਂ ਹਨ। ਇਸ ਯਾਤਰਾ ਨੂੰ ਲੈ ਕੇ ਇਲਾਕੇ ਵਿੱਚ ਉਤਸ਼ਾਹ ਦੇਖਣਯੋਗ ਹੈ ਅਤੇ ਸੰਗਤਾਂ ਵੱਲੋਂ ਵੱਡੇ ਪੱਧਰ 'ਤੇ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਮੁਹੱਲਾ ਅਕਾਲਗੜ੍ਹ ਵਿੱਚ ਪੈਦਲ ਸੰਗ ਯਾਤਰਾ ਨੂੰ ਲੈ ਕੇ ਹਰ ਸਾਲ ਵੱਡੇ ਪੱਧਰ ਤੇ ਪ੍ਰਬੰਧ ਕੀਤੇ ਜਾਂਦੇ ਹਨ। ਇਸ ਸੰਬੰਧ ਵਿੱਚ ਗੁਰਜੀਤ ਸਿੰਘ, ਅਵਤਾਰ ਸਿੰਘ, ਬਿਕਰਮਜੀਤ ਸਿੰਘ ਹੈਪੀ ਨੇ ਦੱਸਿਆ ਕਿ ਇਹ ਪੈਦਲ ਯਾਤਰਾ ਹੁਸ਼ਿਆਰਪੁਰ ਦੇ ਪਿੰਡ ਖਡਿਆਲਾ ਸੈਣੀਆਂ ਤੋਂ ਅਰਦਾਸ ਉਪਰੰਤ ਰਵਾਨਾ ਹੋਵੇਗੀ ਅਤੇ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਵਿਚੋਂ ਗੁਜ਼ਰਦੀ ਹੋਈ 3 ਮਾਰਚ ਨੂੰ ਕਾਦੀਆਂ ਪਹੁੰਚੇਗੀ।ਕਾਦੀਆਂ ਪਹੁੰਚਣ ਤੇ ਸਥਾਨਕ ਸੰਗਤਾਂ ਅਤੇ ਨਗਰ ਨਿਵਾਸੀਆਂ ਵੱਲੋਂ ਯਾਤਰੀਆਂ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ।ਇਸ ਮੌਕੇ ਕੀਰਤਨ ਦਰਬਾਰ, ਲੰਗਰ ਅਤੇ ਧਾਰਮਿਕ ਦੀਵਾਨ ਵੀ ਸਜਾਏ ਜਾ ਰਹੇ ਹਨ ।ਉਨ੍ਹਾਂ ਕਿਹਾ ਕਿ ਪੈਦਲ ਯਾਤਰਾ ਸਿਰਫ਼ ਇੱਕ ਧਾਰਮਿਕ ਰਸਮ ਨਹੀਂ, ਸਗੋਂ ਇਹ ਸਿੱਖ ਇਤਿਹਾਸ ਅਤੇ ਪਰੰਪਰਾਵਾਂ ਨਾਲ ਜੁੜੀ ਹੋਈ ਧਾਰਮਿਕ ਯਾਤਰਾ ਹੈ, ਜੋ ਨੌਜਵਾਨ ਪੀੜ੍ਹੀ ਨੂੰ ਆਪਣੇ ਧਰਮ ਅਤੇ ਵਿਰਾਸਤ ਨਾਲ ਜੋੜਦੀ ਹੈ।ਯਾਤਰਾ ਦੌਰਾਨ ਅਨੁਸ਼ਾਸਨ, ਸਫ਼ਾਈ ਅਤੇ ਸੇਵਾ ਭਾਵਨਾ 'ਤੇ ਖ਼ਾਸ ਧਿਆਨ ਦਿੱਤਾ ਜਾਂਦਾ ਹੈ।ਯਾਤਰਾ ਦਾ ਅੰਤਿਮ ਪੜਾਅ ਪਵਿੱਤਰ ਅਸਥਾਨ ਸ੍ਰੀ ਚੋਲਾ ਸਾਹਿਬ ਵਿਖੇ ਹੋਵੇਗਾ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤ ਮੱਥਾ ਟੇਕ ਕੇ ਅਸ਼ੀਰਵਾਦ ਪ੍ਰਾਪਤ ਕਰੇਗੀ।ਪ੍ਰਬੰਧਕਾਂ ਮੁਤਾਬਕ ਇਸ ਵਾਰ ਯਾਤਰਾ ਵਿੱਚ ਪਹਿਲਾਂ ਨਾਲੋਂ ਵੱਧ ਸੰਗਤ ਦੇ ਸ਼ਾਮਲ ਹੋਣ ਦੀ ਸੰਭਾਵਨਾ ਹੈ, ਜਿਸ ਕਰਕੇ ਪ੍ਰਬੰਧਾਂ ਨੂੰ ਹੋਰ ਵੀ ਮਜ਼ਬੂਤ ਕੀਤਾ ਜਾ ਰਿਹਾ ਹੈ।



# ਆਊਟਸੋਰਸ ਯੂਨੀਅਨ ਪੰਜਾਬ ਮੰਡੀ ਬੋਰਡ ਗੁਰਦਾਸਪੁਰ ਨੇ ਸ਼ੈਰੀ ਕਲਸੀ ਨੂੰ ਮੰਗ ਪੱਤਰ ਸੌਂਪਿਆ

**ਧਾਰੀਵਾਲ, (ਮਨਦੀਪ ਵਿਕੀ)**

ਆਊਟਸੋਰਸ ਯੂਨੀਅਨ ਪੰਜਾਬ ਮੰਡੀ ਬੋਰਡ ਗੁਰਦਾਸਪੁਰ ਵੱਲੋਂ ਐੱਮਐੱਲਏ ਅਮਨਸ਼ੇਰ ਸਿੰਘ ਸ਼ੇਰੀ ਕਲਸੀ ਸਾਹਿਬ ਨੂੰ ਆਪਣੀਆਂ ਮੰਗਾਂ ਨੂੰ ਲੈ ਕੇ ਮੰਗ ਪੱਤਰ ਦਿੱਤਾ ਗਿਆ।ਆਊਟਸੋਰਸ ਯੂਨੀਅਨ ਪੰਜਾਬ ਮੰਡੀ ਬੋਰਡ ਗੁਰਦਾਸਪੁਰ ਦੇ ਪ੍ਰਧਾਨ ਟੇਕ ਸਿੰਘ ਧਾਰੀਵਾਲ ਨੇ ਦੱਸਿਆ ਕਿ ਅਸੀਂ ਕਾਫ਼ੀ ਲੰਬੇ ਸਮੇਂ ਤੋਂ ਪੰਜਾਬ ਮੰਡੀ ਬੋਰਡ ਵਿੱਚ ਆਊਟਸੋਰਸ ਤੇ ਕੰਮ ਕਰ ਰਹੇ ਹਾਂ, ਸਾਡੀਆਂ ਤਨਖਾਹਾਂ ਬਹੁਤ ਘੱਟ ਹਨ ਜਿਸ ਨਾਲ ਘਰ ਦਾ ਗੁਜ਼ਾਰਾ ਕਰਨਾ ਬਹੁਤ ਮੁਸ਼ਕਲ ਹੈ। ਅਸੀਂ ਵਿਧਾਇਕ ਅਮਨਸ਼ੇਰ ਸਿੰਘ ਸ਼ੇਰੀ ਕਲਸੀ ਰਾਹੀਂ ਮਾਣਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਬੇਨਤੀ ਕੀਤੀ ਕਿ ਪਾਲਿਸੀ ਬਣਾ ਕੇ ਸਾਨੂੰ ਮਹਿਕਮੇ ਦੇ ਅਧੀਨ ਕੀਤਾ ਜਾਵੇ ਤੇ ਠੇਕਾ ਪ੍ਰਣਾਲੀ ਨੂੰ ਬੰਦ ਕੀਤਾ ਜਾਵੇ, ਜਿੰਨਾ ਸਮਾਂ ਕੋਈ ਪਾਲਿਸੀ ਤਿਆਰ ਨਹੀਂ ਕੀਤੀ ਜਾਂਦੀ ਓਨਾ ਟਾਈਮ ਮਾਣਯੋਗ ਸੁਪਰੀਮ ਕੋਰਟ ਦੇ ਹੁਕਮਾਂ ਅਨੁਸਾਰ ਬਰਾਬਰ ਕੰਮ ਬਰਾਬਰ ਤਨਖਾਹ ਦੀ ਪਾਲਿਸੀ ਅਨੁਸਾਰ ਸਾਡੀਆਂ ਤਨਖਾਹਾਂ ਵਿੱਚ ਵਾਧਾ ਕੀਤਾ ਜਾਵੇ।ਮਾਨ ਸਰਕਾਰ ਨੇ ਆਪਣੇ ਚੋਣ ਮੈਨੀਫੈਸਟੋ ਵਿੱਚ ਵੀ ਇਹ ਵਾਅਦਾ ਕੀਤਾ ਸੀ ਕਿ ਅਸੀਂ ਕੋਈ ਵੀ ਕੱਚਾ ਮੁਲਾਜ਼ਮ ਨਹੀਂ ਰਹਿਣ ਦੇਵਾਂਗੇ।ਉਨ੍ਹਾਂ ਨੇ ਮਾਨ ਸਰਕਾਰ ਨੂੰ ਬੇਨਤੀ ਹੈ ਕਿ ਸਾਡੀ ਮੰਗ ਨੂੰ ਪੂਰਾ ਕਰਦਿਆਂ ਹੋਇਆਂ ਸਾਨੂ ਰੈਗੂਲਰ ਕੀਤਾ ਜਾਵੇ।ਸ਼ੈਰੀ ਕਲਸੀ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਸਾਹਿਬ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨਗੇ।ਇਸ ਮੌਕੇ ਟੇਕ ਸਿੰਘ, ਸਤਨਾਮ ਸਿੰਘ, ਗੁਰਜੰਟ ਸਿੰਘ, ਤਨਪ੍ਰੀਤ ਸਿੰਘ, ਪ੍ਰਵੇਸ਼ ਕੁਮਾਰ, ਵਿਸ਼ਾਲ, ਗੋਬਿੰਦਾ, ਪ੍ਰਭਸੁਖਮਨਬੀਰ ਸਿੰਘ, ਪੰਕਜ, ਸਹਿਲਪ੍ਰੀਤ ਸਿੰਘ, ਗੁਰਜਿੰਦਰ ਸਿੰਘ, ਮਲਕੀਤ ਸਿੰਘ, ਜਸ਼ਨਦੀਪ ਸਿੰਘ, ਅੰਮ੍ਰਿਤਪਾਲ ਸਿੰਘ, ਗੁਰਸੇਵਕ ਸਿੰਘ, ਹਰਪ੍ਰੀਤ ਸਿੰਘ, ਦਮਨਪ੍ਰੀਤ ਸਿੰਘ, ਗੁਰਪ੍ਰੀਤ ਕੌਰ, ਬਲਜੀਤ ਕੌਰ, ਕੁਲਵਿੰਦਰ ਕੌਰ, ਅਨਾਮਿਕਾ, ਗੀਟਾ ਸੈਣੀ ਅਤੇ ਨਵਦੀਪ ਕੌਰ ਹਾਜ਼ਰ ਸਨ।



# ਲਾਪ੍ਰਵਾਹੀ ਨਾਲ ਤੇਜ਼ ਰਫ਼ਤਾਰ ਗੱਡੀ ਚਲਾਉਣ ਵਾਲੇ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਪੁਰਾਣਾ ਸ਼ਾਲਾ ਪੁਲਿਸ ਨੇ ਤੇਜ਼ ਰਫ਼ਤਾਰ ਨਾਲ ਲਾਪ੍ਰਵਾਹੀ ਨਾਲ ਗੱਡੀ ਚਲਾਉਣ ਵਾਲੇ ਇਕ ਕਾਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਏ. ਐੱਸ. ਆਈ. ਮਨਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਸਰਕਾਰੀ ਗੱਡੀ ਗਸ਼ਤ ਦੌਰਾਨ ਨਵਾਂ ਸ਼ਾਲਾ ਨੂੰ ਜਾ ਰਹੇ ਸੀ ਕਿ ਜਦ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਘੁੱਲੂਘਾਰਾ ਮੋੜ 'ਤੇ ਪੁੱਜੀ ਤਾਂ ਇਕ ਟਿੱਪਰ ਨੰਬਰੀ ਪੀਬੀ 05 ਏ.ਐੱਨ. 8723 ਮਾਰਕਾ ਜੋ ਗੁਰਦਾਸਪੁਰ ਤੋਂ ਮੁਕੇਰੀਆਂ ਸਾਇਡ ਵੱਲ ਨੂੰ ਜਾ ਰਿਹਾ ਸੀ ਜਿਸ ਨੂੰ ਉਸ ਦਾ ਡਰਾਈਵਰ ਬਹੁਤ ਹੀ ਤੇਜ਼ ਅਤੇ ਲਾਪ੍ਰਵਾਹੀ ਨਾਲ ਚਲਾ ਰਿਹਾ ਸੀ ਜਿਸ ਨਾਲ ਕੋਈ ਜਾਨੀ ਮਾਲੀ ਨੁਕਸਾਨ ਹੋ ਸਕਦਾ ਸੀ। ਉਕਤ ਕਾਰ ਚਾਲਕ ਨੂੰ ਨਾਕਾ ਦਾਊਵਾਲ ਨੇੜੇ ਰੋਕ ਕੇ ਡਰਾਈਵਰ ਨੂੰ ਗੱਡੀ ਤੋਂ ਉਤਾਰ ਕੇ ਉਸ ਦਾ ਨਾਮ ਪਤਾ ਪੁੱਛਿਆ ਜਿਸ ਨੇ ਆਪਣਾ ਨਾਮ ਗੁਰਜਿੰਦਰ ਸਿੰਘ ਪੁੱਤਰ ਅਮਰ ਸਿੰਘ ਵਾਸੀ ਕਤਲੇ ਥਾਣਾ ਰਾਮਦਾਸ ਜ਼ਿਲ੍ਹਾ ਅੰਮ੍ਰਿਤਸਰ ਦੱਸਿਆ ਜਿਸ 'ਤੇ ਲਾਪਰਵਾਹੀ ਅਤੇ ਤੇਜ਼ ਰਫਤਾਰ ਵਹੀਕਲ ਚਲਾਉਣ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

# ਏਅਰ ਏਸ਼ੀਆ 28 ਮਾਰਚ ਤੋਂ ਅੰਮ੍ਰਿਤਸਰ-ਕੁਆਲਾਲੰਪੁਰ ਲਈ ਰੋਜ਼ਾਨਾ ਭਰੇਗੀ ਉਡਾਣਾਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਪੰਜਾਬ ਤੋਂ ਅੰਤਰਰਾਸ਼ਟਰੀ ਹਵਾਈ ਸੰਪਰਕ ਨੂੰ ਇੱਕ ਵੱਡਾ ਹੁਲਾਰਾ ਦਿੰਦੇ ਹੋਏ ਮਲੇਸ਼ੀਆ ਦੀ ਏਅਰ ਲਾਈਨ ਏਅਰ ਏਸ਼ੀਆ 28 ਮਾਰਚ, 2026 ਤੋਂ ਆਪਣੀ ਅੰਮ੍ਰਿਤਸਰ-ਕੁਆਲਾਲੰਪੁਰ ਸੇਵਾ ਨੂੰ ਹਫ਼ਤੇ ਵਿੱਚ ਚਾਰ ਉਡਾਣਾਂ ਤੋਂ ਵਧਾ ਕੇ ਰੋਜ਼ਾਨਾ ਕਰਨ ਜਾ ਰਹੀ ਹੈ।ਇਸ ਜਾਣਕਾਰੀ ਨੂੰ ਸਾਂਝਾ ਕਰਦਿਆਂ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ ਦੇ ਕਨਵੀਨਰ (ਇੰਡੀਆ) ਅਤੇ ਅੰਮ੍ਰਿਤਸਰ ਵਿਕਾਸ ਮੰਚ ਦੇ ਜਨਰਲ ਸਕੱਤਰ ਯੋਗੇਸ਼ ਕਾਮਰਾ, ਅਤੇ ਫਲਾਈ ਅੰਮ੍ਰਿਤਸਰ ਇਨੀਸ਼ੀਏਟਿਵ (ਅਮਰੀਕਾ) ਦੇ ਗਲੋਬਲ ਕਨਵੀਨਰ ਸਮੀਪ ਸਿੰਘ ਗੁਮਟਾਲਾ ਨੇ ਏਅਰਲਾਈਨ ਦੇ ਫੈਸਲੇ ਦਾ ਸਵਾਗਤ ਕੀਤਾ ਹੈ।ਉਨ੍ਹਾਂ ਯਾਦ ਕਰਵਾਇਆ ਕਿ ਅਗਸਤ 2018 ਵਿੱਚ ਏਅਰ ਏਸ਼ੀਆ ਦੀਆਂ ਉਡਾਣਾਂ ਦੀ ਸ਼ੁਰੂਆਤ ਇਨੀਸ਼ੀਏਟਿਵ ਅਤੇ ਮੰਚ ਦੇ ਆਗੂਆਂ ਵੱਲੋਂ ਏਅਰ ਲਾਈਨ ਤੱਕ ਪਹੁੰਚ ਕਰਕੇ ਵਿਸਤ੍ਰਿਤ ਅੰਕੜੇ ਸਾਂਝੇ ਕਰਨ ਦਾ ਸਿੱਧਾ ਨਤੀਜਾ ਸੀ।ਇਸ ਰੂਟ ਨੂੰ ਲਗਾਤਾਰ ਸਮਰਥਨ ਦੇਣ ਲਈ ਪੰਜਾਬੀ ਭਾਈਚਾਰੇ ਦਾ ਧੰਨਵਾਦ ਕਰਦਿਆਂ ਆਗੂਆਂ ਨੇ ਕਿਹਾ ਕਿ ਇਹ ਰੋਜ਼ਾਨਾ ਸੇਵਾ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਦੇ ਹਵਾਈ ਸੰਪਰਕ ਨੂੰ ਕਾਫ਼ੀ ਮਜ਼ਬੂਤ ਕਰੇਗੀ ਅਤੇ ਪੰਜਾਬ ਸਮੇਤ ਗੁਆਂਢੀ ਰਾਜਾਂ (ਜੰਮੂ, ਹਿਮਾਚਲ) ਦੇ ਯਾਤਰੀਆਂ ਨੂੰ ਵਧੇਰੇ ਸਹੂਲਤ ਪ੍ਰਦਾਨ ਕਰੇਗੀ।ਸ੍ਰੀ ਕਾਮਰਾ ਨੇ ਦੱਸਿਆ ਕਿ ਇਹ ਉਡਾਣ ਕੁਆਲਾਲੰਪੁਰ ਤੋਂ ਰੋਜ਼ਾਨਾ ਮਲੇਸ਼ੀਆ ਦੇ ਸਥਾਨਕ ਸਮੇਂ ਅਨੁਸਾਰ ਸ਼ਾਮ 6:10 ਵਜੇ ਰਵਾਨਾ ਹੋਵੇਗੀ ਅਤੇ ਭਾਰਤੀ ਸਮੇਂ ਅਨੁਸਾਰ ਰਾਤ 9:45 ਵਜੇ ਅੰਮ੍ਰਿਤਸਰ ਪਹੁੰਚੇਗੀ।ਵਾਪਸੀ ਦੀ ਉਡਾਣ ਅੰਮ੍ਰਿਤਸਰ ਤੋਂ ਰਾਤ 10:30 ਵਜੇ ਰਵਾਨਾ ਹੋਵੇਗੀ ਅਤੇ ਮਲੇਸ਼ੀਆ ਦੇ ਸਮੇਂ ਅਨੁਸਾਰ ਸਵੇਰੇ 6:50 ਵਜੇ ਕੁਆਲਾਲੰਪੁਰ ਪਹੁੰਚੇਗੀ, ਜਿਸ ਨਾਲ ਏਅਰਏਸ਼ੀਆ ਦੇ ਵਿਸ਼ਾਲ ਨੈੱਟਵਰਕ ਰਾਹੀਂ ਸਵੇਰ ਦੀਆਂ ਅਗਲੀਆਂ ਉਡਾਣਾਂ ਲਈ ਸੁਵਿਧਾਜਨਕ ਸੰਪਰਕ ਮਿਲੇਗਾ।ਏਅਰਲਾਈਨ ਇਸ ਰੂਟ ਤੇ ਆਪਣਾ 253-ਸੀਟਾਂ ਵਾਲਾ ਏਅਰਬੱਸ ਏ 321 ਜਹਾਜ਼ ਚਲਾਉਂਦੀ ਹੈ। ਗੁਮਟਾਲਾ ਨੇ ਅੱਗੇ ਕਿਹਾ ਕਿ ਕੁਆਲਾਲੰਪੁਰ ਰਾਹੀਂ, ਅੰਮ੍ਰਿਤਸਰ ਤੋਂ ਯਾਤਰੀ ਹੁਣ ਮੈਲਬੌਰਨ, ਸਿਡਨੀ ਅਤੇ ਪਰਥ ਸਮੇਤ ਲਈ ਰੋਜ਼ਾਨਾ ਸੰਪਰਕ ਦਾ ਆਨੰਦ ਲੈ ਸਕਣਗੇ।ਇਸ ਤੋਂ ਇਲਾਵਾ, ਬੈਂਕਾਕ, ਹਨੋਈ, ਲੰਗਕਾਵੀ, ਸਿੰਗਾਪੁਰ, ਕਰਾਬੀ, ਪੇਨਾਂਗ, ਹਾਂਗਕਾਂਗ, ਮਨੀਲਾ, ਬਾਲੀ, ਫੂਕੇਟ, ਹੋ ਚੀ ਮਿਨਹ ਸਿਟੀ, ਜਕਾਰਤਾ ਆਦਿ ਵਰਗੇ ਪ੍ਰਮੁੱਖ ਏਸ਼ੀਆਈ ਸ਼ਹਿਰਾਂ ਲਈ ਵੀ ਅੱਗੇ ਦੀਆਂ ਉਡਾਣਾਂ ਉਪਲਬਧ ਹਨ।ਉਨ੍ਹਾਂ ਨੇ ਪੰਜਾਬੀ ਪ੍ਰਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਦਿੱਲੀ ਦੇ ਲੰਬੇ ਅਤੇ ਥਕਾਵਟ ਵਾਲੇ ਸਫ਼ਰ ਦੀ ਬਜਾਏ ਗੁਰੂ ਕੀ ਨਗਰੀ ਦੇ ਹਵਾਈ ਅੱਡੇ ਨੂੰ ਚੁਣ ਕੇ ਅੰਮ੍ਰਿਤਸਰ ਤੋਂ ਚੱਲਣ ਵਾਲੀਆਂ ਏਅਰਲਾਈਨਾਂ ਦਾ ਸਮਰਥਨ ਕਰਨ, ਤਾਂ ਜੋ ਭਵਿੱਖ ਵਿੱਚ ਇਹਨਾਂ ਰੂਟਾਂ ਨੂੰ ਬਰਕਰਾਰ ਰੱਖਣ ਅਤੇ ਹੋਰ ਵਿਸਥਾਰ ਕਰਨ ਵਿੱਚ ਮਦਦ ਮਿਲ ਸਕੇ। ਉਹਨਾਂ ਕਿਹਾ ਕਿ ਇਸ ਨਾਲ ਭਵਿੱਖ ਵਿੱਚ ਹੋਰ ਏਅਰਲਾਈਨਾਂ ਨੂੰ ਵੀ ਸਿੱਧੀਆਂ ਅੰਤਰਰਾਸ਼ਟਰੀ ਸੇਵਾਵਾਂ ਸ਼ੁਰੂ ਕਰਨ ਲਈ ਉਤਸ਼ਾਹ ਮਿਲੇਗਾ।





# 10ਵਾਂ ਪਰਮਿੰਦਰਜੀਤ ਯਾਦਗਾਰੀ ਐਵਾਰਡ ਸਮਾਗਮ .ਗ਼ਜ਼ਲਗੋ ਗੁਰਦਿਆਲ ਰੋਸ਼ਨ ਦੀ ਝੋਲੀ

**ਬਾਬਾ ਬਕਾਲਾ ਸਾਹਿਬ, ਬਿਆਸ (ਜਸਪਾਲ ਸਿੰਘ, ਰੱਖੜਾ)**-ਦਸ਼ਮੇਸ਼ ਪਬਲਿਕ ਸੀ: ਸੈ: ਸਕੂਲ, ਬਾਬਾ ਬਕਾਲਾ ਸਾਹਿਬ ਵਿਖੇ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਨਾਲ ਜੁੜੀ ਚਰਚਿੱਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਇਪਸਾ ਆਸਟਰੇਲੀਆ ਦੇ ਸਹਿਯੋਗ ਨਾਲ ਅੰਤਰਰਾਸ਼ਟਰੀ ਮਾਂ ਬੋਲੀ ਦਿਵਸ ਨੂੰ ਸਮਰਪਿਤ ਇਕ ਸਾਹਿਤਕ ਸਮਾਗਮ, ਕਰਵਾਇਆ ਗਿਆ ।ਇਸ ਮੌਕੇ ਸਮਾਗਮ ਵਿੱਚ ਪ੍ਰੋ: ਜਗਰੂਪ ਸਿੰਘ ਸੇਖੋਂ (ਸਾਬਕਾ ਮੁਖੀ ਰਾਜਨੀਤੀ ਸ਼ਾਸਤਰ ਵਿਭਾਗ ਜੀ. ਐੱਨ. ਡੀ. ਯੂਨੀਵਰਸਿਟੀ ਅੰਮ੍ਰਿਤਸਰ) ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀ: ਮੀਤ ਪ੍ਰਧਾਨ ਮੱਖਣ ਕੋਹਾੜ, ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਡਾ: ਗੋਪਾਲ ਸਿੰਘ ਬੁੱਟਰ (ਸਹਾਇਕ ਸਕੱਤਰ ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ), ਗਿਆਨੀ ਸੰਤੋਖ ਸਿੰਘ ਆਸਟਰੇਲੀਆ, ਮਾ: ਆਇਆ ਸਿੰਘ ਕੈਨੇਡੀਅਨ, ਡਾ: ਲੇਖ ਰਾਜ ਪ੍ਰਧਾਨ ਜ਼ਿਲ੍ਹਾ ਸਾਹਿਤ ਕੇਂਦਰ ਗੁਰਦਾਸਪੁਰ, ਡਾ: ਗਗਨਦੀਪ (ਪ੍ਰਧਾਨ ਮਝੈਲਾਂ ਦੀ ਸੱਥ), ਕੀਰਤ ਪ੍ਰਤਾਪ ਸਿੰਘ ਪੰਨੂੰ (ਪ੍ਰਧਾਨ ਮਾਝਾ ਜਨਵਾਦੀ ਲੇਖਕ ਸਭਾ), ਕੁਲਵਿੰਦਰ ਸਿੰਘ ਗਾਖਲ (ਪ੍ਰਧਾਨ ਪੰਜਾਬ ਸਾਹਿਤਕ ਮੰਚ, ਜਲੰਧਰ), ਸਕੂਲ ਦੇ ਐਮ.ਡੀ. ਪ੍ਰਿੰ: ਕੁਲਬੀਰ ਸਿੰਘ ਮਾਨ, ਪ੍ਰਿੰਸੀਪਲ ਹਰਵਿੰਦਰ ਕੌਰ, ਸਭਾ ਦੇ ਸਰਪ੍ਰਸਤ ਪ੍ਰਿੰਸੀਪਲ ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਆਦਿ ਸੁਸ਼ੋਭਿਤ ਹੋਏ ।ਸਭਾ ਵੱਲੋਂ ਐਤਕੀਂ 10ਵਾਂ ਪਰਮਿੰਦਰਜੀਤ ਯਾਦਗਾਰੀ ਐਵਾਰਡ-2026, ਪ੍ਰਸਿੱਧ ਗ਼ਜ਼ਲਗੋ ਗੁਰਦਿਆਲ ਰੋਸ਼ਨ ਨੂੰ ਦਿੱਤਾ ਗਿਆ, ਜਿਸ ਵਿੱਚ 21000 ਰੁ: ਦੀ ਨਗਦ ਰਾਸ਼ੀ, ਦੋਸ਼ਾਲਾ ਅਤੇ ਸਨਮਾਨ ਚਿੰਨ ਭੇਟ ਕੀਤਾ ਗਿਆ ।ਇਸ ਮੌਕੇ ਮਾਂ ਬੋਲੀ ਨੂੰ ਸਮਰਪਿਤ ਹੋਏ ਕਵੀ ਦਰਬਾਰ ਵਿੱਚ ਹਰਕੰਵਲਜੀਤ ਸਾਹਿਲ, ਵਿਸ਼ਾਲ, ਬਖਤੌਰ ਧਾਲੀਵਾਲ, ਮੱਖਣ ਸਿੰਘ ਭੈਣੀਵਾਲਾ, ਅਮਰਪਾਲ ਸਿੰਘ ਖਹਿਰਾ, ਮੰਗਤ ਚੈਂਚਲ, ਸੀਤਲ ਸਿੰਘ ਗੁਨੋਪੁਰੀ, ਬੂਟਾ ਰਾਮ ਅਜ਼ਾਦ, ਕੁਲਦੀਪ ਸਿੰਘ ਘਾਂਗਲਾ, ਜਗਨ ਨਾਥ ਨਿਮਾਣਾ, ਸੋਨੂੰ ਸੁਲਤਾਨ, ਲਾਲੀ ਕਰਤਾਰਪੁਰੀ, ਓਮ ਪ੍ਰਕਾਸ਼ ਭਗਤ, ਸੁਲਤਾਨ ਭਾਰਤੀ, ਰਮੇਸ਼ ਜਾਨੂੰ, ਅਵਤਾਰ ਸਿੰਘ ਗੋਇੰਦਵਾਲ, ਗੁਲਜ਼ਾਰ ਸਿੰਘ ਖੈੜਾ, ਮੁਖਤਾਰ ਸਿੰਘ ਗਿੱਲ, ਜਗੀਰ ਸਿੰਘ ਸਫਰੀ, ਹਰਦਰਸ਼ਨ ਸਿੰਘ ਕਮਲ, ਨਿਸ਼ਾਨ ਸਿੰਘ, ਡਾ: ਦਲਜੀਤ ਸਿੰਘ, ਨਵਦੀਪ ਸਿੰਘ ਬਦੇਸ਼ਾ, ਸੁਖਦੇਵ ਸਿੰਘ ਗੰਡਵਾਂ, ਮੁਖਤਿਆਰ ਸਿੰਘ ਸ਼ਿਵਾਨ, ਕੁਲਦੀਪ ਸਿੰਘ ਰਤਨ, ਮਾ: ਅਮਰਦੀਪ ਸਿੰਘ, ਅਮਰਜੀਤ ਸਿੰਘ ਆਨੰਦਪੁਰੀ, ਸੁਖਮੀਤ ਸਿੰਘ, ਸੁਖਵੰਤ ਕੌਰ ਵੱਸੀ, ਜਤਿੰਦਰਪਾਲ ਕੌਰ ਭਿੰਡਰ, ਰਾਜਵਿੰਦਰ ਕੌਰ ਰਾਜ, ਸੁਰਿੰਦਰ ਖਿਲਚੀਆਂ, ਗੁਰਮੀਤ ਕੌਰ ਬੱਲ, ਹਰਵਿੰਦਰ ਕੌਰ ਬਾਠ, ਮੈਡਮ ਅਨੁਪਮਾ, ਸਿਮਰਨਜੀਤ ਕੌਰ ਮਾਹਲਾ, ਜਸਵਿੰਦਰ ਕੌਰ ਅੰਮ੍ਰਿਤਸਰ, ਸਤਿੰਦਰਜੀਤ ਕੌਰ ਅੰਮ੍ਰਿਤਸਰ, ਬਲਵਿੰਦਰ ਕੌਰ ਸਰਘੀ, ਸਿਮਰਨਪ੍ਰੀਤ ਕੌਰ, ਮਨਦੀਪ ਸਿੰਘ ਬੋਪਾਰਾਏ, ਅਕਾਸ਼ਦੀਪ ਸਿੰਘ, ਅਮਨਦੀਪ ਸਿੰਘ ਰੰਧਾਵਾ, ਲਖਵਿੰਦਰ ਸਿੰਘ ਮਾਨ, ਲਖਵਿੰਦਰ ਸਿੰਘ ਉਪਲ, ਬਲਵਿੰਦਰ ਸਿੰਘ ਅਠੌਲਾ, ਮਾ: ਮਨਜੀਤ ਸਿੰਘ ਕੰਬੋ, ਸੂਬੇਦਾਰ ਹਰਜੀਤ ਸਿੰਘ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਮੁਨੀਸ਼ ਰਿੰਕੂ, ਧਰਮ ਸਿੰਘ ਧਿਆਨਪੁਰ, ਅਜੀਤ ਸਠਿਆਲਵੀ, ਸਕੱਤਰ ਸਿੰਘ ਪੁਰੇਵਾਲ, ਅਜੈਬ ਸਿੰਘ ਬੋਦੇਵਾਲ ਆਦਿ ਨੇ ਕਾਵਿ ਰਚਨਾਵਾਂ ਪੇਸ਼ ਕੀਤੀਆਂ ।ਇਸ ਮੌਕੇ ਮੰਗਤ ਚੈਂਚਲ ਦਾ ਗ਼ਜ਼ਲ ਸੰਗ੍ਰਹਿ 'ਚੁੱਪ ਦਾ ਅਨੁਵਾਦ' ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ ਅਤੇ ਮਰਹੂਮ ਪ੍ਰਿੰਸੀਪਲ ਸਿੰਘ ਸੇਵਾ ਸਿੰਘ ਕੌੜਾ ਦੀ ਪੁਸਤਕ 'ਵਿਸਰ ਰਹੇ ਪੰਜਾਬ ਅਖਾਣ' ਨੂੰ ਮੱਖਣ ਭੈਣੀਵਾਲਾ ਨੇ ਪ੍ਰਧਾਨਗੀ ਮੰਡਲ ਨੂੰ ਭੇਟ ਕੀਤੀ ।ਮੰਚ ਸੰਚਾਲਨ ਦੇ ਫਰਜ਼ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ ।ਆਖਰ ਵਿੱਚ ਸਕੂਲ ਦੇ ਐੱਮ. ਡੀ. ਪ੍ਰਿੰ: ਕੁਲਬੀਰ ਸਿੰਘ ਮਾਨ ਅਤੇ ਪ੍ਰਿੰਸੀਪਲ ਹਰਵਿੰਦਰ ਕੌਰ ਨੇ ਸਭ ਆਇਆਂ ਦਾ ਧੰਨਵਾਦ ਕੀਤਾ ।ਸਭਾ ਵੱਲੋਂ ਪੁੱਜੀਆਂ ਸਖਸ਼ੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ



# ਖਾਲਸਾ 'ਵਰਸਿਟੀ ਵੱਲੋਂ ਕਰਵਾਇਆ ਦੇਬੀ ਮਕਸੂਸਪੁਰੀ ਦਾ ਸ਼ੋਅ ਯਾਦਗਾਰੀ ਹੋ ਨਿੱਬੜਿਆ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਖਾਲਸਾ ਯੂਨੀਵਰਸਿਟੀ ਵੱਲੋਂ ਆਪਣੀਆਂ ਪ੍ਰਭਾਵਸ਼ਾਲੀ ਕਵਿਤਾਵਾਂ ਅਤੇ ਗੀਤਾਂ ਰਾਹੀਂ ਪਿਆਰ, ਦਿਲ ਟੁੱਟਣ, ਤਾਂਘ, ਅਧਿਆਤਮਿਕਤਾ ਅਤੇ ਸਮਾਜਿਕ ਮੁੱਦਿਆਂ ਦੇ ਵਿਸ਼ਿਆਂ ਨੂੰ ਪਾਠਕਾਂ ਨਾਲ ਭਾਵਨਾਤਮਕ ਪੱਧਰ 'ਤੇ ਜੋੜਨ ਵਾਲੇ ਨਾਮਵਰ ਪੰਜਾਬੀ ਗੀਤਕਾਰ ਦੇਬੀ ਮਕਸੂਸਪੁਰੀ ਦਾ ਰੰਗਾਰੰਗ ਲਾਈਵ ਸ਼ੋਅ ਕਰਵਾਇਆ ਗਿਆ।'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ, ਰਜਿਸਟਰਾਰ ਡਾ. ਖੁਸ਼ਵਿੰਦਰ ਕੁਮਾਰ ਦੇ ਸਹਿਯੋਗ ਨਾਲ ਅਕਾਦਮਿਕ ਮਾਮਲੇ ਡੀਨ ਡਾ. ਸੁਰਿੰਦਰ ਕੌਰ ਦੇ ਯਤਨਾਂ ਸਦਕਾ ਕਰਵਾਏ ਉਕਤ ਸ਼ੋਅ ਦੌਰਾਨ ਗਾਇਕ ਮਕਸੂਸਪੁਰੀ ਨੇ ਆਪਣੇ ਪ੍ਰਸਿੱਧ ਗੀਤਾਂ ਰਾਹੀਂ ਦਰਸ਼ਕਾਂ ਦਾ ਦਿਲ ਜਿੱਤ ਲਿਆ।ਇਸ ਮੌਕੇ ਮਕਸੂਸਪੁਰੀ ਨੇ ਆਪਣੇ ਵੱਖ-ਵੱਖ ਪ੍ਰਸਿੱਧ ਗੀਤਾਂ ਰਾਹੀਂ ਆਪਣੀ ਸੁਰੀਲੀ ਆਵਾਜ਼ ਅਤੇ ਰੂਹਾਨੀ ਅੰਦਾਜ਼ ਨਾਲ ਸਮਾਗਮ ਨੂੰ ਯਾਦਗਾਰ ਬਣਾਉਂਦਿਆਂ ਦਰਸ਼ਕਾਂ ਦਾ ਮਨੋਰੰਜਨ ਕੀਤਾ।ਮਕਸੂਸਪੁਰੀ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਉਹ ਮਾਣ ਮਹਿਸੂਸ ਕਰ ਰਹੇ ਹਨ ਕਿ ਉਹ ਖਾਲਸਾ ਯੂਨੀਵਰਸਿਟੀ ਵਿਖੇ ਪਹਿਲੀ ਵਾਰ ਆਪਣਾ ਸ਼ੋਅ ਕਰਨ ਲਈ ਪੁੱਜੇ।ਉਨ੍ਹਾਂ ਕਿਹਾ ਕਿ ਖਾਲਸਾ ਸੰਸਥਾਵਾਂ ਦੇ ਮਾਣਮੱਤੇ ਇਤਿਹਾਸ ਤੋਂ ਹਰੇਕ ਵਰਗ ਜਾਣੂ ਹੈ ਅਤੇ ਇੱਥੋਂ ਪੜ੍ਹ-ਲਿਖ ਕੇ ਦੁਨੀਆ ਦੇ ਹਰੇਕ ਕੋਨੇ 'ਚ ਬੈਠੇ ਵਿਦਿਆਰਥੀ ਇਸ ਵਿੱਦਿਅਕ ਅਦਾਰੇ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਆਪਣੀ ਸੰਸਕ੍ਰਿਤੀ ਅਤੇ ਵਿਰਾਸਤ ਨਾਲ ਜੁੜੇ ਰਹਿਣਾ ਚਾਹੀਦਾ ਹੈ ਅਤੇ ਸੰਗੀਤ ਇਕ ਅਜਿਹੀ ਤਾਕਤ ਹੈ ਜੋ ਇਨਸਾਨ ਨੂੰ ਜੋੜਦੀ ਹੈ।ਇਸ ਦੌਰਾਨ ਉਨ੍ਹਾਂ ਆਪਣੇ ਜੀਵਨ ਦੇ ਸਫ਼ਰ ਸਬੰਧੀ ਕਿਹਾ ਕਿ ਸਾਹਿਰ ਲੁਧਿਆਣਵੀ, ਡਾ. ਜਗਤਾਰ, ਸ਼ਿਵ ਕੁਮਾਰ ਬਟਾਲਵੀ, ਡਾ. ਸੁਰਜੀਤ ਪਾਤਰ ਵਰਗੇ ਨਾਮਵਰ ਪੰਜਾਬੀ ਸ਼ਾਇਰਾਂ ਤੋਂ ਪ੍ਰਭਾਵਿਤ ਹੋਏ ਅਤੇ 20 ਸਾਲ ਦੀ ਉਮਰ 'ਚ ਲਿਖਿਆ ਹੋਇਆ ਪਹਿਲਾ ਗਾਣਾ ਕੁਲਦੀਪ ਮਾਣਕ ਨੇ ਗਾਇਆ।ਉਨ੍ਹਾਂ ਕਿਹਾ ਕਿ ਪੜ੍ਹਾਅ ਦਰ ਪੜ੍ਹਾਅ ਗੀਤਕਾਰ ਮਨਮੋਹਨ ਵਾਰਿਸ, ਕਮਲ ਹੀਰ, ਸਰਦੂਲ ਸਿਕੰਦਰ ਅਤੇ ਹੰਸ ਰਾਜ ਹੰਸ ਵਰਗੇ ਪੰਜਾਬੀ ਕਲਾਕਾਰਾਂ ਲਈ ਵੀ ਗੀਤ ਲਿਖੇ ਹਨ।ਉਨ੍ਹਾਂ ਕਿਹਾ ਕਿ 1994 'ਚ ਆਪਣੀ ਪਹਿਲੀ ਐਲਬਮ 'ਜਦ ਮਾਂ ਨਹੀਂ ਰਹਿੰਦੀ ਨਾਲ' ਆਪਣੀ ਗਾਇਕੀ ਦੀ ਸ਼ੁਰੂਆਤ ਕੀਤੀ।ਇਸ ਸਮਾਗਮ ਦੀ ਸ਼ੁਰੂਆਤ ਤੋਂ ਪਹਿਲਾਂ ਡਾ. ਸੁਰਿੰਦਰ ਕੌਰ ਵੱਲੋਂ ਮਕਸੂਸਪੁਰੀ ਨੂੰ ਸ਼ਾਲ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਉਪਰੰਤ ਡਾ. ਸੁਰਿੰਦਰ ਕੌਰ ਨੇ ਕਿਹਾ ਕਿ ਮਕਸੂਸਪੁਰੀ ਇਕ ਪੰਜਾਬੀ ਗੀਤਕਾਰ, ਸ਼ਾਇਰ ਅਤੇ ਕਵੀ ਹਨ, ਜਿਨ੍ਹਾਂ ਨੇ ਸਮਾਜਿਕ ਅਤੇ ਮਨੁੱਖੀ ਜੀਵਨ ਦੇ ਹਰੇਕ ਪਹਿਲੂਆਂ ਨੂੰ ਬਹੁਤ ਪ੍ਰਭਾਵਸ਼ਾਲੀ ਢੰਗ ਨਾਲ ਆਪਣੀ ਸ਼ਾਇਰੀ ਅਤੇ ਗੀਤਾਂ ਰਾਹੀਂ ਉਜਾਗਰ ਕੀਤਾ।ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਵਿਕਾਸ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਸਿੱਖਿਆ ਦੇ ਨਾਲ-ਨਾਲ ਇਹੋ ਜਿਹੀਆਂ ਗਤੀਵਿਧੀਆਂ ਵੀ ਜ਼ਰੂਰੀ ਹਨ, ਜੋ ਵਿਦਿਆਰਥੀਆਂ 'ਚ ਆਤਮਵਿਸ਼ਵਾਸ ਅਤੇ ਰਚਨਾਤਮਕਤਾ ਨੂੰ ਵਧਾਉਂਦੀਆਂ ਹਨ।ਖਾਲਸਾ ਯੂਨੀਵਰਸਿਟੀ ਵੱਲੋਂ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਕਰਵਾਏ ਗਏ ਉਕਤ ਲਾਈਵ ਸ਼ੋਅ ਦੌਰਾਨ ਸੁਰੱਖਿਆ ਅਤੇ ਪ੍ਰਬੰਧਕੀ ਪ੍ਰਬੰਧ ਬਹੁਤ ਸੁਚੱਜੇ ਢੰਗ ਨਾਲ ਕੀਤੇ ਗਏ ਸਨ, ਜਿਸ ਨਾਲ ਹਰੇਕ ਦਰਸ਼ਕ ਨੇ ਪ੍ਰੋਗਰਾਮ ਦਾ ਪੂਰਾ ਆਨੰਦ ਮਾਣਿਆ।ਇਹ ਲਾਈਵ ਸ਼ੋਅ ਖਾਲਸਾ ਯੂਨੀਵਰਸਿਟੀ ਦੇ ਇਤਿਹਾਸ 'ਚ ਵਿਸ਼ੇਸ਼ ਪਲ ਵਜੋਂ ਦਰਜ ਹੋਇਆ।



3-MAR-PAGE-13.qxd 3/2/2026 10:10 PM Page 1



## ਪਟਿਆਲ਼ਾ ਦੇ ਮੁੱਖ ਡਾਕਘਰ ਨੂੰ ਬੰਬ ਨਾਲ ਉਡਾਉਣ ਦੀ ਧਮਕੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਵਿਚ ਉਸ ਵੇਲੇ ਸਨਸਨੀ ਫੈਲ ਗਈ ਜਦੋਂ ਮੁੱਖ ਡਾਕਖਾਨੇ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਦੀ ਖ਼ਬਰ ਸਾਹਮਣੇ ਆਈ।ਸੂਚਨਾ ਮਿਲਦੇ ਹੀ ਪਟਿਆਲਾ ਪੁਲਸ ਦੀਆਂ ਟੀਮਾਂ ਮੌਕੇ 'ਤੇ ਪਹੁੰਚ ਗਈਆਂ ਤੇ ਇਮਾਰਤ ਦੀ ਬਾਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ ਗਈ।ਇਸ ਦੌਰਾਨ ਮਾਡਲ ਟਾਊਨ ਚੌਕੀ ਦੇ ਇੰਚਾਰਜ ਗੁਰਪਿੰਦਰ ਸਿੰਘ ਆਪਣੀ ਟੀਮ ਸਮੇਤ ਮੌਕੇ 'ਤੇ ਪਹੁੰਚੇ ਤੇ ਹਾਈਟੈਕ ਸਕੈਨਰ ਦੀ ਮਦਦ ਨਾਲ ਕਿਸੇ ਵੀ ਅਣਪਛਾਤੀ ਵਸਤੂ ਦੀ ਚੈਕਿੰਗ ਕੀਤੀ ਜਾ ਰਹੀ ਹੈ।ਮੀਡੀਆ ਨਾਲ ਗੱਲਬਾਤ ਕਰਦੇ ਹੋਏ ਇੰਚਾਰਜ ਗੁਰਪਿੰਦਰ ਸਿੰਘ ਨੇ ਦੱਸਿਆ ਕਿ ਜਿਵੇਂ ਹੀ ਪੁਲਸ ਨੂੰ ਧਮਕੀ ਸਬੰਧੀ ਸੂਚਨਾ ਮਿਲੀ ਤਾਂ ਤੁਰੰਤ ਕਾਰਵਾਈ ਕਰਦੇ ਹੋਏ ਪੂਰੇ ਡਾਕਖਾਨੇ ਨੂੰ ਖਾਲੀ ਕਰਵਾ ਲਿਆ ਗਿਆ।ਉਨ੍ਹਾਂ ਕਿਹਾ ਕਿ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹੋਏ ਸਾਰੇ ਲੋੜੀਂਦੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਤੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਜਾਰੀ ਹੈ।

## ਮਮਤਾ ਫਾਊਂਡੇਸ਼ਨ ਕੈਨੇਡਾ ਦੇ ਪ੍ਰਧਾਨ ਵੱਲੋਂ ਪ੍ਰਭ ਆਸਰਾ ਘਰ ਨੂੰ ਵਿੱਤੀ ਸਹਿਯੋਗ



**ਜਗਰਾਉਂ (ਸੰਜੀਵ ਅਰੋੜਾ)**-ਪ੍ਰਭ ਆਸਰਾ ਨਿਆਸਰਿਆਂ ਦੇ ਘਰ ਪਿੰਡ ਫੇਰੂਰਾਈਂ ਵਿਖੇ ਮਮਤਾ ਫਾਊਂਡੇਸ਼ਨ ਕੈਨੇਡਾ ਵੱਲੋਂ ਪ੍ਰਧਾਨ ਮੱਖਣ ਸਿੰਘ ਕੈਨੇਡਾ ਤੇ ਭੈਣ ਗੁਰਬਖਸ਼ ਕੌਰ ਨੇ ਮੰਦਬੁਧੀ ਬੱਚਿਆਂ ਤੇ ਬਜ਼ੁਰਗਾਂ ਤੋਂ ਆਸ਼ੀਰਵਾਦ ਲਿਆ ਤੇ ਬਜ਼ੁਰਗਾਂ ਨਾਲ ਗੱਲਾਂ-ਬਾਤਾਂ ਕੀਤੀਆਂ। ਪ੍ਰਧਾਨ ਮੱਖਣ ਸਿੰਘ ਨੇ ਦੱਸਿਆ ਕਿ ਮਮਤਾ ਫਾਊਂਡੇਸ਼ਨ ਕੈਨੇਡਾ ਵੱਲੋਂ ਪੰਜਾਬ ਦੀਆਂ ਕਈ ਸੰਸਥਾਵਾਂ ਨੂੰ ਕਈ ਸਾਲਾਂ ਤੋਂ ਸਹਿਯੋਗ ਦਿੱਤਾ ਜਾ ਰਿਹਾ ਹੈ। ਮਮਤਾ ਫਾਊਂਡੇਸ਼ਨ ਕੈਨੇਡਾ ਸੰਸਥਾ ਵੱਲੋਂ ਪਹਿਲਾਂ ਵੀ ਪ੍ਰਭ ਆਸਰਾ ਸੰਸਥਾ ਨੂੰ ਬਹੁਤ ਵੱਡਾ ਆਰਥਿਕ ਸਹਿਯੋਗ ਦਿੱਤਾ ਜਾ ਰਿਹਾ ਹੈ। ਮੱਖਣ ਸਿੰਘ ਵੱਲੋਂ ਪ੍ਰਭ ਆਸਰਾ ਸੰਸਥਾ ਫੇਰੂਰਾਈ ਦੇ ਪ੍ਰਬੰਧਕ ਹਰਜੀਤ ਸਿੰਘ ਰਾਏ ਕੈਨੇਡਾ, ਨਰਿੰਦਰ ਸਿੰਘ ਗੋਰਾ ਕੈਨੇਡਾ ਤੇ ਮੈਂਬਰਾਂ ਦੀ ਬਜ਼ੁਰਗਾਂ ਨੂੰ ਸੁਚੱਜੇ ਢੰਗ ਨਾਲ ਸਾਂਭਣ ਲਈ ਬਹੁਤ ਹੀ ਸ਼ਲਾਘਾ ਕੀਤੀ। ਇਸ ਸਮੇਂ ਹਰਜੀਤ ਸਿੰਘ ਰਾਏ ਕੈਨੇਡਾ ਤੇ ਮੱਖਣ ਸਿੰਘ ਦੀ ਹਾਜ਼ਰੀ ਵਿੱਚ ਪ੍ਰਭ ਆਸਰਾ ਸੰਸਥਾ ਫੇਰੂਰਾਈ ਵੱਲੋਂ ਪਿੰਡ ਭੰਮੀਪੁਰੇ ਦੀ ਅਪਾਹਜ ਲੋੜਵੰਦ ਬੀਬੀ ਨੂੰ ਈ ਰਿਕਸ਼ਾ ਸਕੂਟਰੀ ਵੀ ਦਿੱਤੀ ਗਈ। ਹਰਜੀਤ ਸਿੰਘ ਰਾਏ ਕੈਨੇਡਾ ਵੱਲੋਂ ਮਮਤਾ ਫਾਊਂਡੇਸ਼ਨ ਦੇ ਪ੍ਰਬੰਧਕ ਮੱਖਣ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਤੇ ਨਿਆਸਰਿਆਂ ਦੇ ਘਰ ਫੇਰੂਰਾਈਂ ਰਹਿ ਰਹੇ ਬਜ਼ੁਰਗਾਂ ਲਈ ਆਰਥਿਕ ਸਹਾਇਤਾ ਲਈ ਧੰਨਵਾਦ ਕੀਤਾ ਗਿਆ। ਇਸ ਸਮੇਂ ਗੁਰਿੰਦਰ ਸਿੰਘ ਢਿੱਲੋਂ, ਸੂਬੇਦਾਰ ਜਗਸੀਰ ਸਿੰਘ, ਮਨਜੀਤ ਸਿੰਘ ਬੈਨੀਪਾਲ, ਤਜਿੰਦਰ ਸਿੰਘ ਬੋਪਾਰਾਏ, ਨਿਰਮਲ ਸਿੰਘ ਰਾਏ, ਰਜਿੰਦਰ ਬੈਨੀਪਾਲ ਤੇ ਪੰਮਾ ਰਾਏ ਆਦਿ ਹਾਜ਼ਰ ਸਨ।

## ਭੱਦਲਵੱਡ ਦਾ 50 ਲੱਖ ਦੀ ਲਾਗਤ ਨਾਲ ਕੀਤਾ ਜਾ ਰਿਹੈ ਸਰਬਪੱਖੀ ਵਿਕਾਸ : ਸੁਖਵੀਰ ਸਿੰਘ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਚਰਨ ਛੋਹ ਪ੍ਰਾਪਤ ਪਿੰਡ ਭੱਦਲਵੱਡ ਵਿਖੇ ਪਿੰਡ ਦੇ ਸਰਬਪੱਖੀ ਵਿਕਾਸ ਲਈ 50 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਇਸੇ ਲੜੀ ਤਹਿਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਯਾਦ ਵਿੱਚ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਗੇਟ ਤੇ ਕੰਮ ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਵੱਲੋਂ ਕਰਵਾਈ ਗਈ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਗੁਰੂ ਸਾਹਿਬ ਜੀ ਦੇ ਚਰਨ ਛੋਹ ਪਿੰਡਾਂ ਵਿੱਚ 50-50 ਲੱਖ ਰੁਪਏ ਨਾਲ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਪਿੰਡ ਭੱਦਲਵੱਡ ਬਹੁਤ ਹੀ ਇਤਿਹਾਸਕ ਪਿੰਡ ਹੈ, ਜਿੱਥੇ ਤਿੰਨ ਗੁਰੂ ਸਾਹਿਬਾਨਾਂ ਵੱਲੋਂ ਆਪਣੇ ਚਰਨ ਪਾਏ ਗਏ ਹਨ।ਉਨ੍ਹਾਂ ਦੱਸਿਆ ਕਿ ਇੱਥੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵੱਲੋਂ ਚਰਨ ਪਾਏ ਗਏ ਹਨ।ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਪਿੰਡ ਵਿੱਚ ਕੁੱਲ 50 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਪ੍ਰਾਜੈਕਟ ਕੀਤੇ ਜਾ ਰਹੇ ਹਨ।ਇਨ੍ਹਾਂ ਵਿੱਚ 5 ਲੱਖ ਰੁਪਏ ਬੱਸ ਅੱਡੇ ਲਈ, 10 ਲੱਖ ਰੁਪਏ ਗੁਰਦੁਆਰਾ ਸਾਹਿਬ ਨੂੰ ਜਾਂਦੇ ਰਸਤੇ ਦੇ ਨਵੀਨੀਕਰਨ ਲਈ, 5 ਲੱਖ ਰੁਪਏ ਪੰਚਾਇਤ ਘਰ ਲਈ ਤੇ 20 ਲੱਖ ਰੁਪਏ ਖੇਡ ਮੈਦਾਨ ਦੇ ਵਿਕਾਸ ਲਈ ਖਰਚ ਕੀਤੇ ਜਾਣਗੇ।ਇਸ ਮੌਕੇ ਪੁਸ਼ਪਿੰਦਰ ਸ਼ਰਮਾ, ਕਰਮਜੀਤ ਸਿੰਘ, ਤੀਰਥ ਸਿੰਘ, ਸੋਹਣ ਸਿੰਘ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਮੌਜੂਦ ਸਨ।

## ਸੰਤ ਘੁੰਨਸ, ਵਿਧਾਇਕ ਪੰਡੋਰੀ ਵੱਲੋਂ ਗੁਰਦੁਆਰਾ ਜੰਡਸਰ ਸਾਹਿਬ ਪ੍ਰਬੰਧਕ ਕਮੇਟੀ ਨਾਲ ਮੀਟਿੰਗ



**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**-ਇਤਿਹਾਸਕ ਗੁਰਦੁਆਰਾ ਜੰਡਸਰ ਸਾਹਿਬ ਠੁੱਲੀਵਾਲ ਵਿਖੇ ਹਲਕਾ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਅਤੇ ਹਲਕਾ ਮੈਂਬਰ ਸ਼੍ਰੋਮਣੀ ਕਮੇਟੀ ਸੰਤ ਬਲਵੀਰ ਸਿੰਘ ਘੁੰਨਸ ਨੇ ਪਹੁੰਚ ਕੇ ਹਾਲ ਹੀ 'ਚ ਵਾਪਰੀ ਮੰਦਭਾਗੀ ਘਟਨਾ ਸਬੰਧੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਮੀਟਿੰਗ ਕਰਕੇ ਘਟਨਾ ਦੀ ਪੂਰੀ ਜਾਣਕਾਰੀ ਹਾਸਲ ਕੀਤੀ। ਹਲਕਾ ਵਿਧਾਇਕ ਪੰਡੋਰੀ ਨੇ ਆਪਣੇ ਵੱਲੋਂ ਸੰਭਵ ਸਹਿਯੋਗ ਦਾ ਵਿਸ਼ਵਾਸ ਦੁਆਇਆ।ਉਨ੍ਹਾਂ ਕਿਹਾ ਕਿ ਦੋਸ਼ੀਆ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।ਸੰਤ ਘੁੰਨਸ ਨੇ ਇਸ ਘਟਨਾ ਨੂੰ ਬਹੁਤ ਹੀ ਚਿੰਤਾਜਨਕ ਕਰਾਰ ਦਿੰਦਿਆ ਕਿਹਾ ਕਿ ਪੰਜਾਬ ਅੰਦਰ ਗੁਰੂ ਘਰਾਂ 'ਚ ਬੇਅਦਬੀ ਦੀਆਂ ਵਾਪਰ ਰਹੀਆਂ ਲਗਾਤਾਰ ਘਟਨਾਵਾਂ ਗੰਭੀਰ ਚਿੰਤਾ ਦਾ ਵਿਸ਼ਾ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਰਕਾਰਾਂ ਵੱਲੋਂ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਸਖਤ ਕਾਨੂੰਨ ਬਣਾਉਣ ਦੀ ਤੁਰੰਤ ਲੋੜ ਹੈ।ਉਨ੍ਹਾਂ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਇਸ ਘਟਨਾ ਦੀ ਬਰੀਕੀ ਨਾਲ ਜਾਂਚ ਕਰਕੇ ਸੱਚਾਈ ਨੂੰ ਸਾਹਮਣੇ ਲਿਆਂਦਾ ਜਾਵੇ।ਉਨ੍ਹਾਂ ਸ਼੍ਰੋਮਣੀ ਕਮੇਟੀ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਐਲਾਨ ਕੀਤਾ।ਇਸ ਮੌਕੇ ਕਮੇਟੀ ਦੇ ਪ੍ਰਧਾਨ ਭਾਈ ਗੁਰਸੇਵਕ ਸਿੰਘ, ਮੀਤ ਪ੍ਰਧਾਨ ਗੁਰਦੀਸ਼ ਸਿੰਘ, ਮੈਂਬਰ ਮੇਜਰ ਸਿੰਘ, ਹਰਤੇਜ ਸਿੰਘ ਸਿੱਧੂ, ਭਾਈ ਸੰਦੀਪ ਸਿੰਘ, ਹੈਡ ਗ੍ਰੰਥੀ ਪੂਰਨ ਸਿੰਘ ਅਤੇ ਹਰਜਿੰਦਰ ਸਿੰਘ ਸੋਹੀ ਆਦਿ ਹਾਜ਼ਰ ਸਨ।

## ਸਾਮਰਾਜੀ ਹਮਲਿਆਂ ਨੇ ਪੰਜਾਬੀਆਂ ਨੂੰ ਆਪਣੀਆਂ ਤਿੰਨ ਮਾਵਾਂ ਤੋਂ ਤੋੜਿਆ : ਡਾ. ਸਵਰਾਜ ਸਿੰਘ

### ਜ਼ੋਰਾ ਸਿੰਘ ਮੰਡੇਰ ਦੀ ਪੁਸਤਕ 'ਧਰਤੀ ਪੁੱਤਰ' ਲੋਕ ਅਰਪਣ ਤੇ ਸਨਮਾਨ ਸਮਾਰੋਹ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਹੋਲਾ-ਮਹੱਲਾ ਨੂੰ ਸਮਰਪਤ ਜ਼ੋਰਾ ਸਿੰਘ ਮੰਡੇਰ ਦੀ ਪੁਸਤਕ 'ਧਰਤੀ ਪੁੱਤਰ' ਲੋਕ ਅਰਪਣ ਤੇ ਸਨਮਾਨ ਸਮਾਰੋਹ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਜਗਦੀਪ ਸਿੰਘ ਐਡਵੋਕੇਟ ਨੇ ਕੀਤੀ।ਮੁੱਖ ਮਹਿਮਾਨ ਡਾ. ਸਵਰਾਜ ਸਿੰਘ ਵਿਸ਼ਵਚਿੰਤਕ, ਵਿਸ਼ੇਸ਼ ਮਹਿਮਾਨ ਪਵਨ ਹਰਚੰਦਪੁਰੀ ਤੇ ਉਨ੍ਹਾਂ ਨਾਲ ਪ੍ਰਧਾਨਗੀ ਮੰਡਲ ਵਿੱਚ ਜ਼ੋਰਾ ਸਿੰਘ ਮੰਡੇਰ, ਅਨੋਖ ਸਿੰਘ ਵਿਰਕ, ਡਾ. ਭਗਵੰਤ ਸਿੰਘ, ਕਰਮ ਸਿੰਘ ਜ਼ਖਮੀ, ਸ. ਸ. ਫੁੱਲ, ਮੋਹੀ ਅਮਰਜੀਤ ਸ਼ਾਮਲ ਹੋਏ।ਧਰਤੀ ਪੁੱਤਰ ਨਾਵਲ ਲੋਕ ਅਰਪਣ ਕਰਨ ਉਪਰੰਤ ਉੱਘੇ ਨਾਟਕਕਾਰ ਮੋਹੀ ਅਮਰਜੀਤ ਦਾ ਵਿਸ਼ੇਸ਼ ਸਨਮਾਨ ਤੇ ਜ਼ੋਰਾ ਸਿੰਘ ਮੰਡੇਰ ਨੂੰ ਜਸਵੰਤ ਸਿੰਘ ਕੰਵਲ ਪੁਰਸਕਾਰ ਭੇਟ ਕੀਤਾ।ਡਾ. ਸਵਰਾਜ ਸਿੰਘ ਵਿਸ਼ਵਚਿੰਤਕ ਨੇ ਕਿਹਾ ਕਿ ਪਿਛਲੇ 100 ਸਾਲਾਂ ਵਿੱਚ ਪੰਜਾਬ 'ਤੇ ਤਿੰਨ ਵੱਡੇ ਸਾਮਰਾਜੀ ਹਮਲੇ ਹੋਏ ਹਨ।ਪਹਿਲਾਂ 47 ਦੀ ਵੰਡ, ਦੂਜਾ ਹਰੇ ਇਨਕਲਾਬ ਤੇ ਤੀਸਰਾ ਸਾਮਰਾਜੀ ਪਰਵਾਸ ਦਾ।ਬ੍ਰਿਟਿਸ਼ ਸਾਮਰਾਜੀਆਂ ਨੇ ਉਨੀਵੀਂ ਸਦੀ ਵਿੱਚ ਇਹ ਸਮਝਿਆ ਸੀ ਕਿ ਪੰਜਾਬ ਉਨ੍ਹਾਂ ਲਈ ਵੱਡੀ ਚੁਣੌਤੀ ਬਣ ਸਕਦਾ ਹੈ, ਇਸ ਲਈ ਉਨ੍ਹਾਂ ਦੀ ਨੀਤੀ ਲਗਾਤਾਰ ਪੰਜਾਬ ਨੂੰ ਕਮਜ਼ੋਰ ਕਰਨ ਦੀ ਰਹੀ, ਪੰਜਾਬ ਉਸ ਵੇਲੇ ਦੇ ਬ੍ਰਿਟੇਨ ਨਾਲੋਂ ਕਿਤੇ ਜ਼ਿਆਦਾ ਖੁਸ਼ਹਾਲ ਸੀ, ਉਨ੍ਹਾਂ ਨੇ ਪੰਜਾਬ 'ਤੇ ਕਬਜ਼ਾ ਕਰ ਲਿਆ।ਪ੍ਰੰਤੂ ਫਿਰ ਵੀ ਉਹ ਪੰਜਾਬ ਨੂੰ ਉਨ੍ਹਾਂ ਨੂੰ ਚੁਣੌਤੀ ਦੇਣ ਦੇ ਸਮੱਰਥ ਸਮਝਦੇ ਰਹੇ ਤੇ ਇਸ ਲਈ ਲਗਾਤਾਰ ਪੰਜਾਬ ਨੂੰ ਹੋਰ ਕਮਜ਼ੋਰ ਕਰਨ ਦਾ ਯਤਨ ਕਰਦੇ ਰਹੇ।ਬ੍ਰਿਟਿਸ਼ ਤੇ ਉਨ੍ਹਾਂ ਦੇ ਵਾਰਿਸ ਅਮਰੀਕੀ ਸਾਮਰਾਜੀਆਂ ਦੀ ਨੀਤੀ ਪੰਜਾਬ ਨੂੰ ਕਮਜ਼ੋਰ ਕਰਨ ਦੀ ਰਹੀ।ਇਸ ਨੀਤੀ ਤਹਿਤ ਪੰਜਾਬ 'ਤੇ ਤਿੰਨ ਹਮਲੇ ਹੋਏ, ਵੰਡ, ਹਰਾ ਇਨਕਲਾਬ ਤੇ ਸਾਮਰਾਜੀ ਪਰਵਾਸ ਦੇ, ਹਰਾ ਇੰਨਕਲਾਬ ਅਮਰੀਕੀ ਸਾਮਰਾਜ ਤੇ ਪੰਜਾਬ ਦੀ ਅਮੀਰ ਕਿਸਾਨੀ ਦਾ ਗੱਠਜੋੜ ਸੀ, ਜਿਸ ਨੇ ਪੰਜਾਬ 'ਤੇ ਮੁਕੰਮਲ ਕਬਜ਼ਾ ਕਰ ਲਿਆ।ਸਾਮਰਾਜੀ ਪਰਵਾਸ ਕੁਦਰਤੀ ਪਰਵਾਸ, ਜੋ ਕਿ ਲੋੜਾਂ 'ਤੇ ਅਧਾਰਤ ਹੈ, ਨਾਲੋਂ ਅਲੱਗ ਹੈ।ਇਹ ਮੁੱਖ ਤੌਰ 'ਤੇ ਥੋੜ੍ਹੇ ਤੋਂ ਥੋੜ੍ਹੇ ਸਮੇਂ ਵਿੱਚ ਵੱਧ ਤੋਂ ਵੱਧ ਪੈਸਾ ਬਣਾਉਣ ਦੀ ਖਾਹਿਸ਼ ਵਿੱਚੋਂ ਉਪਜਦਾ ਹੈ, ਜਿੱਥੇ ਪਹਿਲਾਂ ਕੁਦਰਤੀ ਪਰਵਾਸ ਨੇ ਪੰਜਾਬ ਦਾ ਕੁੱਝ ਸੰਵਾਰਿਆ ਹੈ, ਉੱਥੇ ਅਜੋਕਾ ਪਰਵਾਸ ਪੰਜਾਬ ਨੂੰ ਬਰਬਾਦੀ ਵੱਲ ਧੱਕ ਰਿਹਾ ਹੈ।ਇਸ ਨੇ ਵੱਡੇ ਪੱਧਰ 'ਤੇ ਪੰਜਾਬੀ ਦੇ ਸੱਭਿਆਚਾਰ ਨੂੰ ਖੋਰਾ ਤੇ ਕਦਰਾਂ-ਕੀਮਤਾਂ ਦੇ ਗੁਆਚਣ ਵਿੱਚ ਵੱਡੀ ਭੂਮਿਕਾ ਨਿਭਾਈ ਹੈ।ਅੱਜ ਪੰਜਾਬੀ ਆਪਣੀਆਂ ਤਿੰਨਾਂ ਮਾਵਾਂ ਧਰਤੀ ਮਾਂ, ਜ਼ਨਨੀ ਮਾਂ ਤੇ ਮਾਂ ਬੋਲੀ ਤੇ ਸੱਭਿਆਚਾਰ ਨਾਲੋਂ ਟੁੱਟ ਰਹੇ ਹਨ।ਪੰਜਾਬੀਆਂ ਨੂੰ ਆਪਣੀ ਸੱਭਿਆਚਾਰਕ ਹੋਂਦ ਨੂੰ ਬਚਾਉਣ ਲਈ ਤੇ ਪੰਜਾਬ ਨੂੰ ਸਾਮਰਾਜੀ ਗੁਲਾਮੀ ਤੋਂ ਮੁਕਤ ਕਰਾਉਣ ਲਈ ਜ਼ੋਰਾ ਸਿੰਘ ਮੰਡੇਰ ਦੇ ਧਰਤੀ ਪੁੱਤਰ ਨਾਵਲ ਅਨੁਸਾਰ ਸਿਰਜੇ ਬਿਰਤਾਂਤ ਤੋਂ ਅਗਵਾਈ ਲੈ ਕੇ ਸੰਘਰਸ਼ ਕਰਨ ਦੀ ਜ਼ਰੂਰਤ ਹੈ।ਵਿਚਾਰ ਚਰਚਾ ਵਿੱਚ ਦਲਬਾਰਸਿੰਘ, ਪਵਨ ਹਰਚੰਦਪੁਰੀ, ਪ੍ਰੋ. ਮਲਕੀਤ ਖੱਟੜਾ, ਨਿਹਾਲ ਸਿੰਘ ਮਾਨ, ਡਾ. ਭਗਵੰਤ ਸਿੰਘ, ਗੁਰਨਾਮ ਸਿੰਘ, ਡਾ. ਰਾਕੇਸ਼ ਸ਼ਰਮਾ, ਕਰਮ ਸਿੰਘ ਜ਼ਖਮੀ, ਅਮਰ ਗਰਗ ਕਲਮਦਾਨ, ਅਨੋਖ ਸਿੰਘ ਵਿਰਕ, ਪ੍ਰਿੰਸੀਪਲ ਸੁਖਜੀਤ ਕੌਰ, ਜੋਗਿੰਦਰ ਕੌਰ ਅਗਨੀਹੋਤਰੀ, ਸ੍ਰੀ ਸਤਦੇਵ ਸ਼ਰਮਾ, ਸੁਰਿੰਦਰ ਸ਼ਰਮਾ ਨਾਗਰਾ, ਬਲਦੇਵ ਸਿੰਘ ਖੋਸਾ, ਮੋਹੀ ਅਮਰਜੀਤ, ਮੇਘ ਨਾਥ ਸ਼ਰਮਾ ਨੇ ਭਾਗ ਲੈ ਕੇ ਉਸਾਰੂ ਸੰਵਾਦ ਸਿਰਜਿਆ ਤੇ ਬੁਲਾਰਿਆਂ ਨੇ ਧਰਤੀ ਪੁੱਤਰ ਨਾਵਲ ਨੂੰ ਪੰਜਾਬੀ ਸਾਹਿਤ ਦੀ ਬਿਹਤਰੀਨ ਰਚਨਾ ਦੱਸਿਆ ਹੈ।ਜਗਦੀਪ ਸਿੰਘ ਨੇ ਪ੍ਰਧਾਨਗੀ ਭਾਸ਼ਣ ਦਿੰਦੇ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਧਰਤੀ ਪੁੱਤਰ ਨੂੰ ਪੰਜਾਬੀ ਦਾ ਇੱਕ ਸਫਲ ਨਾਵਲ ਦੱਸਿਆ।ਗੁਰਨਾਮ ਸਿੰਘ ਨੇ ਮੰਚ ਸੰਚਾਲਨ ਕੀਤਾ।ਸੁੱਖ ਨੇ ਮਹਿਮਾਨਾਂ ਦਾ ਸਵਾਗਤ ਕੀਤਾ।

## ਸੰਧਵਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

### ਲੋਕ ਭਲਾਈ ਯੋਜਨਾਵਾਂ ਦੀ ਜਾਣਕਾਰੀ ਪਿੰਡ ਪੱਧਰ ਤੱਕ ਪਹੁੰਚਾਈ ਜਾਵੇ



**ਕੋਟਕਪੂਰਾ (ਰਛਪਾਲ ਭੁੱਲਰ)**

ਸ. ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਨੇ ਆਪਣੇ ਗ੍ਰਹਿ ਪਿੰਡ ਸੰਧਵਾਂ ਵਿਖੇ ਤੇ ਪਿੰਡ ਵਾਂਦਰ ਜਟਾਣਾ ਵਿਖੇ ਹਰਵਿੰਦਰ ਸਿੰਘ ਹੈਪੀ ਬਰਾੜ ਦੇ ਗ੍ਰਹਿ ਵਿਖੇ ਵੀ ਲੋਕ ਮਿਲਣੀ ਪ੍ਰੋਗਰਾਮ ਤਹਿਤ ਹਲਕੇ ਦੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ 'ਤੇ ਹੱਲ ਲਈ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਲੋਕਾਂ ਦੀ ਆਪਣੀ ਸਰਕਾਰ ਹੈ ਤੇ ਉਹ ਲੋਕਾਂ ਨੂੰ ਸਹੂਲਤਾਂ ਉਪਲਬਧ ਕਰਵਾਉਣ ਲਈ ਕਿਸੇ ਤਰ੍ਹਾਂ ਦੀ ਕੋਈ ਕਸਰ ਬਾਕੀ ਨਹੀਂ ਛੱਡਣਗੇ।ਸਪੀਕਰ ਸੰਧਵਾਂ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਅਤੇ ਹਰ ਨਾਗਰਿਕ ਨੂੰ ਸਰਕਾਰੀ ਸਹੂਲਤਾਂ ਦਾ ਪੂਰਾ ਲਾਭ ਦੇਣ ਲਈ ਸਰਕਾਰ ਵੱਚਨਬੱਧ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਨਾਲ ਵੱਖ ਵੱਖ ਵਿਭਾਗਾਂ ਸਬੰਧੀ ਮੁਸ਼ਕਿਲਾਂ ਤੇ ਸ਼ਿਕਾਇਤਾਂ ਆਦਿ ਲੈ ਕੇ ਲੋਕ ਮਿਲੇ ਹਨ ਤੇ ਉਨ੍ਹਾਂ ਨੇ ਇਸ ਸਬੰਧ ਵਿਚ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਨ੍ਹਾਂ ਦੇ ਸਮਾਂਬੱਧ ਹੱਲ ਲਈ ਆਦੇਸ਼ ਦਿੱਤੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੇ ਸਮੂਹਿਕ ਵਿਕਾਸ ਲਈ ਵੀ ਕੋਈ ਕਮੀ ਨਹੀਂ ਛੱਡੀ ਜਾਵੇਗੀ ਤੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਉਨ੍ਹਾਂ ਅਧਿਕਾਰੀਆਂ ਨੂੰ ਆਦੇਸ਼ ਦਿੱਤਾ ਕਿ ਲੋਕ ਭਲਾਈ ਯੋਜਨਾਵਾਂ ਦੀ ਜਾਣਕਾਰੀ ਪਿੰਡ ਪੱਧਰ ਤੱਕ ਪਹੁੰਚਾਈ ਜਾਵੇ ਤਾਂ ਜੋ ਕੋਈ ਵੀ ਹੱਕਦਾਰ ਲਾਭ ਤੋਂ ਵੰਚਿਤ ਨਾ ਰਹੇ।ਇਸ ਉਪਰੰਤ ਉਨ੍ਹਾਂ ਖੁਸ਼ੀ ਗਮੀ ਦੇ ਸਮਾਗਮਾਂ ਵਿੱਚ ਸ਼ਿਰਕਤ ਕੀਤੀ।ਇਸ ਮੌਕੇ ਚੇਅਰਮੈਨ ਗੁਰਮੀਤ ਸਿੰਘ ਆਰੇਵਾਲਾ, ਕੁਲਵਿੰਦਰ ਸਿੰਘ, ਜਗਤਾਰ ਸਿੰਘ ਜੱਗਾ ਸਰਪੰਚ ਖਾਰਾ, ਹਰਵਿੰਦਰ ਸਿੰਘ ਬਰਾੜ ਤੇ ਪਿੰਡ ਵਾਸੀ ਹਾਜ਼ਰ ਸਨ।



**ਦਿੱਲੀ ਵਿਖੇ ਆਮ ਪਾਰਟੀ ਦੇ ਰਾਸ਼ਟਰੀ ਕਨਵੀਨਰ, ਇਨਕਲਾਬੀ ਸੋਚ ਦੇ ਮਾਲਕ ਸ੍ਰੀ ਅਰਵਿੰਦ ਕੇਜਰੀਵਾਲ ਨਾਲ ਘਨੌਰ ਦੇ ਵਿਧਾਇਕ ਗੁਰਲਾਲ ਸਿੰਘ ਨੇ ਮੁਲਾਕਾਤ ਕੀਤੀ। ਇਸ ਦੌਰਾਨ ਹਲਕਾ ਘਨੌਰ ਦੇ ਵਿਕਾਸ ਕਾਰਜਾਂ ਨੂੰ ਲੈ ਕੇ ਵਿਚਾਰ-ਚਰਚਾ ਕੀਤੀ।ਉਨ੍ਹਾ ਕਿਹਾ ਕਿ 'ਰੰਗਲਾ ਪੰਜਾਬ' ਸਿਰਜਣ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਨ ਲਈ ਅਸੀਂ ਲਗਾਤਾਰ ਮਿਹਨਤ ਕਰ ਰਹੇ ਹਾਂ।**

(ਫੋਟ ਤੇ ਵੇਰਵਾ : ਰਮੇਸ਼ ਕਟਾਰੀਆ, ਰਾਜਪੁਰਾ)



ਸੰਦੇਸ਼
ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਅੰਗ ਵਸਤਰ ਇਤਿਹਾਸਕ ਜੋੜ ਮੇਲਾ ਸ੍ਰੀ ਚੋਲਾ ਸਾਹਿਬ ਦੀਆਂ ਸੰਗਤਾਂ ਨੂੰ
ਲੱਖ-ਲੱਖ ਵਧਾਈਆਂ
ਡਾ. ਸ਼ਿਵਕਰਨ ਸਿੰਘ ਕਾਹਲੋਂ

## ਅਜੇ ਸੋਨੀ ਦਾ ਭਜਨ 'ਸ਼ਾਮਾਂ ਫਾਗੁਨ ਆਯੋ ਰੇ' ਦਾ ਵੀਡੀਓ ਰਿਲੀਜ਼




**ਜਗਰਾਉਂ (ਸੰਜੀਵ ਅਰੋੜਾ)**-ਉੱਘੇ ਧਾਰਮਿਕ ਭਜਨ ਗਾਇਕ ਅਜੇ ਸੋਨੀ ਦਾ ਭਜਨ ਸ਼ਾਮਾਂ ਫਾਗੁਨ ਆਯੋ ਰੇ ਦਾ ਵੀਡੀਓ ਭਾਜਪਾ ਨੇਤਾ ਜੀਵਨ ਗੁਪਤਾ, ਰਾਸ਼ੀ ਹੇਮਰਾਜ ਅਗਰਵਾਲ, ਰੁਚੀ ਵਿਸ਼ਾਲ ਗੁਲਾਟੀ, ਵਿਸ਼ਾਲ ਗੁਲਾਟੀ ਵੱਲੋਂ ਰਿਲੀਜ਼ ਕੀਤਾ ਗਿਆ ਤੇ ਸਭ ਨੇ ਅਜੇ ਸੋਨੀ ਜੀ ਨੂੰ ਆਪਣੀ ਸ਼ੁਭਕਾਮਨਾਵਾਂ ਵੀ ਦਿੱਤੀਆਂ। ਇਸ ਤੋਂ ਪਹਿਲਾਂ ਵੀ ਗਾਇਕ ਦੇ ਕਈ ਭਜਨ ਨਾਮਵਰ ਮਿਊਜ਼ਿਕ ਕੰਪਨੀਆਂ ਵੱਲੋਂ ਮਾਰਕੀਟ ਵਿੱਚ ਚੱਲ ਰਹੇ ਹਨ। ਅਜੇ ਸੋਨੀ ਨਾਲ ਗੱਲਬਾਤ ਕਰਦੇ ਉਨ੍ਹਾਂ ਦੱਸਿਆ ਕਿ ਹੋਲੀ ਨੂੰ ਮੁੱਖ ਰੱਖਦੇ ਹੋਏ ਸ਼ਿਆਮ ਬਾਬਾ ਜੀ ਦਾ ਭਜਨ ਕੱਢਿਆ ਹੈ ਅਤੇ ਉਨ੍ਹਾਂ ਆਸ ਕਰਦੇ ਕਿਹਾ ਕਿ ਸ਼ਿਆਮ ਪ੍ਰੇਮੀਆਂ ਨੂੰ ਪਸੰਦ ਆਏਗਾ। ਉਨ੍ਹਾਂ ਦੱਸਿਆ ਕਿ ਫੱਗਣ ਦੇ ਮਹੀਨੇ ਵਿੱਚ ਖਾਟੂ ਸ਼ਾਮ ਮੰਦਿਰ ਰਾਜਸਥਾਨ ਵਿੱਚ ਭਾਰੀ ਮੇਲਾ ਭਰਦਾ ਹੈ, ਜਿਸ ਨੂੰ ਦੇਖਦੇ ਹੋਏ ਉਨ੍ਹਾਂ ਨੇ ਆਪਣਾ ਨਵਾਂ ਭਜਨ ਰਿਕਾਰਡ ਕੀਤਾ ਹੈ, ਜਿਸ ਨੂੰ ਲਿਖਿਆ ਤੇ ਗਾਇਆ ਅਜੇ ਸੋਨੀ ਨੇ ਹੈ, ਜਿਸ ਦਾ ਮਿਊਜ਼ਿਕ ਮਨੀ ਮਿਸ਼ਲ ਨੇ ਕੀਤਾ ਹੈ ਅਤੇ ਵੀਡੀਓਗ੍ਰਾਫੀ ਸ਼ੈਂਪੀ ਸੀਨ ਵੱਲੋਂ ਕੀਤੀ ਗਈ ਹੈ। ਇਸ ਮੌਕੇ ਨਵੀਨ ਖੰਨਾ, ਅਨੀਸ਼ ਸਿੰਗਲਾ, ਗੁਰਪ੍ਰੀਤ ਬਾਵਾ, ਨਰਿੰਦਰ ਕੱਕੜ, ਰਾਜੀਵ ਸਚਦੇਵਾ, ਪੂਨਮ ਸਚਦੇਵਾ ਤੇ ਵਿਕਾਸ ਅਰੋੜਾ ਆਦਿ ਹਾਜ਼ਰ ਸਨ।

## ਸਿਲਾਈ ਕੋਰਸ ਪੂਰਾ ਕਰਨ ਵਾਲੀਆਂ ਕੁੜੀਆਂ ਨੂੰ ਸਰਟੀਫਿਕੇਟ ਵੰਡੇ



**ਬੋਹਾ (ਨਿਰੰਜਣ ਬੋਹਾ)**-ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਵੱਲੋਂ ਬੋਹਾ ਵਿਖੇ ਖੋਲ੍ਹੇ ਸਿਲਾਈ ਸੈਂਟਰ ਦੀ ਸਮਾਪਤੀ 'ਤੇ ਸਿਖਲਾਈ ਹਾਸਲ ਕਰਨ ਵਾਲੀਆਂ ਲੜਕੀਆਂ ਨੂੰ ਇਸ ਸੰਸਥਾ ਵੱਲੋਂ ਸਰਟੀਫਿਕੇਟ ਵੰਡੇ ਗਏ।ਇਸ ਮੌਕੇ ਭਾਰਤ ਗੈਸ ਏਜੰਸੀ ਦੇ ਡਾਇਰੈਕਟਰ ਗੁਰਜੰਟ ਸਿੰਘ ਬੋਹਾ ਨੇ ਕਿਹਾ ਕਿ ਇਹ ਕਲੱਬਜ਼ ਐਸੋਸੀਏਸ਼ਨ ਦਾ ਸ਼ਲਾਘਾਯੋਗ ਉਪਰਾਲਾ ਹੈ, ਜਿਸ ਨਾਲ ਲੜਕੀਆਂ ਵਿਚ ਆਤਮਾ ਵਿਸ਼ਵਾਸ ਵਧੇਗਾ।ਉਨ੍ਹਾਂ ਕਿਹਾ ਕਿ ਹਰ ਇਨਸਾਨ ਨੂੰ ਆਪਣੇ ਕੰਮ ਵਿੱਚ ਪ੍ਰਪੱਕ ਹੋਣਾ ਜ਼ਰੂਰੀ ਹੈ ਤਾਂ ਜੋ ਸਰਕਾਰੀ ਨੌਕਰੀ ਨਾ ਮਿਲਣ 'ਤੇ ਆਪਣਾ ਰੁਜ਼ਗਾਰ ਚਲਾ ਸਕਣ।ਕਲੱਬਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਾਜਿੰਦਰ ਕੁਮਾਰ ਮੋਨੀ ਤੇ ਸਮਾਜ ਸੇਵੀ ਗੁਰਜੰਟ ਸਿੰਘ ਬੋਹਾ ਤੇ ਸੰਤੋਖ ਸਿੰਘ ਸਾਗਰ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਲਗਾਤਾਰ ਸਮਾਜ ਸੇਵਾ ਦੇ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਮਹੀਨਿਆਂ ਤੋਂ ਲੜਕੀਆਂ ਨੂੰ ਸਿਲਾਈ ਦਾ ਕੰਮ ਸਿਖਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਜਿਨ੍ਹਾਂ ਲੜਕੀਆਂ ਕੋਲ ਸਿਲਾਈ ਮਸ਼ੀਨਾਂ ਨਹੀਂ ਹਨ, ਉਹ ਵੀ ਸਿਲਾਈ ਸੈਂਟਰ ਵਿੱਚ ਆ ਕੇ ਸਿਲਾਈ ਦਾ ਕੋਰਸ ਕਰ ਸਕਦੀਆਂ ਹਨ। ਉਨ੍ਹਾ ਕਿਹਾ ਕਿ ਹਮੇਸ਼ਾ ਹੀ ਲੋੜਵੰਦਾਂ ਤੇ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਦੀ ਮੱਦਦ ਕੀਤੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਮਾਨਸਾ ਪੰਜਾਬ ਵੱਲੋਂ ਹਰ ਮਹੀਨੇ ਲੋੜਵੰਦਾਂ ਨੂੰ ਰਾਸ਼ਨ ਵੀ ਦਿੱਤਾ ਜਾਂਦਾ ਹੈ। ਜ਼ਿਲ੍ਹਾ ਰੂਰਲ ਯੂਥ ਐਸੋਸੀਏਸ਼ਨ ਮਾਨਸਾ ਦੇ ਮਹਿਲਾ ਵਿੰਗ ਕਰਮਜੀਤ ਕੌਰ ਸਮਾਓਂ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਜਸਵੀਰ ਕੌਰ ਤੇ ਦਲਜੀਤ ਕੌਰ ਨੇ ਕਿਹਾ ਕਿ ਐਸੋਸੀਏਸ਼ਨ ਵੱਲੋਂ ਲੋੜਵੰਦ ਪਰਿਵਾਰਾਂ ਤੇ ਬੱਚਿਆਂ ਦੀ ਮਦਦ ਕੀਤੀ ਜਾਂਦੀ ਹੈ ਤੇ ਦਿਵਿਆਂਗ ਦੀ ਭਲਾਈ ਲਈ ਕੰਨਾਂ ਤੋਂ ਸੁਣਨ ਵਾਲੀਆਂ ਮਸ਼ੀਨਾਂ, ਸਕੂਟਰੀਆਂ ਤੇ ਟ੍ਰਾਈਸਾਈਕਲ ਆਦਿ ਵੀ ਦਿਵਾਏ ਜਾਂਦੇ ਹਨ ਤੇ ਸਰਕਾਰੀ ਸਕੀਮਾਂ ਦੀ ਵੀ ਅਵੇਅਰਨੈਸ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਰੂਰਲ ਯੂਥ ਕਲੱਬਜ਼ ਐਸੋਸੀਏਸ਼ਨ ਪੰਜਾਬ ਦੇ ਅਹੁਦੇਦਾਰ ਡਾ. ਕ੍ਰਿਸ਼ਨ ਲਾਲ, ਹੇਮਰਾਜ ਸ਼ਰਮਾ, ਸਰਬਜੀਤ ਕੌਰ, ਬਾਬਾ ਹਰੀ ਨਰੈਣ, ਗੁਰਦੀਪ ਸਿੰਘ ਵਿਰਕ, ਰਾਜਵਿੰਦਰ ਸਿੰਘ ਸਵੈਚ, ਮਾਸਟਰ ਜਰਨੈਲ ਸਿੰਘ ਆਦਿ ਹਾਜ਼ਰ ਸਨ।

## ਮਿਮਿਟ 'ਚ ਮਨਾਇਆ ਰਾਸ਼ਟਰੀ ਸਾਇੰਸ ਦਿਵਸ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਪੰਜਾਬ ਸਰਕਾਰ ਦੁਆਰਾ ਸਥਾਪਤ ਸੰਸਥਾ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ) ਮਲੋਟ ਵਿਖੇ ਅਪਲਾਇਡ ਸਾਇੰਸਿਜ਼ ਵਿਭਾਗ ਦੁਆਰਾ ਰਾਸ਼ਟਰੀ ਸਾਇੰਸ ਦਿਵਸ ਮਨਾਇਆ ਗਿਆ।ਇਸ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਕਵਲਜੀਤ ਕੌਰ ਬਿੰਦਰਾ ਨੇ ਦੱਸਿਆ ਕਿ ਜਿੱਥੇ ਪੂਰੇ ਭਾਰਤ ਵਿੱਚ ਰਾਸ਼ਟਰੀ ਸਾਇੰਸ ਦਿਵਸ ਮਨਾਇਆ ਗਿਆ ਉੱਥੇ ਹੀ ਮਿਮਿਟ ਵਿਖੇ ਵੀ ਰਾਸ਼ਟਰੀ ਸਾਇੰਸ ਦਿਵਸ ਮਨਾਇਆ ਗਿਆ।ਇਸ ਪ੍ਰੋਗਰਾਮ ਵਿੱਚ ਸੰਸਥਾ ਦੇ ਡਾਇਰੈਕਟਰ ਡਾ. ਜ਼ਸਕਰਨ ਸਿੰਘ ਭੁੱਲਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਜ ਦੇ ਦਿਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਤੇ ਵਿਦਿਆਰਥੀਆਂ ਨੂੰ ਸਾਇਸ ਵਿਸ਼ੇ ਵਿੱਚ ਰੁਚੀ ਵਧਾਉਣ ਲਈ ਪ੍ਰੇਰਿਤ ਕੀਤਾ।ਇਸ ਪ੍ਰੋਗਰਾਮ ਵਿੱਚ ਪੋਸਟਰ ਮੇਕਿੰਗ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਸ਼ਿਵਾ ਬੀ.ਟੈਕ. ਕੰਪਿਊਟਰ ਨੇ ਪਹਿਲਾ ਸਥਾਨ ਤੇ ਅਲੀਸ਼ਾ ਰਾਣੀ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਦੀਪਾਲੀ ਰਾਵਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਭਾਸ਼ਣ ਮੁਕਾਬਲਿਆਂ ਵਿੱਚ ਨੀਸ਼ਿਤਾ ਤੇ ਆਸ਼ਥਾ ਤਿਵਾੜੀ ਨੇ ਪਹਿਲੀ ਤੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ।ਧੀਰੇਨ ਚੌਧਰੀ ਨੇ ਸਾਇੰਸ ਦਿਵਸ 'ਤੇ ਇਕ ਕਵਿਤਾ ਉਚਾਰਣ ਕੀਤੀ।ਇਸੇ ਤਰ੍ਹਾਂ ਮਕੈਨੀਕਲ ਵਿਭਾਗ ਦੇ ਆਨੰਦ ਕੁਮਾਰ ਨੇ ਵਿਗਿਆਨ ਦਿਵਸ ਉਪਰ ਇਕ ਗੀਤ ਪੇਸ਼ ਕੀਤਾ।ਇਸ ਮੌਕੇ ਸੌਮਿਆ, ਕ੍ਰਿਸ਼ਨਾ ਦਿਵੇਦੀ, ਪਲਕ ਤੇ ਸ਼ਾਹਿਦ ਨੇ ਸਾਇੰਸ ਵਿਸ਼ੇ ਨਾਲ ਸਬੰਧਤ ਇਕ ਪ੍ਰੈਜ਼ੈਂਟੇਸ਼ਨ ਦਿੱਤੀ।ਮੰਚ ਸੰਚਾਲਨ ਦੀ ਭੂਮਿਕਾ ਬੀ. ਟੈਕ ਦੀਆਂ ਵਿਦਿਆਰਥਣਾਂ ਦੀਪਾਲੀ ਰਾਵਤ ਤੇ ਸ਼ਿਵਾ ਨੇ ਬਾਖੂਬੀ ਨਿਭਾਈ। ਪ੍ਰੋਗਰਾਮ ਦੇ ਅੰਤ ਵਿੱਚ ਅਯੋਵਨਪ੍ਰੀਤ ਕੌਰ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ ਤੇ ਕੋਆਰਡੀਨੇਟਰ ਡਾ. ਕਵਲਜੀਤ ਕੌਰ ਬਿੰਦਰਾ ਨੇ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਧੰਨਵਾਦ ਮਤੇ ਨਾਲ ਪ੍ਰੋਗਰਾਮ ਦੀ ਸਮਾਪਤ ਕੀਤੀ।

ਸੰਸਥਾ ਦੇ ਡਾਇਰੈਕਟਰ ਡਾ. ਜ਼ਸਕਰਨ ਸਿੰਘ ਭੁੱਲਰ ਨੇ ਇਸ ਪ੍ਰੋਗਰਾਮ ਨੂੰ ਸਫਲਤਾ ਪੂਰਵਕ ਕਰਵਾਉਣ ਲਈ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਕਵਲਜੀਤ ਕੌਰ ਬਿੰਦਰਾ ਤੇ ਕੋ-ਕੁਆਰਡੀਨੇਟਰਾਂ ਮਿਸ ਉਪਨੀਤ ਕੌਰ, ਮਿਸ ਗਗਨਪ੍ਰੀਤ ਕੌਰ ਤੇ ਮਿਸ ਭਾਵਨਾ ਗੋਇਲ ਦੀ ਸ਼ਲਾਘਾ ਕੀਤੀ।ਇਸ ਮੌਕੇ ਅਪਲਾਇਡ ਸਾਇੰਸਿਜ਼ ਵਿਭਾਗ ਦੇ ਡਾ. ਅਸ਼ਵਨੀ ਬਾਂਸਲ, ਡਾ. ਮੋਹਿਤ ਕੁਮਾਰ, ਡਾ. ਰਾਜੀਵ ਜੈਨ, ਮਿਸ ਵੰਦਨਾ ਚੌਧਰੀ, ਮਿਸ ਮਮਤਾ ਗੋਇਲ, ਮਿਸ ਅਲੀਸ਼ਾ ਤੇ ਸ੍ਰੀ ਸੁਨੀਲ ਕੁਮਾਰ ਹਾਜ਼ਰ ਸਨ।

## ਪੰਜਾਬੀ ਸਾਹਿਤ ਸਭਾ ਵੱਲੋਂ ਸ਼੍ਰੋਮਣੀ ਕਵੀਸ਼ਰ ਰੇਵਤੀ ਪ੍ਰਸਾਦ ਸਨਮਾਨਤ

### ਇਨਕਲਾਬੀ ਗਾਇਕ ਅਜਮੇਰ ਅਕਲੀਆ ਨੂੰ ਵੀ ਕੀਤਾ ਸਨਮਾਨਤ



**ਸਿਰਸਾ (ਸੁਰਿੰਦਰ ਪਾਲ ਸਿੰਘ)**

ਸ਼ਹੀਦ ਭਗਤ ਸਿੰਘ ਪਬਲਿਕ ਲਾਈਬ੍ਰੇਰੀ ਕਾਲਾਂਵਾਲੀ ਵਿਖੇ ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਵੱਲੋਂ ਰੂਬਰੂ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਸਮਾਗਮ ਦੀ ਪ੍ਰਧਾਨਗੀ ਸ਼੍ਰੋਮਣੀ ਕਵੀਸ਼ਰ ਰੇਵਤੀ ਪ੍ਰਸ਼ਾਦ ਸ਼ਰਮਾ, ਕਾ. ਕਸ਼ਮੀਰ ਦਮਦਮਾ ਤੇ ਸਭਾ ਦੇ ਜਨਰਲ ਸਕੱਤਰ ਬਲਜੀਤ ਬਿੱਟੂ ਮਲਕਪੁਰਾ ਨੇ ਕੀਤੀ। ਸਭਾ ਦੇ ਪ੍ਰਧਾਨ ਭੁਪਿੰਦਰ ਪੰਨੀਵਾਲੀਆ ਵੱਲੋਂ ਆਏ ਮਹਿਮਾਨਾਂ ਤੇ ਸਰੋਤਿਆਂ ਦਾ ਸਵਾਗਤ ਕੀਤਾ ਗਿਆ। ਇਸ ਸਮਾਗਮ ਦੌਰਾਨ ਸ਼੍ਰੋਮਣੀ ਕਵੀਸ਼ਰ ਰੇਵਤੀ ਪ੍ਰਸ਼ਾਦ ਸ਼ਰਮਾ ਨੇ ਸਰੋਤਿਆਂ ਨਾਲ ਰੂਬਰੂ ਹੁੰਦੇ ਹੋਏ ਕਿਹਾ ਕਿ ਕਵੀਸ਼ਰੀ ਪੰਜਾਬੀ ਗਾਇਨ ਕਲਾ ਦੀ ਇੱਕ ਬਹੁਤ ਹੀ ਸਨਮਾਨ ਯੋਗ ਵਿਧਾ ਹੈ, ਜਿਸ ਕਰਕੇ ਸਾਹਿਤ ਜਗਤ ਵਿੱਚ ਕਵੀਸ਼ਰੀ ਨੂੰ ਬਹੁਤ ਮਾਣ ਸਨਮਾਨ ਦਿੱਤਾ ਜਾਂਦਾ ਹੈ। ਇੱਕ ਚੰਗਾ ਕਵੀਸ਼ਰ ਸਰੋਤਿਆਂ ਨੂੰ ਕੀਲ ਲੈਣ ਦੇ ਸਮਰੱਥ ਹੁੰਦਾ ਹੈ ਤੇ ਆਪਣੀ ਗੱਲ ਬੜੇ ਹੀ ਸਰਲ ਤਰੀਕੇ ਨਾਲ ਸਮਝਾ ਦਿੰਦਾ ਹੈ। ਇਸ ਮੌਕੇ ਉਨ੍ਹਾਂ ਕਵੀਸ਼ਰੀ ਕਾਵਿ ਦੀਆਂ ਵੱਖ ਵੱਖ ਵੰਨਗੀਆਂ ਦੀ ਪੇਸ਼ਕਾਰੀ ਨਾਲ ਸਰੋਤਿਆਂ ਦਾ ਮਨ ਮੋਹ ਲਿਆ। ਇਨਕਲਾਬੀ ਗਾਇਕ ਅਜਮੇਰ ਅਕਲੀਆ ਵੱਲੋਂ ਵੱਖ ਵੱਖ ਵੰਨਗੀਆਂ ਦੇ ਇੰਨਕਲਾਬੀ ਗੀਤ ਪੇਸ਼ ਕੀਤੇ ਗਏ। ਇਸ ਮੌਕੇ ਸਭਾ ਵੱਲੋਂ ਸ਼੍ਰੋਮਣੀ ਕਵੀਸ਼ਰ ਰੇਵਤੀ ਪ੍ਰਸ਼ਾਦ ਸ਼ਰਮਾ ਤੇ ਇਨਕਲਾਬੀ ਗਾਇਕ ਅਜਮੇਰ ਅਕਲੀਆ ਦੇ ਵਿਸ਼ੇਸ਼ ਸਨਮਾਨ ਦੌਰਾਨ ਇੱਕ ਸ਼ਾਲ, ਸਨਮਾਨ ਪੱਤਰ, ਯਾਦਗਾਰੀ ਚਿੰਨ੍ਹ ਤੇ ਨਗਦ ਰਾਸ਼ੀ ਭੇਟ ਕੀਤੀ ਗਈ।

ਇਸ ਸਮਾਗਮ ਦੀ ਪ੍ਰਧਾਨਗੀ ਕਰ ਰਹੇ ਕਾ. ਕਸ਼ਮੀਰ ਦਮਦਮਾ ਨੇ ਕਿਹਾ ਕਿ ਪੰਜਾਬੀ ਸਾਹਿਤ ਜਗਤ ਦੇ ਖੇਤਰ ਵਿੱਚ ਪੰਜਾਬੀ ਸਾਹਿਤ ਸਭਾ ਕਾਲਾਂਵਾਲੀ ਦੀਆਂ ਲਗਾਤਾਰ ਹੋ ਰਹੀਆਂ ਸਰਗਰਮੀਆਂ ਅਹਿਮ ਥਾਂ ਰਖਦੀਆਂ ਹਨ। ਉਨ੍ਹਾਂ ਕਿਹਾ ਕਿ ਅਜੋਕ ਸਮੇਂ ਦੀ ਲੋੜ ਹੈ ਕਿ ਅਸੀਂ ਨਵੇਂ ਲੇਖਕਾਂ ਨੂੰ ਲੇਖਨ ਕਲਾ ਤੋਂ ਜਾਣੂੰ ਕਰਵਾਈਏ। ਉਨ੍ਹਾਂ ਕਿਹਾ ਕਿ ਸਾਨੂੰ ਕਾਵਿ ਕਲਾ ਨਿਖਾਰਨ ਲਈ ਸਮੇਂ ਸਮੇਂ 'ਤੇ ਵਰਕਸ਼ਾਪਾਂ ਲਾਉਣੀਆਂ ਚਾਹੀਦੀਆਂ ਹਨ। ਸਮਾਗਮ ਦੇ ਅੰਤ ਵਿੱਚ ਸਾਰੇ ਸਰੋਤਿਆਂ ਨੂੰ ਸਨਮਾਨ ਪੱਤਰ ਤੇ ਪੁਸਤਕਾਂ ਭੇਟ ਕਰਕੇ ਸਨਮਾਨਤ ਕੀਤਾ ਗਿਆ।

ਪ੍ਰੋਗਰਾਮ ਦਾ ਮੰਚ ਸੰਚਾਲਨ ਗੁਰੂਕਾਸ਼ੀ ਸਾਹਿਤ ਸਭਾ ਦਮਦਮਾ ਸਾਹਿਬ ਦੇ ਪ੍ਰਧਾਨ ਮਾ. ਸੁਰਿੰਦਰਪਾਲ ਸਿੰਘ ਵੱਲੋਂ ਕੀਤਾ ਗਿਆ ਅਤੇ ਸਭਾ ਦੇ ਸਕੱਤਰ ਬਿੱਟੂ ਮਲਕਪੁਰਾ ਵੱਲੋਂ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ। ਇਸ ਸਮਾਗਮ ਵਿੱਚ ਮੁਲਖ ਸਿੰਘ ਪਿਪਲੀ, ਰਵਿੰਦਰ ਰਵੀ, ਭੁਪਿੰਦਰ ਸਰਾਂ, ਜਗਤਾਰ ਸਿੰਘ ਤਾਰੀ, ਗੁਰਮੀਤ ਸਿੰਘ ਖਾਲਸਾ, ਜਗਦੀਸ਼ ਸਿੰਘਪੁਰਾ, ਜਸਪਾਲ ਕੌਰ, ਬੂਟਾ ਸਿੰਘ ਸੂਰਤੀਆ, ਹਰਜੀਤ ਸਿੰਘ ਦੇਸੂ, ਕੁਲਵਿੰਦਰ ਸਿੰਘ ਪਾਲਣਾ, ਜੱਗਾ ਜਗਮਾਲਵਾਲੀਆ, ਹਰਗੋਬਿੰਦ ਸਿੰਘ ਦੇਸੂ, ਗੁਰਦਾਸ ਸਿੰਘ ਪਿਪਲੀ, ਮਨਦੀਪ ਮਿੰਟਾ, ਦੀਦਾਰ ਸਿੰਘ ਫੱਗੂ ਤੇ ਅਵਤਾਰ ਫਤਿਹ ਸਮੇਤ ਖੇਤਰ ਦੇ ਸਾਹਿਤਕਾਰ ਮੌਜੂਦ ਸਨ।

## ਕਿਸਾਨ-ਮਜ਼ਦੂਰਾਂ 'ਤੇ ਤਸ਼ੱਦਦ ਖ਼ਿਲਾਫ਼ ਰੋਸ ਮਾਰਚ 6 ਨੂੰ



**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾ ਵੱਲੋਂ ਦਿੜ੍ਹਬਾ ਬਲਾਕ ਦੇ ਪ੍ਰਧਾਨ ਹਰਜੀਤ ਸਿੰਘ ਮਹਿਲਾ ਦੀ ਅਗਵਾਈ ਹੇਠ ਬਲਾਕ ਦੀ ਮੀਟਿੰਗ ਕੀਤੀ ਗਈ। ਸੂਬਾ ਸਕੱਤਰ ਜਗਤਾਰ ਸਿੰਘ ਕਾਲਾਝਾੜ ਹਾਜ਼ਰ ਹੋਏ, ਜਿਨ੍ਹਾਂ ਨੇ ਦੱਸਿਆ ਕਿ 6 ਮਾਰਚ ਨੂੰ ਬਠਿੰਡਾ ਵਿਖੇ ਰੋਸ ਮਾਰਚ ਕੀਤਾ ਜਾਵੇਗਾ। ਇਹ ਮਾਰਚ ਬਠਿੰਡਾ ਦੀ ਐਸਐਸਪੀ ਜੋਤੀ ਯਾਦਵ ਵੱਲੋਂ ਜਿਉਂਦ ਪਿੰਡ ਵਿੱਚ ਕਿਸਾਨਾਂ ਮਜ਼ਦੂਰਾਂ ਤੇ ਕੀਤੇ ਗਏ ਤਸ਼ੱਦਦ ਨੂੰ ਲੈ ਕੇ ਕੀਤਾ ਜਾ ਰਿਹਾ ਹੈ। ਐਸ.ਐਸ.ਪੀ ਦੀ ਹਾਜ਼ਰੀ ਵਿੱਚ ਮਾੜੀ ਪਿੰਡ ਦੇ ਕਿਸਾਨ ਦੀ ਪੁਲਸ ਨੇ ਲੱਤ ਚਕਨਾਚੂਰ ਕਰ ਦਿੱਤੀ। ਪੁਲਸ ਨੇ ਕਿਸਾਨਾਂ-ਮਜ਼ਦੂਰਾਂ ਨੂੰ ਘਰਾਂ ਵਿੱਚ ਵੜ ਕੇ ਕੁੱਟਿਆ। ਘਰਾਂ ਵਿੱਚ ਅੱਥਰੂ ਗੈਸ ਦੇ ਗੋਲੇ ਤੇ ਰੋੜੇ ਸੁੱਟੇ ਗਏ ਅਤੇ ਇੱਕ ਨੌਜਵਾਨ ਦੇ ਅੱਥਰੂ ਗੈਸ ਦੇ ਗੋਲੇ ਨਾਲ ਹੱਥ ਉੱਡਾ ਦਿੱਤਾ। 18.2.2026 ਪੂਰੇ ਪੰਜਾਬ ਵਿੱਚ ਸਰਕਾਰ ਦੇ ਹੁਕਮਾਂ ਅਨੁਸਾਰ ਪੰਜਾਬ ਪੁਲਸ ਵੱਲੋਂ ਕਿਸਾਨਾਂ ਤੇ ਅੰਨ੍ਹੇ ਵਾਹ ਤਸ਼ੱਦਦ ਢਾਹਿਆ ਬਜ਼ੁਰਗਾਂ ਨੂੰ ਫ਼ੜ ਫ਼ੜ ਕੇ ਸੜਕਾਂ ਤੇ ਘੜੀਸਿਆ ਗਿਆ। ਔਰਤਾਂ ਨਾਲ ਵੀ ਖਿੱਚ ਧੂਹ ਕੀਤੀ ਗਈ। ਜ਼ਿਲ੍ਹਾ ਖ਼ਜ਼ਾਨਚੀ ਅਮਨਦੀਪ ਸਿੰਘ ਮਹਿਲਾ ਨੇ ਕਿਹਾ ਮਨੁੱਖੀ ਅਧਿਕਾਰਾਂ ਦੇ ਘਾਣ ਨੂੰ ਲੈ ਕੇ ਬਠਿੰਡਾ ਦੀ ਐਸਐਸਪੀ ਜੋਤੀ ਯਾਦਵ ਤੇ ਹੋਰ ਦੋਸ਼ੀ ਪੁਲਸ ਮੁਲਾਜ਼ਮਾਂ ਤੇ ਪਰਚੇ ਦਰਜ ਕਰਕੇ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ, ਕਿਉਂਕਿ ਜਿਸ ਤਰ੍ਹਾਂ ਪੰਜਾਬ ਨੂੰ ਪੁਲਿਸ ਰਾਜ ਵਿੱਚ ਤਬਦੀਲ ਕੀਤਾ ਜਾ ਰਿਹਾ ਹੈ। ਇਹ ਮਨੁੱਖੀ ਅਧਿਕਾਰਾਂ ਦਾ ਘਾਣ ਹੈ। ਪਿਛਲੇ ਦਿਨੀਂ ਗੁਰਦਾਸਪੁਰ ਜ਼ਿਲ੍ਹੇ ਵਿੱਚ 19 ਸਾਲਾਂ ਦੇ ਰਣਜੀਤ ਸਿੰਘ ਦਾ ਝੂਠਾ ਪੁਲਸ ਮੁਕਾਬਲਾ ਬਣਾ ਕੇ ਉਸ ਦਾ ਕਤਲ ਕਰ ਦਿੱਤਾ ਗਿਆ ਹੈ ਤੇ ਅਮਰੀਕਾ ਨਾਲ ਟੈਕਸ ਮੁਕਤ ਵਪਾਰ ਦੇ ਸਮਝੌਤੇ ਕੀਤੇ ਜਾ ਰਹੇ ਹਨ, ਜੋ ਦੇਸ਼ ਦੀ ਕਿਸਾਨੀ ਨੂੰ ਤਬਾਹ ਕਰ ਦੇਣਗੇ।

## ਹੁਣ ਕੋਟਕਪੂਰਾ 'ਚ ਮਿਲੇਗੀ ਆਈ ਏ ਐੱਸ ਤੇ ਆਈ ਪੀ ਐੱਸ ਦੀ ਕੋਚਿੰਗ : ਢਿੱਲੋਂ

### ਤਜਰਬੇਕਾਰ ਸਟਾਫ ਤੇ ਸ਼ਾਨਦਾਰ ਆਧੁਨਿਕ ਲੈਬ ਦਾ ਵੀ ਸੁਚੱਜਾ ਪ੍ਰਬੰਧ : ਛੋਕਰ



**ਕੋਟਕਪੂਰਾ (ਰਛਪਾਲ ਭੁੱਲਰ)**

ਸਥਾਨਕ ਬਠਿੰਡਾ ਸੜਕ 'ਤੇ ਸਥਿੱਤ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਵਿਖੇ ਸਵ: ਸ੍ਰ. ਬਲਕਾਰ ਸਿੰਘ ਢਿੱਲੋਂ ਦੀ ਯਾਦ ਵਿੱਚ ਰੱਖੇ ਧਾਰਮਿਕ ਸਮਾਗਮ ਦੌਰਾਨ ਕਾਲਜ ਦੀ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਨੇ ਆਖਿਆ ਕਿ ਮੇਰੀ ਪਿਛਲੇ ਲੰਮੇ ਸਮੇਂ ਤੋਂ ਦਿਲੀ ਇੱਛਾ ਰਹੀ ਹੈ ਕਿ ਸਾਡੇ ਪੰਜਾਬੀ ਨੌਜਵਾਨ ਮੁੰਡੇ-ਕੁੜੀਆਂ ਨੂੰ ਆਈ.ਏ.ਐੱਸ. ਤੇ ਆਈ.ਪੀ.ਐੱਸ. ਦੀ ਕੋਚਿੰਗ ਦੇ ਕੇ ਜੇਕਰ ਉਨ੍ਹਾਂ ਨੂੰ ਸਮਰੱਥ ਬਣਾਇਆ ਜਾਵੇ ਤਾਂ ਪੰਜਾਬ ਦੀ ਕਾਇਆਕਲਪ ਹੋ ਸਕਦੀ ਹੈ, ਕਿਉਂਕਿ ਪਹਿਲਾਂ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਵਿੱਚ ਪੰਜਾਬੀ ਨੌਜਵਾਨ ਆਈ.ਏ.ਐੱਸ. ਤੇ ਆਈ.ਪੀ.ਐੱਸ. ਦੀਆਂ ਕੁਰਸੀਆਂ 'ਤੇ ਬਿਰਾਜ਼ਮਾਨ ਹੁੰਦੇ ਸਨ, ਪਰ ਅੱਜ ਪੰਜਾਬ ਵਿੱਚ ਦੂਜੇ ਰਾਜਾਂ ਦੇ ਆਈ.ਏ.ਐੱਸ. ਤੇ ਆਈ.ਪੀ.ਐੱਸ. ਆਦਿਕ ਅਧਿਕਾਰੀਆਂ ਦੀ ਬਹੁਤਾਤ ਹੈ।ਮੇਰੀ ਟੀਮ ਵੱਲੋਂ ਆਈ.ਏ.ਐੱਸ. ਤੇ ਆਈ.ਪੀ.ਐੱਸ. ਦੇ ਨਾਲ-ਨਾਲ ਡਾਕਟਰ, ਡਿਫੈਂਸ ਅਫਸਰ, ਆਰਕੀਟੈਕਟ, ਨਾਟਾ, ਕਲੈਟ/ਜੱਜ ਟ੍ਰੇਨਿੰਗ ਸਮੇਤ ਹੋਰ ਬਹੁਤ ਸਾਰੇ ਅਜਿਹੇ ਕੋਰਸ ਕਰਵਾਉਣ ਦੀ ਯੋਜਨਾ ਬਣਾਈ ਗਈ ਹੈ, ਕਿਉਂਕਿ ਮੇਰਾ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਵਾਲਾ ਕੰਪਲੈਕਸ ਲਗਭਗ 7 ਏਕੜ ਵਿੱਚ ਬਣਿਆ ਹੋਇਆ ਹੈ, ਜਿੱਥੇ ਉਕਤ ਕੋਰਸ ਆਰਾਮ ਨਾਲ ਕਰਵਾਏ ਜਾ ਸਕਦੇ ਹਨ।ਪਾਠ ਦਾ ਭੋਗ, ਗੁਰਬਾਣੀ ਕੀਰਤਨ, ਅਰਦਾਸ ਬੇਨਤੀ ਤੇ ਪਵਿੱਤਰ ਹੁਕਮਨਾਮਾ ਲੈਣ ਉਪਰੰਤ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਖਿਆ ਕਿ ਡਾ. ਮਨਜੀਤ ਸਿੰਘ ਢਿੱਲੋਂ ਦੀ ਟੀਮ ਦਾ ਇਹ ਉਪਰਾਲਾ ਪ੍ਰਸੰਸਾਯੋਗ ਹੈ, ਕਿਉਂਕਿ ਬੱਚਿਆਂ ਤੇ ਨੌਜਵਾਨਾ ਦਾ ਭਵਿੱਖ ਸੁਰੱਖਿਅਤ ਕਰਨ ਵਾਲੇ ਉਪਰਾਲੇ ਸਾਰਿਆਂ ਲਈ ਸ਼ੁੱਭ ਸੰਕੇਤ ਹੁੰਦੇ ਹਨ।ਡਿਪਟੀ ਡਾਇਰੈਕਟਰ ਡਾ. ਪ੍ਰੀਤਮ ਸਿੰਘ ਛੋਕਰ ਨੇ ਅੰਕੜਿਆਂ ਸਹਿਤ ਸਮਝਾਉਂਦਿਆਂ ਦੱਸਿਆ ਕਿ ਇਹ ਸੰਸਥਾ ਪੰਜਾਬ ਹੀ ਨਹੀਂ, ਬਲਕਿ ਐਨੇ ਖੁੱਲ੍ਹੇ ਚੌੜੇ ਖੇਤਰਫਲ ਵਿੱਚ ਉੱਤਰੀ ਭਾਰਤ ਦੀ ਇਹ ਪਹਿਲੀ ਸੰਸਥਾ ਹੋਵੇਗੀ।ਉਨ੍ਹਾਂ ਦੱਸਿਆ ਕਿ ਦਿੱਲੀ, ਚੰਡੀਗੜ੍ਹ ਤੇ ਕੋਟਾ ਵਰਗੇ ਮਹਾਂਨਗਰਾਂ ਵਿੱਚ ਮਿਲਣ ਵਾਲੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਤੇ ਕੋਚਿੰਗ ਦੀ ਸਹੂਲਤ ਹੁਣ ਕੋਟਕਪੂਰੇ ਦੀਆਂ 300 ਲੜਕੀਆਂ ਨੂੰ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਵਿਖੇ ਮਿਲੇਗੀ।ਉਨ੍ਹਾ ਦੱਸਿਆ ਕਿ ਅਕਸਰ ਇਸ ਇਲਾਕੇ ਦੇ ਲੋਕ ਆਪਣੀਆਂ ਬੇਟੀਆਂ ਨੂੰ ਉਚੇਰੀ ਸਿੱਖਿਆ ਤੇ ਕੋਚਿੰਗ ਲਈ ਦੂਰ-ਦੁਰਾਡੇ ਇਲਾਕਿਆਂ ਵਿੱਚ ਭੇਜਣ ਤੋਂ ਕਤਰਾਉਂਦੇ ਸਨ, ਜਿਸ ਕਰਕੇ ਉਨ੍ਹਾ ਬੇਟੀਆਂ ਦੀਆਂ ਆਸਾਂ-ਉਮੀਦਾਂ ਢਹਿ-ਢੇਰੀ ਹੋ ਜਾਂਦੀਆਂ ਸਨ।ਇਸ ਤੋਂ ਇਲਾਵਾ ਲੜਕੀਆਂ ਵਿੱਚ ਜਾਗਰੂਕਤਾ ਦੀ ਘਾਟ ਕਾਰਨ ਉਨ੍ਹਾ ਨੂੰ ਆਪਣਾ ਕਰੀਅਰ ਨਿਰਧਾਰਤ ਕਰਨ ਲਈ ਯੋਗ ਮਾਰਗ ਦਰਸ਼ਨ ਨਹੀਂ ਸੀ ਮਿਲਦਾ।ਉਨ੍ਹਾ ਦੱਸਿਆ ਕਿ ਵਿਦਿਆਰਥੀਆਂ ਨੂੰ ਦਸਵੀਂ ਜਮਾਤ ਪਾਸ ਕਰਨ ਦੇ ਨਾਲ-ਨਾਲ ਪ੍ਰੰਪਰਿਕ ਪੜ੍ਹਾਈ ਦੇ ਬਰਾਬਰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਦਾ ਪ੍ਰਬੰਧ ਹੋਵੇਗਾ ਤੇ ਇਸ ਵਾਸਤੇ ਫੀਸਾਂ ਵੀ ਵੱਡੇ ਸ਼ਹਿਰਾਂ ਦੇ ਮੁਕਾਬਲੇ ਬਹੁਤ ਘੱਟ ਹੋਣਗੀਆਂ।ਉਨ੍ਹਾਂ ਦੱਸਿਆ ਕਿ ਪ੍ਰੀਖਿਆ ਦੀ ਤਿਆਰੀ ਲਈ ਹੋਸਟਲ ਵਿੱਚ ਰਹਿਣ ਵਾਲੀਆਂ ਵਿਦਿਆਰਥਣਾਂ ਲਈ ਵੀ ਬਕਾਇਦਾ ਸਹੂਲਤ ਮਿਲੇਗੀ।ਉਨ੍ਹਾ ਹੈਰਾਨੀ ਪ੍ਰਗਟਾਈ ਕਿ ਅਕਸਰ ਲੋਕ ਬੱਚਿਆਂ ਨੂੰ ਦਸਵੀਂ ਤੋਂ ਬਾਅਦ ਕਿਸੇ ਨਿੱਜੀ ਸਕੂਲ ਵਿੱਚ ਡੰਮੀ ਦਾਖਲਾ ਕਰਵਾ ਕੇ ਨੀਟ ਤੇ ਜੇ.ਈ.ਈ. ਵਰਗੀਆਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਵੱਡੇ ਸ਼ਹਿਰਾਂ ਵਿੱਚ ਭੇਜ ਦਿੰਦੇ ਹਨ, ਜਿਸ ਨਾਲ ਉਨ੍ਹਾ ਦੀ ਪ੍ਰੰਪਰਿਕ ਪੜ੍ਹਾਈ ਅਧੂਰੀ ਰਹਿ ਜਾਣ ਕਾਰਨ ਉਨ੍ਹਾਂ ਨੂੰ ਵਿਸ਼ੇ ਦਾ ਪੂਰਨ ਗਿਆਨ ਨਹੀਂ ਮਿਲਦਾ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਵਿਜ਼ਡਮ ਕੋਟਾ ਕਲਾਸਾਂ ਦੇ ਡਾਇਰੈਕਟਰ ਵਿਨੋਦ ਵਰਮਾ ਤੇ ਪ੍ਰਬੰਧਕ ਅਫਸਰ ਹਰਪ੍ਰੀਤ ਸਿੰਘ ਬੱਬੂ ਨੇ ਆਖਿਆ ਕਿ ਦੇਸ਼ ਭਰ ਵਿੱਚ ਇਹ ਸੰਸਥਾ ਸਭ ਤੋਂ ਸਸਤੀ ਹੋਵੇਗੀ, ਇਸ ਵਿੱਚ ਪੜ੍ਹਾਈ ਦਾ ਮਿਆਰ ਉੱਚ ਪੱਧਰ ਦਾ ਹੋਵੇਗਾ, ਕਿਉਂਕਿ ਇਸ ਸੰਸਥਾ ਵਿੱਚ ਸ਼ਾਨਦਾਰ ਆਧੁਨਿਕ ਲੈਬ ਹੋਣਗੀਆਂ, ਜੋ ਕਿ ਹੋਰਨਾਂ ਕੋਚਿੰਗ ਸੈਂਟਰਾਂ ਵਿੱਚ ਨਹੀਂ ਹੁੰਦੀਆਂ।ਗਰੀਬ ਤੇ ਲੋੜਵੰਦ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਵੀ ਦਿੱਤੀ ਜਾਵੇਗੀ।

ਅੰਤ ਵਿੱਚ ਪ੍ਰਵਾਸੀ ਭਾਰਤੀਆਂ ਸਤਬੀਰ ਸਿੰਘ ਬਰਾੜ ਯੂ.ਐੱਸ.ਏ., ਕਮਲਦੀਪ ਸਿੰਘ ਮਾਨ ਆਸਟ੍ਰੇਲੀਆ ਸਮੇਤ ਕੁਝ ਧਾਰਮਿਕ ਸ਼ਖਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਮੌਕੇ ਉਪਰੋਕਤ ਤੋਂ ਇਲਾਵਾ ਬਾਬਾ ਜਸ਼ਨਪ੍ਰੀਤ ਸਿੰਘ, ਬਾਬਾ ਗਾਗਾ ਸਿੰਘ, ਇੰਜੀ. ਜਨਜੀਤਪਾਲ ਸਿੰਘ ਸੇਖੋਂ, ਇੰਜੀ. ਜਰਮਨਜੀਤ ਸਿੰਘ ਸੰਧੂ, ਮਾ ਕੁਲਦੀਪ ਸਿੰਘ ਮੌੜ, ਸੁਖਦੀਪ ਸਿੰਘ ਸੰਧੂ, ਬਲਜੀਤ ਸਿੰਘ ਖੀਵਾ, ਗੁਰਿੰਦਰ ਸਿੰਘ ਮਹਿੰਦੀਰੱਤਾ, ਭੈਣ ਮਨਜੀਤ ਕੌਰ ਨਾਨਕਸਰ ਠਾਠ ਸਮੇਤ ਭਾਰੀ ਗਿਣਤੀ ਵਿੱਚ ਪਿੰਡਾਂ ਦੇ ਪੰਚ-ਸਰਪੰਚ, ਵੱਖ ਵੱਖ ਸੰਸਥਾਵਾਂ/ਜਥੇਬੰਦੀਆਂ ਦੇ ਆਗੂ ਸਹਿਬਾਨ ਹਾਜ਼ਰ ਸਨ।

## ਰਾਜ ਸਿੰਘ ਸਬ-ਇੰਸਪੈਕਟਰ 34 ਸਾਲ ਦੀ ਡਿਊਟੀ ਨਿਭਾਉਣ ਉਪਰੰਤ ਹੋਏ ਸੇਵਾਮੁਕਤ



**ਕੋਟਕਪੂਰਾ (ਰਛਪਾਲ ਭੁੱਲਰ)**-ਪਿੰਡ ਪੰਜਗਰਾਈਂ ਕਲਾਂ ਦੇ ਵਸਨੀਕ ਰਾਜ ਸਿੰਘ ਸਬ ਇੰਸਪੈਕਟਰ ਥਾਣਾ ਸਮਾਲਸਰ ਵਿਖੇ ਡਿਊਟੀ ਨਿਭਾਉਂਦਿਆਂ ਲਗਭਗ 34 ਸਾਲ ਦੀ ਸਰਵਿਸ ਦੌਰਾਨ ਸੇਵਾਮੁਕਤ ਹੋ ਗਏ ਹਨ।ਉਨ੍ਹਾਂ ਨੂੰ ਸ਼ਾਨਦਾਰ ਸੇਵਾਵਾਂ ਨਿਭਾਉਣ ਬਦਲੇ ਐਸ.ਪੀ.ਐਚ. ਹੈਡਕੁਆਟਰ ਮੋਗਾ ਵੱਲੋਂ ਜੋਰਾ ਸਿੰਘ ਡੀ.ਐਸ.ਪੀ. ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਦੀ ਹਾਜ਼ਰੀ ਵਿੱਚ ਸਨਮਾਨਤ ਕਰਦਿਆਂ ਉਨ੍ਹਾਂ ਦੇ ਚੰਗੇਰੇ ਭਵਿੱਖ ਦੀ ਕਾਮਨਾ ਕੀਤੀ ਗਈ।ਐਸ.ਪੀ.ਐਚ. ਨੇ ਕਿਹਾ ਕਿ ਪੁਲਸ ਵਿਭਾਗ ਲਈ ਇਹ ਇੱਕ ਖਾਸ ਪਲ ਹੈ, ਜਦੋਂ ਸਾਡੇ ਸਮਰਪਤ ਅਧਿਕਾਰੀ ਆਪਣੇ ਫ਼ਰਜ਼ ਤੇ ਸਰਵਿਸ ਨੂੰ ਚੰਗੀ ਤਰ੍ਹਾਂ ਪੂਰੀ ਕਰਕੇ ਇੱਜ਼ਤ ਨਾਲ ਸੇਵਾਮੁਕਤ ਹੋਏ ਹਨ।ਉਨ੍ਹਾਂ ਕਿਹਾ ਕਿ ਸੇਵਾਮੁਕਤ ਸਿਰਫ਼ ਇੱਕ ਪ੍ਰਸ਼ਾਸਨਿਕ ਲੜੀ ਹੈ, ਪਰ ਅਸੀਂ ਹਮੇਸ਼ਾ ਆਪਣੇ ਸਾਬਕਾ ਮੁਲਾਜ਼ਮਾਂ ਦੀ ਸੇਵਾ, ਤਜਰਬੇ ਤੇ ਜਾਣਕਾਰੀ ਦੀ ਲੋੜ ਮਹਿਸੂਸ ਕਰਦੇ ਰਹਾਂਗੇ।ਉਨ੍ਹਾਂ ਅੱਗੇ ਕਿਹਾ ਕਿ ਤੁਸੀਂ ਸਿਰਫ਼ ਵਿਭਾਗ ਤੋਂ ਅਲੱਗ ਹੋ ਰਹੇ ਹੋ, ਪਰ ਤੁਸੀਂ ਹਮੇਸ਼ਾ ਸਾਡੀ ਪੁਲਿਸ ਪਰਿਵਾਰ ਦਾ ਹਿੱਸਾ ਰਹੋਗੇ।ਜਦੋਂ ਵੀ ਲੋੜ ਪਈ ਅਸੀਂ ਤੁਹਾਡੇ ਕੀਮਤੀ ਤਜਰਬੇ ਅਤੇ ਗਿਆਨ ਦੀ ਉਮੀਦ ਕਰਦੇ ਰਹਾਂਗੇ।ਉਨ੍ਹਾਂ ਕਿਹਾ ਕਿ ਅਸੀਂ ਜਾਣਦੇ ਹਾਂ ਕਿ ਹਰ ਅਧਿਕਾਰੀ ਦਾ ਆਪਣਾ ਯੋਗਦਾਨ ਹੁੰਦਾ ਹੈ, ਜੋ ਵਿਭਾਗ ਨੂੰ ਇੱਕ ਮਜਬੂਤ ਰੂਪ ਦਿੰਦਾ ਹੈ।ਅਸੀਂ ਤੁਹਾਨੂੰ ਇਹ ਭਰੋਸਾ ਦਿਵਾਉਂਦੇ ਹਾਂ ਕਿ ਜਦੋਂ ਵੀ ਤੁਹਾਨੂੰ ਸਾਡੀ ਜ਼ਰੂਰਤ ਹੋਵੇਗੀ, ਅਸੀਂ ਤੁਹਾਡੇ ਨਾਲ ਖੜ੍ਹੇ ਰਹਾਂਗੇ। ਉਨ੍ਹਾਂ ਸੇਵਾ ਮੁਕਤ ਹੋਏ ਰਾਜ ਸਿੰਘ ਨੂੰ ਸਨਮਾਨ ਚਿੰਨ੍ਹ ਤੇ ਯਾਦਗਾਰੀ ਉਪਹਾਰ ਭੇਟ ਕਰਕੇ ਉਨ੍ਹਾਂ ਦੀ ਸੇਵਾ ਲਈ ਧੰਨਵਾਦ ਕੀਤਾ।